29-NOV-PAGE-1.qxd 11/28/2024 10:44 PM Page 1

ਸ਼ੁੱਕਰਵਾਰ, 29 ਨਵੰਬਰ, 2024
14 ਮੱਘਰ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 179

# ਨਵਾਂ ਜ਼ਮਾਨਾ

DAILY NAWAN ZAMANA • FRIDAY, 29 NOVEMBER, 2024 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

nawan zamana TV

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

# ਨਿੱਕੇ-ਨਿੱਕੇ ਜੱਜ ਦੇਸ਼ ਨੂੰ ਅੱਗ ਲੁਆ ਰਹੇ : ਰਾਮ ਗੋਪਾਲ



**ਨਵੀਂ ਦਿੱਲੀ** : ਯੂ ਪੀ ਦੇ ਸੰਭਲ ਦੀ ਜਾਮਾ ਮਸਜਿਦ ਦੀ ਅਸਲੀਅਤ ਦਾ ਪਤਾ ਲਾਉਣ ਲਈ ਜੱਜ ਵੱਲੋਂ ਦਿੱਤੇ ਸਰਵੇਖਣ ਦੇ ਹੁਕਮ ਤੋਂ ਬਾਅਦ ਰਾਜਸਥਾਨ 'ਚ ਅਜਮੇਰ ਸ਼ਰੀਫ ਦਰਗਾਹ ਨੂੰ ਲੈ ਕੇ ਪੈਦਾ ਹੋਏ ਵਿਵਾਦ ਦਰਮਿਆਨ ਸਮਾਜਵਾਦੀ ਪਾਰਟੀ ਦੇ ਸੀਨੀਅਰ ਆਗੂ ਤੇ ਸਾਂਸਦ ਪ੍ਰੋਫੈਸਰ ਰਾਮ ਗੋਪਾਲ ਯਾਦਵ ਨੇ ਕਿਹਾ ਹੈ ਕਿ ਨਿੱਕੇ-ਨਿੱਕੇ ਜੱਜ ਦੇਸ਼ 'ਚ ਅੱਗ ਲੁਆਉਣੀ ਚਾਹੁੰਦੇ ਹਨ।

ਉਨ੍ਹਾ ਕਿਹਾ—ਮੈਂ ਪਹਿਲਾਂ ਹੀ ਕਿਹਾ ਸੀ ਕਿ ਨਿੱਕੇ-ਨਿੱਕੇ ਜੱਜ ਦੇਸ਼ ਵਿੱਚ ਅੱਗ ਲੁਆਉਣੀ ਚਾਹੁੰਦੇ ਹਨ। ਅਜਮੇਰ ਸ਼ਰੀਫ ਵਿਚ ਸਾਡੇ ਪ੍ਰਧਾਨ ਮੰਤਰੀ ਖੁਦ ਚਾਦਰ ਭਿਜਵਾਉਂਦੇ ਹਨ। ਸਾਰੇ ਦੇਸ਼ ਤੇ ਦੁਨੀਆ ਤੋਂ ਲੋਕ ਉੱਥੇ ਪੁੱਜਦੇ ਹਨ। ਹੁਣ ਉਸ ਨੂੰ ਵਿਵਾਦਾਂ 'ਚ ਪਾਉਣਾ ਬਹੁਤ ਹੀ ਘ੍ਰਿਣਤ ਤੇ ਹੋਛੀ ਮਾਨਸਿਕਤਾ ਦਾ ਪ੍ਰਤੀਕ ਹੈ। ਇਹ ਸੱਤਾ ਵਿੱਚ ਰਹਿਣ ਲਈ ਭਾਜਪਾ ਦੀ ਹਮਾਇਤ ਵਾਲੇ ਲੋਕ ਕੁਝ ਵੀ ਕਰ ਸਕਦੇ ਹਨ। ਦੇਸ਼ ਵਿੱਚ ਅੱਗ ਲੱਗ ਜਾਵੇ, ਇਨ੍ਹਾਂ ਨੂੰ ਇਸ ਨਾਲ ਕੋਈ ਮਤਲਬ ਨਹੀਂ, ਪਰ ਸੱਤਾ ਵਿੱਚ ਬਣੇ ਰਹਿਣ। ਉਨ੍ਹਾ ਕਿਹਾ—ਹੁਣ ਕੋਈ ਜਮਹੂਰੀਅਤ ਨਹੀਂ ਬਚੀ। ਮਨਮਾਨੇ ਤਰੀਕੇ ਨਾਲ ਡੰਡੇ ਤੇ ਗੋਲੀ ਦੇ ਜ਼ੋਰ ਨਾਲ ਲੋਕਾਂ ਨੂੰ ਵੋਟਾਂ ਨਹੀਂ ਪਾਉਣ ਦਿੱਤੀਆਂ ਜਾ ਰਹੀਆਂ। ਚੋਣਾਂ ਵਿਚ ਗੜਬੜ 'ਤੇ ਲੋਕਾਂ 'ਚ ਚਰਚਾ ਨਾ ਹੋਵੇ, ਇਸ ਕਰਕੇ ਸੰਭਲ 'ਚ ਗੜਬੜ ਕਰਵਾ ਦਿੱਤੀ ਗਈ। ਉੱਥੇ ਕਿਸੇ ਨੂੰ ਜਾਣ ਨਹੀਂ ਦਿੱਤਾ ਜਾ ਰਿਹਾ। ਪ੍ਰਸ਼ਾਸਨ ਸੰਭਲ ਮਾਮਲੇ 'ਚ ਸੌ ਫੀਸਦੀ ਦੋਸ਼ੀ ਹੈ ਅਤੇ ਜਿਸ ਦਿਨ ਮਾਮਲੇ ਦੀ ਨਿਰਪੱਖ ਤਰੀਕੇ ਨਾਲ ਜਾਂਚ ਹੋਵੇਗੀ, ਵੱਡੇ-ਵੱਡੇ ਅਧਿਕਾਰੀ ਜੇਲ੍ਹ ਜਾਣਗੇ।

ਅਜਮੇਰ ਵਿੱਚ ਸਥਾਨਕ ਕੋਰਟ ਨੇ ਹਿੰਦੂ ਧਿਰ ਦੀ ਉਸ ਪਟੀਸ਼ਨ ਨੂੰ ਮਨਜ਼ੂਰ ਕਰ ਲਿਆ ਹੈ, ਜਿਸ ਵਿੱਚ ਅਜਮੇਰ ਸ਼ਰੀਫ ਦਰਗਾਹ ਨੂੰ ਹਿੰਦੂ ਮੰਦਰ ਦੱਸਿਆ ਗਿਆ ਹੈ। ਹਿੰਦੂ ਸੈਨਾ ਦੇ ਪ੍ਰਧਾਨ ਵਿਸ਼ਨੂ ਗੁਪਤਾ ਨੇ ਆਪਣੀ ਪਟੀਸ਼ਨ ਵਿੱਚ ਉੱਥੇ ਪੂਜਾ ਕਰਨ ਦੀ ਵੀ ਆਗਿਆ ਮੰਗੀ ਹੈ। ਉਨ੍ਹਾ ਕਿਹਾ ਕਿ ਇਸ ਦਾ ਪੁਰਾਤੱਤਵ ਵਿਭਾਗ ਤੋਂ ਸਰਵੇਖਣ ਕਰਵਾਇਆ ਜਾਵੇ। ਕੋਰਟ ਨੇ ਦਰਗਾਹ ਦੇ ਪ੍ਰਬੰਧਕਾਂ ਨੂੰ ਨੋਟਿਸ ਜਾਰੀ ਕਰ ਦਿੱਤਾ ਹੈ।

ਜਦਕਿ ਦਰਗਾਹ ਕਮੇਟੀ ਨੇ ਅਜੇ ਟਿੱਪਣੀ ਨਹੀਂ ਕੀਤੀ। ਅਜਮੇਰ ਦਰਗਾਹ ਦੀ ਸੰਭਾਲ ਕਰਨ ਵਾਲਿਆਂ (ਖਾਦਿਮ) ਦੀ ਜਥੇਬੰਦੀ ਅੰਜੁਮਨ ਸਈਅਦ ਜ਼ਾਦਗਾਨ ਦੇ ਸਕੱਤਰ ਸਈਅਦ ਸਰਵਰ ਚਿਸ਼ਤੀ ਨੇ ਕਿਹਾ ਹੈ ਕਿ ਇਹ ਪਟੀਸ਼ਨ ਸਮਾਜ ਨੂੰ ਫਿਰਕੂ ਲੀਹਾਂ 'ਤੇ ਵੰਡਣ ਦੀ ਗਿਣੀ-ਮਿੱਥੀ ਸਾਜ਼ਿਸ਼ ਹੈ। ਖਵਾਜਾ ਮੋਈਨੂਦੀਨ ਚਿਸ਼ਤੀ ਪਰਸ਼ੀਆ ਦੇ ਸੂਫੀ ਸੰਤ ਸਨ ਤੇ ਉਨ੍ਹਾ ਅਜਮੇਰ ਨੂੰ ਆਪਣਾ ਘਰ ਬਣਾਇਆ। ਉਨ੍ਹਾ ਦੇ ਸਤਿਕਾਰ ਵਿਚ ਮੁਗਲ ਬਾਦਸ਼ਾਹ ਹਮਾਯੂੰ ਨੇ ਦਰਗਾਹ ਬਣਾਈ ਸੀ। ਬਾਦਸ਼ਾਹ ਅਕਬਰ ਇੱਥੇ ਹਰ ਸਾਲ ਆਉਂਦਾ ਸੀ। ਬਾਦਸ਼ਾਹ ਸ਼ਾਹਜਹਾਂ ਨੇ ਕੰਪਲੈਕਸ ਦੇ ਅੰਦਰ ਮਸਜਿਦਾਂ ਬਣਵਾਈਆਂ ਸਨ।

## ਟਰੰਪ ਦੀ ਧਮਕੀ ਤੋਂ ਬਾਅਦ ਕੈਨੇਡਾ ਵੱਲੋਂ ਸਰਹੱਦ 'ਤੇ ਸਖਤੀ ਦਾ ਫੈਸਲਾ

**ਵੈਨਕੂਵਰ** : ਅਮਰੀਕਾ ਦੇ ਨਵੇਂ ਚੁਣੇ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਕੈਨੇਡਾ ਤੇ ਮੈਕਸੀਕੋ ਤੋਂ ਦਰਾਮਦ ਹੁੰਦੇ ਸਾਮਾਨ 'ਤੇ 25 ਫੀਸਦੀ ਟੈਕਸ ਲਾਉਣ ਦੇ ਐਲਾਨ ਤੋਂ ਬਾਅਦ ਕੈਨੇਡਾ ਨੇ ਪੂਰਬ ਤੋਂ ਪੱਛਮ ਤੱਕ ਅਮਰੀਕਾ ਨਾਲ ਜੁੜਦੀ 8891 ਕਿਲੋਮੀਟਰ ਲੰਮੀ ਸਰਹੱਦ 'ਤੇ ਸਖਤੀ ਵਧਾਉਣ ਦਾ ਫੈਸਲਾ ਲਿਆ ਹੈ। ਇਹ ਲਕੀਰ 3 ਸਤੰਬਰ 1783 ਨੂੰ ਪੈਰਿਸ ਸਮਝੌਤੇ ਤਹਿਤ ਖਿੱਚੀ ਗਈ ਸੀ, ਜਿਸ 'ਚ ਸਮੇਂ-ਸਮੇਂ 'ਤੇ ਥੋੜ੍ਹੀ ਬਦਲੀ ਹੁੰਦੀ ਰਹੀ। ਸਰਹੱਦ ਤੋਂ ਆਰ-ਪਾਰ ਆਉਣ-ਜਾਣ ਲਈ ਛੋਟੇ-ਵੱਡੇ 100 ਕੁ ਪ੍ਰਵਾਨਤ ਲਾਂਘੇ ਹਨ।

ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਸੂਬਿਆਂ ਦੇ ਮੁੱਖ ਮੰਤਰੀਆਂ ਨਾਲ ਮੀਟਿੰਗ ਮਗਰੋਂ ਸਰਹੱਦੀ ਸੁਰੱਖਿਆ ਲਈ ਵਾਧੂ ਫੰਡ ਜਾਰੀ ਕਰਨ ਦਾ ਐਲਾਨ ਕੀਤਾ ਹੈ। ਅਗਲੇ ਸਾਲ 20 ਜਨਵਰੀ ਨੂੰ ਅਮਰੀਕਨ ਰਾਸ਼ਟਰਪਤੀ ਵਜੋਂ ਦੂਜੀ ਵਾਰ ਅਹੁਦਾ ਸੰਭਾਲਣ ਵਾਲੇ ਟਰੰਪ ਨੇ ਪਿਛਲੇ ਦਿਨੀਂ ਪਹਿਲ ਦੇ ਆਧਾਰ 'ਤੇ ਕੀਤੇ ਜਾਣ ਵਾਲੇ ਕੰਮਾਂ ਵਿੱਚ ਕਿਹਾ ਸੀ ਕਿ ਦੋਵਾਂ ਗੁਆਂਢੀ ਦੇਸ਼ਾਂ ਨਾਲ ਜੁੜਦੀਆਂ ਸਰਹੱਦਾਂ 'ਤੇ ਸਖਤੀ ਨਾ ਹੋਣ ਕਾਰਨ ਗਲਤ ਅਨਸਰ ਅਤੇ ਸਾਮਾਨ ਅਮਰੀਕਾ 'ਚ ਦਾਖਲ ਹੁੰਦਾ ਹੈ, ਜਿਸ 'ਤੇ ਰੋਕ ਲੱਗਣੀ ਜ਼ਰੂਰੀ ਹੈ। ਅਮਰੀਕਾ ਵੱਲੋਂ ਟੈਕਸ 'ਚ ਵਾਧਾ ਕੈਨੇਡਾ ਦੀ ਸਨਅਤ ਲਈ ਘਾਤਕ ਸਾਬਤ ਹੋ ਸਕਦਾ ਹੈ।

# ਕੈਨੇਡਾ ਦਾ ਨਾਮੀ ਸ਼ੈਰੀਡਨ ਕਾਲਜ ਦਰਜਨਾਂ ਕੋਰਸ ਮੁਅੱਤਲ ਕਰਨ ਲਈ ਮਜਬੂਰ

**ਵਿਨੀਪੈਗ** : ਕੈਨੇਡੀਅਨ ਫੈਡਰਲ ਸਰਕਾਰ ਵੱਲੋਂ ਕੌਮਾਂਤਰੀ ਪੋਸਟ-ਸੈਕੰਡਰੀ ਵਿਦਿਆਰਥੀਆਂ ਲਈ ਸਟੱਡੀ ਪਰਮਿਟਾਂ 'ਤੇ ਕੈਪ ਲਗਾਉਣ ਦੇ ਐਲਾਨ ਕਰਨ ਤੋਂ ਬਾਅਦ ਸ਼ੈਰੀਡਨ ਕਾਲਜ ਵਿੱਤੀ ਚੁਣੌਤੀਆਂ ਦਾ ਸਾਹਮਣਾ ਕਰਨ ਵਾਲਾ ਪਹਿਲਾ ਕਾਲਜ ਹੈ। ਕਾਲਜ ਅਨੁਸਾਰ ਇੱਥੇ 40,000 ਤੋਂ ਵੱਧ ਵਿਦਿਆਰਥੀ ਹਨ। ਇਹ ਕੈਨੇਡਾ ਦਾ ਚੋਟੀ ਦਾ ਐਨੀਮੇਸ਼ਨ ਕਾਲਜ ਮੰਨਿਆ ਜਾਂਦਾ ਹੈ, ਜਿਸ 'ਚ ਸੱਤ ਸ਼ੈਰੀਡਨ-ਸਿਖਲਾਈ ਪ੍ਰਾਪਤ ਐਨੀਮੇਟਰਾਂ ਨੇ ਅਕੈਡਮੀ ਐਵਾਰਡ ਜਿੱਤਿਆ ਹੈ।

ਓਨਟਾਰੀਓ ਦੇ ਇਸ ਕਾਲਜ ਨੇ ਸਰਕਾਰੀ ਨੀਤੀ ਵਿਚ ਤਬਦੀਲੀ ਅਤੇ ਦਾਖਲੇ ਵਿਚ ਗਿਰਾਵਟ ਦਾ ਹਵਾਲਾ ਦਿੰਦੇ ਹੋਏ ਆਪਣੇ ਦਰਜਨਾਂ ਪ੍ਰੋਗਰਾਮਾਂ ਨੂੰ ਮੁਅੱਤਲ ਕਰ ਦਿੱਤਾ ਹੈ ਅਤੇ ਆਪਣੇ ਸਟਾਫ ਨੂੰ ਘਟਾ ਦਿੱਤਾ ਹੈ। ਸ਼ੈਰੀਡਨ ਕਾਲਜ ਨੇ ਆਪਣੀ ਵੈੱਬਸਾਈਟ 'ਤੇ ਕਿਹਾ ਕਿ ਸਾਰੇ ਮੌਜੂਦਾ ਵਿਦਿਆਰਥੀਆਂ ਨੂੰ ਗ੍ਰੈਜੂਏਟ ਹੋਣ ਦਾ ਮੌਕਾ ਮਿਲੇਗਾ, ਪਰ ਅਸੀਂ ਅੱਗੇ ਨਵੇਂ ਸਾਲ ਦੇ ਵਿਦਿਆਰਥੀਆਂ ਨੂੰ ਦਾਖਲਾ ਨਹੀਂ ਦੇਵਾਂਗੇ। ਬਰੈਂਪਟਨ, ਮਿਸੀਸਾਗਾ ਅਤੇ ਓਕਵਿਲੇ ਵਿਚ ਕੈਂਪਸ ਰੱਖਣ ਵਾਲੇ ਕਾਲਜ ਨੇ ਕਿਹਾ ਕਿ ਕੁਝ ਮੁਅੱਤਲੀਆਂ ਮਈ ਦੇ ਸ਼ੁਰੂ ਵਿਚ ਲਾਗੂ ਹੋਣਗੀਆਂ, ਪਰ ਆਉਣ ਵਾਲੇ ਮਹੀਨਿਆਂ ਤੇ ਸਾਲਾਂ ਵਿਚ ਪ੍ਰੋਗਰਾਮ ਬੰਦ ਹੋ ਜਾਣਗੇ।

ਸ਼ੈਰੀਡਨ ਕਾਲਜ 'ਚ ਮੁਅੱਤਲ ਕੀਤੇ ਜਾ ਰਹੇ ਪ੍ਰੋਗਰਾਮਾਂ 'ਚ ਅਪਲਾਈਡ ਸਾਇੰਸ ਐਂਡ ਟੈਕਨਾਲੋਜੀ ਦੀ ਫੈਕਲਟੀ 'ਚ 13, ਬਿਜ਼ਨਸ ਪ੍ਰੋਗਰਾਮਾਂ ਦੇ 13, ਐਨੀਮੇਸ਼ਨ, ਆਰਟਸ ਅਤੇ ਡਿਜ਼ਾਈਨ ਦੀ ਫੈਕਲਟੀ 'ਚ ਛੇ, ਅਪਲਾਈਡ ਹੈੱਲਥ ਐਂਡ ਕਮਿਊਨਿਟੀ ਸਟੱਡੀਜ਼ ਦੀ ਫੈਕਲਟੀ 'ਚ ਪੰਜ ਅਤੇ ਹਿਊਮੈਨਿਟੀ ਅਤੇ ਸਮਾਜਕ ਵਿਗਿਆਨ 'ਚ ਤਿੰਨ ਪ੍ਰੋਗਰਾਮ ਸ਼ਾਮਲ ਹਨ।

ਇਸ ਸਾਲ ਦੇ ਸ਼ੁਰੂ 'ਚ ਸਰਕਾਰ ਨੇ ਐਲਾਨ ਕੀਤਾ ਸੀ ਕਿ ਉਹ ਰਿਹਾਇਸ਼ ਦੀ ਘਾਟ ਅਤੇ ਰਹਿਣ ਦੀ ਲਾਗਤ ਦੇ ਜਵਾਬ 'ਚ ਕੌਮਾਂਤਰੀ ਵਿਦਿਆਰਥੀ ਪਰਮਿਟਾਂ ਦੀ ਗਿਣਤੀ ਘਟਾ ਰਹੀ ਹੈ। ਪਿਛਲੇ ਮਹੀਨੇ ਕੌਂਸਲ ਆਫ ਓਨਟਾਰੀਓ ਯੂਨੀਵਰਸਿਟੀਜ਼ ਨੇ ਕਿਹਾ ਸੀ ਕਿ ਇਸ ਸੀਮਾ ਨਾਲ ਓਨਟਾਰੀਓ ਦੇ ਸਕੂਲਾਂ ਨੂੰ ਲਗਭਗ ਇਕ ਅਰਬ ਡਾਲਰ ਦਾ ਮਾਲੀ ਨੁਕਸਾਨ ਹੋ ਸਕਦਾ ਹੈ।

ਸ਼ੈਰੀਡਨ ਕਾਲਜ ਦੀ ਪ੍ਰੈਜ਼ੀਡੈਂਟ ਜੈਨੇਟ ਮੌਰੀਸਨ ਵੱਲੋਂ ਆਏ ਬਿਆਨ ਅਨੁਸਾਰ ਕਾਲਜ ਦਾ ਅਨੁਮਾਨ ਹੈ ਕਿ ਅਗਲੇ ਸਾਲ 30 ਫੀਸਦੀ ਘੱਟ ਵਿਦਿਆਰਥੀ ਦਾਖਲਾ ਲੈਣਗੇ, ਜਿਸ ਨਾਲ ਮਾਲੀਏ ਵਿਚ ਤਕਰੀਬਨ 1120 ਲੱਕ ਡਾਲਰ ਦੀ ਕਮੀ ਆਵੇਗੀ। ਮੌਰੀਸਨ ਨੇ ਕਿਹਾ ਕਿ 27 ਹੋਰ ਪ੍ਰੋਗਰਾਮਾਂ ਦੀ ਵੀ ਕੁਸ਼ਲਤਾ ਸਮੀਖਿਆ ਕੀਤੀ ਜਾਵੇਗੀ। ਉਨ੍ਹਾ ਕਿਹਾ ਲੰਮੇ ਸਮੇਂ ਤੋਂ ਘੱਟ ਫੰਡਿੰਗ, ਬਦਲਦੀਆਂ ਸਰਕਾਰੀ ਨੀਤੀਆਂ ਅਤੇ ਸਮਾਜਕ, ਤਕਨੀਕੀ ਤੇ ਆਰਥਕ ਵਿਘਨ ਦੇ ਦੌਰਾਨ ਸ਼ੈਰੀਡਨ ਨੂੰ ਵਿੱਤੀ ਤੌਰ 'ਤੇ ਟਿਕਾਊ ਅਤੇ ਜੀਵਤ ਅਦਾਰਾ ਬਣੇ ਰਹਿਣ ਲਈ ਇਹ ਬਦਲਾਅ ਜ਼ਰੂਰੀ ਹਨ।

ਫੈਡਰਲ ਸਰਕਾਰ ਨੇ ਕਿਹਾ ਸੀ ਕਿ 2024 ਲਈ 3,60,000 ਸਟੱਡੀ ਪਰਮਿਟ ਮਨਜ਼ੂਰ ਕੀਤੇ ਜਾਣਗੇ, ਜੋ ਕਿ 2023 ਦੀ ਤੁਲਨਾ ਵਿਚ 35 ਫੀਸਦੀ ਘੱਟ ਹਨ। ਸਤੰਬਰ 'ਚ ਫੈਡਰਲ ਲਿਬਰਲ ਸਰਕਾਰ ਨੇ ਕਿਹਾ ਸੀ ਕਿ ਉਹ ਕੌਮਾਂਤਰੀ ਵਿਦਿਆਰਥੀ ਪਰਮਿਟਾਂ ਦੀ ਗਿਣਤੀ 'ਚ ਹੋਰ 10 ਫੀਸਦੀ ਦੀ ਕਟੌਤੀ ਕਰੇਗੀ।

ਪਿਛਲੇ ਮਹੀਨੇ ਸੇਨੇਕਾ ਪੋਲੀਟੈਕਨਿਕ ਨੇ ਐਲਾਨ ਕੀਤਾ ਸੀ ਕਿ ਉਹ ਕੌਮਾਂਤਰੀ ਵਿਦਿਆਰਥੀ ਪਰਮਿਟ 'ਤੇ ਸੀਮਾ ਦੇ ਕਾਰਨ ਆਪਣੇ ਮਾਰਖਮ ਕੈਂਪਸ ਨੂੰ ਅਸਥਾਈ ਤੌਰ 'ਤੇ ਬੰਦ ਕਰ ਰਹੀ ਹੈ।

ਸ਼ੈਰੀਡਨ ਕਾਲਜ ਦੇ ਪ੍ਰੋਫੈਸਰਾਂ, ਲਾਇਬ੍ਰੇਰੀਅਨਾਂ ਅਤੇ ਕੌਂਸਲਰਾਂ ਦੀ ਨੁਮਾਇੰਦਗੀ ਕਰਦੀ ਯੂਨੀਅਨ ਦੇ ਪ੍ਰੈਜ਼ੀਡੈਂਟ ਅਤੇ ਸ਼ੈਰੀਡਨ ਫੈਕਲਟੀ ਮੈਂਬਰ ਜੈੱਕ ਓਰੋਵਿਟਜ਼ ਨੇ ਕਿਹਾ ਵਿਦਿਆਰਥੀਆਂ 'ਤੇ ਲੱਗੇ ਕੈਪ ਨੇ ਸਮੱਸਿਆ ਨੂੰ ਉਜਾਗਰ ਕੀਤਾ ਹੈ, ਪਰ ਇਸ ਦੇ ਮੂਲ ਵਿੱਚ ਕਈ ਦਹਾਕਿਆਂ ਤੋਂ ਸੂਬਾਈ ਫੰਡਿੰਗ ਵਿਚ ਲਗਾਤਾਰ ਹੋ ਰਹੀ ਕਟੌਤੀ ਵੀ ਜ਼ਿੰਮੇਵਾਰ ਹੈ। ਓਨਟਾਰੀਓ ਵਰਤਮਾਨ 'ਚ ਪ੍ਰਤੀ ਕਾਲਜ ਵਿਦਿਆਰਥੀ ਲਗਭਗ 16 ਫੀਸਦੀ ਫੰਡ ਪ੍ਰਦਾਨ ਕਰਦਾ ਹੈ, ਜੋ ਕਿ ਦੇਸ਼ ਦੇ ਕਿਸੇ ਵੀ ਸੂਬੇ ਨਾਲੋਂ ਸਭ ਤੋਂ ਘੱਟ ਹੈ। ਓਰੋਵਿਟਜ਼ ਨੇ ਕਿਹਾ ਕਿ ਜਦੋਂ ਉਨ੍ਹਾਂ 1980 ਦੇ ਦਹਾਕੇ 'ਚ ਕਾਲਜ ਪ੍ਰਣਾਲੀ ਸ਼ੁਰੂ ਕੀਤੀ ਸੀ, ਤਾਂ ਪ੍ਰਤੀ ਵਿਦਿਆਰਥੀ ਫੰਡਿੰਗ 70 ਫੀਸਦੀ ਦੇ ਬਰਾਬਰ ਸੀ। ਉਨ੍ਹਾ ਕਿਹਾ ਕਿ ਸਿਸਟਮ ਨੂੰ ਬਚਾਉਣ ਦੇ ਹਿੱਸੇ ਵਜੋਂ ਕੌਮਾਂਤਰੀ ਵਿਦਿਆਰਥੀਆਂ ਨੂੰ ਲਿਆਂਦਾ ਗਿਆ। 2019 ਵਿਚ ਪੀ ਸੀ ਸਰਕਾਰ ਨੇ ਘਰੇਲੂ ਵਿਦਿਆਰਥੀਆਂ ਲਈ ਫੀਸਾਂ ਨੂੰ ਵੀ 10 ਫੀਸਦੀ ਘਟਾ ਦਿੱਤਾ ਅਤੇ ਉਸ ਫੀਸ ਨੂੰ ਹੁਣ ਤੱਕ ਬਰਕਰਾਰ ਰੱਖਿਆ ਹੈ।

ਓਰੋਵਿਟਜ਼ ਦਾ ਕਹਿਣਾ ਹੈ ਕਿ ਓਨਟਾਰੀਓ ਦੇ ਕਾਲਜਾਂ 'ਤੇ ਵਿੱਤੀ ਦਬਾਅ ਆਖਰਕਾਰ ਸੂਬੇ ਨੂੰ ਪ੍ਰਭਾਵਤ ਕਰੇਗਾ ਅਤੇ ਪੜ੍ਹਾਈ ਖਤਮ ਹੋਣ ਤੋਂ ਤੁਰੰਤ ਬਾਅਦ ਘੱਟ ਗ੍ਰੈਜੂਏਟ ਨੌਕਰੀਆਂ 'ਚ ਸ਼ਾਮਲ ਹੋਣ ਲਈ ਤਿਆਰ ਹੋਣਗੇ। ਓਨਟਾਰੀਓ ਦੇ ਕਾਲਜ ਅਤੇ ਯੂਨੀਵਰਸਿਟੀ ਮੰਤਰਾਲੇ ਦੀ ਤਰਜਮਾਨ ਡੇਨਾ ਸਮੌਕਮ ਨੇ ਕਿਹਾ ਕਿ ਸੂਬਾ ਇਹ ਯਕੀਨੀ ਬਣਾਉਣ ਲਈ ਪੋਸਟ-ਸੈਕੰਡਰੀ ਸੈਕਟਰ ਦਾ ਸਮਰਥਨ ਕਰਨਾ ਜਾਰੀ ਰੱਖੇਗਾ ਕਿ ਵਿਦਿਆਰਥੀ ਗ੍ਰੈਜੂਏਟ ਹੋਣ ਤੋਂ ਬਾਅਦ ਚੰਗੀ ਤਨਖਾਹ ਅਤੇ ਉੱਚ ਮੰਗ ਵਾਲੀਆਂ ਨੌਕਰੀਆਂ ਪ੍ਰਾਪਤ ਕਰ ਸਕਣ।

## ਪ੍ਰਿਅੰਕਾ ਨੇ ਸਹੁੰ ਚੁੱਕੀ

**ਨਵੀਂ ਦਿੱਲੀ** : ਕੇਰਲਾ ਦੇ ਵਾਇਨਾਡ ਤੋਂ ਜ਼ਿਮਨੀ ਚੋਣ ਜਿੱਤਣ ਤੋਂ ਬਾਅਦ ਕਾਂਗਰਸ ਆਗੂ ਪ੍ਰਿਅੰਕਾ ਗਾਂਧੀ ਵਾਡਰਾ ਨੇ ਵੀਰਵਾਰ ਲੋਕ ਸਭਾ ਮੈਂਬਰ ਵਜੋਂ ਸਹੁੰ ਚੁੱਕੀ। 52 ਸਾਲਾ ਕਾਂਗਰਸੀ ਆਗੂ ਨੇ ਆਪਣੇ ਭਰਾ ਰਾਹੁਲ ਗਾਂਧੀ ਵਾਂਗ ਸੰਵਿਧਾਨ ਦੀ ਕਾਪੀ ਫੜਦੇ ਹੋਏ ਹਿੰਦੀ 'ਚ ਸਹੁੰ ਚੁੱਕੀ। ਇਸ ਦੇ ਨਾਲ ਹੀ ਨਾਂਦੇੜ ਜ਼ਿਮਨੀ ਚੋਣ ਜਿੱਤਣ ਵਾਲੇ ਰਵਿੰਦਰ ਚਵਾਨ (ਕਾਂਗਰਸ) ਨੇ ਵੀ ਭਗਵਾਨ ਦੇ ਨਾਂਅ 'ਤੇ ਮਰਾਠੀ 'ਚ ਸਹੁੰ ਚੁੱਕੀ।

## ਵਿਦਿਆਰਥਣ 'ਤੇ ਹਮਲੇ ਵਿਰੁੱਧ ਹੜਤਾਲ

**ਗੁਰੂਸਰ ਸੁਧਾਰ** : ਸ਼ਹੀਦ ਕਰਤਾਰ ਸਿੰਘ ਸਰਾਭਾ ਮੈਡੀਕਲ ਕਾਲਜ ਸਰਾਭਾ ਦੀ ਬੀ ਐੱਸ ਸੀ ਨਰਸਿੰਗ ਚੌਥੇ ਸਾਲ ਦੀ ਵਿਦਿਆਰਥਣ ਉਪਰ ਬੁੱਧਵਾਰ ਦੇਰ ਸ਼ਾਮ ਕਾਲਜ ਕੈਂਪਸ 'ਚ ਤਿੰਨ ਅਣਪਛਾਤੇ ਵਿਅਕਤੀਆਂ ਨੇ ਹਮਲਾ ਕਰਕੇ ਉਸ ਦੇ ਕੱਪੜੇ ਪਾੜ ਦਿੱਤੇ। ਇਸ ਘਟਨਾ ਖਿਲਾਫ ਬੁੱਧਵਾਰ ਰਾਤ ਤੋਂ ਵਿਦਿਆਰਥੀ ਅਣਮਿੱਥੇ ਸਮੇਂ ਦੀ ਹੜਤਾਲ 'ਤੇ ਹਨ। ਵਿਦਿਆਰਥੀ ਇਹ ਦੋਸ਼ ਵੀ ਲਾ ਰਹੇ ਹਨ ਕਿ ਕਾਲਜ ਵਿਚ ਸੁਰੱਖਿਆ ਦੇ ਪੁਖਤਾ ਇੰਤਜ਼ਾਮ ਨਹੀਂ ਹਨ ਤੇ ਇਸ ਖਾਮੀ ਲਈ ਮੈਨੇਜਮੈਂਟ ਮੁਆਫੀ ਮੰਗੇ ਅਤੇ ਕਾਲਜ ਵਿੱਚ ਵਿਦਿਆਰਥੀਆਂ ਤੇ ਖਾਸਕਰ ਵਿਦਿਆਰਥਣਾਂ ਦੀ ਸੁਰੱਖਿਆ ਦੇ ਠੋਸ ਪ੍ਰਬੰਧ ਕਰੇ। ਉਨ੍ਹਾਂ ਕਾਲਜ ਮੈਨੇਜਮੈਂਟ ਅਤੇ ਪ੍ਰਿੰਸੀਪਲ ਉਤੇ ਉਨ੍ਹਾਂ ਨੂੰ ਡਰਾਉਣ-ਧਮਕਾਉਣ ਦੇ ਦੋਸ਼ ਵੀ ਲਾਏ। ਡੀ ਐੱਸ ਪੀ ਦਾਖਾ ਵਰਿੰਦਰ ਖੋਸਾ ਅਤੇ ਥਾਣਾ ਜੋਧਾਂ ਦੇ ਮੁਖੀ ਹੀਰਾ ਸਿੰਘ ਵੱਲੋਂ ਵਾਰਦਾਤ ਦੀ ਪੜਤਾਲ ਕੀਤੀ ਜਾ ਰਹੀ ਸੀ। ਵਿਦਿਆਰਥੀ ਆਪਣੀਆਂ ਮੰਗਾਂ ਉਤੇ ਅੜੇ ਹੋਏ ਹਨ ਤੇ ਨਾਅਰੇ ਲਿਖੀਆਂ ਤਖਤੀਆਂ ਲੈ ਕੇ ਰੋਸ ਮੁਜ਼ਾਹਰਾ ਕਰ ਰਹੇ ਹਨ।

## ਸ਼ੇਅਰ ਬਾਜ਼ਾਰ 'ਚ ਵੱਡੀ ਗਿਰਾਵਟ

**ਮੁੰਬਈ** : ਇੰਫੋਸਿਸ, ਆਰ ਆਈ ਐੱਲ ਅਤੇ ਐੱਚ ਡੀ ਐੱਫ ਸੀ ਬੈਂਕ 'ਚ ਜ਼ੋਰਦਾਰ ਬਿਕਵਾਲੀ ਕਾਰਨ ਵੀਰਵਾਰ ਸੈਂਸੈਕਸ ਅਤੇ ਨਿਫਟੀ ਕਰੀਬ 1.50 ਫੀਸਦੀ ਤੱਕ ਡਿੱਗ ਗਏ। ਸੈਂਸੈਕਸ 1,190.34 ਅੰਕ ਜਾਂ 1.48 ਫੀਸਦੀ ਡਿੱਗ ਕੇ 79,043.74 'ਤੇ ਬੰਦ ਹੋਇਆ। ਦਿਨ ਦੌਰਾਨ ਇਕ ਵਾਰ ਤਾਂ ਇਹ 78,918.92 ਤੱਕ ਖਿਸਕ ਗਿਆ ਸੀ। ਇਸ ਕਾਰਨ ਨਿਵੇਸ਼ਕਾਂ ਦੀ ਦੌਲਤ 1, 50, 265.63 ਕਰੋੜ ਰੁਪਏ ਘਟ ਕੇ 4,42,98,083.42 ਕਰੋੜ ਰੁਪਏ (5.24 ਖਰਬ ਡਾਲਰ) ਰਹਿ ਗਈ। ਨਿਫਟੀ 360.75 ਅੰਕ ਜਾਂ 1.49 ਫੀਸਦੀ ਡਿੱਗ ਕੇ 23,914.15 'ਤੇ ਬੰਦ ਹੋਇਆ। ਅਡਾਨੀ ਗਰੁੱਪ ਦੀਆਂ 11 ਸੂਚੀਬੱਧ ਫਰਮਾਂ ਵਿੱਚੋਂ ਪੰਜ ਦੇ ਸ਼ੇਅਰ ਵੀਰਵਾਰ ਉੱਚੇ ਪੱਧਰ 'ਤੇ ਬੰਦ ਹੋਏ, ਅਡਾਨੀ ਟੋਟਲ ਗੈਸ ਲਗਭਗ 16 ਫੀਸਦੀ ਵਧੀ। ਅਡਾਨੀ ਐਨਰਜੀ ਸਲਿਊਸ਼ਨਜ਼ ਦੇ ਸਟਾਕ 10 ਫੀਸਦੀ, ਅਡਾਨੀ ਗ੍ਰੀਨ ਐਨਰਜੀ 10 ਫੀਸਦੀ ਅਤੇ ਅਡਾਨੀ ਐਂਟਰਪ੍ਰਾਈਜ਼ਿਜ਼ 1.63 ਫੀਸਦੀ ਵਧੇ। ਇਸ ਦੌਰਾਨ ਅਡਾਨੀ ਪੋਰਟਸ 'ਚ 2.73 ਫੀਸਦੀ ਦੀ ਗਿਰਾਵਟ ਦਰਜ ਕੀਤੀ ਗਈ।

# ਡੇਰਾ ਸਿਰਸਾ ਮੁਖੀ ਤੇ ਹੋਰਨਾਂ ਖਿਲਾਫ ਸੁਣਵਾਈ ਸ਼ੁਰੂ



**ਚੰਡੀਗੜ੍ਹ** : ਛੇ ਮਹੀਨੇ ਤੋਂ ਵੱਧ ਸਮੇਂ ਬਾਅਦ ਬੇਅਦਬੀ ਮਾਮਲਿਆਂ 'ਚ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਅਤੇ ਹੋਰਨਾਂ ਖਿਲਾਫ ਸੁਣਵਾਈ ਵੀਰਵਾਰ ਇੱਥੇ ਅਦਾਲਤ 'ਚ ਸ਼ੁਰੂ ਹੋਈ। 18 ਅਕਤੂਬਰ ਨੂੰ ਸੁਪਰੀਮ ਕੋਰਟ ਵੱਲੋਂ ਪੰਜਾਬ ਤੇ ਹਰਿਆਣਾ ਹਾਈ ਕੋਰਟ ਵੱਲੋਂ ਮੁਕੱਦਮੇ 'ਤੇ ਲਾਈ ਰੋਕ ਹਟਾਏ ਜਾਣ ਮਗਰੋਂ ਇਹ ਸੁਣਵਾਈ ਮੁੜ ਸ਼ੁਰੂ ਹੋਈ ਹੈ। ਰਾਮ ਰਹੀਮ ਨੂੰ ਰੋਹਤਕ ਦੀ ਸੁਨਾਰੀਆ ਜੇਲ੍ਹ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਅਦਾਲਤ 'ਚ ਪੇਸ਼ ਕੀਤਾ ਗਿਆ। ਇਸ ਵਿਚਾਲੇ ਮੁਲਜ਼ਮਾਂ ਦੇ ਵਕੀਲਾਂ ਨੇ ਅਦਾਲਤ ਨੂੰ ਦਸਤਾਵੇਜ਼ ਮੁਹੱਈਆ ਕਰਾਉਣ ਦੇ ਨਿਰਦੇਸ਼ ਦੇਣ ਦੀ ਮੰਗ ਕੀਤੀ।

ਮਾਰਚ ਮਹੀਨੇ ਪੰਜਾਬ ਸਰਕਾਰ ਨੇ ਮੁਕੱਦਮੇ 'ਤੇ ਹਾਈ ਕੋਰਟ ਵੱਲੋਂ ਲਾਈ ਰੋਕ ਨੂੰ ਸੁਪਰੀਮ ਕੋਰਟ 'ਚ ਚੁਣੌਤੀ ਦਿੱਤੀ ਸੀ। 2015 'ਚ ਬਰਗਾੜੀ 'ਚ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਨਾਲ ਸੰਬੰਧਤ ਰਾਮ ਰਹੀਮ ਅਤੇ ਹੋਰ ਡੇਰਾ ਪ੍ਰੇਮੀਆਂ ਖਿਲਾਫ ਕੇਸ ਸੁਪਰੀਮ ਕੋਰਟ ਦੀਆਂ ਹਦਾਇਤਾਂ 'ਤੇ ਫਰਵਰੀ 2023 'ਚ ਫਰੀਦਕੋਟ ਤੋਂ ਚੰਡੀਗੜ੍ਹ ਤਬਦੀਲ ਕਰ ਦਿੱਤਾ ਗਿਆ ਸੀ।

ਸੁਰੱਖਿਆ ਖਤਰਿਆਂ ਦਾ ਹਵਾਲਾ ਦਿੰਦਿਆਂ ਮੁਲਜ਼ਮਾਂ ਨੇ ਮੁਕੱਦਮਾ ਪੰਜਾਬ ਤੋਂ ਬਾਹਰ ਕਿਸੇ ਅਦਾਲਤ 'ਚ ਤਬਦੀਲ ਕਰਨ ਦੀ ਮੰਗ ਕਰਦਿਆਂ ਸੁਪਰੀਮ ਕੋਰਟ ਤੱਕ ਪਹੁੰਚ ਕੀਤੀ ਸੀ। ਕੋਟਕਪੂਰਾ 'ਚ ਇਕ ਮੁਲਜ਼ਮ ਦੀ ਉਸ ਦੀ ਦੁਕਾਨ ਅੰਦਰ ਗੋਲੀ ਮਾਰ ਕੇ ਹੱਤਿਆ ਕੀਤੇ ਜਾਣ ਮਗਰੋਂ ਕੇਸ ਤਬਦੀਲ ਕਰਨ ਸੰਬੰਧੀ ਪਟੀਸ਼ਨ ਦਾਇਰ ਕੀਤੀ ਗਈ ਸੀ।

# ਪ੍ਰਮਾਣੂ ਪਣਡੁੱਬੀ ਤੋਂ ਬੈਲਿਸਟਿਕ ਮਿਜ਼ਾਈਲ ਦਾਗਣ ਦੀ ਪਰਖ



**ਨਵੀਂ ਦਿੱਲੀ** : ਭਾਰਤੀ ਜਲ ਸੈਨਾ ਨੇ ਨਵੀਂ ਸ਼ਾਮਲ ਕੀਤੀ ਗਈ ਪ੍ਰਮਾਣੂ ਪਣਡੁੱਬੀ ਆਈ ਐੱਨ ਐੱਸ ਅਰਿਘਾਤ ਤੋਂ 3,500 ਕਿੱਲੋਮੀਟਰ ਕ ਮਾਰ ਕਰਨ ਦੇ ਸਮਰੱਥ ਕੇ-4 ਬੈਲਿਸਟਿਕ ਮਿਜ਼ਾਈਲ ਦੀ ਪਰਖ ਕੀਤੀ। ਰੱਖਿਆ ਸੂਤਰਾਂ ਮੁਤਾਬਕ ਪਰਖ ਦੇ ਨਤੀਜਿਆਂ ਦਾ ਵਿਸ਼ਲੇਸ਼ਣ ਕੀਤਾ ਜਾ ਰਿਹਾ ਹੈ, ਜਿਸ ਤੋਂ ਬਾਅਦ ਸੰਬੰਧਤ ਅਧਿਕਾਰੀ ਚੋਟੀ ਦੀ ਫੌਜੀ ਅਤੇ ਸਿਆਸੀ ਲੀਡਰਸ਼ਿਪ ਨੂੰ ਜਾਣਕਾਰੀ ਦੇਣਗੇ। ਇਹ ਪਰਖ ਦੇਸ਼ ਦੀ ਦੋਹਰਾ ਵਾਰ ਕਰਨ ਦੀ ਸਮਰੱਥਾ ਨੂੰ ਪ੍ਰਮਾਣਤ ਕਰਨ ਲਈ ਮਹੱਤਵਪੂਰਨ ਹੈ। ਭਾਰਤੀ ਜਲ ਸੈਨਾ ਨੇ ਅਗਸਤ 'ਚ ਵਿਸ਼ਾਖਾਪਟਨਮ ਸਥਿਤ ਸ਼ਿਪ ਬਿਲਡਿੰਗ ਸੈਂਟਰ 'ਚ ਪਣਡੁੱਬੀ ਨੂੰ ਸ਼ਾਮਲ ਕੀਤਾ ਸੀ। ਸੂਤਰਾਂ ਨੇ ਦੱਸਿਆ ਕਿ ਮਿਜ਼ਾਈਲ ਦੀ ਪੂਰੀ ਰੇਂਜ ਦੀ ਪਰਖ ਤੋਂ ਪਹਿਲਾਂ ਡੀ ਆਰ ਡੀ ਓ ਨੇ ਪਾਣੀ ਦੇ ਹੇਠਲੇ ਪਲੇਟਫਾਰਮਾਂ ਤੋਂ ਦਾਗੀ ਜਾਣ ਵਾਲੀ ਮਿਜ਼ਾਈਲ ਦੇ ਲਾਂਚ ਦੇ ਵਿਆਪਕ ਤਜਰਬੇ ਕੀਤੇ ਸਨ। ਜਲ ਸੈਨਾ ਕੋਲ ਦੋ ਪ੍ਰਮਾਣੂ ਪਣਡੁੱਬੀਆਂ ਹਨ, ਜੋ ਬੈਲਿਸਟਿਕ ਮਿਜ਼ਾਈਲਾਂ ਦਾਗਣ ਦੀ ਸਮਰੱਥਾ ਰੱਖਦੀਆਂ ਹਨ, ਜਿਨ੍ਹਾਂ 'ਚ ਆਈ ਐੱਨ ਐੱਸ ਅਰਿਹੰਤ ਅਤੇ ਅਰਿਘਾਤ ਸ਼ਾਮਲ ਹਨ। ਤੀਜੀ ਕਿਸ਼ਤੀ ਵੀ ਲਾਂਚ ਕੀਤੀ ਗਈ ਹੈ ਅਤੇ ਅਗਲੇ ਸਾਲ ਸ਼ਾਮਲ ਹੋਣ ਦੀ ਉਮੀਦ ਹੈ।

# ਹੇਮੰਤ ਸੋਰੇਨ ਨੇ ਚੌਥੀ ਵਾਰ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ



**ਰਾਂਚੀ** : ਝਾਰਖੰਡ ਮੁਕਤੀ ਮੋਰਚਾ ਦੇ ਆਗੂ ਹੇਮੰਤ ਸੋਰੇਨ ਨੇ ਵੀਰਵਾਰ ਸ਼ਾਨਦਾਰ ਸਮਾਗਮ ਦੌਰਾਨ ਝਾਰਖੰਡ ਦੇ 14ਵੇਂ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ। 49 ਸਾਲਾ ਆਦਿਵਾਸੀ ਆਗੂ ਨੂੰ ਝਾਰਖੰਡ ਦੇ ਰਾਜਪਾਲ ਸੰਤੋਸ਼ ਕੁਮਾਰ ਗੰਗਵਾਰ ਨੇ ਅਹੁਦੇ ਤੇ ਰਾਜ਼ਦਾਰੀ ਦੀ ਸਹੁੰ ਚੁਕਾਈ। ਇਸ ਦੇ ਨਾਲ ਹੀ ਹੇਮੰਤ ਸੋਰੇਨ ਚੌਥੀ ਵਾਰ ਮੁੱਖ ਮੰਤਰੀ ਬਣਨ ਵਾਲੇ ਸੂਬੇ ਦੇ ਪਹਿਲੇ ਆਗੂ ਬਣ ਗਏ ਹਨ। ਸਮਾਗਮ ਰਾਜਧਾਨੀ ਰਾਂਚੀ ਦੇ ਮੋਰਾਬਾਦੀ ਮੈਦਾਨ ਵਿੱਚ ਹੋਇਆ, ਜਿਸ ਦੌਰਾਨ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ, ਰਾਹੁਲ ਗਾਂਧੀ, ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਅਤੇ 'ਆਪ' ਆਗੂ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਅਖਿਲੇਸ਼ ਯਾਦਵ, ਤੇਜਸਵੀ ਯਾਦਵ ਸਣੇ 'ਇੰਡੀਆ' ਗੱਠਜੋੜ ਦੇ ਕਈ ਆਗੂ ਮੌਜੂਦ ਸਨ। ਹੇਮੰਤ ਸੋਰੇਨ ਦੇ ਪਿਤਾ ਸ਼ਿਬੂ ਸੋਰੇਨ, ਮਾਂ ਰੂਪੀ ਸੋਰੇਨ ਅਤੇ ਪਤਨੀ ਕਲਪਨਾ ਸੋਰੇਨ ਵੀ ਸਟੇਜ 'ਤੇ ਮੌਜੂਦ ਸਨ। ਮੋਰਚੇ ਦੀ ਅਗਵਾਈ ਵਾਲੇ ਗੱਠਜੋੜ ਨੇ 81 ਮੈਂਬਰੀ ਅਸੰਬਲੀ 'ਚ 56 ਸੀਟਾਂ ਜਿੱਤ ਕੇ ਬਹੁਮਤ ਹਾਸਲ ਕੀਤਾ, ਜਦੋਂ ਕਿ ਭਾਜਪਾ ਦੀ ਅਗਵਾਈ ਵਾਲੇ ਐੱਨ ਡੀ ਏ ਨੂੰ 24 ਸੀਟਾਂ ਉਤੇ ਹੀ ਸਬਰ ਕਰਨਾ ਪਿਆ। ਹਾਕਮ ਗੱਠਜੋੜ ਵਿਚ ਜੇ ਐੱਮ ਐੱਮ, ਕਾਂਗਰਸ, ਰਾਸ਼ਟਰੀ ਜਨਤਾ ਦਲ ਅਤੇ ਸੀ ਪੀ ਆਈ (ਐੱਮ ਐੱਲ) ਸ਼ਾਮਲ ਹਨ।

## ਰੰਗਦਾਰ ਵਿਸ਼ੇਸ਼ ਸਪਲੀਮੈਂਟ



ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ 68ਵੇਂ ਪ੍ਰੀਨਿਰਵਾਣ ਦਿਵਸ ਨੂੰ ਸਮਰਪਿਤ **ਮਾਨਸਾ** ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਆਤਮਾ ਸਿੰਘ ਪਮਾਰ** ਨਾਲ ਮੋਬਾਇਲ ਨੰਬਰ 89680-56200 'ਤੇ ਸੰਪਰਕ ਕੀਤਾ ਜਾ ਸਕਦਾ ਹੈ।

-ਜਨਰਲ ਮੈਨੇਜਰ

## ਅੱਜ-ਨਾਮਾ

ਪਾਰਲੀਮੈਂਟ ਵਿੱਚ ਨਾ ਕੰਮ ਹੈ ਖਾਸ ਹੁੰਦਾ,
ਮਾਹੌਲ ਟੱਕਰ ਦਾ ਰਹਿੰਦਾ ਹੈ ਨਿੱਤ ਬੇਲੀ।
ਭਿੜਦੇ ਸਿੱਧੇ ਫਿਰ ਦੇਖੀ ਜਾਊ ਪੱਖ ਦੋਵੇਂ,
ਕੋਈ ਵੀ ਦਿਨ ਜਾਂ ਦੇਖ ਲਉ ਥਿੱਤ ਬੇਲੀ।
ਜਿਹੜੇ ਅੱਜ 'ਕੱਠੇ, ਭਲਕੇ ਲੜਨ ਲਗਦੇ,
ਕੋਈ ਨਹੀਂ ਜਾਪਦਾ ਕਿਸੇ ਦਾ ਮਿੱਤ ਬੇਲੀ।
ਖੁਸ਼ੀ-ਗਮੀ ਜਿਹਾ ਕੋਈ ਵੀ ਵਕਤ ਹੁੰਦਾ,
ਸਦਾ ਉਹ ਭਾਲਣਗੇ ਹਾਰ ਤੇ ਜਿੱਤ ਬੇਲੀ।
ਅੜਿੱਕਾ ਪੈਂਦਾ ਤਾਂ ਮਾਸਾ ਨਾ ਫਰਕ ਪੈਂਦਾ,
ਦਿੱਸਦੀ ਟੀ ਵੀ 'ਤੇ ਲੋਕਾਂ ਨੂੰ ਸ਼ਕਲ ਬੇਲੀ।
ਜਾਣੀ ਸ਼ਕਲ ਹੀ ਲੋਕਾਂ ਕੋਲ ਚਾਹੀਦੀ ਆ,
ਰੱਖਣੀ ਚਾਹੀਦੀ ਢੱਕੀ ਹੋਈ ਅਕਲ ਬੇਲੀ।

-ਤੀਸ ਮਾਰ ਖਾਂ

# ਦੋਨੋਂ ਸਦਨ ਤੀਜੇ ਦਿਨ ਵੀ ਬਿਨਾਂ ਕੰਮ ਦੇ ਉੱਠ ਗਏ

**ਨਵੀਂ ਦਿੱਲੀ** : ਸੰਸਦ ਦੇ ਸਰਦ ਰੁੱਤ ਸੈਸ਼ਨ ਦੌਰਾਨ ਵਿਰੋਧੀ ਧਿਰ ਵੱਲੋਂ ਅਡਾਨੀ ਮੁੱਦੇ ਅਤੇ ਯੂ ਪੀ ਦੇ ਸੰਭਲ 'ਚ ਹੋਈ ਹਿੰਸਾ ਬਾਰੇ ਬਹਿਸ ਦੀ ਮੰਗ ਉਤੇ ਅੜੇ ਰਹਿਣ ਅਤੇ ਦੂਜੇ ਪਾਸੇ ਸਰਕਾਰ ਵੱਲੋਂ ਬਹਿਸ ਦੀ ਇਜਾਜ਼ਤ ਨਾ ਦੇਣ ਦੀ ਜ਼ਿਦ ਕਾਰਨ ਵੀਰਵਾਰ ਵੀ ਲਗਾਤਾਰ ਤੀਜੇ ਦਿਨ ਦੋਵੇਂ ਸਦਨਾਂ ਵਿਚ ਕੋਈ ਕਾਰਵਾਈ ਨਹੀਂ ਹੋ ਸਕੀ ਅਤੇ ਵਿਰੋਧੀ ਧਿਰ ਦੇ ਹੰਗਾਮੇ ਦਰਮਿਆਨ ਲੋਕ ਸਭਾ ਤੇ ਰਾਜ ਸਭਾ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ।

ਲੋਕ ਸਭਾ ਵਿਚ ਵਿਰੋਧੀ ਧਿਰ ਦੇ ਮੈਂਬਰ ਸੰਭਲ ਵਿੱਚ ਇੱਕ ਮਸਜਿਦ 'ਚ ਕੀਤੇ ਜਾ ਰਹੇ ਸਰਵੇਖਣ ਦੌਰਾਨ ਹੋਈ ਹਿੰਸਾ ਦੇ ਦੋਸ਼ੀਆਂ ਖਿਲਾਫ ਕਾਰਵਾਈ ਦੀ ਮੰਗ 'ਤੇ ਨਾਅਰੇਬਾਜ਼ੀ ਕਰਦੇ ਰਹੇ। ਰਾਜ ਸਭਾ ਵਿਚ ਵੀ ਅਡਾਨੀ ਮੁੱਦੇ ਅਤੇ ਸੰਭਲ ਤੇ ਮਨੀਪੁਰ ਹਿੰਸਾ ਵਰਗੇ ਮੁੱਦਿਆਂ ਨੂੰ ਲੈ ਕੇ ਇਹੋ ਸਥਿਤੀ ਬਣੀ ਰਹੀ। ਲੋਕ ਸਭਾ ਵਿਚ ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ ਨੇ ਵਿਰੋਧ ਪ੍ਰਗਟਾਵੇ ਦੀ ਨਿਖੇਧੀ ਕਰਦਿਆਂ ਕਿਹਾ—ਮੈਂ ਸਦਨ ਦੀ ਕਾਰਵਾਈ 'ਚ ਵਿਘਨ ਪਾਉਣ ਦੀਆਂ ਕਾਂਗਰਸ ਅਤੇ ਇਸ ਦੀਆਂ ਸਹਿਯੋਗੀਆਂ ਦੀਆਂ ਕੋਸ਼ਿਸ਼ਾਂ ਦੀ ਨਿੰਦਾ ਕਰਦਾ ਹਾਂ। ਸਰਕਾਰ ਵੱਲੋਂ ਵਕਫ ਸੋਧ ਬਿੱਲ 'ਤੇ ਸਾਂਝੀ ਕਮੇਟੀ ਦਾ ਕਾਰਜਕਾਲ ਵਧਾਉਣ ਅਤੇ ਕੁਝ ਮੁੱਦਿਆਂ 'ਤੇ ਸਦਨ 'ਚ ਬਹਿਸ ਲਈ ਹਾਮੀ ਭਰੇ ਜਾਣ ਦੇ ਬਾਵਜੂਦ ਵਿਰੋਧੀ ਮੈਂਬਰ ਵਿਰੋਧ ਕਰ ਰਹੇ ਹਨ। ਉਪਰਲੇ ਸਦਨ ਰਾਜ ਸਭਾ ਵਿਚ ਵੀ ਸਵੇਰੇ 11 ਵਜੇ ਸਦਨ ਦੀ ਕਾਰਵਾਈ ਸ਼ੁਰੂ ਹੁੰਦਿਆਂ ਹੀ ਇਨ੍ਹਾਂ ਮੁੱਦਿਆਂ ਉਤੇ ਸ਼ੋਰ-ਸ਼ਰਾਬਾ ਦੇਖਣ ਨੂੰ ਮਿਲਿਆ। ਮੈਂਬਰਾਂ ਨੇ ਚੇਅਰਮੈਨ ਜਗਦੀਪ ਧਨਖੜ ਵੱਲੋਂ ਮਰਿਆਦਾ ਨੂੰ ਬਰਕਰਾਰ ਰੱਖਣ ਅਤੇ ਪ੍ਰਸ਼ਨ ਕਾਲ ਚੱਲਣ ਦੇਣ ਦੀਆਂ ਕੀਤੀਆਂ ਗਈਆਂ ਅਪੀਲਾਂ 'ਤੇ ਕੋਈ ਧਿਆਨ ਨਹੀਂ ਦਿੱਤਾ ਅਤੇ ਚੇਅਰਮੈਨ ਨੇ ਕਾਰਵਾਈ ਦੁਪਹਿਰ 12 ਵਜੇ ਤੱਕ ਮੁਤਲਵੀ ਕਰ ਦਿੱਤੀ। ਦੁਬਾਰਾ ਸਦਨ ਜੁੜਨ ਉਤੇ ਰੌਲਾ-ਰੱਪਾ ਜਾਰੀ ਰਹਿਣ ਕਾਰਨ ਸਦਨ ਦਿਨ ਭਰ ਲਈ ਉਠਾ ਦਿੱਤਾ ਗਿਆ।

ਕਬੀਰਾ ਜਬ ਹਮ ਆਏ ਜਗਤ ਮੇਂ, ਜਗ ਹੰਸਾ ਹਮ ਰੋਏ।।
ਐਸੀ ਕਰਨੀ ਕਰ ਚਲੇ, ਹਮ ਹੰਸੇ ਜਗ ਰੋਏ।।



ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਬਹੁਤ ਹੀ ਸਤਿਕਾਰਯੋਗ ਹਲਕਾ ਮੋਗਾ ਦੇ ਹਰਮਨਪਿਆਰੇ, ਤਿੰਨ ਵਾਰ ਦੇ ਐੱਮ ਐੱਲ ਏ

ਸ੍ਰੀ ਜੋਗਿੰਦਰ ਪਾਲ ਜੈਨ

ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਮਿਤੀ 27 ਨਵੰਬਰ 2024 ਦਿਨ ਬੁੱਧਵਾਰ ਨੂੰ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ। ਉਨ੍ਹਾ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

ਰਸਮ ਪੱਗੜੀ (ਭੋਗ)

ਮਿਤੀ 29 ਨਵੰਬਰ 2024 ਦਿਨ ਸ਼ੁੱਕਰਵਾਰ ਨੂੰ
ਦੁਪਹਿਰ 01.00 ਵਜੇ ਤੋਂ 02.00 ਵਜੇ ਤੱਕ
ਮਜੈਸਟਿਕ ਰਿਜ਼ੋਰਟਸ, ਫਿਰੋਜ਼ਪੁਰ ਰੋਡ, ਮੋਗਾ
ਵਿਖੇ ਹੋਵੇਗੀ। ਸੋ ਆਪ ਜੀ ਨੇ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ

ਦੁਖੀ ਹਿਰਦੇ

ਸ੍ਰੀਮਤੀ ਸਵਰਨ ਲਤਾ ਜੈਨ (ਧਰਮ ਪਤਨੀ)
ਸ੍ਰੀਮਤੀ ਪੁਸ਼ਪਾ ਜੈਨ (ਭਾਬੀ)
ਰੋਹਿਨੀ ਜੈਨ (ਪੁੱਤਰੀ)
ਪੁਨੀਤ ਜੈਨ-ਰੋਜ਼ੀ ਜੈਨ (ਪੁੱਤਰ-ਨੂੰਹ)
ਅਕਸ਼ਿਤ ਜੈਨ-ਪ੍ਰਾਚੀ ਜੈਨ (ਪੁੱਤਰ-ਨੂੰਹ)
ਰਮੇਸ਼ ਕੁਮਾਰ ਜੈਨ (ਜੀਜਾ ਜੀ)
ਕਿਰਨ-ਅਤੁੱਲ ਵਿਨੋਦ ਓਸਵਾਲ (ਭੈਣ-ਜੀਜਾ ਜੀ)
ਪਾਰਸ ਜੈਨ, ਆਰਵ ਜੈਨ, ਪ੍ਰੀਤਿਸ਼ ਜੈਨ (ਪੋਤਰੇ)
ਆਰੀਆ ਜੈਨ (ਪੋਤਰੀ)
ਹਿਤੇਨ ਜੈਨ (ਦੋਹਤਰਾ)

ਵੱਲੋਂ : ਸਮੂਹ ਜੈਨ ਪਰਵਾਰ, ਮੋਬਾ. 82838-05000

## 1500 ਮੀਟਰ ਦੌੜ 'ਚ ਜੋਗਿੰਦਰ ਸਿੰਘ ਹਰਾਜ ਨੇ ਜਿੱਤਿਆ ਗੋਲਡ ਮੈਡਲ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)-45ਵੀਂ ਪੰਜਾਬ ਮਾਸਟਰ ਅਥਲੈਟਿਕ ਮੀਟ ਵਿੱਚ ਜੋਗਿੰਦਰ ਸਿੰਘ ਹਰਾਜ ਸਟੇਟ ਐਵਾਰਡੀ ਸਾਬਕਾ ਸਹਾਇਕ ਸਿੱਖਿਆ ਅਫ਼ਸਰ ਨੇ 65 ਸਾਲ ਉਮਰ ਵਰਗ ਵਿੱਚ ਹਿੱਸਾ ਲੈ ਕੇ 1500 ਮੀਟਰ ਦੌੜ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਗੋਲਡ ਮੈਡਲ ਪ੍ਰਾਪਤ ਕੀਤਾ ਹੈ।ਪਿਛਲੇ ਦਿਨੀਂ ਮਸਤੂਆਣਾ ਸਾਹਿਬ ਜ਼ਿਲ੍ਹਾ ਸੰਗਰੂਰ ਵਿਖੇ ਕਰਾਈ ਗਈ ਪੰਜਾਬ ਮਾਸਟਰ ਅਥਲੈਟਿਕ ਮੀਟ ਵਿੱਚ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਨੇ ਭਾਗ ਲਿਆ।ਉਨ੍ਹਾਂ 1500 ਮੀਟਰ ਦੌੜ ਵਿੱਚ ਪਹਿਲਾ, 800 ਮੀਟਰ ਦੌੜ ਵਿੱਚ ਤੀਜਾ ਤੇ ਉੱਚੀ ਛਾਲ ਵਿੱਚ ਤੀਜਾ ਸਥਾਨ ਹਾਸਲ ਕਰਕੇ ਜਿਲਾ ਸ੍ਰੀ ਮੁਕਤਸਰ ਸਾਹਿਬ ਦਾ ਨਾਂਅ ਰੌਸ਼ਨ ਕੀਤਾ ਹੈ।ਉਨ੍ਹਾਂ ਦੀ ਇਸ ਮਾਣਮੱਤੀ ਪ੍ਰਾਪਤੀ ਤੇ ਇਲਾਕਾ ਵਾਸੀਆਂ ਮਨਜੀਤ ਸਿੰਘ ਬਰਕੰਦੀ, ਤੇਜਿੰਦਰ ਸਿੰਘ ਮਿੱਡੂਖੇੜਾ, ਨਰਿੰਦਰ ਸਿੰਘ ਕਾਉਣੀ, ਸੁਖਜਿੰਦਰ ਸਿੰਘ ਕਾਉਣੀ, ਪ੍ਰੋਫੈਸਰ ਰਾਜਬਿੰਦਰ ਸਿੰਘ ਭਾਈਕਾ, ਸਕੱਤਰ ਮੁਖਤਿਆਰ ਸਿੰਘ, ਪ੍ਰਿੰਸੀਪਲ ਅੰਜਨਾ ਕੌਸਲ, ਬਰਨਾਟਕ ਸਿੰਘ, ਹਰਦੀਪ ਸਿੰਘ ਡੀ.ਪੀ.ਈ., ਟਹਿਲ ਸਿੰਘ ਡੀ.ਪੀ.ਈ., ਤਲਵਿੰਦਰ ਸਿੰਘ ਡੀ.ਪੀ.ਈ. ਤੇ ਇਕਬਾਲ ਸਿੰਘ ਨੇ ਵਧਾਈ ਦਿੰਦਿਆਂ ਕੇਰਲਾ ਵਿਖੇ ਹੋ ਰਹੀ ਨੈਸ਼ਨਲ ਮਾਸਟਰ ਅਥਲੈਟਿਕਸ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ ਤੇ ਸ਼ੁਭਇਛਾਵਾਂ ਦਿੱਤੀਆਂ।

## ਵਿਆਹ ਸਮਾਗਮ 'ਚ ਫਾਇਰਿੰਗ ਦੀ ਵੀਡੀਓ ਵਾਇਰਲ ਹੋਣ 'ਤੇ ਮਾਮਲਾ ਦਰਜ



ਮੋਗਾ (ਇਕਬਾਲ ਸਿੰਘ ਖਹਿਰਾ)-ਪਿੰਡ ਉਮਰੀਆਣਾ ਦੇ ਇੱਕ ਵਿਆਹ ਸਮਾਗਮ ਦੌਰਾਨ ਹੋਈ ਹਵਾਈ ਫਾਇਰਿੰਗ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ। ਜਾਣਕਾਰੀ ਮੁਤਾਬਕ ਇਹ ਵੀਡੀਓ 17 ਨਵੰਬਰ ਦੀ ਦੱਸੀ ਜਾ ਰਹੀ ਹੈ। ਇਸ ਮਾਮਲੇ ਵਿੱਚ ਪੁਲਸ ਨੇ ਦੋ ਬਾਈ ਨੇਮ ਤੇ 4/5 ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਡੀ.ਐੱਸ.ਪੀ. ਧਰਮਕੋਟ ਰਮਨਦੀਪ ਸਿੰਘ ਨੇ ਕਿਹਾ ਕਿ ਏ.ਐੱਸ.ਆਈ. ਮਨਪ੍ਰੀਤ ਸਿੰਘ ਵੱਲੋਂ ਮੁਖਬਰ ਖਾਸ ਦੀ ਇਤਲਾਹ 'ਤੇ ਪਿੰਡ ਉਮਰਿਆਣਾ ਵਿਖੇ ਇੱਕ ਵਿਆਹ ਸਮਾਗਮ ਵਿੱਚ ਲਾਇਸੰਸੀ ਹਥਿਆਰਾਂ ਨਾਲ ਕੀਤੇ ਗਏ ਫਾਇਰ, ਜਿਸ ਦੀ ਇੱਕ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ, 'ਤੇ ਕਾਰਵਾਈ ਕਰਦੇ ਹੋਏ ਦੋ ਬਾਈ ਨੇਮ ਤੇ ਚਾਰ ਤੋਂ ਪੰਜ ਨਾ-ਮਾਲੂਮ ਵਿਅਕਤੀਆਂ ਉੱਪਰ ਅਸਲਾ ਐਕਟ ਥਾਣਾ ਕੋਟ ਈਸੇ ਖ਼ਾਂ ਵਿਖੇ ਮਾਮਲਾ ਦਰਜ ਕੀਤਾ ਗਿਆ, ਜਿਸ ਵਿੱਚ ਹੈਰੀ ਤੇ ਰਵੀ ਦੇ ਨਾਮ ਸ਼ਾਮਲ ਹਨ।

## 57 ਕਿੱਲੋ ਭਾਰ ਵਰਗ 'ਚ ਮੁਸਕਾਨ ਨੇ ਮਾਰੀ ਬਾਜ਼ੀ



ਬਠਿੰਡਾ (ਪਰਵਿੰਦਰਜੀਤ ਸਿੰਘ)-ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਸ਼ਿਵਪਾਲ ਗੋਇਲ ਤੇ ਉੱਪ-ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਸਿਕੰਦਰ ਸਿੰਘ ਬਰਾੜ ਦੀ ਅਗਵਾਈ ਵਿੱਚ 68ਵੀਆਂ ਸੂਬਾ ਪੱਧਰੀ ਖੇਡਾਂ ਪਾਵਰ ਲਿਫਟਿੰਗ ਵਿੱਚ ਦਿਲਚਸਪ ਮੁਕਾਬਲੇ ਹੋ ਰਹੇ ਹਨ।ਬੁੱਧਵਾਰ ਹੋਏ ਮੁਕਾਬਲਿਆਂ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਜਸਵੀਰ ਸਿੰਘ ਗਿੱਲ ਨੇ ਦੱਸਿਆ ਕਿ ਅੰਡਰ-17 ਕੁੜੀਆਂ 52 ਕਿੱਲੋ ਵਿੱਚ ਸ਼ਿਵਾਨੀ ਲੁਧਿਆਣਾ ਨੇ ਪਹਿਲਾ, ਹਰਪ੍ਰੀਤ ਕੌਰ ਰੂਪਨਗਰ ਨੇ ਦੂਜਾ, ਸਾਹਿਬਮੀਤ ਕੌਰ ਬਠਿੰਡਾ ਨੇ ਤੀਜਾ, 57 ਕਿੱਲੋ ਵਿੱਚ ਮੁਸਕਾਨ ਬਠਿੰਡਾ ਨੇ ਪਹਿਲਾ, ਕਿਰਨਦੀਪ ਕੌਰ ਰੂਪਨਗਰ ਨੇ ਦੂਜਾ, ਫ਼ਲਕ ਬੇਗਮ ਮਲੇਰਕੋਟਲਾ ਨੇ ਤੀਜਾ, 63 ਕਿੱਲੋ ਵਿੱਚ ਜੈਸਮੀਨ ਲੁਧਿਆਣਾ ਨੇ ਪਹਿਲਾ, ਜਸਪ੍ਰੀਤ ਕੌਰ ਬਰਨਾਲਾ ਨੇ ਦੂਜਾ, ਪਲਕ ਗੋਇਲ ਬਠਿੰਡਾ ਨੇ ਤੀਜਾ, 66 ਕਿੱਲੋ ਵਿੱਚ ਲਵਲੀ ਕੌਰ ਨੇ ਪਹਿਲਾ, ਦਿਲਪ੍ਰੀਤ ਕੌਰ ਪਟਿਆਲਾ ਨੇ ਦੂਜਾ, ਤਰਨਪ੍ਰੀਤ ਕੌਰ ਫਾਜ਼ਿਲਕਾ ਨੇ ਤੀਜਾ, 72 ਕਿੱਲੋ ਤੋਂ ਵੱਧ ਭਾਰ ਵਿੱਚ ਮਹਿਕ ਬਠਿੰਡਾ ਨੇ ਪਹਿਲਾ, ਹਰਸ਼ਦੀਪ ਕੌਰ ਪਟਿਆਲਾ ਨੇ ਦੂਜਾ, ਗੁਰਇਨਾਇਤ ਕੌਰ ਲੁਧਿਆਣਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਜੇਤੂ ਖਿਡਾਰੀਆਂ ਨੂੰ ਮੈਡਲ ਤੇ ਇਨਾਮ ਵੰਡਣ ਦੀ ਰਸਮ ਜ਼ਿਲ੍ਹਾ ਖੇਡ ਅਫ਼ਸਰ ਪਰਮਿੰਦਰ ਸਿੰਘ ਵੱਲੋਂ ਕੀਤੀ ਗਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਗੁਰਮੇਲ ਸਿੰਘ, ਮੁੱਖ ਅਧਿਆਪਕ ਗੁਰਪ੍ਰੀਤ ਕੌਰ, ਮੁੱਖ ਅਧਿਆਪਕ ਰਮਨਦੀਪ ਕੌਰ, ਲੈਕਚਰਾਰ ਜਗਦੀਸ਼ ਕੁਮਾਰ, ਲੈਕਚਰਾਰ ਹਰਵੀਰ ਸਿੰਘ ਕਨਵੀਨਰ, ਲੈਕਚਰਾਰ ਹਰਮੰਦਰ ਸਿੰਘ, ਭੁਪਿੰਦਰ ਸਿੰਘ ਤੱਗੜ, ਸੁਨੀਤਾ ਰਾਣੀ, ਇੰਦਰਜੀਤ ਸਿੰਘ, ਦਲਜੀਤ ਸਿੰਘ, ਅਮਨਦੀਪ ਸਿੰਘ, ਨੀਲਮ ਰਾਣੀ, ਨਵਜੋਤ ਸਿੰਘ, ਕਮਲਜੀਤ ਕੌਰ, ਹਰਬਿੰਦਰ ਸਿੰਘ ਨੀਟਾ, ਰਣਧੀਰ ਸਿੰਘ ਧੀਰਾ ਹਾਜ਼ਰ ਸਨ।

## ਜੈਨ ਸੀਨੀ. ਸੈਕੰ. ਸਕੂਲ ਨੇ ਜਿੱਤਿਆ ਫੈਪ ਨੈਸ਼ਨਲ ਐਵਾਰਡ



ਬਾਘਾ ਪੁਰਾਣਾ (ਮਨੀ ਸਿੰਗਲਾ)-ਇਲਾਕੇ ਦੀ ਉੱਘੀ ਤੇ ਨਾਮਵਰ ਵਿੱਦਿਅਕ ਸੰਸਥਾ ਜੈਨ ਸੀਨੀਅਰ ਸੈਕੰਡਰੀ ਸਕੂਲ (ਬਾਘਾ ਪੁਰਾਣਾ), ਜੋ ਕਿ ਹਰ ਵਾਰ ਹਰ ਖੇਤਰ ਵਿੱਚ ਉਚਾਈਆਂ ਦੀਆਂ ਬੁਲੰਦੀਆਂ ਨੂੰ ਛੂੰਹਦੀ ਹੈ ਨੇ ਇਕ ਵਾਰ ਫੇਰ ਪ੍ਰੰਪਰਾ ਨੂੰ ਨਿਭਾਉਂਦੇ ਹੋਏ ਫੈਡਰੇਸ਼ਨ ਆਫ਼ ਪ੍ਰਾਈਵੇਟ ਸਕੂਲਜ਼ ਦਾ ਨੈਸ਼ਨਲ ਐਵਾਰਡ ਜਿੱਤ ਕੇ ਇਲਾਕੇ ਵਿੱਚ ਸੰਸਥਾ ਦਾ ਮਾਣ ਵਧਾਇਆ ਹੈ।ਐੱਸ. ਐੱਸ. ਜੈਨ ਸਭਾ ਟਰੱਸਟ ਵੱਲੋਂ ਚਲਾਈ ਜਾਂਦੀ ਇਸ ਸੰਸਥਾ ਦੇ ਪ੍ਰਧਾਨ ਵਿਜੇ ਕੁਮਾਰ ਬਾਂਸਲ ਨੇ ਦੱਸਿਆ ਕਿ ਇਸ ਸੰਸਥਾ ਵਿੱਚ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਸਮਾਜਿਕ ਗਤੀਵਿਧੀਆਂ ਵਿੱਚ ਵੀ ਹਿੱਸਾ ਦਿਵਾਇਆ।ਸਕੂਲ ਦੇ ਪ੍ਰਿੰਸੀਪਲ ਪਵਨਦੀਪ ਸਿੰਘ ਬਰਾੜ ਵੱਲੋਂ ਵੱਖ-ਵੱਖ ਸਮੇਂ 'ਤੇ ਵੱਖ ਵੱਖ ਗਤੀਵਿਧੀਆਂ ਨਾਲ ਵਿਦਿਆਰਥੀਆਂ ਨੂੰ ਜੋੜ ਕੇ ਉਨ੍ਹਾਂ ਨੂੰ ਸਮਾਜ ਵਿੱਚ ਇੱਕ ਆਪਣੀ ਇੱਕ ਨਿਵੇਕਲੀ ਥਾਂ ਬਣਾਉਣ ਦੀ ਸਿੱਖਿਆ ਦਿੱਤੀ ਜਾਂਦੀ ਹੈ।ਸੰਸਥਾ ਦੇ ਪ੍ਰਧਾਨ ਵਿਜੇ ਕੁਮਾਰ ਤੇ ਵਿਦਿਆਰਥੀਆਂ ਦੇ ਸਹਿਯੋਗ ਸਦਕਾ ਜੈਨ ਸੀਨੀਅਰ ਸੈਕੰਡਰੀ ਸਕੂਲ ਨੇ ਫੈਡਰੇਸ਼ਨ ਆਫ਼ ਪ੍ਰਾਈਵੇਟ ਸਕੂਲਜ ਵਲੋਂ ਇਲਾਕੇ ਵਿਚ ਬੈਸਟ ਸਕੂਲ ਤੇ ਪ੍ਰਿੰਸੀਪਲ ਪਵਨਦੀਪ ਸਿੰਘ ਬਰਾੜ ਨੂੰ ਬੈਸਟ ਪ੍ਰਿੰਸੀਪਲ ਦੇ ਐਵਾਰਡ ਨਾਲ ਸਨਮਾਨਤ ਕੀਤਾ ਗਿਆ।ਇਸ ਸਮੇਂ ਹਾਜ਼ਰ ਹੋਏ ਸੰਸਥਾ ਦੇ ਪ੍ਰਧਾਨ ਵਿਜੇ ਕੁਮਾਰ ਬਾਂਸਲ, ਪ੍ਰਵੀਨ ਗੋਇਲ, ਅਸ਼ੋਕ ਬਾਂਸਲ ਨੇ ਪ੍ਰਿੰਸੀਪਲ, ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

## ਸਲਾਈਟ ਦੇ ਇਲੈਕਟ੍ਰਾਨਿਕਸ ਵਿਭਾਗ ਵੱਲੋਂ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ



ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਇਲੈਕਟ੍ਰਾਨਿਕਸ ਤੇ ਕਮਿਊਨੀਕੇਸ਼ਨ ਵਿਭਾਗ ਸਲਾਈਟ ਵਿੱਚ ਐੱਨ ਆਈ ਟੀ ਟੀ ਆਰ ਚੰਡੀਗੜ੍ਹ ਨਾਲ ਸਾਂਝਾ ਪ੍ਰੋਗਰਾਮ ਵੀ ਐੱਲ ਐੱਸ ਆਈ ਵਿਸ਼ੇਸ਼ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਸ਼ੁਰੂ ਹੋਇਆ।ਸੰਸਥਾ ਨਿਰਦੇਸ਼ਕ ਡਾਕਟਰ ਮਨੀ ਕਾਂਤ ਪਾਸਵਾਨ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ, ਜਦੋਂਕਿ ਡਾਕਟਰ ਏ ਐੱਸ ਸ਼ਾਹੀ ਡੀਨ ਅਕਾਦਮਿਕ ਦੀ ਅਗਵਾਈ ਤੇ ਵਿਭਾਗੀ ਮੁਖੀ ਡਾ. ਅਜੈ ਪਾਲ ਸਿੰਘ ਦੇ ਜੀ ਆਇਆਂ ਸ਼ੁਰੂਆਤੀ ਸ਼ਬਦਾਂ ਨਾਲ ਪ੍ਰੋਗਰਾਮ ਦਾ ਅਗਾਜ਼ ਹੋਇਆ।ਇਹ ਪ੍ਰੋਗਰਾਮ ਸਲਾਈਟ ਵੱਲੋਂ ਪ੍ਰੋਗਰਾਮ ਦੇ ਕਨਵੀਨਰ ਡਾ. ਜਗਪਾਲ ਸਿੰਘ ਉੱਭੀ ਤੇ ਕੋ-ਕਨਵੀਨਰ ਡਾ. ਸਰਬਜੀਤ ਸਿੰਘ, ਜਦੋਂਕਿ ਐੱਨ ਆਈ ਟੀ ਟੀ ਆਰ ਚੰਡੀਗੜ੍ਹ ਵੱਲੋਂ ਕੋ-ਕਨਵੀਨਰ ਡਾਕਟਰ ਬਲਵਿੰਦਰ ਸਿੰਘ ਤੇ ਕਨਵੀਨਰ ਡਾਕਟਰ ਐੱਸ ਐੱਸ ਗਿੱਲ ਵੱਲੋਂ ਸਾਂਝੇ ਤੌਰ 'ਤੇ ਕੀਤਾ ਜਾ ਰਿਹਾ ਹੈ।ਸੰਸਥਾ ਨਿਰਦੇਸ਼ਕ ਡਾ. ਮਨੀ ਕਾਂਤ ਪਾਸਵਾਨ ਨੇ ਆਪਣੇ ਸੰਬੋਧਨ ਵਿੱਚ ਅਜਿਹੇ ਪ੍ਰੋਗਰਾਮਾਂ ਦੀ ਮਹੱਤਤਾ ਬਾਰੇ ਬੋਲਦਿਆਂ ਅਧਿਆਪਨ ਵਿੱਚ ਇਸ ਰਾਹੀਂ ਗੁਣਵਤਾ ਤੇ ਸੰਸਥਾਵਾਂ ਦੇ ਆਪਸੀ ਤਾਲਮੇਲ ਰਾਹੀਂ ਤਕਨਾਲੋਜੀ ਵੱਲ ਵਧਦੇ ਕ੍ਰਾਂਤੀਕਾਰੀ ਕਦਮ ਗਰਦਾਨਿਆ।ਇਸ ਮੌਕੇ ਡਾਕਟਰ ਸ਼ਾਹੀ, ਡਾ. ਅਜੇ ਪਾਲ ਸਿੰਘ ਨੇ ਵੀ ਸੰਬੋਧਨ ਕੀਤਾ, ਜਦੋਂਕਿ ਡਾ. ਸਰਬਜੀਤ ਸਿੰਘ ਨੇ ਮੰਚ ਸੰਚਾਲਨ ਕੀਤਾ।ਇਸ ਮੌਕੇ ਡਾ. ਦਲੀਪ ਕੁਮਾਰ, ਡਾ. ਏ ਪੀ ਸਿੰਘ, ਡਾ. ਅਨੁਪਮਾ ਮਰਵਾਹਾ, ਡਾ. ਪੰਕਜ ਦਾਸ, ਇੰਜ. ਕੁਲਦੀਪ ਸਿੰਘ, ਇੰਜ. ਵਿਵੇਕ ਹਰਸ਼ੇ, ਡਾ. ਪ੍ਰਤੀਭਾ ਤਿਆਗੀ, ਡਾ. ਗੁਰਜਿੰਦਰ ਕੌਰ, ਗੁਰਮੀਤ ਸਿੰਘ, ਵਿਜੇ ਪਰਾਸ਼ਰ, ਗੁਰਮੀਤ ਕੌਰ, ਪ੍ਰਤੀਭਾ ਸ਼ਰਮਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਭਾਗਰਥੀ, ਖੋਜਾਰਥੀ ਤੇ ਵਿਦਿਆਰਥੀ ਹਾਜ਼ਰ ਸਨ।

## 'ਜ਼ਿੰਦਗੀ ਜ਼ਿੰਦਾਬਾਦ' ਨੂੰ ਮਿਲ ਰਿਹੈ ਭਰਵਾਂ ਹੁੰਗਾਰਾ : ਚੰਗਿਆੜਾ



ਜ਼ੀਰਾ (ਪਰਮਜੀਤ ਸਿੰਘ ਧੰਜੂ)-ਪੰਜਾਬ ਰਾਜ ਏਡਜ਼ ਕੰਟਰੋਲ ਸੋਸਾਇਟੀ ਵੱਲੋਂ ਲੋਕਾਂ ਨੂੰ ਸਿਵਲ ਸਰਜਨ ਫਿਰੋਜ਼ਪੁਰ ਦੇ ਨਿਰਦੇਸ਼ਾਂ ਦੇ ਤਹਿਤ ਏਡਜ਼ ਹੋਣ ਦੇ ਕਾਰਨ ਤੇ ਇਸ ਤੋਂ ਬਚਾਅ ਸਬੰਧੀ ਜਾਣਕਾਰੀ ਭਰਪੂਰ ਖੇਡੇ ਜਾ ਰਹੇ ਨਾਟਕ 'ਜ਼ਿੰਦਗੀ ਜ਼ਿੰਦਾਬਾਦ' ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਇਹ ਜਾਣਕਾਰੀ ਦਿੰਦਿਆਂ ਨਾਟਕ ਦੇ ਨਿਰਦੇਸ਼ਕ ਜਸਬੀਰ ਸਿੰਘ ਚੰਗਿਆੜਾ ਨੇ ਦੱਸਿਆ ਕਿ ਸਹਾਇਕ ਕਲਾਕਾਰ ਗੁਰਮੇਜ ਸਿੰਘ ਸਹੋਤਾ ਤੇ ਸੁੱਚਾ ਸਿੰਘ ਗਹਿਰੀ ਮੰਡੀ ਦੇ ਸਹਿਯੋਗ ਨਾਲ ਖੇਡੇ ਜਾ ਰਹੇ ਇਸ ਨਾਟਕ ਨੂੰ ਲੋਕ ਨਾ ਕੇਵਲ ਦਿਲਚਸਪੀ ਨਾਲ ਵੇਖਦੇ ਹਨ, ਬਲਕਿ ਨਾਟਕ ਖਤਮ ਹੋਣ ਤੋਂ ਬਾਅਦ ਇਸ ਵਿੱਚ ਦਿੱਤੇ ਗਏ ਸੰਦੇਸ਼ 'ਤੇ ਅਮਲ ਕਰਨ ਦਾ ਵੀ ਭਰੋਸਾ ਦਿਵਾਉਂਦੇ ਹਨ।ਜਸਬੀਰ ਸਿੰਘ ਚੰਗਿਆੜਾ ਨੇ ਦੱਸਿਆ ਕਿ ਆਮ ਤੌਰ 'ਤੇ ਇਸ ਨਾਮੁਰਾਦ ਬਿਮਾਰੀ ਖਿਲਾਫ ਜਾਗਰੂਕ ਕਰਨ ਲਈ ਰਵਾਇਤੀ ਤੌਰ 'ਤੇ ਸੰਬੋਧਨ ਕਰਨ ਵੱਲ ਲੋਕ ਕੋਈ ਬਹੁਤਾ ਧਿਆਨ ਨਹੀਂ ਦਿੰਦੇ, ਜਦੋਂਕਿ ਇਸ ਨਾਟਕ ਦੇ ਜ਼ਰੀਏ ਨੌਜਵਾਨਾਂ ਤੇ ਆਮ ਲੋਕਾਂ ਵੱਲੋਂ ਏਡਜ਼ ਵਰਗੀ ਭਿਆਨਕ ਬੀਮਾਰੀ ਤੇ ਨਸ਼ੇ ਤੋਂ ਮੁਕਤ ਰਹਿਣ ਦੇ ਦਿੱਤੇ ਜਾ ਰਹੇ ਸੰਦੇਸ਼ ਨੂੰ ਲੋਕਾਂ ਵੱਲੋਂ ਪਸੰਦ ਕੀਤਾ ਜਾ ਰਿਹਾ ਹੈ।

# ਦਾਣਾ ਮੰਡੀ 'ਚ ਹਾਈ ਮਾਸਟ ਲਾਈਟਾਂ ਲਾਉਣ ਦਾ ਰੱਖਿਆ ਨੀਂਹ ਪੱਥਰ



ਮਮਦੋਟ (ਜਸਬੀਰ ਸਿੰਘ ਕੰਬੋਜ)

ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਲੜੀ ਵਜੋਂ ਮਾਣਯੋਗ ਹਰਚੰਦ ਸਿੰਘ ਬਰਸਟ ਚੇਅਰਮੈਨ ਪੰਜਾਬ ਮੰਡੀਬੋਰਡ ਦੀ ਅਗਵਾਈ ਵਿੱਚ ਮੁੱਖ ਅਨਾਜ ਮੰਡੀ ਮਮਦੋਟ ਵਿਖੇ ਹਾਈ ਮਾਸਟ ਲਾਈਟਾਂ ਲਾਉਂਣ ਦਾ ਨੀਂਹ ਪੱਥਰ ਐਡਵੋਕੇਟ ਰਜਨੀਸ਼ ਦਹੀਆ ਐੱਮ ਐੱਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਵੱਲੋਂ ਆਪਣੇ ਕਰ ਕਮਲਾਂ ਨਾਲ ਰੱਖਿਆ ਗਿਆ।

ਉਨ੍ਹਾਂ ਨਾਲ ਜਸਮੀਤ ਸਿੰਘ ਬਰਾੜ ਜ਼ਿਲ੍ਹਾ ਮੰਡੀ ਅਫ਼ਸਰ, ਰਾਣਾ ਜਤਿੰਦਰ ਸਿੰਘ ਐੱਸ ਡੀ ਓ, ਬਿਕਰਮਜੀਤ ਸਿੰਘ ਸਕੱਤਰ ਮਾਰਕੀਟ ਕਮੇਟੀ ਮਮਦੋਟ ਤੇ ਜੇ ਈ ਹਰੀ ਸਿੰਘ ਵੀ ਸਨ। ਇਸ ਮੌਕੇ ਵਿਧਾਇਕ ਦਹੀਆ ਨੇ ਦੱਸਿਆ ਕਿ ਇਸ ਸਰਹੱਦੀ ਖੇਤਰ ਦੇ ਲੋਕਾਂ ਦਾ ਜੀਵਨ ਪੱਧਰ ਉਚਾ ਚੁੱਕਣ ਵਾਸਤੇ ਸਰਕਾਰ ਵੱਲੋਂ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਕਸਬਾ ਮਮਦੋਟ ਵਾਸੀਆਂ ਦੀ ਸੀਵਰੇਜ ਸਬੰਧੀ ਚਿਰੋਕਣੀ ਮੰਗ ਨੂੰ ਪੂਰਾ ਕਰਦੇ ਹੋਏ ਸਰਕਾਰ ਵੱਲੋਂ ਕਸਬੇ ਵਿੱਚ ਮੁਕੰਮਲ ਸੀਵਰੇਜ ਪਾਉਣ ਦਾ ਕੰਮ ਪਹਿਲਾਂ ਹੀ ਸ਼ੁਰੂ ਹੋ ਚੁੱਕਾ ਹੈ ਜੋ ਜਲਦੀ ਹੀ ਕੰਪਲੀਟ ਹੋ ਜਾਵੇਗਾ ਤੇ ਇਸ ਸੀਵਰੇਜ ਪਲਾਂਟ ਦੇ ਚਾਲੂ ਹੋ ਜਾਣ ਨਾਲ ਕਸਬੇ ਵਿੱਚੋਂ ਗੰਦੇ ਪਾਣੀ ਦੇ ਨਿਕਾਸ ਵਾਲਾ ਮਸਲਾ ਵੀ ਹੱਲ ਹੋ ਜਾਵੇਗਾ।

ਉਨ੍ਹਾਂ ਦੱਸਿਆ ਕਿ ਅਨਾਜ ਮੰਡੀ ਮਮਦੋਟ ਵਿੱਚ 74 ਲੱਖ ਰੁਪਏ ਦੀ ਲਾਗਤ ਨਾਲ ਹਾਈ ਮਾਸਟ ਲਾਈਟਾਂ ਤੇ ਸਟ੍ਰੀਟ ਲਾਈਟਾਂ ਲਾਉਣ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਇਸ ਸਬੰਧੀ ਟੈਂਡਰ ਹੋ ਚੁੱਕੇ ਹਨ ਤੇ ਅਗਲੇ ਕੁੱਝ ਦਿਨਾਂ ਵਿਚ ਇਸ ਪ੍ਰਾਜੈਕਟ 'ਤੇ ਕੰਮ ਸ਼ੁਰੂ ਹੋ ਜਾਵੇਗਾ। ਜ਼ਿਲ੍ਹਾ ਮੰਡੀ ਅਫ਼ਸਰ ਜਸਮੀਤ ਸਿੰਘ ਬਰਾੜ ਨੇ ਦੱਸਿਆ ਕਿ ਅਨਾਜ ਮੰਡੀ ਵਿਖੇ ਲਾਈਆਂ ਜਾਂ ਰਹੀਆਂ ਇਨ੍ਹਾਂ ਹਾਈ ਮਾਸਟ ਲਾਈਟਾਂ ਦਾ ਕੰਮ ਮਿਥੇ ਸਮੇਂ ਵਿੱਚ ਕੰਪਲੀਟ ਹੋ ਜਾਵੇਗਾ ਤੇ ਆਉਣ ਵਾਲੇ ਸਮੇਂ ਵਿੱਚ 74 ਲੱਖ ਰੁਪਏ ਦੀ ਲਾਗਤ ਨਾਲ ਲੱਗਣ ਜਾਂ ਰਹੀਆਂ ਇਨ੍ਹਾਂ ਲਾਈਟਾਂ ਨਾਲ ਅਨਾਜ ਮੰਡੀ ਪੂਰੀ ਤਰਾਂ ਜਗਮਗਾਏਗੀ।

## ਭੋਗ 'ਤੇ ਵਿਸ਼ੇਸ਼
# ਜੋਗਿੰਦਰ ਪਾਲ ਜੈਨ ਨੂੰ ਯਾਦ ਕਰਦਿਆਂ...



ਸਾਬਕਾ ਮੇਅਰ ਅਕਸ਼ਿਤ ਜੈਨ ਤੇ ਪੁਨੀਤ ਜੈਨ ਕੈਨੇਡਾ ਦੇ ਪੂਜਨੀਕ ਪਿਤਾ ਤੇ ਸਾਬਕਾ ਪ੍ਰਧਾਨ ਨਗਰ ਕੌਂਸਲ ਸ੍ਰੀਮਤੀ ਸਵਰਨ ਲਤਾ ਜੈਨ ਦੇ ਪਤੀ, ਤਿੰਨ ਵਾਰ ਮੋਗਾ ਦੇ ਵਿਧਾਇਕ ਰਹੇ ਜੋਗਿੰਦਰਪਾਲ ਜੈਨ ਲੰਮੀ ਬਿਮਾਰੀ ਪਿੱਛੋਂ ਬੀਤੇ ਦਿਨੀਂ ਸਦੀਵੀ ਵਿਛੋੜਾ ਦੇ ਗਏ।

ਜੈਨ ਮੋਗਾ ਦੀ ਸਿਆਸਤ ਦੇ ਬਾਬਾ ਬੋਹੜ ਸਨ ਜਿਨ੍ਹਾਂ ਨੂੰ ਪਿੰਡ ਦੀ ਸਰਪੰਚੀ ਤੋਂ ਲੈ ਕੇ ਤਿੰਨ ਵਾਰ ਮੋਗਾ ਹਲਕੇ ਤੋਂ ਵਿਧਾਇਕ ਬਣਨ ਦਾ ਮਾਣ ਹਾਸਲ ਹੋਇਆ। ਇੱਥੇ ਹੀ ਬਸ ਨਹੀਂ, ਉਹ ਚਾਰ ਵਾਰ ਨਗਰ ਸੁਧਾਰ ਟਰੱਸਟ ਮੋਗਾ ਦੇ ਚੇਅਰਮੈਨ, ਨਗਰ ਕੌਂਸਲ ਦੇ ਪ੍ਰਧਾਨ ਤੇ ਪੰਜਾਬ ਖਾਦੀ ਬੋਰਡ ਦੇ ਚੇਅਰਮੈਨ ਵੀ ਰਹੇ। ਉਹ ਪਿਛਲੇ ਲੰਮੇ ਸਮੇਂ ਤੋਂ ਬਿਮਾਰ ਚੱਲੇ ਆ ਰਹੇ ਸਨ।

ਉਨ੍ਹਾਂ ਪਿੰਡ ਦੀ ਸਰਪੰਚੀ ਤੋਂ ਲੈ ਕੇ ਵਿਧਾਇਕ ਤੱਕ ਦਾ ਸਫ਼ਰ ਆਪਣੀ ਸਿਆਸਤ ਦੇ ਬਲਬੂਤੇ ਤਹਿ ਕੀਤਾ। ਉਹ ਮੋਗਾ ਹੀ ਨਹੀਂ, ਸਮੁੱਚੇ ਪੰਜਾਬ ਦੀ ਰਾਜਨੀਤੀ ਵਿਚ ਆਪਣਾ ਵਿਲੱਖਣ ਸਥਾਨ ਰੱਖਦੇ ਸਨ। ਆਪਣੀ 78 ਸਾਲ ਦੀ ਉਮਰ ਵਿਚ ਉਨ੍ਹਾਂ ਨੇ ਰਾਜਨੀਤੀ ਤੇ ਸਮਾਜ ਸੇਵੀ ਖੇਤਰ ਵਿਚ ਵੱਡੀਆਂ ਪੁਲਾਂਘਾਂ ਪੁੱਟੀਆਂ ਜਿਨ੍ਹਾਂ ਦਾ ਕੋਈ ਵੀ ਸਾਨੀ ਨਹੀਂ। ਉਹ ਦੋ ਵਾਰ ਕਾਂਗਰਸ ਪਾਰਟੀ ਦੇ ਵਿਧਾਇਕ ਚੁਣੇ ਗਏ ਤੇ ਇਕ ਵਾਰ ਸ਼੍ਰੋਮਣੀ ਅਕਾਲੀ ਦਲ ਦੀ ਟਿਕਟ 'ਤੇ ਵਿਧਾਇਕ ਬਣੇ ਤੇ ਅਕਾਲੀ ਸਰਕਾਰ ਸਮੇਂ ਉਹ ਪੰਜਾਬ ਖਾਦੀ ਬੋਰਡ ਦੇ ਚੇਅਰਮੈਨ ਵੀ ਰਹੇ। ਜੋਗਿੰਦਰਪਾਲ ਜੈਨ ਜਿੱਥੇ ਨਗਰ ਕੌਂਸਲ ਦੇ ਪ੍ਰਧਾਨ ਰਹੇ ਉੱਥੇ ਉਨ੍ਹਾਂ ਆਪਣੀ ਧਰਮ-ਪਤਨੀ ਸਵਰਨ ਲਤਾ ਜੈਨ ਨੂੰ ਨਗਰ ਕੌਂਸਲ ਦਾ ਪ੍ਰਧਾਨ ਬਣਾਇਆ ਤੇ ਜਦੋਂ ਮੋਗਾ ਨਗਰ ਕੌਂਸਲ ਨਗਰ ਨਿਗਮ ਬਣੀ ਤਾਂ ਉਨ੍ਹਾਂ ਨੇ ਆਪਣੇ ਸਪੁੱਤਰ ਅਕਸ਼ਿਤ ਜੈਨ ਨੂੰ ਭਾਰਤ ਵਿਚ ਸਭ ਤੋਂ ਛੋਟੀ ਉਮਰ ਵਿਚ ਨਗਰ ਨਿਗਮ ਮੋਗਾ ਦਾ ਮੇਅਰ ਬਣਾਇਆ। ਇਸੇ ਲਈ ਉਨ੍ਹਾਂ ਨੂੰ ਰਾਜਨੀਤੀ ਦੇ ਬਾਬਾ ਬੋਹੜ ਕਿਹਾ ਜਾਂਦਾ ਹੈ। ਉਹ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਨੇੜਲੇ ਸਾਥੀਆਂ ਵਿਚੋਂ ਇਕ ਸਨ। ਉਨ੍ਹਾਂ ਨੇ ਆਪਣੇ ਕਾਰਜਕਾਲ ਦੌਰਾਨ ਮੋਗਾ ਸ਼ਹਿਰ ਦਾ ਸਰਬਪੱਖੀ ਵਿਕਾਸ ਕਰਵਾਇਆ ਤੇ ਉਨ੍ਹਾਂ ਦੀ ਮੌਤ ਦੀ ਦੁਖਦਾਈ ਖ਼ਬਰ ਸੁਣਦਿਆਂ ਹੀ ਵੱਡੀ ਗਿਣਤੀ ਵਿਚ ਪੰਜਾਬ ਭਰ ਤੋਂ ਲੋਕ ਉਨ੍ਹਾਂ ਨੂੰ ਅੰਤਿਮ ਵਿਦਾਇਗੀ ਦੇਣ ਲਈ ਪੁੱਜੇ। ਸਵ: ਜੋਗਿੰਦਰਪਾਲ ਜੈਨ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਭੋਗ ਤੇ ਰਸਮ ਪਗੜੀ ਅੱਜ ਮਿਤੀ 29 ਨਵੰਬਰ ਸ਼ੁੱਕਰਵਾਰ ਦੁਪਹਿਰ 1 ਤੋਂ 2 ਵਜੇ ਤੱਕ ਸਥਾਨਕ ਸ਼ਹਿਰ ਦੇ ਮੈਜਿਸਟਿਕ ਰਿਜ਼ੋਰਟਸ ਮੋਗਾ ਫ਼ਿਰੋਜ਼ਪੁਰ ਰੋਡ 'ਤੇ ਹੋਵੇਗੀ ਜਿੱਥੇ ਸਮਾਜ ਦੇ ਵੱਖ-ਵੱਖ ਵਰਗਾਂ ਦੇ ਲੋਕ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ।

—ਇਕਬਾਲ ਸਿੰਘ ਖਹਿਰਾ

## ਵਿਦਿਆਰਥਣ ਸਿਮਰਨਜੀਤ ਕੌਰ ਨੇ ਪੀ ਟੀ ਈ 'ਚ ਪ੍ਰਾਪਤ ਕੀਤੇ ਚੰਗੇ ਬੈਂਡ



ਮੋਗਾ (ਇਕਬਾਲ ਸਿੰਘ ਖਹਿਰਾ)-ਰਾਈਟ-ਵੇ ਏਅਰਲਿੰਕਸ, ਜੋ ਕਈ ਸਾਲਾਂ ਤੋਂ ਆਈਲੈਟਸ ਅਤੇ ਇਮੀਗ੍ਰੇਸ਼ਨ ਦੇ ਖੇਤਰ ਵਿਚ ਚੰਗੀ ਭੂਮਿਕਾ ਨਿਭਾਅ ਰਹੀ ਹੈ। ਇਸੇ ਲੜੀ ਤਹਿਤ ਰਾਈਟ-ਵੇ ਏਅਰਲਿੰਕਸ ਦੀ ਵਿਦਆਰਥਣ ਸਿਮਰਨਜੀਤ ਕੌਰ ਸਪੁੱਤਰੀ ਸੁਵਿੰਦਰ ਸਿੰਘ ਵਾਸੀ ਪਿੰਡ ਅਲੀਪੁਰ, ਸੰਗਰੂਰ ਨੇ ਕ੍ਰਮਵਾਰ ਲਿਸਨਿੰਗ 'ਚ 62, ਰੀਡਿੰਗ 'ਚ 55, ਰਾਈਟਿੰਗ 'ਚ 59, ਸਪੀਕਿੰਗ 'ਚ 57 ਅਤੇ ਓਵਰਆਲ ਪੀਟੀਈ 'ਚੋਂ 58 ਸਕੋਰ ਪ੍ਰਾਪਤ ਕਰਕੇ ਆਪਣੇ ਮਾਤਾ-ਪਿਤਾ ਦਾ ਨਾਂਅ ਰੌਸ਼ਨ ਕੀਤਾ। ਸੰਸਥਾ ਦੇ ਡਾਇਕਟਰ ਦੇਵ ਪ੍ਰਿਆ ਤਿਆਗੀ ਨੇ ਪ੍ਰਭਦੀਪ ਕੌਰ ਨੂੰ ਵਧਾਈ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਸੰਸਥਾ 'ਚ ਬੱਚਿਆ ਨੂੰ ਤਜਰਬੇਕਾਰ ਟੀਚਰਾਂ ਦੁਆਰਾ ਆਈਲੈਟਸ ਤੇ ਪੀਟੀਈ ਦੇ ਟੈਸਟ ਦੀ ਤਿਆਰੀ ਕਰਾਈ ਜਾਂਦੀ ਹੈ। ਇਸ ਮੌਕੇ ਸਿਮਰਨਜੀਤ ਕੌਰ ਨੇ ਰਾਈਟ-ਵੇ ਏਅਰਲਿੰਕਸ ਦੇ ਸਾਰੇ ਸਟਾਫ ਮੈਂਬਰਾਂ ਤੇ ਸੰਸਥਾ ਦੇ ਡਾਇਰੈਟਰ ਦਾ ਧੰਨਵਾਦ ਕੀਤਾ।

## ਨੈਸ਼ਨਲ ਹਾਈਵੇ ਅਥਾਰਟੀ ਵੱਲੋਂ ਵਿਗਾੜੀ ਸੜਕ ਦੀ ਹਾਲਤ ਸੁਧਾਰਨ ਲਈ ਧਰਨਾ



ਮਲੋਟ (ਗੁਰਮੀਤ ਸਿੰਘ ਮੱਕੜ)

ਪਿੰਡ ਦਾਨੇਵਾਲਾ ਦੇ ਪਿੰਡ ਵਾਸੀਆਂ ਨੇ ਪਿੰਡ ਤੋਂ ਨੈਸ਼ਨਲ ਹਾਈਵੇ ਬਾਈਪਾਸ ਨੂੰ ਜੋੜਨ ਵਾਲੀ ਪਿੰਡ ਵਿੱਚੋਂ ਗੁਜ਼ਰਦੀ ਸੜਕ ਦੀ ਹਾਲਤ ਨੈਸ਼ਨਲ ਹਾਈਵੇ ਅਥਾਰਟੀ ਵੱਲੋਂ ਖਸਤਾ ਹਾਲਤ ਕੀਤੇ ਜਾਣ ਦੇ ਰੋਸ ਵਜੋਂ ਧਰਨਾ ਲਾਇਆ ਗਿਆ। ਧਰਨਾ ਦੇ ਰਹੇ ਪਿੰਡ ਦਾਨੇਵਾਲਾ ਦੇ ਵਾਸੀਆਂ ਨੇ ਦੋਸ਼ ਲਾਇਆ ਕਿ ਉਨ੍ਹਾਂ ਦੇ ਪਿੰਡ ਵਿੱਚੋਂ ਜੰਡਵਾਲਾ ਨੂੰ ਜੋੜਨ ਵਾਲੀ ਸੜਕ ਗੁਜ਼ਰਦੀ ਹੈ, ਜੋ ਬਿਲਕੁਲ ਵਧੀਆ ਬਣੀ ਸੀ, ਪ੍ਰੰਤੂ ਜਦੋਂ ਤੋਂ ਡੱਬਵਾਲੀ-ਅਬੋਹਰ ਨੂੰ ਜਾਣ ਵਾਲੀ ਨੈਸ਼ਨਲ ਹਾਈਵੇ ਦਾ ਬਾਈਪਾਸ ਬਣਨ ਲੱਗਾ, ਉਦੋਂ ਤੋਂ ਇਸ ਰੋਡ ਉਪਰੋਂ ਲੰਘਦੇ ਠੇਕੇਦਾਰਾਂ ਦੇ ਮਿੱਟੀ ਵਾਲੇ ਲੋਡਰਾਂ ਨਾਲ ਸੜਕ ਏਨੀ ਖ਼ਰਾਬ ਹੋ ਚੁੱਕੀ ਹੈ ਕਿ ਆਲੇ-ਦੁਆਲੇ ਦੇ ਘਰਾਂ ਵਿਚ ਮਿੱਟੀ ਉੱਡ ਕੇ ਜਾਣ ਕਾਰਨ ਅਤੇ ਸੜਕ ਵਿਚ ਪਏ ਵੱਡੇ-ਵੱਡੇ ਖੱਡਿਆਂ ਕਾਰਨ ਕਾਫੀ ਮੁਸ਼ਕਲਾਂ ਵਿਚੋਂ ਗੁਜ਼ਰਨਾ ਪੈ ਰਿਹਾ ਹੈ, ਜਿਸ ਲਈ ਮਜਬੂਰਨ ਉਨ੍ਹਾਂ ਨੂੰ ਧਰਨਾ ਦੇਣਾ ਪਿਆ।

ਉਨ੍ਹਾਂ ਮੰਗ ਕੀਤੀ ਹੈ ਕਿ ਜਲਦ ਇਸ ਸੜਕ ਨੂੰ ਬਣਾਇਆ ਜਾਵੇ। ਦੂਜੇ ਪਾਸੇ ਬਣ ਰਹੇ ਨੈਸ਼ਨਲ ਹਾਈਵੇ ਰੋਡ ਦੇ ਬਾਈਪਾਸ ਦੇ ਮੁਲਾਜ਼ਮ ਨੇ ਮੌਕੇ 'ਤੇ ਜਾ ਕੇ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਉਹ ਉੱਚ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਇਸ ਦਾ ਜ਼ਰੂਰ ਜਲਦ ਹੱਲ ਕੀਤਾ ਜਾਵੇਗਾ।

## ਕੇਂਦਰੀ ਜੇਲ੍ਹ 'ਚੋਂ 6 ਮੋਬਾਇਲ ਬਰਾਮਦ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫਿਰੋਜ਼ਪੁਰ ਕੇਂਦਰੀ ਜੇਲ੍ਹ ਵਿੱਚ ਤਲਾਸ਼ੀ ਦੌਰਾਨ 6 ਮੋਬਾਇਲ ਫੋਨ ਬਰਾਮਦ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ।ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਦੀ ਪੁਲਸ ਨੇ 5 ਹਵਾਲਾਤੀਆਂ ਤੇ 1 ਕੈਦੀ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ।ਸਬ ਇੰਸਪੈਕਟਰ ਸਰਵਣ ਸਿੰਘ ਨੇ ਦੱਸਿਆ ਕਿ ਇਹ ਜਾਣਕਾਰੀ ਸੁਪਰਡੈਂਟ ਕੇਂਦਰੀ ਜੇਲ੍ਹ ਦੇ ਪੱਤਰ ਨੰਬਰ 9515 ਰਾਹੀਂ ਮਿਲੀ।ਤਲਾਸ਼ੀ ਦੌਰਾਨ ਹਵਾਲਾਤੀਆਂ ਤੇ ਕੈਦੀ ਦੀ ਪਛਾਣ ਗੁਰਬਖਸ਼ ਸਿੰਘ, ਪੁੱਤਰ ਗੁਰਪਾਲ ਸਿੰਘ, ਵਾਸੀ ਮੁਹੱਲਾ ਜੱਟਾਂ ਵਾਲਾ, ਜ਼ੀਰਾ, ਲਵਪ੍ਰੀਤ ਸਿੰਘ, ਪੁੱਤਰ ਮੇਜਰ ਸਿੰਘ, ਹਾਲ ਵਾਸੀ ਕੇਂਦਰੀ ਜੇਲ੍ਹ ਫਿਰੋਜ਼ਪੁਰ, ਸਤਨਾਮ ਸਿੰਘ, ਪੁੱਤਰ ਗੁਰਬਖਸ਼ ਸਿੰਘ, ਵਾਸੀ ਚੱਕ ਮਹੰਤਾਂ ਵਾਲਾ ਉਰਫ ਬੂੰਗੀ, ਥਾਣਾ ਗੁਰੂਹਰਸਹਾਏ, ਰਮੇਸ਼ ਸਿੰਘ ਉਰਫ ਮੇਸ਼ਾ, ਪੁੱਤਰ ਜਗਤਾਰ ਸਿੰਘ, ਵਾਸੀ ਭੰਡਾਰੀਆਂ ਵਾਲੀ, ਹਾਲ ਅਮੀਰ ਖਾਸ, ਜ਼ਿਲ੍ਹਾ ਫਾਜ਼ਿਲਕਾ, ਸੰਜੀਵ ਕੁਮਾਰ, ਪੁੱਤਰ ਸੰਤਾ ਸਿੰਘ, ਵਾਸੀ ਪਿੰਡ ਜਲਾਲ ਵਾਲਾ, ਅਨੁਰਾਗ ਉਰਫ ਸੱਗੂ, ਪੁੱਤਰ ਸੁਰਜੀਤ ਸਿੰਘ, ਵਾਸੀ ਵਰਿਆ ਕੋਲੋਨੀ, ਪੁਲਿਸ ਨੇ ਉਕਤ 6 ਮੋਬਾਇਲ ਫੋਨਾਂ ਨੂੰ ਜਬਤ ਕਰਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਸੈਨੀ ਵੱਲੋਂ ਮਹਾਰਾਜਾ ਅਗਰਸੇਨ ਮੈਡੀਕਲ ਕਾਲਜ 'ਚ ਖੇਡ ਪਰਿਸਰ ਤੇ ਕੰਨਿਆ ਹੋਸਟਲ ਦਾ ਉਦਘਾਟਨ

ਚੰਡੀਗੜ੍ਹ (ਕ੍ਰਿਸ਼ਨ ਗਰਗ)-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਨੇ ਵੀਰਵਾਰ ਨੂੰ ਹਿਸਾਰ ਦੇ ਮਹਾਰਾਜਾ ਅਗਰਸੇਨ ਮੈਡੀਕਲ ਕਾਲਜ, ਅਗਰੋਹਾ ਵਿਚ 4 ਏਕੜ ਵਿਚ ਬਣੇ ਖੇਡ ਪਰਿਸਰ ਅਤੇ ਕੰਨਿਆ ਹੋਸਟਲ ਦਾ ਉਦਘਾਟਨ ਕੀਤਾ। ਇਸ ਮੌਕੇ 'ਤੇ ਮੁੱਖ ਮੰਤਰੀ ਨੇ ਮਹਾਰਾਜਾ ਅਗਰਸੇਨ ਨੂੰ ਨਮਨ ਕਰਦੇ ਹੋਏ ਕਿਹਾ ਕਿ ਇਹ ਕਾਲਜ ਮਹਾਰਾਜਾ ਅਗਰਸੇਨ ਦੇ ਮਨੁੱਖ ਸੇਵਾ ਦੇ ਮੁਹਿੰਮ ਨੂੰ ਲਗਾਤਾਰ ਜਾਰੀ ਰੱਖੇਗਾ। ਓਪੀ ਜਿੰਦਲ ਨੇ ਜੋ ਪੌਧਾ ਲਗਾਇਆ ਸੀ, ਉਹ ਅੱਜ ਵੱਧ ਪੇੜ ਬਣ ਗਿਆ ਹੈ, ਇਹ ਸਾਡੇ ਲਈ ਮਾਣ ਦੀ ਗੱਲ ਹੈ। ਇਹ ਮੈਡੀਕਲ ਕਾਲਜ ਹਰ ਵਿਅਕਤੀ ਨੂੰ ਸਿਹਤ ਸੇਵਾਵਾਂ ਉਪਲਬਧ ਕਰਵਾਉਣ ਦੇ ਸਾਡੇ ਟੀਚੇ ਨੂੰ ਪੂਰਾ ਕਰਨ ਵਿਚ ਮਹਤੱਵਪੂਰਨ ਯੋਗਦਾਨ ਦੇ ਰਿਹਾ ਹੈ। ਸੈਨੀ ਨੇ ਕਿਹਾ ਕਿ ਮੈਡੀਕਲ ਕਾਲਜ ਵਿਚ ਇਹ ਦੋ ਨਵੀਂ ਸਹੂਲਤਾਂ ਵਿਦਿਆਰਥੀਆਂ ਲਈ ਬਹੁਤ ਉਪਯੋਗੀ ਰਹੇਗਾ। ਖੇਡ ਪਰਿਸਰ ਵਿਚ 3 ਮਲਟੀ ਪਰਪਜ ਹਾਲ, ਸਵੀਮਿੰਗ ਪੂਲ, ਇਕ ਜਿਮ, ਯੋਗਾ ਰੂਮ ਤੇ ਰੇਸਟੋਰੇਂਟ ਬਣਾਏ ਗਏ ਹਨ। ਇਸ 'ਤੇ 10 ਕਰੋੜ ਰੁਪਏ ਦੀ ਲਾਗਤ ਆਈ ਹੈ। 5 ਕਰੋੜ 70 ਲੱਖ ਰੁਪਏ ਦੀ ਲਾਗਤ ਨਾਲ ਬਣੇ ਹੋਸਟਲ ਵਿਚ 54 ਕਮਰੇ ਬਣਾਏ ਗਏ ਹਨ, ਜਿਸ ਨਾਲ ਵਿਦਿਆਰਥੀਆਂ ਨੂੰ ਬਿਹਤਰ ਰਿਹਾਇਸ਼ੀ ਸਹੂਲਤਾਂ ਉਪਲਬਧ ਹੋਵੇਗੀ। ਇਸ ਮੌਕੇ 'ਤੇ ਮੁੱਖ ਮੰਤਰੀ ਨੇ ਸੰਸਥਾਨ ਨੂੰ ਆਪਣੇ ਏਛਿੱਕ ਕੋਸ਼ ਤੋਂ 31 ਲੱਖ ਰੁਪਏ ਦੀ ਰਕਮ ਦੇਣ ਦਾ ਐਲਾਨ ਕੀਤਾ।

# ਚਹਿਲ-ਭੜੀ ਪਨੈਚਾਂ ਸੜਕ 'ਤੇ ਪੁਲੀ ਦੀ ਟੁੱਟੀ ਕੰਧ ਦੇ ਰਹੀ ਹੈ ਮੌਤ ਨੂੰ ਸੱਦਾ, ਪ੍ਰਸ਼ਾਸਨ ਬੇ-ਖ਼ਬਰ



ਨਾਭਾ (ਵਰਿੰਦਰ ਵਰਮਾ)

ਸੜਕ ਹਾਦਸਾ ਜਾਂ ਐਕਸੀਡੈਂਟ ਸ਼ਬਦ ਅੱਜ ਕਿਸੇ ਲਈ ਨਵਾਂ ਨਹੀਂ ਹੈ, ਪਰ ਇਸ ਦਾ ਨਾਂਅ ਸੁਣਦਿਆਂ ਹੀ ਹਰ ਕਿਸੇ ਦੀਆਂ ਧੜਕਣਾਂ ਤੇਜ਼ ਜ਼ਰੂਰ ਹੋ ਜਾਂਦੀਆਂ ਹਨ, ਸਰਕਾਰਾਂ ਵੱਲੋਂ ਜਾਣੇ-ਅਣਜਾਣੇ ਅਕਸਰ ਬਹੁਤ ਸਾਰੀਆਂ ਅਜਿਹੀਆਂ ਲਾਪ੍ਰਵਾਹੀਆਂ ਤੇ ਕੁਤਾਹੀਆਂ ਕੀਤੀਆਂ ਜਾਂਦੀਆਂ ਹਨ, ਜੋ ਜਾਂ ਤਾਂ ਸੜਕ ਹਾਦਸਿਆਂ ਦਾ ਕਾਰਨ ਬਣਦੀਆਂ ਹਨ ਜਾਂ ਫਿਰ ਇਹ ਡਰ ਹਮੇਸ਼ਾ ਬਣਿਆ ਰਹਿੰਦਾ ਹੈ।ਕਿਸਾਨ ਮੰਚ ਦੇ ਚੇਅਰਮੈਨ ਸੁਖਬੀਰ ਸਿੰਘ ਪੰਧੇਰ ਦੀ ਅਗਵਾਈ ਵਿੱਚ ਕਿਸਾਨਾਂ ਨੇ ਚਹਿਲ ਤੋਂ ਭੜੀ ਪਨੈਚਾ ਨੂੰ ਜਾਣ ਵਾਲੀ ਸੜਕ ਦੇ ਰਾਹ ਵਿੱਚ ਆਉਂਦੇ ਸੂਏ ਉੱਪਰ ਟੁੱਟੀ ਹੋਈ ਪੁਲੀ ਦੀ ਕੰਧ ਦਾ ਜਿਉਂਦਾ-ਜਾਗਦਾ ਸਬੂਤ ਦਿਖਾਉਂਦੇ ਹੋਏ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਨੂੰ ਚੰਗੀਆਂ ਸਹੂਲਤਾਂ ਤੇ ਨਿੱਤ ਦਿਹਾੜੇ ਵਾਪਰਦੇ ਸੜਕ ਹਾਦਸਿਆਂ ਤੋਂ ਰਾਹਤ ਦਿਵਾਉਣ ਲਈ ਇਸ ਸੜਕ ਨੂੰ 18 ਫੁੱਟ ਚੌੜਾ ਕਰਨ 'ਤੇ ਕਰੋੜਾਂ ਰੁਪਏ ਖਰਚ ਕੀਤੇ ਗਏ, ਪਰ ਪੀ.ਡਬਲਿਊ.ਡੀ. ਮਹਿਕਮੇ ਵੱਲੋਂ ਸੜਕ ਦੇ ਰੱਖ ਰਖਾਵ ਵੱਲ ਕੋਈ ਧਿਆਨ ਨਹੀਂ ਦਿੱਤਾ ਜਾਂਦਾ।ਚੇਅਰਮੈਨ ਸੁਖਬੀਰ ਪੰਧੇਰ, ਕਿਸਾਨ ਗੁਰਪ੍ਰੀਤ ਸਿੰਘ, ਮਨਦੀਪ ਸਿੰਘ ਪੰਧੇਰ ਨੇ ਸਰਕਾਰ ਤੇ ਦੋਸ਼ ਲਗਾਉਂਦੇ ਹੋਏ ਕਿਹਾ ਕਿ ਇਸ ਸੜਕ ਤੇ ਬਾਬਾ ਭੋਲਾ ਨਾਥ ਮੰਦਿਰ ਚਹਿਲ ਨਜ਼ਦੀਕ ਮਾਈਨਰ ਵਾਲੇ ਪੁਲ ਦੀ ਮੌਤ ਨੂੰ ਸੱਦਾ ਦੇ ਰਹੀ ਟੁੱਟੀ ਹੋਈ ਪੁਲੀ ਦੀ ਕੰਧ ਨੂੰ 7-8 ਮਹੀਨੇ ਦਾ ਸਮਾਂ ਬੀਤ ਗਿਆ, ਪਰ ਸਰਕਾਰ ਦੇ ਅਧਿਕਾਰੀਆਂ ਨੂੰ ਇਸ ਦੀ ਕੋਈ ਚਿੰਤਾ ਨਹੀਂ ਜਾਪਦੀ ਲਗਦੀ।ਉਨ੍ਹਾਂ ਦੋਸ਼ ਲਾਇਆ ਕੇ ਠੰਢ ਦੇ ਮੌਸਮ ਤੇ ਪੈ ਰਹੀ ਧੁੰਦ ਕਾਰਨ ਤਿਰਸ਼ੇ ਮੋੜ 'ਤੇ ਕਦੇ ਵੀ ਹਾਦਸਾ ਵਾਪਰ ਸਕਦਾ ਹੈ।

ਇਸ ਸਬੰਧੀ ਜਦੋਂ ਪੀ.ਡਬਲਿਊ.ਡੀ. ਨਾਭਾ ਦੇ ਐੱਸ.ਡੀ.ਓ. ਨਾਲ ਉਨ੍ਹਾਂ ਦੇ ਮੋਬਾਇਲ ਨੰਬਰ 84373 74141 'ਤੇ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਮੈਨੂੰ ਇਸ ਬਾਰੇ ਕੋਈ ਜਾਣਕਾਰੀ ਨਹੀਂ, ਜੇ ਈ ਨੂੰ ਭੇਜ ਕੇ ਚੈੱਕ ਕਰਵਾ ਲੈਂਦੇ ਹਾਂ।

ਹੁਣ ਦੇਖਣਾ ਹੋਵੇਗਾ ਕਿ ਸਰਕਾਰ ਲੋਕਾਂ ਦੀ ਜ਼ਿੰਦਗੀ ਬਚਾਉਣ ਲਈ ਕਿੰਨੀ ਕੁ ਚਿੰਤਕ ਹੈ ਤੇ ਪਿਛਲੇ 7-8 ਮਹੀਨੇ ਤੋਂ ਮਾਈਨਰ (ਸੂਏ) 'ਤੇ ਪੁਲੀ ਦੀ ਟੁੱਟੀ ਹੋਈ ਕੰਧ ਕਦੋਂ ਬਣਾਈ ਜਾਂਦੀ ਹੈ।

# ਬਲੂਮਿੰਗ ਬਡਜ਼ ਸਕੂਲ 'ਚ ਭੁਚਾਲ ਸਮੇਂ ਬਚਾਓ ਤੇ ਆਫ਼ਤ ਪ੍ਰਬੰਧਨ ਸੰਬੰਧੀ ਮੌਕ ਡਰਿੱਲ ਕਰਵਾਈ



ਮੋਗਾ (ਇਕਬਾਲ ਸਿੰਘ ਖਹਿਰਾ)-ਸਥਾਨਕ ਬਲੂਮਿੰਗ ਬਡਜ਼ ਸਕੂਲ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹਾ ਆਪਦਾ ਪ੍ਰਬੰਧਨ ਅਥਾਰਟੀ ਦੇ ਸਹਿਯੋਗ ਨਾਲ 'ਅਰਥਕੁਇਕ ਤੇ ਇਵੈਕੂਏਸ਼ਨ ਡਰਿੱਲ' ਕਰਵਾਈ ਗਈ। ਇਸ ਡਰਿੱਲ ਦਾ ਮਕਸਦ ਸਕੂਲ ਵਿਦਿਆਰਥੀਆਂ ਤੇ ਸਟਾਫ਼ ਨੂੰ ਭੂਚਾਲ ਆਉਣ ਦੀ ਸੂਰਤ ਵਿੱਚ ਬਚਾਓ ਤੇ ਆਫ਼ਤ ਪ੍ਰਬੰਧਨ ਦੀ ਸਿਖਲਾਈ ਦੇਣਾ ਅਤੇ ਹੰਗਾਮੀ ਹਾਲਤ ਪੈਦਾ ਹੋਣ 'ਤੇ ਪ੍ਰਸ਼ਾਸਨ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣਾ ਸੀ। ਇਸ ਡਰਿੱਲ ਦੌਰਾਨ ਸਾਰੰਗਪ੍ਰੀਤ ਸਿੰਘ ਐੱਸ ਡੀ ਐੱਮ ਮੋਗਾ, ਐੱਨ ਡੀ ਆਰ ਐੱਫ ਦੇ ਏਰੀਆ ਮੁਖੀ ਡੀ ਐੱਲ ਜਾਖੜ, ਡੀ ਐੱਸ ਪੀ ਜੋਰਾ ਸਿੰਘ, ਜ਼ਿਲ੍ਹਾ ਆਪਦਾ ਪ੍ਰਬੰਧਨ ਅਥਾਰਟੀ ਦੇ ਮੁਖੀ ਰਾਮ ਚੰਦਰ ਤੇ ਹੋਰ ਹਾਜ਼ਰ ਸਨ। ਅੱਜ ਬਾਅਦ ਦੁਪਹਿਰ 1:03 ਵਜੇ ਸਕੂਲ ਵੱਲੋਂ ਭੂਚਾਲ ਆਉਣ ਸਬੰਧੀ ਹੂਟਰ ਵਜਾਇਆ ਗਿਆ, ਜਿਸ 'ਤੇ ਤੁਰੰਤ ਹੀ ਸਾਰੇ ਸਬੰਧਤ ਵਿਭਾਗਾਂ ਨੂੰ ਅਲਰਟ ਕੀਤਾ ਗਿਆ ਤੇ ਤੁਰੰਤ ਸਕੂਲ ਵਿਖੇ ਪਹੁੰਚਣ ਲਈ ਕਿਹਾ ਗਿਆ। ਸਾਰੇ ਵਿਭਾਗਾਂ ਵੱਲੋਂ ਤੁਰੰਤ ਹਰਕਤ ਕਰਕੇ ਪ੍ਰਭਾਵਿਤ ਹੋਏ 10 ਵਿਦਿਆਰਥੀਆਂ ਨੂੰ ਬਚਾਇਆ ਗਿਆ। ਮੌਕ ਡਰਿੱਲ ਲਈ ਐੱਨ ਡੀ ਆਰ ਐੱਫ ਦੀ ਟੀਮ, ਨਗਰ ਨਿਗਮ ਦੇ ਫਾਇਰ ਬ੍ਰਿਗੇਡ ਵਿਭਾਗ, ਸਿਹਤ ਵਿਭਾਗ ਤੇ ਪੁਲਸ ਵਿਭਾਗ ਤੋਂ ਅਧਿਕਾਰੀ ਤੇ ਕਰਮਚਾਰੀ ਪਹੁੰਚੇ ਹੋਏ ਸਨ। ਇਹ ਡਰਿੱਲ 02:00 ਵਜੇ ਮੁਕੰਮਲ ਹੋਈ। ਸਾਰੇ ਵਿਭਾਗਾਂ ਵੱਲੋਂ ਸਮੇਂ ਸਿਰ ਕਾਰਵਾਈ ਕਰਦਿਆਂ ਲੋਕਾਂ ਨੂੰ ਬਚਾਉਣ ਤੇ ਸਥਿਤੀ ਨੂੰ ਠੀਕ ਕਰਨ ਲਈ ਆਪਣੀ-ਆਪਣੀ ਬਣਦੀ ਡਿਊਟੀ ਨਿਭਾਈ ਗਈ। ਇਸ ਡਰਿੱਲ ਵਿੱਚ ਹਰ ਤਰ੍ਹਾਂ ਦੇ ਉਪਕਰਨ ਤੇ ਸਾਧਨਾਂ ਦੀ ਵਰਤੋਂ ਕੀਤੀ ਗਈ, ਜੋ ਕਿ ਕਿਸੇ ਹੰਗਾਮੀ ਸਥਿਤੀ ਵਿੱਚ ਲੋੜੀਂਦੇ ਹੁੰਦੇ ਹਨ। ਲੋਕਾਂ ਨੂੰ ਇਸ ਸਥਿਤੀ ਨਾਲ ਨਿਪਟਣ ਲਈ ਕੀ-ਕੀ ਤਰੀਕੇ ਵਰਤੇ ਜਾਂਦੇ ਹਨ, ਇਸ ਬਾਰੇ ਜਾਣਕਾਰੀ ਦਿੱਤੀ ਗਈ। ਕੁੱਲ ਮਿਲਾ ਕੇ ਇਹ ਮੌਕ ਡਰਿੱਲ ਬਹੁਤ ਹੀ ਸਫ਼ਲ ਤੇ ਸਿੱਖਿਆਦਾਇਕ ਰਹੀ। ਇਸ ਸਫ਼ਲ ਡਰਿੱਲ ਲਈ ਸਕੂਲ ਦੇ ਮੁਖੀ ਸੰਜੀਵ ਕੁਮਾਰ ਸੈਨੀ ਤੇ ਪ੍ਰਿੰਸੀਪਲ ਡਾਕਟਰ ਹਮੀਲੀਆ ਰਾਣੀ, ਚੇਅਰਪਰਸਨ ਸ੍ਰੀਮਤੀ ਕਮਲ ਸੈਨੀ ਤੇ ਸਕੂਲ ਨੋਡਲ ਅਫ਼ਸਰ ਰਾਹੁਲ ਛਾਬੜਾ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਲਈ ਧੰਨਵਾਦ ਕੀਤਾ। ਸਾਰੰਗਪ੍ਰੀਤ ਸਿੰਘ ਐੱਸ ਡੀ ਐੱਮ ਮੋਗਾ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਕਿਸੇ ਵੀ ਹੰਗਾਮੀ ਸਥਿਤੀ ਦਾ ਸਾਹਮਣਾ ਕਰਨ ਲਈ ਹਮੇਸ਼ਾ ਤਿਆਰ ਹੈ।

# 30ਵੇਂ ਚਾਰ ਰੋਜ਼ਾ ਸਾਲਾਨਾ ਕਲਾ ਉਤਸਵ ਦਾ ਸ਼ਾਨਦਾਰ ਆਗਾਜ਼

ਬਠਿੰਡਾ (ਪਰਵਿੰਦਰ ਜੀਤ ਸਿੰਘ)-ਬਠਿੰਡਾ ਵੱਲੋਂ ਕਰਵਾਏ ਜਾ ਰਹੇ 30ਵੇਂ ਸਾਲਾਨਾ ਚਾਰ ਰੋਜ਼ਾ ਕਲਾ ਉਤਸਵ ਦਾ ਸ਼ਾਨਦਾਰ ਆਗਾਜ਼ ਅੱਜ 'ਟੀਚਰਜ਼ ਹੋਮ' ਸੰਸਥਾ ਨੇੜੇ ਫੌਜੀ ਚੌਕ ਬਠਿੰਡਾ ਵਿਖੇ ਹੋਣ ਜਾ ਰਿਹਾ ਹੈ।ਇਸ ਸਾਲ ਇਹ ਕਲਾ ਮੇਲਾ ਵਿਸ਼ਵ ਪ੍ਰਸਿੱਧ ਆਰਟਿਸਟ ਸ੍ਰੀ ਸਤੀਸ਼ ਗੁਜਰਾਲ ਨੂੰ ਸਮਰਪਤ ਹੈ।ਇਸ ਕਲਾ ਮੇਲੇ ਵਿੱਚ ਬਠਿੰਡਾ ਤੇ ਇਸ ਦੇ ਨਾਲ ਲੱਗਦੇ ਇਲਾਕਿਆਂ ਤੋਂ ਇਲਾਵਾ ਚੰਡੀਗੜ੍ਹ, ਹਰਿਆਣਾ, ਹਿਮਾਚਲ ਪ੍ਰਦੇਸ਼, ਰਾਜਸਥਾਨ, ਦਿੱਲੀ ਆਦਿ ਵੱਖ-ਵੱਖ ਸਥਾਨਾਂ ਤੋਂ 50 ਤੋਂ ਵੱਧ ਚਿੱਤਰਕਾਰਾਂ ਦੀਆਂ ਪੇਂਟਿੰਗਾਂ ਦਰਸਾਈਆਂ ਜਾ ਰਹੀਆਂ ਹਨ।ਵੀਰਵਾਰ ਤੋਂ ਸ਼ੁਰੂ ਹੋ ਕੇ ਇਹ ਸਮਾਗਮ ਐਤਵਾਰ ਤੱਕ ਜਾਰੀ ਰਹੇਗਾ, ਜਿਸ ਦਾ ਆਨੰਦ ਸ਼ਹਿਰ ਨਿਵਾਸੀ ਤੇ ਦੂਰ ਦੁਰਾਡੇ ਤੋਂ ਆਏ ਲੋਕ ਮਾਣ ਸਕਦੇ ਹਨ।ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਡਾ. ਅਮਰੀਕ ਸਿੰਘ ਤੇ ਜਨਰਲ ਸਕੱਤਰ ਆਰਟਿਸਟ ਗੁਰਪ੍ਰੀਤ ਬਠਿੰਡਾ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਸ 30ਵੇਂ ਸਾਲਾਨਾ ਕਲਾ ਸੰਮੇਲਨ ਦੌਰਾਨ ਪਹਿਲੇ ਦਿਨ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਦੇ ਵੱਖ-ਵੱਖ ਵਿਸ਼ਿਆਂ 'ਤੇ ਅਧਾਰਤ ਕਲਾ ਮੁਕਾਬਲੇ ਕਰਵਾਏ ਜਾਣਗੇ।ਸ਼ਹਿਰ ਦੀਆਂ ਉੱਘੀਆਂ ਸ਼ਖ਼ਸੀਅਤਾਂ ਇਸ ਕਲਾ ਮੇਲੇ ਤੇ ਪ੍ਰਦਰਸ਼ਨੀ ਦੀ ਸ਼ਾਨ ਬਣਨਗੀਆਂ ਜਿਵੇਂ ਕਿ ਬਠਿੰਡਾ ਦੇ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਆਈ.ਏ.ਐੱਸ. ਤੇ ਇੰਪਰੂਵਮੈਂਟ ਟਰਸਟ ਦੇ ਚੇਅਰਮੈਨ ਸ੍ਰ. ਜਤਿੰਦਰ ਸਿੰਘ ਭੱਲਾ ਇਸ ਕਲਾ ਪ੍ਰਦਰਸ਼ਨੀ ਦੇ ਪਹਿਲੇ ਦਿਨ ਰਸਮੀ ਤੌਰ 'ਤੇ ਉਦਘਾਟਨ ਕਰਨਗੇ।ਇਨ੍ਹਾਂ ਤੋਂ ਇਲਾਵਾ ਸ੍ਰੀ ਤਸਵਿੰਦਰ ਸਿੰਘ ਮਾਨ ਪ੍ਰਿੰਸੀਪਲ ਦਸਮੇਸ਼ ਪਬਲਿਕ ਸਕੂਲ ਬਠਿੰਡਾ, ਸ੍ਰੀ ਵੇਦ ਪ੍ਰਕਾਸ਼ ਸ਼ਰਮਾ ਗੌਰਮਿੰਟ ਕੰਟਰੈਕਟਰ, ਅੰਕਿਤ ਮਿੱਤਲ ਪਵਨ ਗਲਾਸ ਵਰਕਰਜ਼, ਅਵਤਾਰ ਸਿੰਘ ਪ੍ਰਿੰਸੀਪਲ ਲਿਟਲ ਫਲਾਵਰ ਪਬਲਿਕ ਸਕੂਲ ਬਠਿੰਡਾ, ਨਵਜੋਤ ਪਾਲ ਸਿੰਘ ਰੰਧਾਵਾ ਆਈ.ਏ.ਐੱਸ. ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕਰਨਗੇ।

ਇਸ ਸੰਮੇਲਨ ਦੇ ਅਖੀਰਲੇ ਦਿਨ ਮੁੱਖ ਮਹਿਮਾਨ ਦੇ ਤੌਰ 'ਤੇ ਸ. ਜਗਰੂਪ ਸਿੰਘ ਗਿੱਲ ਐੱਮ.ਐੱਲ.ਏ. ਬਠਿੰਡਾ ਸ਼ਹਿਰੀ, ਵਿਸ਼ੇਸ਼ ਮਹਿਮਾਨ ਵਿਜੇ ਮਲਹੋਤਰਾ ਐੱਮ. ਡੀ. ਕੀਰਤੀ ਪਬਲੀਕੇਸ਼ਨ ਗੁੜਗਾਉਂ, ਸੁਖਮੰਦਰ ਸਿੰਘ ਚੱਠਾ ਐੱਮ.ਡੀ. ਫਤਿਹ ਗਰੁੱਪ ਆਫ ਇੰਸਟੀਟਿਊਸ਼ਨ ਰਾਮਪੁਰਾ ਫੂਲ ਇਸ ਕਲਾ ਮੇਲੇ ਦੀ ਸ਼ੋਭਾ ਵਧਾਉਣਗੇ।ਸ੍ਰ. ਸ਼ੋਭਾ ਸਿੰਘ ਮੈਮੋਰੀਅਲ ਚਿੱਤਰਕਾਰ ਸੁਸਾਇਟੀ ਵੱਲੋਂ ਕੁੱਝ ਨਾਮਵਰ ਕਲਾਕਾਰਾਂ ਨੂੰ ਸਨਮਾਨਤ ਕੀਤਾ ਜਾ ਰਿਹਾ ਹੈ, ਜਿਨ੍ਹਾਂ ਵਿੱਚ ਲਾਈਫ ਟਾਈਮ ਅਚੀਵਮੈਂਟ ਐਵਾਰਡ ਕੇਵਲ ਕ੍ਰਿਸ਼ਨ ਨੂੰ ਅਤੇ ਸਾਲਾਨਾ ਕਲਾ ਸਨਮਾਨ ਤਹਿਤ ਕੁਲਦੀਪ ਸਿੰਘ ਚੰਡੀਗੜ੍ਹ, ਸਰਬਜੀਤ ਸਿੰਘ ਚੰਡੀਗੜ੍ਹ ਤੇ ਮੋਹਨਜੀਤ ਕੌਰ ਲਹਿਰਾਗਾਗਾ, ਜਸਪਾਲ ਸਿੰਘ ਪਾਲਾ, ਭਾਵਨਾ ਗਰਗ, ਟੇਕ ਚੰਦ ਆਦਿ ਚਿੱਤਰਕਾਰਾਂ ਦੇ ਨਾਮ ਸ਼ਾਮਲ ਹਨ।ਇਨ੍ਹਾਂ ਤੋਂ ਇਲਾਵਾ ਇਸ ਕਲਾ ਪ੍ਰਦਰਸ਼ਨੀ ਵਿੱਚ ਭਾਗ ਲੈਣ ਵਾਲੇ ਸਾਰੇ ਚਿੱਤਰਕਾਰਾਂ ਦਾ ਸਨਮਾਨ ਕੀਤਾ ਜਾਵੇਗਾ।ਨਾਲ ਹੀ ਕਲਾ ਮੁਕਾਬਲੇ ਵਿੱਚ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਜੇਤੂ ਵਿਦਿਆਰਥੀਆਂ ਨੂੰ ਇਕ ਦਸੰਬਰ ਐਤਵਾਰ ਨੂੰ ਸਰਟੀਫਿਕੇਟ, ਟਰਾਫੀਆਂ ਤੇ ਨਕਦ ਇਨਾਮ ਦੇ ਕੇ ਸਨਮਾਨਤ ਕੀਤਾ ਜਾਵੇਗਾ। ਇੱਥੇ ਹੀ ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਚਿੱਤਰਕਾਰ ਸ੍ਰ. ਸ਼ੋਭਾ ਸਿੰਘ ਹੁਰਾਂ ਦਾ ਜਨਮ ਦਿਨ ਇਸੇ ਪ੍ਰਦਰਸ਼ਨੀ ਦੌਰਾਨ 29 ਨਵੰਬਰ ਦੀ ਸ਼ਾਮ ਨੂੰ ਮਨਾਇਆ ਜਾਵੇਗਾ ਅਤੇ 30 ਨਵੰਬਰ ਦੀ ਸ਼ਾਮ ਨੂੰ ਵੱਖ-ਵੱਖ ਚਿੱਤਰਕਾਰ ਲਾਈਵ ਪੇਂਟਿੰਗ ਵੀ ਬਣਾਉਣਗੇ।ਪ੍ਰਬੰਧਕਾਂ ਵੱਲੋਂ ਸ਼ਹਿਰ ਨਿਵਾਸੀਆਂ ਨੂੰ ਉਚੇਚੇ ਤੌਰ 'ਤੇ ਇਸ ਪ੍ਰੋਗਰਾਮ ਵਿੱਚ ਸ਼ਿਰਕਤ ਕਰਨ ਲਈ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ।ਇਸ ਮੌਕੇ ਸਰਪ੍ਰਸਤ ਅਮਰਜੀਤ ਸਿੰਘ, ਪ੍ਰਧਾਨ ਡਾਕਟਰ ਅਮਰੀਕ ਸਿੰਘ, ਜਨਰਲ ਸਕੱਤਰ ਗੁਰਪ੍ਰੀਤ ਆਰਟਿਸਟ ਪੇਂਟਰ, ਸੁਰੇਸ਼ ਮੰਗਲਾ, ਸੋਹਣ ਸਿੰਘ, ਹਰਦਰਸ਼ਨ ਸੋਹਲ, ਬਲਰਾਜ ਬਰਾੜ ਮਾਨਸਾ, ਯਸ਼ਪਾਲ ਜੈਤੋਂ, ਕੇਵਲ ਕ੍ਰਿਸ਼ਨ, ਹਰੀ ਚੰਦ ਸਾਬਕਾ ਪ੍ਰਧਾਨ, ਸੰਦੀਪ ਸ਼ੇਰਗਿਲ, ਮਿਥੁਨ ਮੰਡਲ, ਵਿਜੇ ਭੂਦੇਵ, ਭਾਵਨਾ ਗਰਗ, ਬਸੰਤ ਸਿੰਘ, ਪ੍ਰੇਮ ਚੰਦ, ਅਮਰੀਕ ਮਾਨਸਾ, ਗੁਰਪ੍ਰੀਤ ਮਾਨਸਾ, ਗੁਰਜੀਤ ਪਲਾਹਾ, ਟੇਕ ਚੰਦ, ਰਿਤੇਸ਼ ਕੁਮਾਰ, ਅਮਿਤ, ਇੰਦਰਜੀਤ ਸਿੰਘ, ਪ੍ਰਸ਼ੋਤਮ ਕੁਮਾਰ, ਪਰਮਿੰਦਰ ਪੈਰੀ, ਚਿੰਤਨ ਸ਼ਰਮਾ, ਸੁਖਰਾਜ ਕੌਰ, ਨਿਸ਼ਾ ਗਰਗ, ਅੰਮ੍ਰਿਤਾ ਨੰਦਨ, ਸ਼ੀਤਲ ਨੰਦਨ, ਰੂਬੀ ਰਾਣੀ, ਪਰਮਿੰਦਰ ਕੌਰ, ਮਨਪ੍ਰੀਤ ਕੌਰ, ਰਮਨਦੀਪ ਕੌਰ, ਰੇਖਾ ਕੁਮਾਰੀ, ਸੀਰਜ, ਕਨਿਕਾ, ਸਿਮਰੋਜ਼, ਕ੍ਰਿਸ਼ਮੀਤ, ਆਦਿ ਹਾਜ਼ਰ ਸਨ।

# ਲਿੰਕਨ ਕਾਲਜ ਰੋਡ ਜਲਦ ਕਰਾਂਗੇ ਸੰਗਤ ਨੂੰ ਸਮਰਪਤ : ਰਾਏ



ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਧੰਨ ਧੰਨ ਬਾਬਾ ਜੋਰਾਵਰ ਸਿੰਘ, ਧੰਨ ਧੰਨ ਬਾਬਾ ਫਤਿਹ ਸਿੰਘ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਸ਼ਹੀਦੀ ਜੋੜ ਮੇਲ 25 ਦਸੰਬਰ ਤੋਂ ਸ਼ੁਰੂ ਹੋ ਰਿਹਾ ਹੈ।ਇਸ ਲਈ ਸ਼ਹੀਦੀ ਜੋੜ ਮੇਲ ਸਬੰਧੀ ਤਿਆਰੀਆਂ ਪੂਰੀਆਂ ਜ਼ੋਰਾਂ 'ਤੇ ਹਨ।ਇਹ ਪ੍ਰਗਟਾਵਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਆਲੇ ਦੁਆਲੇ ਦੀਆਂ ਸੜਕਾਂ ਦੀ ਮੁਰੰਮਤ ਦਾ ਕੰਮ ਜ਼ੋਰਾਂ 'ਤੇ ਚੱਲ ਰਿਹਾ ਹੈ।ਇਸੇ ਲੜੀ ਤਹਿਤ ਲਿੰਕਨ ਕਾਲਜ ਰੋਡ ਵੀ ਬਣ ਰਿਹਾ ਹੈ, ਜੋ 12 ਦਸੰਬਰ ਤੱਕ ਬਣ ਕੇ ਤਿਆਰ ਹੋ ਜਾਵੇਗਾ ਅਤੇ ਸੰਗਤ ਨੂੰ ਸਮਰਪਤ ਕਰ ਦਿੱਤਾ ਜਾਵੇਗਾ।ਉਨ੍ਹਾ ਦੱਸਿਆ ਕਿ ਅੱਜ ਉਹ ਇਨ੍ਹਾਂ ਸੜਕਾਂ ਦੇ ਕਾਰਜ ਦਾ ਜਾਇਜ਼ਾ ਲੈਣ ਲਈ ਪਹੁੰਚੇ ਸਨ, ਅਫਸਰ ਸਾਹਿਬਾਨਾਂ ਦੇ ਨਾਲ ਗੱਲਬਾਤ ਹੋਈ ਹੈ ਅਤੇ ਉਨ੍ਹਾਂ ਨੂੰ ਸਖਤ ਹਦਾਇਤ ਕੀਤੀ ਕਿ ਸ਼ਹੀਦੀ ਜੋੜ ਮੇਲ ਨਜ਼ਦੀਕ ਆ ਰਿਹਾ ਹੈ, ਇਸ ਲਈ ਇਹ ਸੜਕ 12 ਦਸੰਬਰ ਤੋਂ ਪਹਿਲਾਂ ਪਹਿਲਾਂ ਤਿਆਰ ਕੀਤੀ ਜਾਵੇ।ਉਨ੍ਹਾਂ ਦੱਸਿਆ ਕਿ ਸ਼ਹੀਦੀ ਜੋੜ ਮੇਲ ਦੌਰਾਨ ਪਿਛਲੇ ਸਾਲ 25 ਤੋਂ 30 ਲੱਖ ਦੇ ਕਰੀਬ ਸੰਗਤਾਂ ਨਤਮਸਤਕ ਹੋਈਆਂ ਸਨ, ਇਸ ਵਾਰ ਉਸ ਤੋਂ ਵੀ ਜ਼ਿਆਦਾ ਸੰਗਤ ਦੇ ਆਉਣ ਦੀ ਉਮੀਦ ਹੈ।ਉਨ੍ਹਾਂ ਕਿਹਾ ਕਿ ਸ਼ਹੀਦੀ ਜੋੜ ਮੇਲ 'ਤੇ ਪਹੁੰਚਣ ਵਾਲੀ ਸੰਗਤ ਨੂੰ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਪੀ ਡਬਲਯੂ ਡੀ ਦੇ ਐਕਸੀਅਨ ਸੁਰਿੰਦਰ ਸਿੰਘ, ਐੱਸ ਡੀ ਓ ਹਰਜਿੰਦਰ ਸਿੰਘ ਭੰਗੂ, ਐਡਵੋਕੇਟ ਕੰਵਰਵੀਰ ਸਿੰਘ ਰਾਏ, ਰਮੇਸ਼ ਕੁਮਾਰ ਸੋਨੂੰ, ਪ੍ਰਿਤਪਾਲ ਜੱਸੀ, ਅਸੀਸ ਅੱਤਰੀ, ਸਨੀ ਚੋਪੜਾ ਆਦਿ ਹਾਜ਼ਰ ਸਨ।

## ਲਾਲਾ ਕਸਤੂਰੀ ਲਾਲ ਵਿੱਦਿਆ ਮੰਦਰ 'ਚ ਸੰਵਿਧਾਨ ਦਿਵਸ ਮਨਾਇਆ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਵਿਖੇ ਚੱਲ ਰਹੀ ਕੌਮੀ ਸੇਵਾ ਯੋਜਨਾ ਯੂਨਿਟ ਅਧੀਨ ਰਘਬੀਰ ਸਿੰਘ ਮਾਨ, ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ, ਬਠਿੰਡਾ ਦੀਆਂ ਹਦਾਇਤਾਂ ਅਨੁਸਾਰ ਤੇ ਪ੍ਰਿੰ. ਰਪਿੰਦਰ ਪਟਿਆਲ ਦੀ ਯੋਗ ਅਗਵਾਈ ਅਧੀਨ 75ਵਾਂ ਸੰਵਿਧਾਨ ਦਿਵਸ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ।ਇਸ ਤਹਿਤ ਐੱਨ ਐੱਸ ਐੱਸ ਵਲੰਟੀਅਰਾਂ ਨੂੰ ਡਾਕਟਰ ਅੰਬੇਡਕਰ ਦੁਆਰਾ ਤਿਆਰ ਸੰਵਿਧਾਨ ਦੇ ਖਰੜੇ ਨੂੰ 26 ਜਨਵਰੀ 1949 ਨੂੰ ਲਾਗੂ ਕਰਨ ਤੇ ਸੰਵਿਧਾਨ ਬਣਾਉਣ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਸੰਵਿਧਾਨ ਦੇ ਵੱਖ ਵੱਖ ਪਹਿਲੂਆਂ ਬਾਰੇ ਵਿਚਾਰ ਚਰਚਾ ਕੀਤੀ ਗਈ ਅਤੇ 75ਵੇਂ ਸੰਵਿਧਾਨ ਦਿਵਸ ਦੀ ਵਧਾਈ ਦਿੰਦਿਆਂ ਐੱਨ ਐੱਸ ਐੱਸ ਪ੍ਰੋਗਰਾਮ ਅਫਸਰ ਨਿਰਮਲਜੀਤ ਕੌਰ ਨੇ ਕਿਹਾ ਕਿ ਸੰਵਿਧਾਨ ਦਿਵਸ ਮਨਾਉਣ ਦਾ ਫੈਸਲਾ ਸੰਵਿਧਾਨ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਲਈ ਵੀ ਮਨਾਇਆ ਜਾਂਦਾ ਹੈ ਤਾਂ ਜੋ ਸੰਵਿਧਾਨਕ ਕਦਰਾਂ, ਕੀਮਤਾਂ, ਸਿਧਾਂਤਾਂ, ਮੌਲਿਕ ਅਧਿਕਾਰਾਂ ਤੇ ਕਾਨੂੰਨਾਂ ਬਾਰੇ ਪਤਾ ਲੱਗ ਸਕੇ।ਇਸ ਮੌਕੇ ਸਮਾਜਿਕ ਵਿਗਿਆਨ ਦੇ ਅਧਿਆਪਕ ਅਨਮੋਲ ਕੌਸ਼ਲ, ਬਲਜਿੰਦਰ ਸਿੰਘ, ਗੁਲਸ਼ਨ ਖਾਨ, ਨਿਸ਼ਾ ਰਾਣੀ ਤੇ ਸਾਰੇ ਹੀ ਐੱਨ ਐੱਸ ਐੱਸ ਵਲੰਟੀਅਰਾਂ ਵੱਲੋਂ ਭਾਰਤੀ ਸੰਵਿਧਾਨ ਦੀ ਮਾਨਤਾ ਨੂੰ ਮੰਨਣ ਪ੍ਰਤੀ ਸ਼ਪਤ ਪ੍ਰੋਗਰਾਮ ਵੀ ਕਰਵਾਇਆ ਗਿਆ।

## ਸੀਵਰੇਜ ਦਾ ਪੱਕਾ ਹੱਲ ਹੋਣ ਤੱਕ ਸੰਘਰਸ਼ ਰਹੇਗਾ ਜਾਰੀ : ਜਥੇਬੰਦੀਆਂ

ਮਾਨਸਾ (ਆਤਮਾ ਸਿੰਘ ਪਮਾਰ)-ਸੀਵਰੇਜ ਦੇ ਪੱਕੇ ਹੱਲ ਸਬੰਧੀ ਧਰਨੇ ਦੇ 33 ਵੇਂ ਦਿਨ ਸ਼ਹਿਰ ਦੀਆਂ ਧਾਰਮਿਕ, ਵਪਾਰਕ, ਜਨਤਕ, ਰਾਜਸੀ ਤੇ ਇਨਸਾਫ਼ ਪਸੰਦ ਜਥੇਬੰਦੀਆਂ ਦੇ ਆਗੂਆਂ ਵੱਲੋਂ ਭਰਵੀਂ ਮੀਟਿੰਗ ਸੇਵਾ ਸਿੰਘ ਠੀਕਰੀਵਾਲਾ ਚੌਕ ਵਿਖੇ ਜਤਿੰਦਰ ਆਗਰਾ, ਬਿੱਕਰ ਸਿੰਘ ਮਘਾਣੀਆ ਤੇ ਰੁਲਦੂ ਸਿੰਘ ਮਾਨਸਾ ਦੇ ਪ੍ਰਧਾਨਗੀ ਮੰਡਲ ਹੇਠ ਹੋਈ। ਮੀਟਿੰਗ ਵਿੱਚ ਸ਼ਾਮਲ ਜਥੇਬੰਦੀਆਂ ਦੇ ਆਗੂਆਂ ਨੇ ਸੀਵਰੇਜ ਤੇ ਸ਼ਹਿਰ ਦੀ ਸਫਾਈ ਤੋਂ ਜ਼ਿਲ੍ਹਾ ਪ੍ਰਸ਼ਾਸਨ, ਨਗਰ ਕੌਂਸਲ ਤੇ ਮੌਜੂਦਾ ਸਰਕਾਰ ਨੇ ਅਮਲੀ ਕਾਰਵਾਈ ਤੋਂ ਪੂਰੀ ਤਰ੍ਹਾਂ ਪਾਸਾ ਵੱਟ ਲਿਆ ਹੈ, ਜਿਸ ਕਰਕੇ ਸ਼ਹਿਰ ਦੀ ਹਰ ਗਲੀ, ਮੁਹੱਲੇ ਵਿੱਚ ਸੀਵਰੇਜ ਦੇ ਪਾਣੀ ਨੇ ਗੰਦੇ ਨਾਲੇ ਦਾ ਰੂਪ ਧਾਰਨ ਕੀਤਾ ਹੋਇਆ ਹੈ, ਜਿਸ ਕਾਰਨ ਡੇਂਗੂ ਸਮੇਤ ਭਿਆਨਕ ਜਾਨਲੇਵਾ ਬਿਮਾਰੀਆਂ ਫੈਲ ਰਹੀਆਂ ਹਨ।ਸਿੱਟੇ ਵਜੋਂ ਸ਼ਹਿਰੀਆਂ 'ਚ ਰੋਹ ਅਤੇ ਰੋਸ ਵਧ ਰਿਹਾ ਹੈ।ਮੀਟਿੰਗ ਸ਼ਾਮਲ ਆਗੂਆਂ ਅਰਸ਼ਦੀਪ ਮਾਈਕਲ ਗਾਗੋਵਾਲ, ਰਾਜਵਿੰਦਰ ਰਾਣਾ, ਕ੍ਰਿਸ਼ਨ ਚੌਹਾਨ, ਬੋਘ ਸਿੰਘ ਮਾਨਸਾ, ਧੰਨਾ ਮੱਲ ਗੋਇਲ, ਭਗਵੰਤ ਸਮਾਓ, ਮਨਦੀਪ ਗੋਰਾ, ਡਾ ਮਾਨਵ ਜਿੰਦਲ, ਸੁਰਿੰਦਰਪਾਲ ਸ਼ਰਮਾ, ਸੁਰੇਸ਼ ਨੰਦਗੜ੍ਹੀਆ, ਅਮ੍ਰਿਤਪਾਲ ਗੋਗਾ, ਰਾਮਪਾਲ ਸਿੰਘ ਐਮ ਸੀ, ਹੰਸਾ ਸਿੰਘ, ਅਜੀਤ ਸਿੰਘ ਸਰਪੰਚ ਆਦਿ ਆਗੂਆਂ ਨੇ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਸ਼ਹਿਰੀਆਂ ਦੇ ਸਹਿਯੋਗ ਨਾਲ ਚੱਲ ਰਿਹਾ ਧਰਨਾ ਪੱਕੇ ਹੱਲ ਤੱਕ ਜਾਰੀ ਰੱਖਿਆ ਜਾਵੇਗਾ, ਕਿਉਂਕਿ ਕੇਂਦਰ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਨੇੜੇ ਥਰਮਲ ਪਲਾਂਟ ਬਣਾਂਵਾਲੀ ਨੇ ਸੀਵਰੇਜ ਦਾ ਪਾਣੀ ਟਰੀਟ ਕਰਕੇ ਲੈਣਾ ਸੀ, ਪ੍ਰੰਤੂ ਇਸ ਸਭ ਕੁੱਝ ਲਈ ਥਰਮਲ ਤੇ ਰਾਜਸੀ ਆਗੂਆਂ ਦੀ ਚੁੱਪ ਨਾਲ ਕਈ ਤਰ੍ਹਾਂ ਦੇ ਸਵਾਲਾਂ ਖੜੇ ਹੋ ਰਹੇ ਹਨ।ਆਗੂਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੋਂ ਇਸ ਗੰਭੀਰ ਮਸਲੇ ਨੂੰ ਹੱਲ ਕਰਨ ਲਈ ਫੌਰੀ ਦਖਲ ਦੇਣ ਤੇ ਕਾਰਵਾਈ ਨੂੰ ਅਮਲ ਵਿੱਚ ਲਿਆਉਣ ਦੀ ਪੁਰਜ਼ੋਰ ਮੰਗ ਕੀਤੀ ਹੈ।ਸੰਘਰਸ਼ ਨੂੰ ਹੋਰ ਮਜ਼ਬੂਤ ਤੇ ਤਿੱਖਾ ਕਰਨ ਲਈ ਸੰਘਰਸ਼ੀ ਕੌਂਸਲਰਾਂ, ਵਪਾਰਕ, ਰਾਜਸੀ, ਸਮਾਜਿਕ ਤੇ ਜਨਤਕ ਤੇ ਇਨਸਾਫ਼ ਪਸੰਦ ਜਥੇਬੰਦੀਆਂ ਵੱਲੋਂ 4 ਦਸੰਬਰ ਸ਼ਾਮ 4-00 ਲਕਸ਼ਮੀ ਨਰਾਇਣ ਮੰਦਰ ਵਿਖੇ ਮੁੜ ਤੋਂ ਮੀਟਿੰਗ ਕਰਨ ਦਾ ਫੈਸਲਾ ਵੀ ਲਿਆ ਗਿਆ।ਮੀਟਿੰਗ ਦੌਰਾਨ ਉਚੇਚੇ ਤੌਰ 'ਤੇ ਪਹੁੰਚੇ ਪ੍ਰਧਾਨ ਨਗਰ ਕੌਂਸਲ ਵਿਜੇ ਕੁਮਾਰ ਸਿੰਗਲਾ ਵੱਲੋਂ ਬੇਸ਼ੱਕ ਸਾਰੇ ਮਸਲੇ ਦੇ ਹੱਲ ਲਈ ਨਗਰ ਕੌਂਸਲ ਦੀ ਮੀਟਿੰਗ ਵਿੱਚ ਆਉਂਦੀ ਤਿੰਨ ਦਸੰਬਰ ਨੂੰ ਮਤਾ ਪਾਸ ਕਰਕੇ ਮਸਲੇ ਨੂੰ ਸਰਕਾਰ ਤੱਕ ਗੱਲ ਰੱਖਣ ਦੀ ਗੱਲ ਕਹੀ, ਪ੍ਰੰਤੂ ਹਾਜ਼ਰ ਆਗੂਆਂ ਵੱਲੋਂ ਪੱਕੇ ਹੱਲ ਹੋਣ ਤੱਕ ਸੰਘਰਸ਼ ਨੂੰ ਜਾਰੀ ਰੱਖਣ ਦਾ ਫੈਸਲਾ ਕੀਤਾ ਗਿਆ।

## 4440 ਰੁਪਏ ਦੜੇ-ਸੱਟੇ ਦੀ ਰਾਸ਼ੀ ਸਮੇਤ 2 ਕਾਬੂ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਦੜੇ ਸੱਟੇ ਦੀ 4440 ਰੁਪਏ ਰਾਸ਼ੀ ਸਮੇਤ 2 ਵਿਅਕਤੀਆ ਨੂੰ ਕਾਬੂ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਜਸਵੰਤ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਨਾਲ ਗਸ਼ਤ ਦੌਰਾਨ ਸ਼ਹੀਦ ਉਧਮ ਸਿੰਘ ਚੌਕ ਜਲਾਲਾਬਾਦ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਵਿਕਰਮ ਸਿੰਘ ਉਰਫ ਵਿੱਕੀ ਪੁੱਤਰ ਸੁਖਵਿੰਦਰ ਸਿੰਘ ਉਰਫ ਸੁਖਾ ਤੇ ਮਹਿੰਦਰ ਸਿੰਘ ਪੁੱਤਰ ਸੁਰੈਣ ਸਿੰਘ ਵਾਸੀਆਨ ਰਠੌੜਾਵਾਲਾ ਮੁਹੱਲਾ ਜਲਾਲਾਬਾਦ, ਜੋ ਕਿ ਦੱੜਾ ਸੱਟਾ ਲਿਖਣ ਦੇ ਆਦੀ ਹੈ ਅਤੇ ਹੁਣ ਵੀ ਸ਼ਹੀਦ ਉਧਮ ਸਿੰਘ ਪਾਰਕ ਜਲਾਲਾਬਾਦ ਦੇ ਨਾਲ ਵਾਲੀ ਗਲੀ ਵਿੱਚ ਦੱੜਾ ਸੱਟਾ ਲਿੱਖ ਰਹੇ ਹਨ, ਇਤਲਾਹ ਮੋਹਤਬਾਰ ਤੋਂ ਠੋਸ ਹੋਣ 'ਤੇ ਪੁਲਸ ਪਾਰਟੀ ਵੱਲੋਂ ਛਾਪੇਮਾਰੀ ਕਰਕੇ ਵਿਕਰਮ ਸਿੰਘ ਨੂੰ ਦੱੜੇ ਸੱਟੇ ਦੀ ਰਾਸ਼ੀ 2640 ਰੁਪਏ ਤੇ ਮਹਿੰਦਰ ਸਿੰਘ ਨੂੰ 1800 ਰੁਪਏ ਰਾਸ਼ੀ ਸਮੇਤ ਕਾਬੂ ਕੀਤਾ ਗਿਆ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri
ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

29-Novt-PAGE-3.qxd 11/28/2024 11:11 PM Page 1



# ਟ੍ਰੈਫਿਕ ਸਮੱਸਿਆ ਕਾਰਨ ਸਕੂਲੀ ਵਿਦਿਆਰਥੀ ਤੇ ਰਾਹਗੀਰ ਪ੍ਰੇਸ਼ਾਨ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਕਸਬਾ ਕਾਦੀਆਂ ਟ੍ਰੈਫਿਕ ਦੀ ਸਮੱਸਿਆ ਨਾਲ ਜੂਝ ਰਿਹਾ ਹੈ। ਸ਼ਹਿਰ ਅੰਦਰ ਟ੍ਰੈਫਿਕ ਸਮੱਸਿਆ ਨੂੰ ਲੈ ਕੇ ਜਿੱਥੇ ਆਮ ਲੋਕ ਪਰੇਸ਼ਾਨ ਹਨ ਉੱਥੇ ਹੀ ਸਕੂਲੀ ਵਿਦਿਆਰਥੀ ਅਤੇ ਐਂਬੂਲੈਂਸ ਚਾਲਕ ਵੀ ਵੱਡੀ ਮੁਸੀਬਤ ਚੋਂ ਗੁਜ਼ਰ ਰਹੇ ਹਨ। ਪਰ ਪ੍ਰਸ਼ਾਸਨ ਦਾ ਇਸ ਵੱਲ ਬਿਲਕੁਲ ਵੀ ਧਿਆਨ ਨਹੀਂ । ਇੰਟਰਨੈਸ਼ਨਲ ਹਿਊਮਨ ਰਾਈਟ ਡਿਫੈਂਡਰ ਪੰਜਾਬ ਮੀਡੀਆ ਇੰਚਾਰਜ ਗੁਰਪ੍ਰੀਤ ਸਿੰਘ ਕਾਦੀਆਂ ਨੇ ਦੱਸਿਆ ਕਿ ਆਧੁਨਿਕ ਜੀਵਨ ਢੰਗ ਤੇ ਮਸ਼ੀਨੀ ਯੁੱਗ ਦੀ ਦੌੜ-ਭੱਜ ਨੇ ਮਨੁੱਖ ਦੇ ਜੀਵਨ 'ਚ ਪ੍ਰਦੂਸ਼ਣ, ਕੁਪੋਸ਼ਣ, ਬਿਮਾਰੀਆਂ ਤੇ ਨਸ਼ਿਆਂ ਦੀ ਭਰਮਾਰ ਵਰਗੀਆਂ ਅਨੇਕਾਂ ਮੁਸੀਬਤਾਂ ਪੈਦਾ ਕੀਤੀਆਂ ਹਨ । ਇਸੇ ਤਰ੍ਹਾਂ ਟ੍ਰੈਫਿਕ ਜਾਮ ਦੀ ਸਮੱਸਿਆ ਵੀ ਬਹੁਤ ਗੰਭੀਰ ਹੈ। ਟ੍ਰੈਫਿਕ ਦੀ ਭੀੜ 'ਚ ਖੜ੍ਹੇ ਰਹਿਣ ਕਾਰਨ ਲੋਕਾਂ ਦਾ ਸਮਾਂ ਵਿਅਰਥ ਹੋ ਜਾਂਦਾ ਹੈ।ਭੀੜ 'ਚ ਖੜ੍ਹੇ ਵਾਹਨ ਜਿੱਥੇ ਹਾਰਨ ਵਜਾਉਣ ਨਾਲ ਆਵਾਜ਼ ਦਾ ਪ੍ਰਦੂਸ਼ਣ ਪੈਦਾ ਕਰਦੇ ਹਨ, ਉੱਥੇ ਵਾਹਨਾਂ 'ਚੋਂ ਨਿਕਲ ਰਹੀਆਂ ਜ਼ਹਿਰੀਲੀਆਂ ਗੈਸਾਂ ਹਵਾ ਦਾ ਪ੍ਰਦੂਸ਼ਣ ਫੈਲਾਉਂਦੀਆਂ ਤੇ ਧਰਤੀ ਦੇ ਤਾਪਮਾਨ 'ਚ ਵਾਧਾ ਕਰ ਕੇ ਆਲਮੀ ਤਪਸ਼ ਨੂੰ ਜਨਮ ਦੇ ਰਹੀਆਂ ਹਨ । ਟ੍ਰੈਫਿਕ ਜਾਮ ਦੀ ਸਮੱਸਿਆ ਮਨੁੱਖ ਦੀ ਆਪਣੀ ਹੀ ਪੈਦਾ ਕੀਤੀ ਹੋਈ ਹੈ।ਅਸੀਂ ਵੱਡੇ-ਵੱਡੇ ਵਾਹਨ ਲੈ ਕੇ ਦੂਜੇ ਦੇਸ਼ਾਂ ਦੀ ਨਕਲ ਤਾਂ ਕਰ ਲਈ



ਪਰ ਇਸ ਤਰੱਕੀ ਲਈ ਲੋੜੀਂਦੀ ਅਗਾਊਂ ਤਿਆਰੀ ਨਹੀਂ ਕੀਤੀ । ਟ੍ਰੈਫਿਕ ਜਾਮ ਦੀ ਸਮੱਸਿਆ ਦਾ ਮੁੱਖ ਕਾਰਨ ਜਨਸੰਖਿਆ 'ਚ ਵਾਧਾ, ਦੋ ਪਹੀਆ ਤੇ ਚੌਪਹੀਆ ਵਾਹਨਾਂ ਦੀ ਗਿਣਤੀ 'ਚ ਹੋ ਰਿਹਾ ਲਗਾਤਾਰ ਵਾਧਾ, ਮੂਲ ਢਾਂਚੇ ਦੀ ਕਮੀ, ਟ੍ਰੈਫਿਕ ਨਿਯਮਾਂ ਨੂੰ ਸਹੀ ਤਰੀਕੇ ਨਾਲ ਲਾਗੂ ਨਾ ਕਰਨਾ, ਲੋਕਾਂ 'ਚ ਟ੍ਰੈਫਿਕ ਨਿਯਮਾਂ ਦੀ ਜਾਣਕਾਰੀ ਦੀ ਘਾਟ, ਸੜਕਾਂ ਦਾ ਮਾੜਾ ਹਾਲ ਤੇ ਗ਼ੈਰ ਯੋਜਨਾਬੱਧ ਵਿਕਾਸ ਆਦਿ ਸ਼ਾਮਲ ਹਨ।ਇਸ ਤੋਂ ਇਲਾਵਾ ਸ਼ਹਿਰ ਦੇ ਦੁਕਾਨਦਾਰਾਂ ਵੱਲੋਂ ਪੈਸੇ ਲੈ ਕੇ ਰੇਹੜੀਆਂ, ਫੜ੍ਹੀਆਂ ਆਪਣੀ ਦੁਕਾਨ ਅੱਗੇ ਬਣੇ ਫੁੱਟਪਾਥ ਉੱਤੇ ਲਗਵਾਈਆਂ ਜਾਂਦੀਆਂ ਹਨ ਅਤੇ ਦੁਕਾਨਦਾਰਾਂ ਵੱਲੋਂ ਸੜਕਾਂ ਉੱਤੇ ਸਾਮਾਨ ਖਿਲਾਰਨਾ ਤੇ ਪਾਰਕਿੰਗ ਦੀ ਘਾਟ ਸਦਕਾ ਗੱਡੀਆਂ ਦੀ ਪਾਰਕਿੰਗ ਵੀ ਸੜਕਾਂ ਉੱਤੇ ਭੀੜ ਦਾ ਕਾਰਨ ਹਨ। ਸੁਪਰੀਮ ਕੋਰਟ ਦੀਆਂ ਹਦਾਇਤਾਂ ਅਨੁਸਾਰ ਸਕੂਲਾਂ, ਹਸਪਤਾਲਾਂ, ਰੇਲਵੇ ਸਟੇਸ਼ਨਾਂ ਤੇ ਕਾਰਖ਼ਾਨਿਆਂ 'ਚ ਪਾਰਕਿੰਗ ਖੇਤਰ ਬਣਾਉਣ ਲਈ ਕਿਹਾ ਗਿਆ ਹੈ।ਇਸ ਦੀ ਸਖ਼ਤੀ ਨਾਲ ਪਾਲਣਾ ਕਰਨੀ ਚਾਹੀਦੀ ਹੈ।ਇਸੇ ਤਰ੍ਹਾਂ ਸੁਪਰੀਮ ਕੋਰਟ ਵੱਲੋਂ ਜਨਤਕ ਥਾਵਾਂ ਜਿਵੇਂ ਸੜਕਾਂ ਤੇ ਬਾਜ਼ਾਰਾਂ 'ਚ ਰੇਹੜੀਆਂ, ਫੜ੍ਹੀਆਂ ਤੇ ਕਿਸੇ ਵੀ ਤਰ੍ਹਾਂ ਦੇ ਨਾਜਾਇਜ਼ ਕਬਜ਼ੇ ਨੂੰ ਹਟਾਉਣ ਦੀ ਹਦਾਇਤ ਕੀਤੀ ਗਈ ਹੈ ਜਿਸ ਦੀ ਸਖ਼ਤੀ ਨਾਲ ਪਾਲਣਾ ਕਰਨੀ ਚਾਹੀਦੀ ਹੈ। ਚੌਕਾਂ 'ਚ ਸੇਵਾ ਨਿਭਾ ਰਹੇ ਪੁਲਸ ਮੁਲਾਜ਼ਮਾਂ ਨੂੰ ਆਧੁਨਿਕ ਸਿਖਲਾਈ ਦੇ ਕੇ ਟ੍ਰੈਫਿਕ ਜਾਮ ਨੂੰ ਕਾਫ਼ੀ ਹੱਦ ਤਕ ਕਾਬੂ ਕੀਤਾ ਜਾ ਸਕਦਾ ਹੈ।ਇਸ ਸਬੰਧੀ ਉਹਨਾਂ ਨੇ ਜ਼ਿਲ੍ਹਾ ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਦੇ ਕੋਲੋਂ ਅਤੇ ਐਸ ਡੀ ਐਮ ਬਟਾਲਾ ਸਮੇਤ ਐਸ ਐਸ ਪੀ ਬਟਾਲਾ ਅਤੇ ਹੋਰ ਉੱਚ ਅਧਿਕਾਰੀਆਂ ਕੋਲੋਂ ਮੰਗ ਕੀਤੀ ਹੈ ਕਿ ਕਾਦੀਆਂ ਸ਼ਹਿਰ ਦੀ ਟ੍ਰੈਫਿਕ ਸਮੱਸਿਆ ਨੂੰ ਸੁਧਾਰਿਆ ਜਾਵੇ।

# ਸ਼ੈਰੀ ਕਲਸੀ ਦਾ ਕਾਰਜਕਾਰੀ ਪ੍ਰਧਾਨ ਬਣਨ ਉਪਰੰਤ ਬਟਾਲਾ ਪਹੁੰਚਣ 'ਤੇ ਗਰਮਜੋਸ਼ੀ ਨਾਲ ਸਵਾਗਤ

**ਬਟਾਲਾ, (ਡਾ. ਮਲਵਿੰਦਰ ਸਿੰਘ)**

'ਆਪ' ਦੇ ਪੰਜਾਬ ਕਾਰਜਕਾਰੀ ਪ੍ਰਧਾਨ ਬਣਨ ਉਪਰੰਤ ਬਟਾਲਾ ਪਹੁੰਚਣ ਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦਾ ਪੂਰੀ ਗਰਮਜੋਸ਼ੀ ਨਾਲ ਸ਼ਾਨਦਾਰ ਤੇ ਭਰਵਾਂ ਸਵਾਗਤ ਕੀਤਾ ਗਿਆ।ਸਵੇਰੇ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਵਾਇਆ ਵੇਰਕਾ, ਕੱਥੂਨੰਗਲ, ਜੈਂਤੀਪੁਰ, ਬਾਈਪਾਸ ਫਲਾਈਓਵਰ ਡੇਰਾ ਬਾਬਾ ਨਾਨਕ, ਸ਼ਹੀਦ ਭਗਤ ਸਿੰਘ ਚੌਕ ਨੇੜੇ ਉਸਮਾਨਪੁਰ ਸਿਟੀ, ਗਾਂਧੀ ਚੌਕ, ਨਹਿਰੂ ਗੇਟ ਤੋਂ ਹੁੰਦੇ ਹੋਏ ਮਾਤਾ ਕਾਲੀ ਦੁਆਰਾ ਮੰਦਿਰ, ਹਨੂੰਮਾਨ ਮੰਦਿਰ ਅਤੇ ਗੁਰਦੁਆਰਾ ਸ੍ਰੀ ਕੰਧ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਪਰਮਾਤਮਾ ਦਾ ਆਸ਼ੀਰਵਾਦ ਲਿਆ।ਇਸ ਮੌਕੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਸਮੇਤ ਸਮੇਤ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਮੌਜੂਦ ਸੀ। ਇਸ ਮੌਕੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਰਾਜ ਸਭਾ ਮੈਂਬਰ/ਕੌਮੀ ਜਨਰਲ ਸਕੱਤਰ ਡਾ. ਸੰਦੀਪ ਪਾਠਕ ਸਮੇਤ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵਲੋਂ ਕੈਬਨਿਟ ਮੰਤਰੀ ਅਮਨ ਅਰੋੜਾ ਨੂੰ ਪੰਜਾਬ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਸ਼ੈਰੀ ਕਲਸੀ ਨੂੰ ਕਾਰਜਕਾਰੀ ਪ੍ਰਧਾਨ ਨਿਯੁਕਤ ਕਰਕੇ ਵੱਡੀ ਜ਼ਿੰਮੇਵਾਰੀ ਸੌਂਪੀ ਹੈ।ਕੈਬਨਿਟ ਮੰਤਰੀ ਧਾਲੀਵਾਲ ਨੇ ਸਮੂਹ ਬਟਾਲਾ ਹਲਕਾ ਵਾਸੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ, ਸੂਬੇ ਦਾ ਸਰਬਪੱਖੀ ਵਿਕਾਸ ਕਰਨ ਲਈ ਵਚਨਬੱਧ ਹੈ ਅਤੇ ਆਉਣ ਵਾਲੀਆਂ ਨਗਰ ਨਿਗਮ ਅਤੇ ਨਗਰ ਕੌਂਸਲ ਦੀਆਂ ਚੋਣਾਂ ਆਪ ਸ਼ਾਨ ਨਾਲ



ਜਿੱਤੇਗੀ।ਉਨ੍ਹਾਂ ਕਿਹਾ ਕਿ ਡੇਰਾ ਬਾਬਾ ਨਾਨਕ ਜ਼ਿਮਨੀ ਚੋਣ ਵਿੱਚ ਆਪ ਦੀਆਂ ਵਿਕਾਸ ਨੀਤੀਆਂ 'ਤੇ ਲੋਕਾਂ ਮੋਹਰ ਲਗਾਈ ਹੈ ਅਤੇ ਵਿਰੋਧੀ ਪਾਰਟੀਆਂ ਨੂੰ ਡੇਰਾ ਬਾਬਾ ਨਾਨਕ ਵਾਸੀਆਂ ਨੇ ਸਬਕ ਸਿਖਾਇਆ ਹੈ।ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਰਾਜ ਸਭਾ ਮੈਂਬਰ/ਕੌਮੀ ਜਨਰਲ ਸਕੱਤਰ ਡਾ. ਸੰਦੀਪ ਪਾਠਕ ਸਮੇਤ ਸਮੁੱਚੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਮਿਲੀ ਜ਼ਿੰਮੇਵਾਰੀ ਨੂੰ ਪੂਰੀ ਮਿਹਨਤ ਤੇ ਤਨਦੇਹੀ ਨਾਲ ਨਿਭਾਉਣਗੇ ਤੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਦਿਨ-ਰਾਤ ਇੱਕ ਕਰ ਦੇਣਗੇ।ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪਾਰਟੀ ਵਲੋਂ ਪਹਿਲਾਂ ਵੀ ਮੱਧ ਪ੍ਰਦੇਸ਼ ਅਤੇ ਗੁਜਰਾਤ ਵਿਧਾਨ ਸਭਾ ਚੋਣਾਂ ਵਿੱਚ ਸਹਿ ਇੰਚਾਰਜ ਵਜੋਂ ਨਿਯੁਕਤੀ ਕੀਤੀ ਸੀ।ਜਲੰਧਰ ਜ਼ਿਮਨੀ ਚੋਣ ਵਿਖੇ ਅਹਿਮ ਜ਼ਿੰਮੇਵਾਰੀ ਦੇਣ ਤੋਂ ਇਲਾਵਾ ਡੇਰਾ ਬਾਬਾ ਨਾਨਕ ਜ਼ਿਮਨੀ ਚੋਣ ਲਈ ਸਹਿ ਇੰਚਾਰਜ ਵਜੋਂ ਭਰੋਸਾ ਜਤਾਇਆ ਸੀ।ਹੁਣ ਪੰਜਾਬ ਦਾ ਕਾਰਜਕਾਰੀ ਪ੍ਰਧਾਨ ਬਣਾ ਕੇ ਸੇਵਾ ਕਰਨ ਦਾ ਮੌਕਾ ਦਿੱਤਾ ਹੈ ਅਤੇ ਉਹ ਆਪਣੀ ਪੂਰੀ ਟੀਮ/ਵਲੰਟੀਅਰਾਂ ਨਾਲ ਪਾਰਟੀ ਨੂੰ ਹੋਰ ਬੁਲੰਦੀਆਂ 'ਤੇ ਲੈ ਕੇ ਜਾਣਗੇ।ਸਵੇਰੇ ਕਰੀਬ 10 ਵਜੇ ਸ੍ਰੀ ਅੰਮ੍ਰਿਤਸਰ ਤੋਂ ਰੋਡ ਸ਼ੋਅ ਦੇ ਰੂਪ ਵਿੱਚ ਰਵਾਨਾ ਹੋਏ।ਸਾਰੇ ਰਸਤੇ ਵਿੱਚ ਥਾਂ-ਥਾਂ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ। ਬਟਾਲਾ-ਅੰਮ੍ਰਿਤਸਰ ਬਾਈਪਾਸ, ਫਲਾਈ ਓਵਰ ਡੇਰਾ ਬਾਬਾ ਨਾਨਕ ਰੋਡ, ਸ਼ਹੀਦ ਭਗਤ ਸਿੰਘ ਚੌਕ, ਉਸਮਾਨਪੁਰ ਸਿਟੀ, ਗਾਂਧੀ ਚੌਕ, ਕਾਹਨੂੰਵਾਨ ਚੌਕ, ਗਾਂਧੀ ਚੌਕ, ਨਹਿਰੂ ਗੇਟ ਦੇ ਚੱਕਰੀ ਬਜ਼ਾਰ ਵਿੱਚ ਪਹੁੰਚਣ 'ਤੇ ਢੋਲ ਤੇ ਬੈਂਡ ਵਾਜਿਆਂ ਨਾਲ ਸ਼ਾਨਦਾਰ ਭਰਵਾਂ ਸਵਾਗਤ ਕੀਤਾ ਗਿਆ।ਸ਼ੈਰੀ ਕਲਸੀ ਨੇ ਸਮੂਹ ਲੋਕਾਂ ਵੱਲੋਂ ਦਿੱਤੇ ਪਿਆਰ ਲਈ ਧੰਨਵਾਦ ਕੀਤਾ।

# ਨੇਤਰਦਾਨ ਸੰਸਥਾ ਨੇ ਕੀਤਾ ਕਾਰਜਾਂ ਦਾ ਵਿਸ਼ਲੇਸ਼ਣ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਨੇਤਰਦਾਨ ਸੰਸਥਾ ਹੁਸ਼ਿਆਰਪੁਰ ਦੀ ਇਕੱਤਰਤਾ ਸੰਸਥਾ ਦੇ ਦਫਤਰ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਪ੍ਰਧਾਨ ਮਨਮੋਹਨ ਸਿੰਘ ਦੀ ਅਗਵਾਈ ਹੇਠ ਹੋਈ। ਇਸ ਇਕੱਤਰਤਾ ਵਿੱਚ ਪਿਛਲੇ ਸਮੇਂ ਦੌਰਾਨ ਸੰਸਥਾ ਦੁਆਰਾ ਕੀਤੇ ਗਏ ਕਾਰਜਾਂ ਦਾ ਵਿਸ਼ਲੇਸ਼ਣ ਕੀਤਾ ਗਿਆ। ਸਿਹਤ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਨੇਤਰਦਾਨ ਜਾਗਰੂਕਤਾ ਅਭਿਆਨ ਵਿੱਚ ਤੇਜੀ ਲਿਆਉਣ ਅਤੇ ਵੱਧ ਤੋਂ ਵੱਧ ਲੋਕਾਂ ਤੱਕ ਨੇਤਰਦਾਨ ਕਰਨ ਦਾ ਸਨੇਹਾ ਪਹੁੰਚਾਣ ਬਾਰੇ ਵੀ ਵਿਚਾਰ ਚਰਚਾ ਹੋਈ। ਇਸ ਇਕੱਤਰਤਾ ਦੌਰਾਨ ਪ੍ਰੋ: ਬਹਾਦਰ ਸਿੰਘ ਸੁਨੇਤ ਨੇ ਜਿਉਂਦੇ ਜੀਅ ਖੂਨਦਾਨ ਅਤੇ ਮਰਨ ਉਪਰੰਤ ਅੱਖਾਂ ਅਤੇ ਸ਼ਰੀਰ ਦਾਨ ਦੇ ਨਾਅਰੇ ਨੂੰ ਸਾਰਥਕ ਕਰਨ ਲਈ ਆਮ ਜਨਤਾ ਨੂੰ ਸੰਸਥਾ ਨਾਲ ਸਹਿਯੋਗ ਕਰਨ ਦੀ ਅਪੀਲ ਕੀਤੀ। ਇਸ ਇਕੱਤਰਤਾ ਵਿੱਚ ਡਾ. ਗੁਰਬਖਸ਼ ਸਿੰਘ, ਬਲਜੀਤ ਸਿੰਘ ਪਨੇਸਰ, ਬਹਾਦਰ ਸਿੰਘ ਸਿੱਧੂ, ਗੁਰਪ੍ਰੀਤ ਸਿੰਘ, ਹਰਭਜਨ ਸਿੰਘ ਅਤੇ ਡਾ. ਕਿਸ਼ੋਰੀ ਲਾਲ ਆਦਿ ਸ਼ਾਮਲ ਹੋਏ।



# ਸਬਜ਼ੀ ਉਤਪਾਦਕ ਕਿਸਾਨਾਂ ਨੂੰ ਮੌਸਮ ਦੀ ਤਬਦੀਲੀ ਕਾਰਨ ਪੈ ਰਹੀ ਦੋਹਰੀ ਮਾਰ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**

ਸਬਜ਼ੀ ਉਤਪਾਦਕ ਕਿਸਾਨ ਜਥੇਬੰਦੀ ਨੇ ਅੱਜ ਅੰਮ੍ਰਿਤਸਰ ਜ਼ਿਲ੍ਹੇ ਦੇ ਪੱਤਰਕਾਰਾਂ ਨੂੰ ਸਬਜ਼ੀ ਵਾਲੇ ਇਲਾਕਿਆਂ ਅੰਦਰ ਖੇਤਾਂ ਦਾ ਦੌਰਾ ਕਰਵਾਇਆ। ਇਸ ਸਮੇਂ ਜਥੇਬੰਦੀ ਦੇ ਆਗੂਆਂ ਲੱਖਬੀਰ ਸਿੰਘ ਨਿਜਾਮਪੁਰ ਅਤੇ ਭੁਪਿੰਦਰ ਸਿੰਘ ਤੀਰਥਪੁਰ ਨੇ ਦੱਸਿਆ ਕਿ ਜਿਥੇ ਪਹਿਲਾਂ ਸਰਕਾਰਾਂ ਦੀਆਂ ਨਾਕਾਮੀਆਂ ਕਾਰਨ ਝੋਨੇ ਦੇ ਸੀਜ਼ਨ ਸਮੇਂ ਬਾਸਮਤੀ 1509 ਪੈਦਾ ਕਰਨ ਵਾਲੇ ਕਿਸਾਨਾਂ ਨੂੰ ਪਿਛਲੇ ਸਾਲ ਨਾਲੋਂ ਪ੍ਰਤੀ ਕੁਇੰਟਲ 1000 ਰੁਪਏ ਘੱਟ ਰੇਟ ਮਿਲਣ ਕਾਰਨ ਪ੍ਰਤੀ ਏਕੜ 25000 ਰੁਪਏ ਦੇ ਘਾਟੇ ਦਾ ਸਾਹਮਣਾ ਕਰਨਾ ਪਿਆ ਹੈ, ਹੁਣ ਆਲੂਆਂ, ਮਟਰਾਂ, ਫਰਾਂਸਬੀਨ ਦੀ ਖੇਤੀ ਕਰਨ ਵਾਲੇ ਕਿਸਾਨਾਂ ਨੇ ਮਹਿੰਗੇ ਬੀਜ, ਖਾਦ ਅਤੇ ਦਵਾਈਆਂ ਵਰਤ ਕੇ ਤਿਆਰ ਕੀਤੀ ਫਸਲ ਜਿਸ ਉੱਪਰ ਤਕਰੀਬਨ 30000 ਰੁਪਏ ਪ੍ਰਤੀ ਏਕੜ ਦਾ ਖਰਚਾ ਕੀਤਾ ਹੈ। ਹੁਣ ਮੌਸਮ ਦੀ ਤਬਦੀਲੀ ਕਾਰਨ ਲਗਾਤਾਰ ਪੈ ਰਹੀ ਗਰਮੀ ਨੇ ਜਿਥੇ ਮਟਰਾਂ ਦੀ ਅਗੇਤੀ ਫਸਲ ਬਿਲਕੁਲ ਤਬਾਹ ਕਰ ਦਿੱਤੀ ਹੈ, ਉਥੇ ਬਹੁਤ ਸਾਰੇ ਕਿਸਾਨਾਂ ਨੂੰ ਮਟਰਾਂ ਦੀ ਖੜ੍ਹੀ ਫਸਲ ਨੂੰ ਖੇਤਾਂ ਵਿੱਚ ਹੀ ਵਾਹੁਣ ਲਈ ਮਜਬੂਰ ਹੋਣਾ ਪਿਆ ਹੈ।ਇਸੇ ਤਰਾਂ ਹੀ ਆਲੂਆਂ ਅਤੇ ਫਰਾਂਸਬੀਨ ਦੀ ਫਸਲ ਉੱਪਰ ਮੌਸਮ ਦੀ ਤਬਦੀਲੀ ਕਾਰਨ ਪੈ ਰਹੀ ਗਰਮੀ ਨੇ ਝਾੜ ਵਿੱਚ ਭਾਰੀ ਗਿਰਾਵਟ ਲਿਆਂਦੀ ਹੈ। ਜਿਸ ਨਾਲ ਕਿਸਾਨਾਂ ਨੂੰ ਭਾਰੀ ਆਰਥਿਕ ਨੁਕਸਾਨ ਹੋ ਰਿਹਾ ਹੈ। ਖਾਸ ਕਰਕੇ ਜਿਹੜੇ ਕਿਸਾਨ ਠੇਕੇ 'ਤੇ ਖੇਤੀ ਕਰਦੇ ਹਨ ਉਹ ਲਗਾਤਾਰ ਕਰਜ਼ੇ ਦੇ ਜਾਲ ਵਿੱਚ ਫਸਦੇ ਜਾ ਰਹੇ ਹਨ। ਇਸ ਲਈ ਜਥੇਬੰਦੀ ਨੇ ਪੰਜਾਬ ਸਰਕਾਰ ਕੋਲੋਂ ਸਬਜ਼ੀ ਕਾਸ਼ਤਕਾਰ ਕਿਸਾਨਾਂ ਦੀ ਬਾਂਹ ਫੜਨ ਦੀ ਅਪੀਲ ਕੀਤੀ ਹੈ। ਅੱਜ ਦੇ ਦੌਰੇ ਸਮੇਂ ਤਰਸੇਮ ਸਿੰਘ ਨੰਗਲ, ਕਰਨੈਲ ਸਿੰਘ, ਜਰਨੈਲ ਸਿੰਘ ਨਵਾਂ ਪਿੰਡ , ਅਵਤਾਰ ਸਿੰਘ ਵਡਾਲਾ ਜੌਹਲ, ਗੁਰਮੇਜ ਸਿੰਘ ਮੱਖਣਵਿੰਡੀ, ਭੁਪਿੰਦਰ ਸਿੰਘ ਤੀਰਥਪੁਰ ਅਤੇ ਰਾਜਬੀਰ ਸਿੰਘ ਫਤਿਹਪੁਰ ਹਾਜ਼ਰ ਸਨ।



# ਕਿਸਾਨ ਬਾਗਬਾਨੀ ਅਪਣਾ ਕੇ ਵਧੇਰੇ ਲਾਭ ਕਮਾਉਣ : ਡਿਪਟੀ ਡਾਇਰੈਕਟਰ

**ਗੁਰਦਾਸਪੁਰ, (ਜਨਕ ਮਹਾਜਨ)**

ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਰੱਖਿਆ ਸੇਵਾਵਾਂ ਭਲਾਈ, ਸੁਤੰਤਰਤਾ ਸੰਗਰਾਮੀ ਬਾਗਬਾਨੀ ਮੰਤਰੀ ਮਹਿੰਦਰ ਭਗਤ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਬਾਗਬਾਨਣ ਦੀ ਆਮਦਨ ਵਧਾਉਣ ਅਤੇ ਫਸਲੀ ਵਿਭਿੰਨਤਾ ਨੂੰ ਯਕੀਨੀ ਬਣਾਉਣ ਦੀਆਂ ਯੋਜਨਾਵਾਂ ਨੂੰ ਲਾਗੂ ਕਰਨ ਲਈ ਕਈ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਤਹਿਤ ਪੰਜਾਬ ਸਰਕਾਰ ਵੱਲੋਂ ਬਾਗਬਾਨੀ ਨੂੰ ਉਤਸ਼ਾਹਤ ਕਰਨ ਲਈ ਬਾਗਬਾਨੀ ਖੇਤਰ ਵਿੱਚ ਵੱਖ-ਵੱਖ ਸਬਸਿਡੀ ਦੀਆਂ ਸਕੀਮਾਂ ਚਲਾਈਆਂ ਜਾ ਰਹੀਆਂ ਹਨ। ਡਿਪਟੀ ਡਾਇਰੈਕਟਰ ਬਾਗਬਾਨੀ ਡਾ. ਜਗਦੀਸ਼ ਸਿੰਘ ਨੇ ਦੱਸਿਆ ਕਿ ਕਣਕ-ਝੋਨੇ ਦੇ ਫਸਲੀ ਚੱਕਰ ਵਿੱਚ ਬਾਹਰ ਨਿਕਲ ਕੇ ਸਾਨੂੰ ਖੇਤੀ ਵਿਭਿੰਨਤਾ ਅਪਨਾਉਂਦੇ ਹੋਏ ਦੂਜੀਆਂ ਮੁਨਾਫੇਦਾਰ ਫਸਲਾਂ ਵੱਲ ਧਿਆਨ ਦੇਣ ਦੀ ਲੋੜ ਹੈ ਤਾਂ ਜੋ ਧਰਤੀ ਹੇਠਲੇ ਡਿਗ ਰਹੇ ਪਾਣੀ ਦੇ ਪੱਧਰ ਅਤੇ ਕੁਦਰਤੀ ਸੋਮਿਆਂ ਨੂੰ ਬਚਾਇਆ ਜਾ ਸਕੇ। ਡਿਪਟੀ ਡਾਇਰੈਕਟਰ ਬਾਗਬਾਨੀ ਨੇ ਦੱਸਿਆ ਕੇ ਬਾਗਬਾਨੀ ਨੂੰ ਉਤਸ਼ਾਹਤ ਕਰਨ ਲਈ ਅਤੇ ਤਕਨੀਕੀ ਜਾਣਕਾਰੀ ਦੇਣ ਦੇ ਨਾਲ-ਨਾਲ ਵਿਭਾਗ ਵੱਲੋਂ ਚਲਾਈਆਂ ਜਾ ਪੋਲੀ ਹਾਊਸ/ ਨੈਟ ਹਾਊਸ, ਯੂਨਿਟ ਸਥਾਪਿਤ ਕਰਨ ਅਤੇ ਇਸ ਯੂਨਿਟ ਅਧੀਨ ਫੁੱਲਾਂ ਅਤੇ ਸਬਜ਼ੀਆਂ ਦੀ ਕਾਸ਼ਤ ਕਰਨ ਲਈ, ਸ਼ਹਿਦ ਮੱਖੀ ਪਾਲਣ, ਬਾਗਾਂ ਲਈ ਛੋਟਾ ਟਰੈਕਟਰ, ਪਾਵਰ ਟਿੱਲਰ, ਸਪਰੇਅ ਪੰਪ ਆਦਿ ਗਤੀਵਿਧੀਆਂ 'ਤੇ ਵਿਭਾਗ ਵੱਲੋਂ 40 ਤੋਂ 50 ਪ੍ਰਤੀਸ਼ਤ ਤੱਕ ਉਪਦਾਨ ਦਿੱਤਾ ਜਾਂਦਾ ਹੈ।



ਇਸ ਤੋਂ ਇਲਾਵਾਂ ਫੁੱਲਾਂ ਅਤੇ ਸਬਜ਼ੀਆਂ ਦੀ ਤੁੜਾਈ ਉਪਰੰਤ ਸਾਂਭ ਸੰਭਾਲ ਕਰਨ ਲਈ ਖੇਤ ਵਿੱਚ ਪੈਕ ਹਾਊਸ ਸਟੋਰੇਜ ਯੂਨਿਟ ਆਦਿ 'ਤੇ 35 ਪ੍ਰਤੀਸ਼ਤ ਸਬਸਿਡੀ ਦੀ ਸਹੂਲਤ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਮੌਜੂਦਾ ਸਕੀਮਾਂ ਤੋਂ ਇਲਾਵਾ ਸਰਕਾਰ ਵੱਲੋਂ ਕੁੱਝ ਨਵੀਆਂ ਸਕੀਮਾਂ ਸ਼ੁਰੂ ਕੀਤੀਆਂ ਗਈਆਂ ਹਨ। ਇਨ੍ਹਾਂ ਵਿੱਚ ਬਾਗਾਂ ਅਧੀਨ ਰਕਬਾ ਵਧਾਉਣ ਲਈ ਬਾਗਬਾਨਾਂ ਨੂੰ ਤੁਪਕਾ ਸਿੰਚਾਈ ਅਧੀਨ ਨਵੇਂ ਬਾਗ ਲਗਾਉਣ ਤੇ 10 ਹਜ਼ਾਰ ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ, ਪੋਲੀ ਹਾਊਸ ਦੀ ਸੀਟ ਬਦਲਣ ਲਈ ਕਲੇਡਿੰਗ ਮਟੀਰੀਅਲ ਤੇ ਵੱਧ ਤੋਂ ਵੱਧ 4 ਹਜ਼ਾਰ ਵਰਗ ਮੀਟਰ ਤੱਕ 50 ਪ੍ਰਤੀਸ਼ਤ ਇਨਸੈਨਟਿਵ ਦਿੱਤਾ ਜਾਵੇਗਾ। ਇਸ ਤੋਂ ਇਨ੍ਹਾਂ ਫੁੱਲਾਂ ਅਤੇ ਸਬਜ਼ੀਆਂ ਦੇ ਮੰਡੀਕਰਨ ਲਈ ਬਾਗਬਾਨਾਂ ਨੂੰ ਕਰੇਟਾਂ ਅਤੇ ਗੱਤੇ ਦੇ ਡੱਬਿਆਂ 'ਤੇ 50 ਪ੍ਰਤੀਸ਼ਤ ਸਬਸਿਡੀ ਦੀ ਸਹੂਲਤ ਰੱਖੀ ਗਈ ਹੈ। ਫੁੱਲਾਂ ਦੇ ਬੀਜ ਪੈਦਾਵਾਰ ਲਈ ਕਿਸਾਨਾਂ ਨੂੰ 40 ਪ੍ਰਤੀਸ਼ਤ ਪ੍ਰਤੀ ਏਕੜ ਦੇ ਹਿਸਾਬ ਨਾਲ 14000 ਰੁਪਏ ਸਬਸਿਡੀ ਦੀ ਸਹੂਲਤ ਹੈ।

# ਧਾਮੀ ਵੱਲੋਂ ਸੇਵਾ ਮੁਕਤ ਜੱਜ ਕੁਲਦੀਪ ਸਿੰਘ ਦੇ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੁਪਰੀਮ ਕੋਰਟ ਦੇ ਸੇਵਾ ਮੁਕਤ ਜੱਜ ਕੁਲਦੀਪ ਸਿੰਘ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਜਸਟਿਸ ਕੁਲਦੀਪ ਸਿੰਘ ਇਮਾਨਦਾਰ ਅਤੇ ਮਨੁੱਖਤਾ ਪ੍ਰਤੀ ਹਮਦਰਦੀ ਭਰੀ ਸੋਚ ਰੱਖਣ ਵਾਲੇ ਇਨਸਾਨ ਸਨ, ਜਿਨ੍ਹਾਂ ਵੱਲੋਂ ਸੁਪਰੀਮ ਕੋਰਟ ਦੇ ਬਤੌਰ ਜੱਜ ਵਜੋਂ ਨਿਭਾਈਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਕੁਲਦੀਪ ਸਿੰਘ ਨੇ ਪ੍ਰਦੂਸ਼ਣ ਅਤੇ ਵਾਤਾਵਰਣ ਦੇ ਮਾਮਲਿਆਂ ਵਿਚ ਮਿਸਾਲੀ ਫੈਸਲੇ ਸੁਣਾਏ। ਇਸ ਦੇ ਨਾਲ ਹੀ ਸਿੱਖ ਸੰਘਰਸ਼ ਦੌਰਾਨ ਝੂਠੇ ਪੁਲਸ ਮੁਕਾਬਲਿਆਂ ਦੀ ਜਾਂਚ ਵੀ ਕਰਵਾਈ। ਜਸਟਿਸ ਕੁਲਦੀਪ ਸਿੰਘ ਦਾ ਅਕਾਲ ਚਲਾਣਾ ਸਮਾਜ ਅਤੇ ਪਰਵਾਰ ਲਈ ਵੱਡਾ ਘਾਟਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਜਸਟਿਸ ਕੁਲਦੀਪ ਸਿੰਘ ਦੇ ਪਰਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇਣ ਅਤੇ ਪਰਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

# ਖਾਲਸਾ ਕਾਲਜ 'ਚ ਨਵੀਂ ਸਿੱਖਿਆ ਨੀਤੀ 'ਤੇ ਵਿਸ਼ੇਸ਼ ਸੈਮੀਨਾਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਖਾਲਸਾ ਕਾਲਜ ਦੇ ਅੰਗਰੇਜ਼ੀ ਵਿਭਾਗ ਵੱਲੋਂ ਆਈ. ਆਈ. ਸੀ (ਇੰਸਟੀਟਿਊਸ਼ਨ ਇਨੋਵੇਸ਼ਨ ਕਾਊਂਸਲ) ਦੇ ਸਹਿਯੋਗ ਨਾਲ ਨਵੀਨ ਸਿੱਖਿਆ ਨੀਤੀ (ਐੱਨ. ਈ. ਪੀ.) ਨਾਲ ਵਿਦਿਆਰਥੀਆਂ ਨੂੰ ਜਾਣੂ ਕਰਵਾਉਣ ਲਈ ਬੀਤੇ ਦਿਨੀਂ ਸੈਮੀਨਾਰ ਕਰਵਾਇਆ ਗਿਆ। ਜਿਸ 'ਚ ਕਾਲਜ ਕਾਰਜਕਾਰੀ ਪ੍ਰਿੰਸੀਪਲ ਡਾ. ਅਰਵਿੰਦਰ ਕੌਰ ਕਾਹਲੋਂ ਨੇ ਮੁੱਖ ਮਹਿਮਾਨ ਅਤੇ ਡਾ. ਤਮਿੰਦਰ ਸਿੰਘ ਭਾਟੀਆ ਅਤੇ ਇੰਸਟੀਚਿਊਸ਼ਨ ਇਨੋਵੇਸ਼ਨ ਕਾਊਂਸ਼ਲ ਪ੍ਰਧਾਨ ਡਾ. ਗੁਰਸ਼ਰਨ ਕੌਰ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜਦਕਿ ਖਾਲਸਾ ਕਾਲਜ ਆਫ਼ ਐਜੂਕੇਸ਼ਨ, ਜੀ. ਟੀ. ਰੋਡ ਦੇ ਪ੍ਰਿੰਸੀਪਲ ਡਾ. ਖੁਸ਼ਵਿੰਦਰ ਕੁਮਾਰ ਨੇ ਮੁਖ ਵਕਤਾ ਵਜੋਂ ਹਾਜ਼ਰੀ ਭਰੀ। ਉਕਤ ਪ੍ਰੋਗਰਾਮ ਦਾ ਅਗਾਜ਼ ਕਾਲਜ ਸ਼ਬਦ ਨਾਲ ਕੀਤਾ ਗਿਆ। ਜਿਸ ਉਪਰੰਤ ਵਿਭਾਗ ਮੁਖੀ, ਪ੍ਰੋਫੈਸਰ ਸੁਪਨਿੰਦਰਜੀਤ ਕੌਰ ਨੇ ਆਏ ਹੋਏ ਮਹਿਮਾਨਾਂ ਨੂੰ ਪੌਦੇ ਦੇ ਕੇ ਸਵਾਗਤ ਕਰਨ ਉਪਰੰਤ ਕਿਹਾ ਕਿ ਕਾਲਜ ਆਪਣੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਅਤੇ ਉਨ੍ਹਾਂ 'ਚ ਸਮੇਂ ਦੀਆ ਲੋੜਾਂ ਅਨੁਸਾਰ ਬਦਲਾਵ ਅਤੇ ਕੌਸ਼ਲ ਪੈਦਾ ਕਰਨ ਲਈ ਨਿਰੰਤਰ ਅਜਿਹੇ ਪ੍ਰੋਗਰਾਮਾਂ ਦਾ ਆਯੋਜਨ ਕਰਦਾ ਹੈ। ਇਸ ਮੌਕੇ ਡਾ. ਕਾਹਲੋਂ ਨੇ ਕਿਹਾ ਐੱਨ. ਈ. ਪੀ. ਦੇ ਵਿਸ਼ੇ 'ਤੇ ਆਯੋਜਿਤ ਸੈਮੀਨਾਰ ਵਿਦਿਆਰਥੀਆਂ ਨੂੰ ਸਮੇਂ ਦੀ ਜ਼ਰੂਰਤ ਅਨੁਸਾਰ ਲੋੜੀਂਦੀ ਸਿੱਖਿਆ ਪ੍ਰਾਪਤ ਕਰਨ ਲਈ ਅਤੇ ਸਹੀ ਵਿਸ਼ੇ ਚੁਣਨ ਲਈ ਲਾਹੇਵੰਦ ਸਾਬਤ ਹੋਵੇਗੀ। ਇਸ ਮੌਕੇ ਡਾ. ਕੁਮਾਰ ਨੇ ਨਵੀਨ ਸਿੱਖਿਆ ਨੀਤੀ 'ਤੇ ਚਾਨਣਾ ਪਾਉਂਦਿਆ ਕਿਹਾ ਕਿ ਇਸ ਨਾਲ ਭਾਰਤੀ ਸਿੱਖਿਆ ਅੰਤਰ-ਰਾਸ਼ਟਰੀ ਸਿੱਖਿਆ ਪ੍ਰਣਾਲੀ ਦੇ ਬਰਾਬਰ ਆ ਗਈ ਹੈ। ਉਨ੍ਹਾਂ ਕਿਹਾ ਕਿ ਇਹ ਵਿਦਿਆਰਥੀਆਂ 'ਚ ਕੌਸ਼ਲ ਪੈਦਾ ਕਰੇਗੀ ਜਿਸ ਨਾਲ ਵਿਦਿਆਰਥੀ ਰੋਜ਼ਗਾਰ ਪ੍ਰਾਪਤ ਕਰ ਸਕਣਗੇ। ਉਨ੍ਹਾਂ ਵਿਦੇਸ਼ਾਂ ਵਾਂਗ ਭਾਰਤ 'ਚ ਪੜ੍ਹਾਈ ਦੌਰਾਨ ਵਰਕ ਕਲਚਰ, ਕੰਮ ਕਰਨ ਦੀ ਪ੍ਰਣਾਲੀ ਦਾ ਉਥਾਨ ਕਰਨ ਲਈ ਜ਼ੋਰ ਦਿੱਤਾ ਤਾਂ ਜੋ ਵਿਦੇਸ਼ਾਂ 'ਚ ਜਾਣ ਦੀ ਰੁਚੀ ਘੱਟ ਸਕੇ। ਇਸ ਮੌਕੇ ਡਾ. ਗੁਰਸ਼ਰਨ ਕੌਰ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਇੰਸਟੀਟਿਊਸ਼ਨ ਇਨੋਵੇਸ਼ਨ ਕਾਊਂਸਲ ਦੀ ਸਥਾਪਨਾ ਹਰ ਕਾਲਜ 'ਚ ਕੀਤੀ ਗਈ ਹੈ। ਪ੍ਰੋਗਰਾਮ ਦੇ ਅੰਤ 'ਚ ਡਾ. ਭਾਟੀਆ ਨੇ ਡਾ. ਕੁਮਾਰ ਦਾ ਕਾਲਜ ਦੇ ਵਿਦਿਆਰਥੀਆਂ ਨਾਲ ਆਪਣਾ ਗਿਆਨ ਸਾਂਝਾ ਕਰਨ, ਡਾ. ਕਾਹਲੋਂ ਦੀ ਅਗਵਾਈ ਅਤੇ ਉਕਤ ਵਿਭਾਗ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਅਣਥੱਕ ਯਤਨਾਂ ਲਈ ਧੰਨਵਾਦ ਕੀਤਾ। ਮੰਚ ਦਾ ਸੰਚਾਲਣ ਡਾ. ਸਾਂਵਤ ਸਿੰਘ ਮੰਟੋ ਨੇ ਕੀਤਾ। ਇਸ ਮੌਕੇ ਪ੍ਰੋ: ਮਲਕਿੰਦਰ ਸਿੰਘ, ਪ੍ਰੋ: ਦਲਜੀਤ ਸਿੰਘ, ਡਾ. ਮਮਤਾ ਮਹਿੰਦਰੂ, ਡਾ. ਜਸਵਿੰਦਰ ਕੌਰ ਔਲਖ, ਪ੍ਰੋ: ਪੂਜਾ ਕਾਲੀਆ, ਪ੍ਰੋ: ਗੁਰਪ੍ਰੀਤ ਸਿੰਘ, ਪ੍ਰੋ: ਲੱਖਾ ਸਿੰਘ, ਪ੍ਰੋ: ਹਰਸ਼ ਸਲਾਰੀਆ, ਪ੍ਰੋ: ਸੌਰਵ ਮੇਘ, ਪ੍ਰੋ: ਐੱਮ. ਪੀ. ਮਸੀਹ, ਪ੍ਰੋ: ਹਰਮਨਪ੍ਰੀਤ ਸਿੰਘ, ਪ੍ਰੋ: ਮੇਘਨਾ ਰਾਜਪੂਤ, ਡਾ. ਅਕੀਦਤਪ੍ਰੀਤ ਕੌਰ, ਡਾ. ਅਕਾਂਕਸ਼ਾ ਨੋਟੀਆਲ, ਪ੍ਰੋ: ਵਿਮਲਜੀਤ ਕੌਰ, ਪ੍ਰੋ: ਅਭਿਸ਼ੇਕ ਠਾਕੁਰ, ਪ੍ਰੋ: ਮਹਿਕਦੀਪ ਕੌਰ, ਪ੍ਰੋ: ਰਨਵੀਰ ਸਿੰਘ, ਹੋਰ ਅਧਿਆਪਕਾਂ ਅਤੇ ਐਮ.ਏ. ਅੰਗਰੇਜ਼ੀ, ਬੀ. ਏ. (ਆਨਰਜ) ਇੰਗਲਿਸ਼, ਇੰਗਲਿਸ਼ ਚੋਣਵੀਂ ਅਤੇ ਸੋਸ਼ਲ ਸਾਇੰਜ਼ ਵਿਭਾਗ ਦੇ ਵਿਦਿਆਰਥੀ ਹਾਜ਼ਰ ਸਨ।




# ਸ਼ਹਿਰ ਨਿਵਾਸੀਆਂ ਨੇ ਬਾਂਦਰ ਨੂੰ ਫੜਨ ਦੀ ਕੀਤੀ ਮੰਗ

**ਰਾਹੋਂ ( ਕੁਲਵਿੰਦਰ ਸਿੰਘ ਰਾਹੋਂ)**- ਸਥਾਨਕ ਰਾਹੋਂ ਵਿੱਚ ਕਾਫੀ ਦਿਨਾਂ ਤੋਂ ਵੜੇ ਇੱਕ ਬਾਂਦਰ ਵੱਲੋਂ ਮਚਾਏ ਅਤੰਕ ਕਾਰਣ ਸ਼ਹਿਰ ਨਿਵਾਸੀ ਡਾਢੇ ਪਰੇਸ਼ਾਨ ਹਨ। ਸ਼ਹਿਰ ਨਿਵਾਸੀਆਂ ਨੇ ਦੱਸਿਆ ਕਿ ਕਾਫੀ ਦਿਨਾਂ ਤੋਂ ਰਾਹੋਂ ਦੇ ਮੁਹੱਲਾ ਰੋਤਾਂ ਵਿੱਚ ਇੱਕ ਬਾਂਦਰ ਨੇ ਅਤੰਕ ਮਚਾਇਆ ਹੋਇਆ ਹੈ। ਜਿਸ ਨਾਲ ਮੁਹੱਲਾ ਨਿਵਾਸੀਆਂ ਵਿੱਚ ਸਹਿਮ ਦਾ ਮਾਹੌਲ ਪਾਇਆ ਜਾ ਰਿਹਾ ਹੈ। ਦੂਜੇ ਪਾਸੇ ਜੰਗਲਾਤ ਵਿਭਾਗ ਵੱਲੋਂ ਇਸ ਬਾਂਦਰ ਨੂੰ ਫੜਨ ਲਈ ਕੋਈ ਵੀ ਸਖਤ ਕਦਮ ਨਹੀਂ ਚੁੱਕਿਆ ਜਾ ਰਿਹਾ। ਸ਼ਹਿਰ ਨਿਵਾਸੀਆਂ ਨੇ ਦੱਸਿਆ ਇਸ ਬਾਂਦਰ ਵੱਲੋਂ ਘਰਾਂ ਵਿੱਚ ਵੜ ਕੇ ਘਰਾਂ ਦੇ ਸਮਾਨ ਨੂੰ ਖਿਲਾਰਿਆ ਤੇ ਨੁਕਸਾਨ ਪਹੁੰਚਾਇਆ ਜਾਂਦਾ ਹੈ। ਲੋਕਾਂ ਵੱਲੋਂ ਬਾਂਦਰ ਨੂੰ ਭਜਾਉਣ 'ਤੇ ਉਹ ਛੱਤਾਂ 'ਤੇ ਚੜ੍ਹ ਜਾਂਦਾ ਹੈ ਤੇ ਪਾਣੀ ਵਾਲੀਆਂ ਟੈਂਕੀਆਂ ਆਦਿ ਦੇ ਢੱਕਣ , ਡਿਸ਼, ਤਾਰਾਂ ਉੱਤੇ ਫਰੋਲੇ ਕੱਪੜਿਆਂ ਆਦਿ ਨਾਲ ਛੇੜਛਾੜ ਕਰਕੇ ਉਹਨਾਂ ਦਾ ਨੁਕਸਾਨ ਕਰਦਾ ਹੈ। ਮਹੱਲਾ ਨਿਵਾਸੀਆਂ ਨੇ ਖ਼ਦਸ਼ਾ ਜ਼ਾਹਰ ਕੀਤਾ ਹੈ, ਕਿ ਜੇਕਰ ਇਸ ਬਾਂਦਰ ਵੱਲੋਂ ਕਿਸੇ ਛੋਟੇ ਬੱਚੇ ਜਾਂ ਵਿਅਕਤੀ ਦਾ ਨੁਕਸਾਨ ਕੀਤਾ ਜਾਂਦਾ ਹੈ ਤਾਂ ਇਸ ਦਾ ਜ਼ੁੰਮੇਵਾਰ ਪ੍ਰਸ਼ਾਸਨ ਹੋਵੇਗਾ। ਸਮੂਹ ਸ਼ਹਿਰ ਨਿਵਾਸੀਆਂ ਨੇ ਜੰਗਲਾਤ ਵਿਭਾਗ ਤੋਂ ਮੰਗ ਕੀਤੀ ਕਿ ਰਾਹੋਂ ਵਿੱਚ ਆਏ ਇਸ ਬਾਂਦਰ ਨੂੰ ਫੜ ਕੇ ਨਿਜ਼ਾਤ ਦਿਵਾਈ ਜਾਵੇ।

# ਬਹਿਰਾਮਪੁਰ ਪੁਲਸ ਸਟੇਸ਼ਨ ਵੱਲੋਂ ਪਿੰਡ ਮਕੌੜਾ 'ਚ ਵਿਸ਼ੇਸ਼ ਮੀਟਿੰਗ



**ਦੀਨਾਨਗਰ, (ਸੰਜੀਵ)**-ਡੀ ਜੀ ਪੀ ਪੰਜਾਬ ਦੇ ਹੁਕਮਾਂ ਅਨੁਸਾਰ ਐੱਸ ਐੱਸ ਪੀ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡੀ. ਐੱਸ. ਪੀ. ਓਂਕਾਰ ਸਿੰਘ ਅਤੇ ਅਤੇ ਪੁਲਸ ਸਟੇਸ਼ਨ ਬਹਿਰਾਮਪੁਰ ਦੇ ਮੁਖੀ ਓਂਕਾਰ ਸਿੰਘ ਵੱਲੋਂ ਥਾਣਾ ਬਹਿਰਾਮਪੁਰ ਦੇ ਅੰਦਰ ਆਉਂਦੇ ਪਿੰਡ ਮਕੌੜਾ ਵਿਖੇ ਮਿਸ਼ਨ ਨਿਸ਼ਚੇ ਤਹਿਤ ਇਕ ਵਿਸ਼ੇਸ਼ ਤੇ ਸਾਂਝੀ ਮੀਟਿੰਗ ਕੀਤੀ ਗਈ, ਜਿਸ ਵਿੱਚ ਪਿੰਡ ਮਕੌੜਾ ਤੋਂ ਇਲਾਵਾ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦਿਆਂ, ਸਮਾਜ ਸੇਵੀ, ਕਿਸਾਨ ਆਗੂ, ਵਪਾਰੀ ਜਥੇਬੰਦੀਆਂ ਦੇ ਨੁਮਾਇੰਦੇ, ਵੀ.ਡੀ.ਸੀ. ਸ਼ਾਮਲ ਸਨ। ਇਸ ਮੀਟਿੰਗ ਵਿੱਚ ਨਸ਼ਿਆਂ ਨੂੰ ਠੱਲ੍ਹ ਪਾਉਣ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਗ਼ੈਰ ਕਾਨੂੰਨੀ ਗਤੀਵਿਧੀਆਂ ਬਾਰੇ ਪੁਲਸ ਨੂੰ ਸੂਚਨਾ ਦੇਣ ਲਈ ਅਤੇ ਹੈਲਪਲਾਈਨ ਨੰਬਰਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਜਨਤਾ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕੀਤਾ ਗਿਆ। ਇਸ ਮੌਕੇ ਪਿੰਡ ਦੇ ਪਤਵੰਤੇ ਅਤੇ ਪੁਲਸ ਮੁਲਾਜ਼ਮ ਮੌਜੂਦ ਸਨ।

# ਬਾਬਾ ਬਿਬੇਕ ਸਿੰਘ ਵੱਲੋਂ ਡੱਲੇਵਾਲ ਦੀ ਗ੍ਰਿਫ਼ਤਾਰੀ ਦੀ ਕਰੜੇ ਸ਼ਬਦਾਂ 'ਚ ਨਿੰਦਾ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**

ਬੀਤੇ ਕਾਫੀ ਲੰਮੇ ਸਮੇਂ ਤੋਂ ਦੇਸ਼ ਭਰ ਦੇ ਕਿਸਾਨਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕਿ ਅੰਦੋਲਨ ਚੱਲ ਰਿਹਾ ਹੈ ਅਤੇ ਅੰਦੋਲਨ ਨੂੰ ਤਰ੍ਹਾਂ



ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਵੀ ਕਰਨਾ ਪੈ ਰਿਹਾ ਹੈ। ਕਿਸਾਨਾਂ ਨੂੰ ਸ਼ਹੀਦੀਆਂ ਵੀ ਦੇਣੀਆਂ ਪੈ ਰਹੀਆਂ ਹਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਬੀਤੇ ਦਿਨ ਜਦੋਂ ਜਗਜੀਤ ਸਿੰਘ ਡੱਲੇਵਾਲ ਵੱਲੋਂ ਆਪਣੇ ਕਿਸਾਨ ਭਰਾਵਾਂ ਦੀਆਂ ਹੱਕੀ ਮੰਗਾਂ ਨੂੰ ਮਨਾਉਣ ਲਈ ਮਰਨ ਵਰਤ ਦਾ ਐਲਾਨ ਕੀਤਾ ਗਿਆ ਤਾਂ ਕੁਝ ਘੰਟੇ ਪਹਿਲਾਂ ਹਕੂਮਤ ਵੱਲੋਂ ਉਨ੍ਹਾ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ, ਜਿਸ ਗ੍ਰਿਫ਼ਤਾਰੀ ਦਾ ਕਰੜੇ ਸ਼ਬਦਾਂ ਵਿਚ ਵਿਰੋਧ ਕੀਤਾ ਜਾਂਦਾ ਹੈ ਅਤੇ ਕਿਸਾਨ ਭਰਾਵਾਂ ਨੂੰ ਪੂਰਨ ਹਮਾਇਤ ਦਿੱਤੀ ਜਾਂਦੀ ਹੈ। ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਅੱਜ ਜੰਡਿਆਲਾ ਗੁਰੂ ਤੋਂ ਕਿਸਾਨ ਆਗੂ ਸਤਨਾਮ ਸਿੰਘ, ਅਵਤਾਰ ਸਿੰਘ ਧੀਰੇਕੋਟ ਅਤੇ ਦਲਜੀਤ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ ਭਾਰੀ ਸੰਗਤਾਂ ਦੇ ਕਾਫ਼ਲਾ ਖਨੌਰੀ ਬਾਰਡਰ ਲਈ ਰਵਾਨਾ ਹੋਇਆ। ਇਸ ਮੌਕੇ ਬਾਬਾ ਬਿਬੇਕ ਸਿੰਘ ਨੇ ਸਿਰਪਾਓ ਦੇ ਕੇ ਕਿਸਾਨ ਆਗੂਆਂ ਨੂੰ ਕੀਤਾ ਸਨਮਾਨਤ ਕੀਤਾ। ਜਦੋਂ ਇਹ ਕਾਫਲਾ ਜੰਡਿਆਲਾ ਗੁਰੂ ਤੋਂ ਚੱਲ ਕੇ ਹਰੀਕੇ ਨਹਿਰ ਤੇ ਪਹੁੰਚਿਆ ਤਾਂ ਇੱਥੇ ਸੰਗਤਾਂ ਦੇ ਸਹਿਯੋਗ ਨਾਲ ਖਨੌਰੀ ਬਾਰਡਰ 'ਤੇ ਜਾ ਰਹੀਆਂ ਸੰਗਤਾਂ ਲਈ ਲੰਗਰ ਲਗਾਏ ਗਏ। ਉਨ੍ਹਾ ਕਿਹਾ ਕਿ ਸਰਕਾਰ ਨੂੰ ਕਿਸਾਨਾਂ ਦੀਆਂ ਹੱਕੀ ਮੰਗਾਂ ਮੰਨਣੀਆਂ ਚਾਹੀਦੀਆਂ ਹਨ।

# ਵਧੀਕ ਡਿਪਟੀ ਕਮਿਸ਼ਨਰ ਵੱਲੋਂ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ

**ਡੇਰਾ ਬਾਬਾ ਨਾਨਕ, ਗੁਰਦਾਸਪੁਰ, (ਰਮੇਸ਼ ਸ਼ਰਮਾ, ਜਨਕ ਮਹਾਜਨ)**

ਵਿਧਾਨ ਸਭਾ ਚੋਣ ਹਲਕਾ 10-ਡੇਰਾ ਬਾਬਾ ਨਾਨਕ ਦੀ ਫੋਟੋ ਵੋਟਰ ਸੂਚੀ ਦੀ ਮੁਢਲੀ ਪ੍ਰਕਾਸ਼ਨਾ ਅੱਜ ਕੀਤੀ ਗਈ ਹੈ। ਸੁਰਿੰਦਰ ਸਿੰਘ ਵਧੀਕ ਜ਼ਿਲ੍ਹਾ ਚੋਣ ਅਫਸਰ-ਕਮ-ਵਧੀਕ ਡਿਪਟੀ ਕਮਿਸ਼ਨਰ ਗੁਰਦਾਸਪੁਰ ਵਲੋਂ ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ ਅਤੇ ਉਨ੍ਹਾਂ ਨੂੰ ਫੋਟੋ ਵੋਟਰ ਸੂਚੀਆਂ ਅਤੇ ਸੀ. ਡੀਜ਼ ਸੌਂਪੀਆਂ ਗਈਆਂ। ਇਸ ਮੌਕੇ ਕਾਂਗਰਸ ਪਾਰਟੀ ਤੋਂ ਗੁਰਵਿੰਦਰਪਾਲ, ਆਪ ਪਾਰਟੀ ਤੋਂ ਭਾਰਤ ਭੂਸ਼ਣ ਵਰਮਾ ਤੇ ਸੁਭਾਸ਼ ਚੋਧਰੀ, ਭਾਜਪਾ ਤੋਂ ਰਾਜਨ ਗੋਇਲ, ਸ਼੍ਰੋਮਣੀ ਅਕਾਲੀ ਦਲ ਤੋਂ ਹਰਵਿੰਦਰ ਸਿੰਘ, ਸੀ ਪੀ ਆਈ (ਐਮ) ਤੋਂ ਮੁਹਿੰਦਰ ਸਿੰਘ, ਬਸਪਾ ਤੋਂ ਜੇ.ਪੀ. ਭਗਤ ਅਤੇ ਰਜਿੰਦਰ ਕੁਮਾਰ ਤੋਂ ਮਨਜਿੰਦਰ ਸਿੰਘ ਚੋਣ ਤਹਿਸੀਲਦਾਰ ਵੀ ਹਾਜ਼ਰ ਸਨ। ਇਸ ਮੌਕੇ ਸੁਰਿੰਦਰ ਸਿੰਘ ਵਧੀਕ ਜ਼ਿਲ੍ਹਾ ਚੋਣ ਅਫਸਰ-ਕਮ-ਵਧੀਕ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨਰ ਵਲੋਂ ਵਿਧਾਨ ਸਭਾ ਚੋਣ ਡੇਰਾ ਬਾਬਾ ਨਾਨਕ ਵਿਖੇ ਉਪ ਚੋਣ 2024 ਦੇ ਮੱਦੇਨਜ਼ਰ ਯੋਗਤਾ ਮਿਤੀ 1-1-2025 ਦੇ ਆਧਾਰ 'ਤੇ ਫੋਟੋ ਵੋਟਰ ਸੂਚੀ ਦੀ ਸੁਧਾਈ ਦਾ ਕੰਮ ਮੁਲਤਵੀ ਕੀਤਾ ਗਿਆ ਸੀ। ਮੁੱਖ ਚੋਣ ਅਫਸਰ ਪੰਜਾਬ ਵਲੋਂ ਪ੍ਰਾਪਤ ਨਵੇਂ ਸ਼ਡਿਊਲ ਅਨੁਸਾਰ ਵਿਧਾਨ ਸਭਾ ਚੋਣ ਹਲਕਾ ਡੇਰਾ ਬਾਬਾ ਨਾਨਕ ਵਿੱਚ ਯੋਗਤਾ 1-1-2025 ਦੇ ਆਧਾਰ 'ਤੇ ਫੋਟੋ ਵੋਟਰ ਸੂਚੀ ਦੀ ਸਪੈਸ਼ਲ ਸਰਸਰੀ ਸੁਧਾਈ ਦਾ ਕੰਮ ਸ਼ੁਰੂ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਅੱਜ ਵੋਟਰ ਸੂਚੀ ਦੀ ਪਬਲੀਕੇਸਨ ਕੀਤੀ ਗਈ ਹੈ। 27 ਨਵੰਬਰ ਤੋਂ 12 ਦਸੰਬਰ ਤੱਕ ਬੀ.ਐਲ.ਓਜ਼ ਵਲੋਂ ਦਾਅਵੇ ਤੇ ਇਤਰਾਜ਼ ਪ੍ਰਾਪਤ ਕੀਤੇ ਜਾਣੇ ਹਨ ਜਦਕਿ 30 ਨਵੰਬਰ ਅਤੇ 8 ਦਸੰਬਰ ਨੂੰ ਵਿਸ਼ੇਸ ਕੈਂਪ ਲਗਾ ਕੇ ਲੈਵਲ ਅਫਸਰਾਂ ਵਲੋਂ ਬਿਨੈਕਾਰਾਂ ਪਾਸੋਂ ਫਾਰਮ ਪ੍ਰਾਪਤ ਕੀਤੇ ਜਾਣਗੇ। ਜਿਸ ਪਿੱਛੋਂ 24 ਦਸੰਬਰ ਨੂੰ ਦਾਅਵੇ ਤੇ ਇਤਰਾਜ਼ਾਂ ਦਾ ਨਿਪਟਾਰਾ ਹੋਵੇਗਾ, ਪਹਿਲੀ



ਜਨਵਰੀ ਨੂੰ ਡਾਟਾਬੇਸ ਦੀ ਅਪਡੇਟਿੰਗ ਅਤੇ ਸਪਲੀਮੈਂਟ ਦੀ ਛਪਾਈ ਹੋਵੇਗੀ ਅਤੇ 6 ਜਨਵਰੀ ਨੂੰ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਹੋਵੇਗੀ। ਉਨ੍ਹਾਂ ਸਮੂਹ ਰਾਜਸੀ ਪਾਰਟੀਆਂ ਦੇ ਪ੍ਰਤੀਨਿਧਾਂ ਨੂੰ ਬੇਨਤੀ ਕੀਤੀ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੋਲਿੰਗ ਬੂਥਵਾਈਜ਼ ਬੂਥ ਲੈਵਲ ਏਜੰਟ ਨਿਯੁਕਤ ਕਰਕੇ ਉਨਾਂ ਦੀਆਂ ਸੂਚੀਆਂ ਜ਼ਿਲ੍ਹਾ ਚੋਣ ਦਫਤਰ ਨੂੰ ਭੇਜੀਆਂ ਜਾਣ। ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਵਿੱਚ ਕੁਲ 242 ਪੋਲਿੰਗ ਸਟੇਸ਼ਨ ਹਨ। ਕੁਲ ਵੋਟਰ 193376 ਹਨ ਜਿਨ੍ਹਾਂ ਵਿੱਚ ਮਰਦ 101825, ਔਰਤਾਂ 91544 ਅਤੇ 7 ਥਰਡ ਜੈਂਡਰ ਹਨ, ਸਰਵਿਸ ਵੋਟਰ 2228 ਹਨ।

# ਡਿਪਟੀ ਕਮਿਸ਼ਨਰ ਵੱਲੋਂ ਕਾਦੀਆਂ 'ਚ ਸਾਲਾਨਾ ਜਲਸੇ ਦੀਆਂ ਤਿਆਰੀਆਂ ਸੰਬੰਧੀ ਅਧਿਕਾਰੀਆਂ ਨਾਲ ਮੀਟਿੰਗ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**

ਉਮਾ ਸ਼ੰਕਰ ਗੁਪਤਾ, ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀ ਪ੍ਰਧਾਨਗੀ ਹੇਠ ਅਹਿਮਦੀਆ ਮੁਸਲਿਮ ਕਮਿਊਨਿਟੀ ਕਾਦੀਆਂ ਵਲੋਂ ਸਲਾਨਾ ਜਲਸਾ, ਜੋ 27, 28 ਅਤੇ 29 ਦਸੰਬਰ ਨੂੰ ਕਾਦੀਆਂ ਵਿਖੇ ਕਰਵਾਇਆ ਜਾ ਰਿਹਾ ਹੈ, ਦੇ ਸਬੰਧ ਵਿਚ ਕੀਤੀਆਂ ਜਾਣ ਵਾਲੀਆਂ ਤਿਆਰੀਆਂ ਸਬੰਧੀ ਕਾਦੀਆਂ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਸੁਹੇਲ ਕਾਸਿਮ ਮੀਰ, ਐਸ.ਐਸ.ਪੀ ਬਟਾਲਾ, ਸੁਰਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ ਅਤੇ ਵਿਕਰਮਜੀਤ ਸਿੰਘ ਐਸ.ਡੀ.ਐਮ ਬਟਾਲਾ ਵੀ ਮੌਜੂਦ ਸਨ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਪੁਲਸ ਅਧਿਕਾਰੀਆਂ ਨੂੰ ਸੁਰੱਖਿਆ ਦੇ ਪ੍ਰਬੰਧ, ਪੀ.ਡਬਲਿਊ.ਡੀ ਵਿਭਾਗ ਨੂੰ ਸੜਕਾਂ ਦੀ ਰਿਪੇਅਰ ਕਰਨ ਸਬੰਧੀ, ਬਿਜਲੀ ਵਿਭਾਗ ਦੇ ਅਧਿਕਾਰੀਆਂ ਨੂੰ ਬਿਜਲੀ ਦੀਆਂ ਤਾਰਾਂ ਠੀਕ ਕਰਨ, ਈ.ਓ ਕਾਦੀਆਂ ਨੂੰ ਸਟਰੀਟ ਲਾਈਟਾਂ ਠੀਕ ਕਰਨ ਸਬੰਧੀ, ਮੰਡੀ ਬੋਰਡ ਨੂੰ ਆਰਜ਼ੀ ਤੌਰ 'ਤੇ ਟਾਇਲਟਸ ਦਾ ਪ੍ਰਬੰਧ ਕਰਨ ਬਾਰੇ, ਸਿਹਤ ਵਿਭਾਗ ਨੂੰ ਮੈਡੀਕਲ ਟੀਮਾਂ ਤੇ ਐਂਬੂਲੈਂਸਾਂ ਦਾ ਪ੍ਰਬੰਧ ਕਰਨ ਸਬੰਧੀ, ਬੀ ਡੀ ਪੀ ਓ ਕਾਦੀਆਂ ਨੂੰ ਸੈਲਫ ਹੈਲਪ ਗਰੁੱਪਾਂ ਦਾ ਸਟਾਲ ਲਗਵਾਉਣ ਸਬੰਧੀ ਹਦਾਇਤ ਕੀਤੀ ਗਈ। ਇਸ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਕਾਦੀਆਂ ਵਿਖੇ ਕਰਵਾਏ ਜਾ ਰਹੇ ਤਿੰਨ ਦਿਨਾਂ ਸਲਾਨਾ



ਜਲਸੇ ਦੀਆਂ ਤਿਆਰੀਆਂ ਵਿਚ ਕੋਈ ਕਮੀ ਨਾ ਰਹਿਣ ਦਿੱਤੀ ਜਾਵੇ।ਇਸ ਮੌਕੇ ਤਹਿਸੀਲਦਾਰ ਬਟਾਲਾ ਜਗਤਾਰ ਸਿੰਘ, ਨਾਇਬ ਤਹਿਸੀਲਦਾਰ ਕਾਦੀਆਂ ਨਿਰਮਲ ਸਿੰਘ, ਡੀ.ਐਫ.ਐਸ.ਸੀ ਸੁਖਜਿੰਦਰ ਸਿੰਘ, ਅਹਿਮਦੀਆ ਮੁਸਲਿਮ ਕਮਿਊਨਿਟੀ ਦੇ ਜਲਸਾ ਸਾਲਾਨਾ ਅਫਸਰ ਮਖਦੂਮ ਸ਼ਰੀਫ, ਸੈਕਰਟੀ ਜਨਰਲ ਮਾਮਲੇ ਅਤੁਲ ਮੋਮਨ, ਸੈਕਟਰੀ ਵਿਦੇਸ਼ੀ ਮਾਮਲੇ ਅਹਸਨ ਗੌਰੀ, ਯੂਥ ਪ੍ਰਧਾਨ ਸ਼ਾਮੀਨ ਗੌਰੀ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਸ੍ਰੀ ਗੁਰੂ ਨਾਨਕ ਦੇਵ ਜੀ ਦਾ ਗੁਰਪੁਰਬ ਮਨਾਇਆ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**

ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਦੀ ਰਹਿਨੁਮਾਈ ਹੇਠ ਚੱਲ ਰਹੀਆਂ ਸੰਸਥਾਵਾਂ ਸ੍ਰੀ ਗੁਰੂ ਹਰਗੋਬਿੰਦ ਸਾਹਿਬ



ਖਾਲਸਾ ਕਾਲਜ ਫਾਰ ਵਿਮੈਨ, ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਜੀ. ਕੇ. ਬੀ ਇੰਟਰਨੈਸ਼ਨਲ ਸਕੂਲ ਗੁਰੂ ਕੀ ਬੇਰ ਮੱਤੇਵਾਲ ਵੱਲੋਂ ਪਹਿਲੀ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਗੁਰਪੁਰਬ ਬੜੇ ਉਤਸ਼ਾਹ ਤੇ ਪ੍ਰੇਮ ਭਾਵਨਾ ਨਾਲ ਮਨਾਇਆ ਗਿਆ। ਜਿਸ ਵਿੱਚ ਪਾਠ ਦੇ ਭੋਗ ਉਪਰੰਤ ਦੀਵਾਨ ਸਜਾਇਆ ਗਿਆ ਅਤੇ ਇਸ ਵਿੱਚ ਸਕੂਲ, ਕਾਲਜ ਦੇ ਵਿਦਿਆਰਥੀਆਂ ਨੇ ਕੋਰੀਓਗ੍ਰਾਫੀ, ਸ਼ਬਦ ਕੀਰਤਨ, ਭਾਸ਼ਣ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਤੋਂ ਬਾਅਦ ਸੰਸਥਾ ਪ੍ਰਧਾਨ ਸੰਤ ਬਾਬਾ ਸੱਜਣ ਸਿੰਘ ਵੱਲੋਂ ਬੱਚਿਆਂ ਨੂੰ ਅਕਾਦਮਿਕ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਾਲਜ ਕੋਆਰਡੀਨੇਟਰ ਧੰਨਾ ਸਿੰਘ, ਪ੍ਰਿੰਸੀਪਲ ਗੁਰਸੇਵਕ ਸਿੰਘ (ਪੰਜਾਬ ਸਕੂਲ ਸਿੱਖਿਆ ਬੋਰਡ), ਪ੍ਰਿੰਸੀਪਲ ਸ਼ੈਲੀ ਮਹਾਜਨ (ਸੀ .ਬੀ .ਐਸ .ਈ ) ਨੇ ਸੰਸਥਾ ਪ੍ਰਧਾਨ ਸੰਤ ਬਾਬਾ ਸੱਜਣ ਸਿੰਘ, ਉਨ੍ਹਾਂ ਨਾਲ ਆਏ ਹੋਏ ਪਤਵੰਤੇ ਸੱਜਣਾਂ ਤੇ ਬੱਚਿਆਂ ਦੇ ਮਾਪਿਆਂ ਨੂੰ ਜੀ ਆਇਆਂ ਆਖਿਆ ਅਤੇ ਧੰਨਵਾਦ ਕੀਤਾ।ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਨਿੰਦਰ ਸਿੰਘ ਭੋਏ, ਬਾਬਾ ਜੱਸਾ ਸਿੰਘ, ਰਣਜੀਤ ਸਿੰਘ ਬਾਬੋਵਾਲ, ਬਾਬਾ ਰਾਜਾ, ਜਗਰੂਪ ਸਿੰਘ ਬੋਪਾਰਾਏ, ਗੁਰਬਾਜ ਸਿੰਘ, ਅਵਤਾਰ ਸਿੰਘ ਬੋਪਾਰਾਏ, ਮੇਜਰ ਸਿੰਘ, ਸੁਖਵਿੰਦਰ ਸਿੰਘ ਬਾਠ, ਜਸਵਿੰਦਰ ਸਿੰਘ, ਵੀਰ ਸਿੰਘ, ਪਲਵਿੰਦਰ ਸਿੰਘ, ਰਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਸਰਬਜੀਤ ਸਿੰਘ ਤੇ ਸਮੂਹ ਸਕੂਲ ਸਟਾਫ ਹਾਜ਼ਰ ਸੀ।

# ਪੰਡੋਰੀ ਮਹੰਤਾਂ ਦੀਆਂ ਮੁੱਖ ਸੜਕਾਂ ਤੇ ਸੰਪਰਕ ਸੜਕਾਂ ਦੀ ਹਾਲਤ ਬੇਹੱਦ ਖਸਤਾ

**ਗੁਰਦਾਸਪੁਰ, (ਜਨਕ ਮਹਾਜਨ)**

ਪੰਡੋਰੀ ਮਹੰਤਾਂ ਦੇ ਆਲੇ-ਦੁਆਲੇ ਮੁੱਖ ਸੜਕਾਂ ਅਤੇ ਸੰਪਰਕ ਸੜਕਾਂ ਦੀ ਹਾਲਤ ਬੇਹੱਦ ਖਸਤਾ ਹੋਈ



ਪਈ ਹੈ ਤੇ ਸਬੰਧਤ ਵਿਭਾਗ ਸਭ ਕੁਝ ਜਾਣਦਾ ਹੋਇਆ ਵੀ ਚੁੱਪੀ ਧਾਰੀ ਬੈਠਾ ਹੈ। ਜਿਸ ਕਰਕੇ ਇਲਾਕੇ ਦੇ ਲੋਕਾਂ ਦਾ ਜ਼ਿਲ੍ਹਾ ਪ੍ਰਸ਼ਾਸਨ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਇਲਾਕਾ ਵਾਸੀਆਂ ਨੇ ਦੱਸਿਆ ਕਿ ਇਹ ਸੜਕਾਂ ਕੁਝ ਸਾਲ ਪਹਿਲਾਂ ਬਣੀਆਂ ਸਨ ਅਤੇ ਪਿਛਲੇ ਸਾਲ ਬੇਮੌਸਮੀ ਬਰਸਾਤ ਨੇ ਸੜਕਾਂ ਨੂੰ ਬੁਰੀ ਤਰ੍ਹਾਂ ਨਾਲ ਤੋੜ ਕੇ ਰੱਖ ਦਿੱਤਾ ਹੈ। ਇਨ੍ਹਾਂ ਸੜਕਾਂ ਦੀ ਅਜੇ ਤੀਕ ਕੋਈ ਵੀ ਮੁਰੰਮਤ ਨਹੀਂ ਕਰਵਾਈ ਗਈ ਜਿਸ ਕਾਰਨ ਇਨ੍ਹਾਂ ਤੋਂ ਦੀ ਲੰਘਣਾ ਬੇਹੱਦ ਔਖਾ ਹੋਇਆ ਪਿਆ ਹੈ। ਇਲਾਕੇ ਦੇ 72 ਪਿੰਡਾਂ ਦੀ ਆਵਾਜਾਈ ਤੋਂ ਇਲਾਵਾ ਵੱਡੇ ਵਾਹਨ ਇਨ੍ਹਾਂ ਖਸਤਾ ਹਾਲਤ ਸੜਕਾਂ 'ਤੇ ਰੋਜ਼ਾਨਾ ਗੁਜ਼ਰਦੇ ਹਨ। ਇਸ ਸੜਕ 'ਤੇ ਇਤਿਹਾਸਿਕ ਪੰਡੋਰੀ ਧਾਮ ਤੇ ਅਨੇਕਾਂ ਗੁਰਦੁਆਰੇ ਹਨ ਜਿੱਥੋਂ ਦੀ ਸ਼ਰਧਾਲੂ ਰੋਜ਼ਾਨਾ ਆਉਂਦੇ-ਜਾਂਦੇ ਰਹਿੰਦੇ ਹਨ। ਇਲਾਕਾ ਵਾਸੀਆਂ ਨੇ ਸਬੰਧਤ ਵਿਭਾਗ ਪਾਸੋਂ ਮੰਗ ਕੀਤੀ ਗਈ ਪੰਡੋਰੀ ਮਹੰਤਾਂ ਦੀਆਂ ਮੁੱਖ ਸੜਕਾਂ ਤੇ ਸੰਪਰਕ ਸੜਕਾਂ ਦੀ ਮੁਰੰਮਤ ਪਹਿਲ ਆਧਾਰ 'ਤੇ ਕਰਵਾਈ ਜਾਵੇ ਤਾਂ ਜੋ ਰਾਹਗੀਰਾਂ ਨੂੰ ਆ ਰਹੀ ਮੁਸ਼ਕਲ ਤੋਂ ਨਿਜਾਤ ਮਿਲ ਸਕੇ।

# ਕਸਬੇ 'ਚ ਦੁਕਾਨਾਂ ਅੱਗ ਦੀ ਭੇਟ ਚੜ੍ਹੀਆਂ



**ਮਜੀਠਾ (ਸੋਇਮ ਆਨੰਦ)**

ਕਸਬਾ ਮਜੀਠਾ ਦੇ ਪੁਰਾਣੇ ਬੱਸ ਅੱਡੇ 'ਚ ਤਿੰਨ ਦੁਕਾਨਾਂ ਨੂੰ ਲੱਗੀ ਅੱਗ ਨਾਲ ਭਾਰੀ ਨੁਕਸਾਨ ਹੋਣ ਦਾ ਸਮਾਚਾਰ ਹੈ। ਪ੍ਰਾਪਤ ਵੇਰਵੇ ਅਨੁਸਾਰ ਕਸਬਾ ਮਜੀਠਾ ਦੇ ਪੁਰਾਣੇ ਬੱਸ ਅੱਡੇ 'ਚ ਮੇਨ ਰੋਡ 'ਤੇ ਬੀਤੀ ਕਰੀਬ 1 ਵਜੇ ਅਚਾਨਕ ਅੱਗ ਨਾਲ ਤਿੰਨ ਦੁਕਾਨਾਂ ਜਿਨ੍ਹਾ ਵਿੱਚ ਨੀਰਜ ਸ਼ਰਮਾ ਦੀਆਂ ਦੋ ਦੁਕਾਨਾਂ, ਇੱਕ ਪਾਨ ਦੀ, ਇੱਕ ਫਾਸਟ ਫੂਡ ਦੀ ਅੱਗ ਨਾਲ ਸੜ ਕੇ ਸੁਆਹ ਹੋ ਗਈਆਂ। ਇਸੇ ਤਰ੍ਹਾਂ ਦੋ ਦੁਕਾਨਾ ਇੱਕ ਪ੍ਰੇਮ ਮਹਾਜਨ ਦੀ ਸਬਜ਼ੀ ਦੀ ਦੁਕਾਨ ਤੇ ਦੂਜੀ ਮੁਖਤਾਰ ਸਿੰਘ ਦੀ ਫਲਾਂ ਦੀ ਦੁਕਾਨ ਵੀ ਪੂਰੀ ਤਰ੍ਹਾਂ ਨਾਲ ਸੜ ਗਈਆਂ। ਨੀਰਜ ਸ਼ਰਮਾ ਨੇ ਦੱਸਿਆ ਕਿ ਉਸ ਦੀਆਂ ਪਨਵਾੜੀ ਤੇ ਫਾਸਟ ਫੂਡ ਦੀਆਂ ਦੁਕਾਨਾਂ ਦੇ ਉਪਰਲੀ ਮੰਜ਼ਲ 'ਤੇ ਮੋਬਾਇਲਾਂ ਦੀ ਦੁਕਾਨ ਸੀ ਜੋ ਪੂਰੀ ਤਰਾਂ ਸੜ ਕੇ ਸਆਹ ਹੋ ਗਈ ਹੈ। ਉਸ ਨੇ ਦੱਸਿਆ ਕਿ ਅੱਗ ਲੱਗਣ ਨਾਲ ਸਾਡਾ ਕਰੀਬ 30 ਤੋਂ 35 ਲੱਖ ਰੁਪਏ ਦੇ ਨੁਕਸਾਨ ਹੋਇਆ ਹੈ। ਉਨ੍ਹਾਂ ਦੱਸਿਆ ਕਿ ਅੱਗ 'ਤੇ ਕਾਬੂ ਪਾਉਣ ਲਈ ਅੰਮ੍ਰਿਤਸਰ ਤੋਂ ਕਰੀਬ ਡੇਢ ਘੰਟੇ ਬਾਅਦ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਆਈਆਂ, ਜਦੋਂ ਕਿ ਨਗਰ ਕੌਂਸਲ ਮਜੀਠਾ ਦੀਆਂ ਫਾਇਰ ਬ੍ਰਿਗੇਡ ਦੀਆਂ ਗੱਡੀਆ ਆ ਜਾਂਦੀਆਂ ਤਾਂ ਉਨ੍ਹਾਂ ਦਾ ਏਨਾ ਨੁਕਸਾਨ ਨਹੀਂ ਸੀ ਹੋਣਾ । ਇਸ ਮੌਕੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਜਗਵਿੰਦਰਪਾਲ ਸਿੰਘ ਜੱਗਾ ਮਜੀਠਾ ਨੇ ਮੌਕੇ 'ਤੇ ਪਹੁੰਚ ਕੇ ਪੀੜਤ ਦੁਕਾਨਦਾਰਾਂ ਨਾਲ ਹਮਦਰਮੀ ਪ੍ਰਗਟਾਈ ਤੇ ਸਰਕਾਰ ਤੋਂ ਮੰਗ ਕੀਤੀ ਕਿ ਪੀੜਤ ਦੁਕਾਨਾਦਾਰਾਂ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਦਿੱਤਾ ਜਾਵੇ। ਪੀੜਤ ਦੁਕਾਨਦਾਰ ਮੁਖਤਾਰ ਸਿੰਘ, ਪ੍ਰੇਮ ਮਹਾਜਨ ਤੇ ਨੀਰਜ ਸ਼ਰਮਾ ਨੇ ਵੀ ਸਰਕਾਰ ਤੋਂ ਮੁਆਵਜ਼ੇ ਦੀ ਮੰਗ ਕੀਤੀ ਹੈ।

ਨਵਾਂ ਜ਼ਮਾਨਾ
ਸ਼ੁੱਕਰਵਾਰ, 29 ਨਵੰਬਰ 2024

# ਪ੍ਰਧਾਨ ਮੰਤਰੀ ਦੀ ਭਾਸ਼ਾ

*ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੰਸਦ ਦਾ ਸਰਦ ਰੁੱਤ ਅਜਲਾਸ ਸ਼ੁਰੂ ਹੋਣ ਦੇ ਮੌਕੇ ਕਿਹਾ ਕਿ ਲੋਕਾਂ ਵੱਲੋਂ 80-90 ਵਾਰ ਨਕਾਰੇ ਲੋਕ ਗੁੰਡਾਗਰਦੀ ਕਰਕੇ ਸੰਸਦ ਦੀ ਕਾਰਵਾਈ ਨਹੀਂ ਚੱਲਣ ਦਿੰਦੇ। ਲਗਦਾ ਹੈ ਕਿ ਮੋਦੀ ਨੇ ਆਪੋਜ਼ੀਸ਼ਨ ਪ੍ਰਤੀ ਸਨਮਾਨਜਨਕ ਸ਼ਬਦਾਂ ਦੇ ਇਸਤੇਮਾਲ ਤੋਂ ਦੂਰੀ ਬਣਾਏ ਰੱਖਣ ਦਾ ਸੰਕਲਪ ਲੈ ਰੱਖਿਆ ਹੈ। ਉਨ੍ਹਾ ਨੂੰ ਚੇਤੇ ਰੱਖਣਾ ਚਾਹੀਦਾ ਹੈ ਕਿ 2004 ਦੀਆਂ ਲੋਕ ਸਭਾ ਚੋਣਾਂ 'ਚ ਅਟਲ ਬਿਹਾਰੀ ਵਾਜਪਾਈ ਦੀ ਅਗਵਾਈ 'ਚ ਐੱਨ ਡੀ ਏ ਨੇ ਇੰਡੀਆ ਸ਼ਾਈਨਿੰਗ ਤੇ ਫੀਲ ਗੁੱਡ ਦੇ ਨਾਅਰਿਆਂ ਨਾਲ ਚੋਣ ਲੜੀ ਸੀ ਤੇ ਲੋਕਾਂ ਨੇ ਉਸ ਨੂੰ ਇੱਕੋ ਝਟਕੇ 'ਚ ਨਕਾਰ ਦਿੱਤਾ ਸੀ। 2009 ਵਿੱਚ ਵੀ ਐੱਨ ਡੀ ਏ ਨੂੰ ਨਕਾਰ ਦਿੱਤਾ ਗਿਆ ਸੀ। 2014 ਵਿੱਚ ਭਾਜਪਾ ਦੇ ਸੱਤਾ 'ਚ ਆਉਣ ਤੋਂ ਬਾਅਦ ਮੋਦੀ ਨੇ 'ਕਾਂਗਰਸ-ਮੁਕਤ ਭਾਰਤ' ਦੇ ਨਾਅਰੇ ਨੂੰ ਉਛਾਲਿਆ ਸੀ, ਪਰ 2024 ਦੀਆਂ ਚੋਣਾਂ ਵਿੱਚ ਉਹ 303 ਸੀਟਾਂ ਤੋਂ ਹੇਠਾਂ ਡਿਗ ਕੇ 240 ਸੀਟਾਂ 'ਤੇ ਆ ਗਈ ਅਤੇ ਹੁਣ ਉਹ ਜਨਤਾ ਦਲ (ਯੂਨਾਈਟਿਡ) ਤੇ ਤੇਲਗੂ ਦੇਸਮ ਪਾਰਟੀ ਦੀਆਂ ਫਹੁੜੀਆਂ ਦੇ ਆਸਰੇ ਸਰਕਾਰ ਚਲਾ ਰਹੀ ਹੈ। ਦਰਅਸਲ ਮੋਦੀ ਦਾ ਖਵਾਬ 'ਆਪੋਜ਼ੀਸ਼ਨ-ਮੁਕਤ ਸੰਸਦ' ਦਾ ਹੈ। ਜਦ ਉਹ ਕਹਿੰਦੇ ਹਨ ਕਿ ਆਪੋਜ਼ੀਸ਼ਨ ਨੇ ਗੁੰਡਾਗਰਦੀ ਮਚਾ ਰੱਖੀ ਹੈ, ਤਦ ਉਨ੍ਹਾ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਮਨਮੋਹਨ ਸਿੰਘ ਦੀ ਸਰਕਾਰ ਦੌਰਾਨ ਭਾਜਪਾ ਨੇ ਕਿੰਨੇ-ਕਿੰਨੇ ਦਿਨ ਸੰਸਦ ਨੂੰ ਠੱਪ ਰੱਖਿਆ। ਬੋਫਰਜ਼ ਕਾਂਡ ਨੂੰ ਲੈ ਕੇ 'ਰਾਜੀਵ ਗਾਂਧੀ ਚੋਰ ਹੈ' ਦੇ ਨਾਅਰੇ ਉਛਾਲੇ। ਉਸ ਦੀ ਮੰਗ 'ਤੇ ਸਰਕਾਰ ਨੇ ਬੋਫਰਜ਼ ਤੋਪਾਂ ਦੀ ਖਰੀਦ ਦੀ ਜਾਂਚ ਲਈ ਸਾਂਝੀ ਸੰਸਦੀ ਕਮੇਟੀ ਬਣਾ ਦਿੱਤੀ ਸੀ, ਪਰ ਮੋਦੀ ਸੇਬੀ ਦੀ ਮੁਖੀ ਤੇ ਗੌਤਮ ਅਡਾਨੀ ਦੇ ਮੁੱਦੇ 'ਤੇ ਬਹਿਸ ਤੱਕ ਲਈ ਰਾਜ਼ੀ ਨਹੀਂ। ਸੰਸਦ ਵਿੱਚ ਉਦਯੋਗਪਤੀਆਂ ਦੇ ਕਾਰਨਾਮਿਆਂ 'ਤੇ ਕਈ ਵਾਰ ਬਹਿਸ ਹੋ ਚੁੱਕੀ ਹੈ। ਪੰਡਤ ਜਵਾਹਰ ਲਾਲ ਨਹਿਰੂ ਦੇ ਦਾਮਾਦ ਫਿਰੋਜ਼ ਗਾਂਧੀ ਨੇ ਹੀ ਭ੍ਰਿਸ਼ਟਾਚਾਰ ਦੇ ਕਾਂਡ ਉਠਾ ਕੇ ਉਨ੍ਹਾ ਨੂੰ ਕਟਹਿਰੇ ਵਿੱਚ ਖੜ੍ਹਾ ਕਰ ਦਿੱਤਾ ਸੀ। ਕੁਝ ਸੀਨੀਅਰ ਮੰਤਰੀਆਂ ਨੂੰ ਅਸਤੀਫੇ ਦੇਣੇ ਪਏ ਸਨ। ਉਦੋਂ ਨਹਿਰੂ ਨੇ ਆਪੋਜ਼ੀਸ਼ਨ ਦੀਆਂ ਸਰਗਰਮੀਆਂ ਨੂੰ ਗੁੰਡਾਗਰਦੀ ਨਹੀਂ ਸੀ ਕਿਹਾ। ਇੰਦਰਾ ਸਰਕਾਰ ਵੇਲੇ ਚੰਦਰ ਸ਼ੇਖਰ, ਕ੍ਰਿਸ਼ਨ ਕਾਂਤ, ਮੋਹਨ ਧਾਰੀਆ, ਸ਼ਸ਼ੀ ਭੂਸ਼ਣ ਤੇ ਚੰਦਰਜੀਤ ਯਾਦਵ ਨੇ ਬਿੜਲਾ ਘਰਾਣੇ 'ਤੇ ਤਿੱਖੇ ਹਮਲੇ ਕੀਤੇ ਸਨ। ਭੁੱਖ ਹੜਤਾਲ ਤੱਕ ਕੀਤੀ ਸੀ, ਪਰ ਇੰਦਰਾ ਨੇ ਗੁੰਡਾਗਰਦੀ ਸ਼ਬਦ ਦੀ ਵਰਤੋਂ ਨਹੀਂ ਸੀ ਕੀਤੀ। ਮਨਮੋਹਨ ਸਿੰਘ ਸਰਕਾਰ ਵੇਲੇ ਭਾਜਪਾ ਨੇ ਕੋਇਲਾ ਖਾਣਾਂ ਤੇ 2-ਜੀ ਦੀ ਨਿਲਾਮੀ ਨੂੰ ਲੈ ਕੇ ਸੰਸਦ 'ਚ ਤੂਫਾਨ ਖੜ੍ਹਾ ਕੀਤਾ, ਪਰ ਸਰਕਾਰ ਨੇ ਉਦੋਂ ਵੀ ਗੁੰਡਾਗਰਦੀ ਸ਼ਬਦ ਨਹੀਂ ਵਰਤਿਆ।*

*ਮੋਦੀ ਨੂੰ ਇਹ ਚੇਤੇ ਰੱਖਣਾ ਚਾਹੀਦਾ ਹੈ ਕਿ ਝਾਰਖੰਡ ਅਸੰਬਲੀ ਚੋਣ ਵਿਚ ਭਾਜਪਾ ਬੁਰੀ ਤਰ੍ਹਾਂ ਹਾਰੀ ਹੈ। ਜ਼ਿਮਨੀ ਚੋਣਾਂ 'ਚ ਪੰਜਾਬ, ਕਰਨਾਟਕ ਤੇ ਪੱਛਮੀ ਬੰਗਾਲ ਵਿੱਚ ਉਸ ਨੂੰ ਇੱਕ ਵੀ ਸੀਟ ਨਹੀਂ ਮਿਲੀ। ਸਿਰਫ ਮਹਾਰਾਸ਼ਟਰ ਦੀ ਜਿੱਤ ਦੇ ਆਧਾਰ 'ਤੇ ਆਪੋਜ਼ੀਸ਼ਨ ਨੂੰ ਨਕਾਰਾ ਕਰਾਰ ਦੇਣਾ ਪ੍ਰਧਾਨ ਮੰਤਰੀ ਨੂੰ ਸ਼ੋਭਾ ਨਹੀਂ ਦਿੰਦਾ। ਲੋਕਤੰਤਰ ਵਿੱਚ ਉਤਰਾਅ-ਚੜ੍ਹਾਅ ਆਉਂਦੇ ਰਹਿੰਦੇ ਹਨ।*

## ਪਾਠਕ-ਸੱਥ

### ਇੰਟਰਨੈੱਟ ਤੇ ਨੌਜਵਾਨ ਪੀੜ੍ਹੀ

ਵਿਗਿਆਨ ਨੇ ਬਹੁਤ ਵਧੀਆ ਵਿਗਿਆਨਕ ਕਾਢਾਂ ਕੱਢੀਆਂ ਹਨ, ਇਕ ਹੈ ਟੈਲੀਵਿਜਨ, ਇੱਕ ਹੈ ਇੰਟਰਨੈੱਟ । ਟੀ ਵੀ ਨੇ ਸੰਸਾਰ ਦੇ ਕਿਸੇ ਵੀ ਸਥਾਨ ਦੀ ਜਿਉਂਦੀ-ਜਾਗਦੀ ਚਲਦੀ-ਫਿਰਦੀ ਤਸਵੀਰ ਘਰ ਬੈਠੇ ਆਪਣੇ ਕਮਰੇ ਵਿੱਚ ਉਪਲੱਬਧ ਕਰਾ ਦਿੱਤੀ ਹੈ।

ਇੰਟਰਨੈੱਟ ਨੇ ਸਾਰੀ ਦੁਨੀਆ ਨੂੰ ਜੋੜ ਕੇ ਆਪਸ ਵਿੱਚ ਬਹੁਤ ਛੋਟਾ ਕਰ ਦਿੱਤਾ ਹੈ, ਪਰ ਦੁੱਖ ਦੀ ਗੱਲ ਇਹ ਹੈ ਕਿ ਇਸ ਦੀ ਵਰਤੋਂ ਨੇ ਅਸ਼ਲੀਲਤਾ, ਅਨੈਤਿਕਤਾ ਦਾ ਜ਼ਿਆਦਾ ਪ੍ਰਚਾਰ ਕੀਤਾ ਹੈ। ਸੰਸਾਰ ਦੇ ਕਿਸੇ ਵੀ ਕੋਨੇ ਵਿੱਚ ਸੰਦੇਸ਼ ਪਹੁੰਚਾ ਦੇਣਾ ਸੰਭਵ ਕਰ ਦਿੱਤਾ ਹੈ ਅਤੇ ਵੈੱਬਸਾਈਟ 'ਤੇ ਕੋਈ ਵੀ ਦ੍ਰਿਸ਼ ਪੜ੍ਹਾਈ , ਸਮਗਰੀ ਵਿਖਾ ਦੇਣਾ ਸੰਭਵ ਬਣਾ ਦਿੱਤਾ ਹੈ। ਇਹਨਾਂ ਸਾਧਨਾਂ ਕਰਕੇ ਮੀਡੀਆ ਤੰਤਰ ਭਿੰਨ- ਭਿੰਨ ਪ੍ਰਕਾਰ ਦੀਆਂ ਸਹੂਲਤਾਂ ਦਿੰਦਾ ਹੈ।

ਟੀ ਵੀ ਉੱਤੇ ਵੱਖ-ਵੱਖ ਚੈਨਲਾਂ ਦਾ ਪ੍ਰਦਰਸ਼ਨ ਹੋਣ ਲੱਗਿਆ ਹੈ। ਇਹਨਾਂ ਚੈਨਲਾਂ ਦੁਆਰਾ ਕਈ ਤਰ੍ਹਾਂ ਦੇ ਫਿਲਮੀ ਅਤੇ ਗੈਰ-ਫਿਲਮੀ ਅਸ਼ਲੀਲ ਗੀਤ, ਸੀਰੀਅਲ ਅਤੇ ਫਿਲਮਾਂ ਦਾ ਪ੍ਰਦਰਸਨ ਕੀਤਾ ਜਾਂਦਾ ਹੈ, ਜਿਸ ਵਿੱਚ ਜ਼ਿਆਦਾਤਰ ਹੱਦ ਤੋਂ ਵੱਧ ਅਸ਼ਲੀਲਤਾ ਨਾਲ ਭਰੇ ਪ੍ਰੋਗਰਾਮ ਪੇਸ਼ ਕੀਤੇ ਜਾਂਦੇ ਹਨ। ਵਹਿਮਾਂ-ਭਰਮਾਂ ਨੂੰ ਦਰਸਾਇਆ ਜਾਂਦਾ ਹੈ।

ਇਸੇ ਤਰ੍ਹਾਂ ਅਸ਼ਲੀਲਤਾ, ਹਿੰਸਕ ਬਦਲਾਖੋਰੀ ਦੇ ਦ੍ਰਿਸ਼ ਵੇਖ ਕੇ ਵੱਡੀ ਉਮਰ ਦੇ ਲੋਕਾਂ ਦੇ ਦਿਲ ਡੋਲ ਜਾਂਦੇ ਹਨ। ਚੰਚਲ ਹੋ ਜਾਂਦੇ ਹਨ , ਬੱਚਿਆਂ ਦੇ ਭੋਲੇ-ਭਾਲੇ ਮਨ ਤੇ ਸੁਭਾਅ, ਦਿਲ-ਦਿਮਾਗ 'ਤੇ ਕਿਸੇ ਤਰ੍ਹਾਂ ਦਾ ਬੁਰਾ ਅਸਰ ਪੈਂਦਾ ਹੈ, ਜਿਸ ਦਾ ਅੰਦਾਜ਼ਾ ਸਹਿਜੇ ਹੀ ਲੱਗ ਜਾਂਦਾ ਹੈ । ਬੱਚਿਆਂ ਦਾ ਆਚਾਰ -ਵਿਹਾਰ ਵਿਗੜ ਰਿਹਾ ਹੈ।

ਹੁਣ ਗੱਲ ਇੰਟਰਨੈਟ ਦੀ ਕਰਦੇ ਹਾਂ, ਟੀ ਵੀ ਚੈਨਲਾਂ ਦੀ ਤਰ੍ਹਾਂ ਇੰਟਰਨੈੱਟ 'ਤੇ ਵੀ ਇਹੋ ਹੀ ਗੰਦਗੀ ਪਰੋਸੀ ਜਾਂਦੀ ਹੈ। ਚਾਹੀਦਾ ਤਾਂ ਇਹ ਹੈ ਕਿ ਇੰਟਰਨੈੱਟਉੱਤੇ ਭੂਗੋਲ, ਵਿਗਿਆਨ, ਸਾਹਿਤ, ਗਣਿਤ ਆਦਿ ਵਿਸ਼ਿਆਂ ਦੀ ਸਿੱਖਿਆ ਦਿੱਤੀ ਜਾਵੇ, ਤਾਂ ਕਿ ਵਿਦਿਆਰਥੀਆਂ ਦਾ ਹੀ ਨਹੀਂ, ਸਗੋਂ ਆਦਮੀ-ਔਰਤ ਦੇ ਗਿਆਨ ਵਿੱਚ ਵੀ ਵਾਧਾ ਹੋਵੇ । ਮੋਬਾਇਲ ਫੋਨ ਦੀ ਵਰਤੋਂ ਕੁੜੀਆਂ-ਮੁੰਡੇ ਬਹੁਤ ਜ਼ਿਆਦਾ ਕਰਦੇ ਹਨ, ਚੈਟ ਕਰਦੇ ਹਨ । ਇਹ ਗੱਲਬਾਤ ਹੌਲੀ-ਹੌਲੀ ਮਿੱਤਰਤਾ ਵਿੱਚ ਬਦਲ ਜਾਂਦੀ ਹੈ। ਕਈ ਮਿਤਰਤਾ ਦਾ ਗਲਤ ਫਾਇਦਾ ਉਠਾਉਂਦੇ ਹਨ ਤੇ ਬਲੈਕਮੇਲ ਕਰਦੇ ਹਨ। ਨੌਜਵਾਨਾਂ ਲਈ ਇਹ ਰੁਝਾਨ ਆਉਣ ਵਾਲੇ ਸਮੇਂ ਵਿੱਚ ਤਬਾਹੀ ਵੱਲ ਲੈ ਜਾਵੇਗਾ। ਛੋਟੀ ਉਮਰ ਦੇ ਮੁੰਡੇ ਨਾਦਾਨੀ, ਉਤਸੁਕਤਾ ਅਤੇ ਭਾਵੁਕਤਾ ਦੇ ਕਾਰਨ ਜਾਂ ਦੋਸਤਾਂ-ਮਿੱਤਰਾਂ ਦੇ ਬਹਿਕਾਵੇ ਵਿੱਚ ਆ ਕੇ ਗੰਦੀਆਂ ਹਰਕਤਾਂ ਕਰਨ ਲੱਗ ਜਾਂਦੇ ਹਨ, ਜਿਸ ਕਰਕੇ ਇਹਨਾਂ ਬੱਚਿਆਂ ਨੂੰ ਨਸ਼ਿਆਂ ਦੀ ਆਦਤ ਪੈ ਜਾਂਦੀ ਹੈ। ਬੱਚੇ ਬਲੂ ਵੇਲ ਗੇਮ ਖੇਡਦੇ ਹਨ, ਜੋ ਖੁਦਕਸ਼ੀ ਵੱਲ ਲੈ ਜਾਂਦੀ ਹੈ। ਹੋਰ ਵੀ ਕਈ ਤਰ੍ਹਾਂ ਦੀਆਂ ਠੱਗੀਆਂ ਵੱਜਦੀਆਂ ਹਨ । ਆਪਣੇ ਬੱਚਿਆਂ 'ਤੇ ਨਿਗਾਹ ਰੱਖਣੀ ਚਾਹੀਦੀ ਹੈ । ਬੱਚੇ ਨਹੀਂ ਜਾਣਦੇ ਕਿ ਅੱਜ ਜਿਸ ਨੂੰ ਸੁੱਖ ਸਮਝ ਰਹੇ ਹਨ, ਕੱਲ ਨੂੰ ਇਹ ਸੁੱਖ ਮਹਾਂ ਦੁੱਖ ਬਣ ਜਾਵੇਗਾ।

**-ਡਾਕਟਰ ਨਰਿੰਦਰ ਭੱਪਰ ਝਬੇਲਵਾਲੀ**, 62841-45349

# ਪਰਾਲੀ ਦੀ ਰਹਿੰਦ-ਖੂੰਹਦ ਨੂੰ ਉਪਯੋਗੀ ਕਿਵੇਂ ਬਣਾਈਏ !



ਮੁਹੰਮਦ ਅੱਬਾਸ ਧਾਲੀਵਾਲ

ਪਿਛਲੇ ਕਈ ਸਾਲਾਂ ਤੋਂ ਲਗਾਤਾਰ ਝੋਨੇ ਦੀ ਕਟਾਈ ਉਪਰੰਤ ਬਚੀ ਹੋਈ ਪਰਾਲੀ ਕਿਸਾਨਾਂ ਦੇ ਲਈ ਇੱਕ ਵੱਡੀ ਸਮੱਸਿਆ ਬਣਦੀ ਚਲੀ ਆ ਰਹੀ ਹੈ, ਜਿਸ ਦਾ ਆਮ ਕਿਸਾਨ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾ ਕੇ ਹੱਲ ਕਰਦਾ ਆ ਰਿਹਾ ਹੈ। ਪਰਾਲੀ ਨੂੰ ਅੱਗ ਲਾਉਣ ਦੇ ਨਤੀਜੇ ਵਜੋਂ ਵਾਤਾਵਰਨ ਬਹੁਤ ਦੂਸ਼ਿਤ ਹੁੰਦਾ ਹੈ, ਜਿਸ ਦੇ ਨਤੀਜੇ ਵਜੋਂ ਇਸ ਦੀ ਲਪੇਟ 'ਚ ਆਉਣ ਵਾਲੇ ਹਰ ਜਾਨਦਾਰ ਦੀ ਸਿਹਤ 'ਤੇ ਮਾੜਾ ਪ੍ਰਭਾਵ ਪੈਂਦਾ ਹੈ। ਅਜਿਹੇ ਵਿਚ ਪ੍ਰਸ਼ਾਸਨ ਤੇ ਸਰਕਾਰ ਲਈ ਇਹ ਇੱਕ ਵੱਡੀ ਸਮੱਸਿਆ ਬਣ ਜਾਂਦੀ ਹੈ, ਜਿਸ ਦਾ ਫਿਲਹਾਲ ਕਿਸੇ ਵੀ ਤਰੀਕੇ ਨਾਲ ਹੁਣ ਤੱਕ ਪੱਕਾ ਹੱਲ ਕੋਈ ਨਹੀਂ ਲੱਭਿਆ ਜਾ ਸਕਿਆ।

ਪਰੰਤੂ ਪਿਛਲੇ ਦਿਨੀਂ ਬੀ ਬੀ ਸੀ ਦੀ ਇੱਕ ਰਿਪੋਰਟ ਵੇਖੀ, ਜਿਸ ਵਿੱਚ ਸੰਗਰੂਰ ਦੇ ਇੱਕ ਜੋੜੇ ਦੁਆਰਾ ਜਿਸ ਤਰ੍ਹਾਂ ਫਸਲਾਂ ਦੀ ਰਹਿੰਦ ਖੂੰਹਦ ਨੂੰ ਟਿਕਾਣੇ ਲਾ ਉਪਯੋਗੀ ਬਣਾਇਆ ਜਾ ਰਿਹਾ ਹੈ, ਯਕੀਨਨ ਇਹ ਕਿਸਾਨ ਵੀਰਾਂ ਲਈ ਕਿਸੇ ਚਾਨਣ-ਮੁਨਾਰੇ ਤੋਂ ਘੱਟ ਨਹੀਂ ਜਾਪਦਾ। ਦਰਅਸਲ ਇਸ ਰਿਪੋਰਟ ਵਿੱਚ ਦੱਸਿਆ ਗਿਆ ਹੈ ਕਿ ਕਿਸ ਤਰ੍ਹਾਂ ਸੰਗਰੂਰ ਜ਼ਿਲ੍ਹੇ ਦੇ ਪਿੰਡ ਮਾਝਾ ਦੀ ਹਰਪ੍ਰੀਤ ਕੌਰ ਅਤੇ ਉਸ ਦੇ ਪਤੀ ਨੇ ਹਰਿਆਣਾ ਦੇ ਗੁਹਾਣਾ ਵਿੱਚ ਜਾ ਕੇ ਪਰਾਲੀ ਵਰਗੇ ਰਹਿੰਦ-ਖੂੰਹਦ ਅਤੇ ਗੋਹੇ ਤੇ ਗੰਨੇ ਦੀ ਮੈਲੀ ਵਰਗੀਆਂ ਚੀਜ਼ਾਂ ਤੋਂ ਬਾਇਓਮਾਸ ਬਣਾਉਣ ਦੀ ਸ਼ੁਰੂਆਤ ਕੀਤੀ ਹੈ।

ਦਰਅਸਲ ਅਜੋਕੇ ਸਮੇਂ ਉਕਤ ਬਾਇਓਮਾਸ ਨੂੰ ਈਂਧਣ ਦੇ ਰੂਪ ਵਿੱਚ ਵੱਖ-ਵੱਖ ਥਰਮਲ ਪਲਾਂਟਾਂ ਸਮੇਤ ਅਨੇਕਾਂ ਫੈਕਟਰੀਆਂ ਵਿੱਚ ਵਰਤਿਆ ਜਾਂਦਾ ਹੈ।

ਇੱਥੇ ਜ਼ਿਕਰਯੋਗ ਹੈ ਕਿ ਹਰਪ੍ਰੀਤ ਕੌਰ ਦੇ ਪਤੀ ਮਜ਼ਦੂਰੀ ਕਰਦੇ ਸਨ। ਘਰ ਦਾ ਗੁਜ਼ਾਰਾ ਤੇ ਪਤੀ ਦੀ ਮਦਦ ਕਰਨ ਲਈ ਹਰਪ੍ਰੀਤ ਕੌਰ ਨੇ ਪਹਿਲਾਂ ਸੰਗਰੂਰ ਵਿੱਚ ਇੱਕ ਪੈਟਰੋਲ ਪੰਪ ਦੇ ਉੱਪਰ ਵੀ ਕੰਮ ਕੀਤਾ ਹੈ।ਇਸ ਦੇ ਨਾਲ-ਨਾਲ ਉਹ ਇੱਕ ਰੈਸਟੋਰੈਂਟ ਵਿੱਚ ਵੀ ਰਿਸੈਪਸ਼ਨ ਦੇ ਉੱਪਰ ਕੰਮ ਕਰਦੇ ਸੀ, ਪਰ ਫਿਰ ਉਨ੍ਹਾਂ ਨੇ ਆਪਣੇ ਪਤੀ ਦੇ ਨਾਲ ਸਲਾਹ-ਮਸ਼ਵਰਾ ਕੀਤਾ । ਹਰਪ੍ਰੀਤ ਦੇ ਪਤੀ ਮਸ਼ੀਨਾਂ ਦੀ ਵਧੀਆ ਜਾਣਕਾਰੀ ਰੱਖਦੇ ਹਨ ਅਤੇ ਉਸ ਤੋਂ ਬਾਅਦ ਪਤੀ-ਪਤਨੀ ਨੇ ਪਰਾਲੀ ਵਰਗੀ ਰਹਿੰਦ-ਖੂੰਹਦ ਤੋਂ ਬਾਇਓਮਾਸ ਬਣਾਉਣ ਦੀ ਫੈਕਟਰੀ ਲਗਾਉਣ ਦਾ ਮਨ ਬਣਾਇਆ ।

ਹਰਪ੍ਰੀਤ ਅਨੁਸਾਰ ਪੰਜਾਬ ਵਿੱਚ ਗੋਹਾ ਅਤੇ ਗੰਨੇ ਦੀ ਮੈਲੀ ਮੁਸ਼ਕਲ ਨਾਲ ਮਿਲਦੀ ਸੀ, ਜਿਸ ਕਾਰਨ ਉਨ੍ਹਾਂ ਨੇ ਆਪਣੀ ਫੈਕਟਰੀ ਹਰਿਆਣਾ ਵਿੱਚ ਲਗਾਉਣ ਬਾਰੇ ਸੋਚਿਆ । ਉੱਥੇ ਗੰਨੇ ਦੀ ਮੈਲੀ ਯੂ ਪੀ, ਐੱਮ ਪੀ ਅਤੇ ਹਰਿਆਣਾ ਤੋਂ ਆਸਾਨੀ ਨਾਲ ਸਸਤੇ ਭਾਅ 'ਤੇ ਮਿਲ ਜਾਂਦੀ ਹੈ ਤੇ ਪਰਾਲੀ ਵੀ ਹਰਿਆਣੇ ਵਿੱਚ ਆਸਾਨੀ ਨਾਲ ਮਿਲ ਜਾਂਦੀ ਹੈ ਅਤੇ ਹਰਿਆਣੇ ਵਿੱਚ ਪੰਜਾਬ ਨਾਲੋਂ ਜ਼ਿਆਦਾ ਪਸ਼ੂ ਹੋਣ ਦੇ ਕਾਰਨ ਗਊਸ਼ਾਲਾ ਵਿੱਚੋਂ ਗੋਹਾ ਮਿਲਣਾ ਵੀ ਸੌਖਾ ਹੈ, ਜਦੋਂ ਕਿ ਉਧਰ ਹਰਪ੍ਰੀਤ ਕੌਰ ਦੇ ਪਤੀ ਰਾਮ ਸਿੰਘ ਆਪਣੇ ਉਕਤ ਸਫਲ ਕਾਰੋਬਾਰ ਦਾ ਤਮਾਮ ਸਿਹਰਾ ਆਪਣੀ ਪਤਨੀ ਨੂੰ ਦਿੰਦੇ ਹਨ। ਰਾਮ ਸਿੰਘ ਅਨੁਸਾਰ, 'ਜਦੋਂ ਮੇਰਾ ਵਿਆਹ ਹੋਇਆ ਸੀ ਤਾਂ ਮੈਂ ਮਜ਼ਦੂਰੀ ਕਰਦਾ ਸੀ ਜਾਂ ਮਾੜੀ-ਮੋਟੀ ਖੇਤੀ ਕਰਦਾ ਸੀ। ਮੇਰੀ ਪਤਨੀ ਨੇ ਮੈਨੂੰ ਉੱਪਰ ਉੱਠਣ ਵਿੱਚ ਬਹੁਤ ਮਦਦ ਕੀਤੀ ਹੈ। ਫਿਰ ਅਸੀਂ ਇੱਕ ਦਿਨ ਮਨ ਬਣਾਇਆ ਕਿ ਜੇਕਰ ਮੈਨੂੰ ਸਾਰੇ ਕੰਮ ਬਾਰੇ ਜਾਣਕਾਰੀ ਹੈ ਤਾਂ ਕਿਉਂ ਨਾ ਆਪਣਾ ਕੰਮ ਕੀਤਾ ਜਾਵੇ। ਇਸ ਉਪਰੰਤ ਅਸੀਂ ਕੁਝ ਸਮਾਂ ਕੰਮ ਕੀਤਾ, ਪੈਸੇ ਜੋੜੇ ਅਤੇ ਸਾਨੂੰ ਗੁਹਾਣੇ ਥਾਂ ਮਿਲ ਗਈ, ਇੱਥੇ ਆ ਕੇ ਅਸੀਂ ਫੈਕਟਰੀ ਲਗਾਈ।

ਉਹ ਆਖਦੇ ਹਨ ਕਿ ਘਰੋਂ ਦੂਰ ਤਾਂ ਹਨ, ਪਰ ਅਗਲੇ ਸਾਲ ਉਹ ਪੰਜਾਬ ਵਿੱਚ ਵੀ ਪ੍ਰੋਜੈਕਟ ਲਗਾਉਣ ਬਾਰੇ ਸੋਚ ਰਹੇ ਹਨ। ਉਹ ਕਹਿੰਦੇ ਹਨ ਕਿ ਉਹ ਗਰੀਬੀ ਤੋਂ ਉੱਠੇ ਹਨ ਅਤੇ ਅੱਜ ਉਨ੍ਹਾਂ ਦਾ ਬਹੁਤ ਵਧੀਆ ਗੁਜ਼ਾਰਾ ਹੋ ਰਿਹਾ ਹੈ।

ਜਦੋਂ ਕਿ ਉਕਤ ਰਿਪੋਰਟ ਵਿਚ ਹਰਪ੍ਰੀਤ ਕੌਰ ਅੱਗੇ ਦੱਸਦੇ ਹਨ, 'ਇਹ ਸਾਰੇ ਉਹ ਵੇਸਟ ਪਦਾਰਥ ਹਨ, ਜਿਨ੍ਹਾਂ ਦਾ ਨਿਪਟਾਰਾ ਕਰਨਾ ਵੀ ਪਰੇਸ਼ਾਨੀ ਦਾ ਸਬੱਬ ਹੈ, ਪਰ ਮੈਂ ਆਪਣੀ ਫੈਕਟਰੀ ਵਿੱਚ ਇਨ੍ਹਾਂ ਸਭ ਦਾ ਬਾਇਓਮਾਸ ਬਣਾਉਂਦੀ ਹਾਂ, ਜਿਹੜਾ ਕਿ ਅੰਦਾਜ਼ਨ 3 ਰੁਪਏ 50 ਪੈਸੇ ਪ੍ਰਤੀ ਕਿਲੋ ਦੇ ਹਿਸਾਬ ਦੇ ਨਾਲ ਵਿਕਦਾ ਹੈ ਅਤੇ ਇੱਕ ਮਹੀਨੇ ਵਿੱਚ ਤਕਰੀਬਨ 10 ਗੱਡੀਆਂ ਮੇਰੇ ਕੋਲੋਂ ਇਸ ਬਾਇਓਮਾਸ ਦੀਆਂ ਵਿਕ ਜਾਂਦੀਆਂ ਹਨ। ਇਸ ਤੋਂ ਮੈਨੂੰ ਮਹੀਨੇ ਦੀ ਤਕਰੀਬਨ 4 ਲੱਖ ਰੁਪਏ ਦੀ ਬੱਚਤ ਹੋ ਜਾਂਦੀ ਹੈ।

ਹਰਪ੍ਰੀਤ ਕੌਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਨ੍ਹਾਂ ਦੀ ਫੈਕਟਰੀ ਵਿੱਚ ਤਕਰੀਬਨ ਅੱਠ ਮਜ਼ਦੂਰ ਕੰਮ ਕਰਦੇ ਹਨ, ਜੋ ਦਿਨ ਅਤੇ ਰਾਤ ਦੀਆਂ ਅਲੱਗ-ਅਲੱਗ ਸ਼ਿਫਟਾਂ ਕਰਦੇ ਹਨ।

ਉਹ ਦੱਸਦੇ ਹਨ, 'ਮੈਂ ਉਨ੍ਹਾਂ ਨੂੰ ਰਹਿਣਾ, ਖਾਣਾ ਅਤੇ 12 ਹਜ਼ਾਰ ਰੁਪਏ ਪ੍ਰਤੀ ਮਜ਼ਦੂਰ, ਮਜ਼ਦੂਰੀ ਦਿੰਦੀ ਹਾਂ, ਜਿਸ ਨਾਲ ਉਨ੍ਹਾਂ ਦਾ ਵੀ ਘਰ ਦਾ ਗੁਜ਼ਾਰਾ ਚਲਦਾ ਹੈ ।

ਹਰਪ੍ਰੀਤ ਕੌਰ ਮੁਤਾਬਕ ਜੇਕਰ ਇਸ ਤਰੀਕੇ ਦੇ ਪ੍ਰੋਜੈਕਟ ਪੰਜਾਬ ਵਿੱਚ ਵੱਡੇ ਪੱਧਰ 'ਤੇ ਲੱਗ ਜਾਣ ਤਾਂ ਪਰਾਲੀ ਦੀ ਸਮੱਸਿਆ ਦਾ ਵੱਡੇ ਪੱਧਰ 'ਤੇ ਹੱਲ ਹੋ ਸਕਦਾ ਹੈ, ਕਿਉਂਕਿ ਪਰਾਲੀ ਨੂੰ ਕਿਸਾਨ ਆਪਣੇ ਖੇਤਾਂ ਵਿੱਚ ਅੱਗ ਲਗਾ ਕੇ ਖ਼ਰਾਬ ਕਰ ਦਿੰਦੇ ਹਨ, ਪਰ ਉਹੀ ਕੀਮਤੀ ਪਰਾਲੀ ਤੋਂ ਕਈ ਅਜਿਹੀਆਂ ਚੀਜ਼ਾਂ ਬਣਾ ਕੇ ਮਹਿੰਗੇ ਭਾਅ ਉਪਰ ਵੇਚ ਕੇ ਵਧੀਆ ਕਮਾਈ ਕੀਤੀ ਜਾ ਸਕਦੀ ਹੈ, ਜਦੋਂ ਕਿ ਉਕਤ ਸੰਦਰਭ ਵਿੱਚ ਜ਼ਿਲ੍ਹਾ ਸੰਗਰੂਰ ਦੇ ਪ੍ਰਦੂਸ਼ਣ ਵਿਭਾਗ ਦੇ ਅਫਸਰ ਇੰਜੀਨੀਅਰ ਗੁਨੀਤ ਸੇਠੀ ਦਾ ਆਖਣਾ ਹੈ ਕਿ ਨਾ-ਵਰਤੋਂਯੋਗ ਪਦਾਰਥ ਜਿਵੇਂ ਕਿ ਝੋਨੇ ਦੀ ਪਰਾਲੀ, ਗੰਨੇ ਦੀ ਮੈਲੀ, ਗੰਨੇ ਦੀਆਂ ਪੱਤੀਆਂ ਅਤੇ ਪਸ਼ੂਆਂ ਦਾ ਗੋਹਾ ਆਦਿ ਵਿੱਚੋਂ ਬਾਇਓ ਪੈਲੇਟ ਬਣਾਏ ਜਾਂਦੇ ਹਨ ।ਇਨ੍ਹਾਂ ਦੀ ਵਰਤੋਂ ਫੈਕਟਰੀਆਂ ਦੀਆਂ ਭੱਠੀਆਂ, ਇੱਟਾਂ ਦੇ ਭੱਠੇ ਆਦਿ ਥਾਵਾਂ 'ਤੇ ਬਾਲਣ ਵਜੋਂ ਹੁੰਦੀ ਹੈ।

ਉਹ ਅੱਗੇ ਦੱਸਦੇ ਹਨ ਕਿ 'ਅਜਿਹੇ ਪ੍ਰੋਜੈਕਟ ਨਾਲ ਕਿਸਾਨਾਂ ਦੇ ਖੇਤਾਂ ਵਿੱਚੋਂ ਪਰਾਲੀ ਦੀ ਸਮੱਸਿਆ ਦਾ ਹੱਲ ਹੁੰਦਾ ਹੈ ਅਤੇ ਜੋ ਬਾਇਓਮਾਸ ਬਾਲਣ ਤਿਆਰ ਹੁੰਦਾ ਹੈ, ਇਹ ਗਰੀਨ ਫਿਊਲ ਕੈਟਾਗਰੀ ਵਿੱਚ ਆਉਂਦਾ ਹੈ, ਜਿਸ ਨਾਲ ਪ੍ਰਦੂਸ਼ਣ ਵੀ ਘੱਟ ਹੁੰਦਾ ਹੈ।'

ਇਸ ਦੇ ਨਾਲ-ਨਾਲ ਉਨ੍ਹਾਂ ਦਾ ਇਹ ਵੀ ਕਹਿਣਾ ਹੈ ਕਿ 'ਅਜਿਹੇ ਪ੍ਰੋਜੈਕਟ ਲਗਾਉਣ 'ਤੇ ਸੀ ਪੀ ਸੀ ਬੀ ਵੱਲੋਂ 40 ਫੀਸਦੀ ਪਲਾਂਟ ਅਤੇ ਮਸ਼ੀਨਰੀ ਲਗਾਉਣ ਲਈ ਸਬਸਿਡੀ ਵੀ ਦਿੱਤੀ ਜਾਂਦੀ ਹੈ, ਜੋ ਕਿ 28 ਲੱਖ ਰੁਪਏ ਪ੍ਰਤੀ ਟਨ ਦੇ ਹਿਸਾਬ ਨਾਲ ਗਰਾਂਟ ਆਉਂਦੀ ਹੈ।

ਉਹਨਾਂ ਅਨੁਸਾਰ ਸੀ ਪੀ ਸੀ ਬੀ ਅਤੇ ਪੰਜਾਬ ਪ੍ਰਦੂਸ਼ਣ ਬੋਰਡ ਇਸ ਤਰੀਕੇ ਦੇ ਪ੍ਰੋਜੈਕਟ ਲਗਾਉਣ ਲਈ ਅਤੇ ਇਨ੍ਹਾਂ ਨੂੰ ਵਧਾਉਣ ਲਈ ਇੱਕ ਵਾਰ ਲਈ ਮਦਦ ਦਿੰਦੀ ਹੈ।

ਉਨ੍ਹਾਂ ਮੁਤਾਬਕ ਫੈਕਟਰੀਆਂ ਵਿੱਚ ਬਾਲਣ ਦੇ ਤੌਰ 'ਤੇ ਲੱਕੜੀ ਜਾਂ ਕੋਲਾ ਜਾਂ ਹੋਰ ਚੀਜ਼ਾਂ ਦੀ ਬਜਾਏ ਇਹ ਬਾਇਓ ਪੈਲੇਟ ਬਾਲਣ ਦੀ ਵਰਤੋਂ ਕਰਨੀ ਵਧੇਰੇ ਵਧੀਆ ਹੈ।

ਉਹਨਾਂ ਦਾ ਇਹ ਵੀ ਕਹਿਣਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਵੱਡੇ ਪੱਧਰ 'ਤੇ ਇਸ ਨੂੰ ਬਣਾਉਣ ਲਈ ਫੈਕਟਰੀਆਂ ਅਤੇ ਪਲਾਂਟ ਲੱਗ ਰਹੇ ਹਨ, ਜਿਸ ਨਾਲ ਆਉਣ ਵਾਲੇ ਸਮੇਂ ਵਿੱਚ ਪਰਾਲੀ ਦੀ ਸਮੱਸਿਆ ਨਾਲ ਵੱਡੇ ਪੱਧਰ 'ਤੇ ਨਜਿੱਠਿਆ ਜਾ ਸਕਦਾ ਹੈ ।

ਉਪਰੋਕਤ ਰਿਪੋਰਟ ਦੇ ਸੰਦਰਭ 'ਚ ਮੈਂ ਸਮਝਦਾ ਹਾਂ ਕਿ ਪਰਾਲੀ ਆਦਿ ਨੂੰ ਟਿਕਾਣੇ ਲਗਾਉਣ ਲਈ ਅਜਿਹੇ ਸਮਾਲ ਪ੍ਰੋਜੈਕਟਾਂ ਨੂੰ ਸ਼ੁਰੂ ਕਰਨ ਲਈ ਕੇਂਦਰ ਤੇ ਰਾਜ ਸਰਕਾਰਾਂ ਵੱਲੋਂ ਲੋਕਾਂ ਨੂੰ ਹੋਰ ਵਧੇਰੇ ਜਾਗਰੂਕ ਕਰਨ ਦੀ ਲੋੜ ਹੈ ਅਤੇ ਇਸ ਕਾਰਜ ਨੂੰ ਕਰਨ ਲਈ ਭਾਵੇਂ ਸਰਕਾਰ ਵੱਲੋਂ ਸਬਸਿਡੀ ਮੁਹੱਈਆ ਕਰਵਾਈ ਜਾਂਦੀ ਹੈ ਪਰ ਮੈਂ ਸਮਝਦਾ ਹਾਂ ਕਿ ਇੱਛੁਕ ਲੋਕਾਂ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਬਣਦੀ ਹੋਰ ਸੰਭਵ ਮਾਈਕ ਸਹਾਇਤਾ ਵੀ ਕਰਨੀ ਚਾਹੀਦੀ ਹੈ।ਮੈਂ ਸਮਝਦਾ ਹਾਂ ਇਹ ਸਰਕਾਰਾਂ ਦਾ ਉਪਰਾਲਾ ਪਰਾਲੀ ਆਦਿ ਦੀ ਰਹਿੰਦ-ਖੂੰਹਦ ਨੂੰ ਸਹੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਕਾਫੀ ਕਾਰਗਰ ਸਿੱਧ ਹੋ ਸਕਦਾ ਹੈ।

**ਸੰਪਰਕ** : 95309-50053

# ਜਦੋਂ ਜ਼ੋਨਲ ਮੈਨੇਜਰ ਨੇ ਮੈਨੂੰ ਬੁੱਕੇ ਭੇਟ ਕੀਤੇ

**ਜਗਦੇਵ ਸ਼ਰਮਾ**

ਸਾਡੇ ਅਦਾਰੇ ਵਿੱਚ ਆਉਣ ਵਾਲਾ ਸਭ ਤੋਂ ਵੱਧ ਲੋੜੀਂਦਾ ਹੁੰਦਾ ਹੈ, ਗਾਹਕ, ਉਹ ਸਾਡੇ ਉਪਰ ਨਿਰਭਰ ਨਹੀਂ ਹੁੰਦਾ, ਸਗੋਂ ਅਸੀਂ ਉਸ ਉੱਪਰ ਨਿਰਭਰ ਹੁੰਦੇ ਹਾਂ। ਉਹ ਸਾਡੇ ਕੰਮ ਲਈ ਰੁਕਾਵਟ ਨਹੀਂ, ਸਗੋਂ ਉਹ ਸਾਡੇ ਕੰਮ ਦਾ ਉਦੇਸ਼ ਹੈ। ਸਾਡੇ ਕਾਰੋਬਾਰ ਲਈ ਉਹ ਬੇਗਾਨਾ ਨਹੀਂ, ਉਹ ਇਸ ਦਾ ਹਿੱਸੇਦਾਰ ਹੈ। ਉਸ ਦੀ ਸੇਵਾ ਕਰਕੇ ਅਸੀਂ ਕੋਈ ਅਹਿਸਾਨ ਨਹੀਂ ਕਰ ਰਹੇ ਹੁੰਦੇ, ਪਰੰਤੂ ਸਾਨੂੰ ਸੇਵਾ ਦਾ ਮੌਕਾ ਦੇ ਕੇ ਉਹ ਸਾਡੇ ਉਪਰ ਅਹਿਸਾਨ ਕਰ ਰਿਹਾ ਹੁੰਦਾ ਹੈ।

ਮਹਾਤਮਾ ਗਾਂਧੀ ਦੇ ਉਪਰੋਕਤ ਕਥਨ ਉਪਰ ਪਹਿਰਾ ਦਿੰਦਿਆਂ ਬੈਂਕਾਂ ਵੀ ਵਧੀਆ ਗਾਹਕ ਸੇਵਾ ਦੇਣ ਲਈ ਹਮੇਸ਼ਾ ਵਚਨਬੱਧ ਰਹਿੰਦੀਆਂ ਹਨ ਅਤੇ ਇਸ ਮਕਸਦ ਦੀ ਪੂਰਤੀ ਹਿਤ ਸਮੇਂ-ਸਮੇਂ 'ਤੇ ਆਪਣੇ ਮੁਲਾਜ਼ਮਾਂ ਨੂੰ ਇਸ ਵਿਸ਼ੇ ਦੀ ਟ੍ਰੇਨਿੰਗ ਵੀ ਦਿੰਦੀਆਂ ਹਨ । ਅਜਿਹੇ ਸੈਮੀਨਾਰਾਂ ਵਿੱਚ ਇਸ ਗੱਲ ਉਪਰ ਜ਼ੋਰ ਦਿੱਤਾ ਜਾਂਦਾ ਹੈ ਕਿ ਗਾਹਕ ਹਰ ਹਾਲਤ ਵਿੱਚ ਸਹੀ ਹੁੰਦਾ ਹੈ ਅਤੇ ਕਈ ਵਾਰ ਹਾਲਾਤ ਸੁਖਾਵੇਂ ਨਾ ਹੋਣ ਦੀ ਸੂਰਤ ਵਿੱਚ ਵੀ ਕਰਮਚਾਰੀ ਨੇ ਆਪਣਾ ਧੀਰਜ ਨਹੀਂ ਖੋਹਣਾ ਹੁੰਦਾ । ਵਧੀਆ ਗਾਹਕ ਸੇਵਾ ਵਾਲਾ ਇਹ ਸੂਤਰ ਚੰਗੀ ਤਰ੍ਹਾਂ ਸਮਝ ਕੇ ਅਤੇ ਆਪਣੇ ਰੋਜ਼ਾਨਾ ਵਿਹਾਰਕ ਜੀਵਨ ਵਿੱਚ ਅਪਣਾ ਕੇ ਮੈਂ ਖੁਦ ਗਾਹਕਾਂ ਕੋਲੋਂ ਬਹੁਤ ਇੱਜ਼ਤ ਮਾਣ ਪਾਇਆ ਤੇ ਬੈਂਕ ਤੋਂ ਵੀ ਕਈ ਮਾਣ-ਸਨਮਾਨ ਹਾਸਲ ਕੀਤੇ ।

ਗੱਲ 2002 ਦੀ ਹੈ । ਮੈਂ ਜ਼ਿਲ੍ਹੇ ਦੀ ਸਭ ਤੋਂ ਵੱਡੀ ਬਰਾਂਚ ਵਿੱਚ ਤਾਇਨਾਤ ਸਾਂ । ਮੈਂ ਪਾਠਕਾਂ ਨਾਲ ਇੱਕ ਗੱਲ ਸਾਂਝੀ ਕਰਨੀ ਚਾਹਾਂਗਾ ਕਿ ਮੈਂ ਆਪਣੀ ਬੈਂਕ ਦੀ ਨੌਕਰੀ ਦਾ ਜ਼ਿਆਦਾਤਰ ਸਮਾਂ ( 34 ਸਾਲ ਵਿੱਚੋਂ 29 ਸਾਲ) ਕਰਜ਼ੇ ਦੀ ਸੀਟ ਨਾਲ ਜੁੜਿਆ ਰਿਹਾ ਸੀ । ਉਪਰੋਕਤ ਬਰਾਂਚ ਵਿੱਚ ਵੀ ਮੈਂ ਕਰਜ਼ੇ ਵਾਲੀ ਸੀਟ ਦਾ ਇੰਚਾਰਜ ਸਾਂ। ਸ਼ਹਿਰ ਦੇ ਇਕ ਕਹਿੰਦੇ-ਕਹਾਉਂਦੇ ਸਨਅਤਕਾਰ ਦਾ ਸਾਡੇ ਬੈਂਕ ਵਿੱਚ ਲੋਨ ਖਾਤਾ ਸੀ। ਫੈਕਟਰੀ ਦਾ ਮਾਲਕ ਪੜ੍ਹਿਆ -ਲਿਖਿਆ, ਮਿੱਠਬੋਲੜਾ, ਸੰਕੁਚਤ ਬੋਲਬਾਣੀ, ਸਮੇਂ ਦੀ ਕਦਰ ਕਰਨ ਵਾਲਾ ਸੀ । ਬੈਂਕ ਨੂੰ ਲੋੜੀਂਦਾ ਕਾਗਜ਼ ਪੱਤਰ ਪਹੁੰਚਾਉਣ ਵਿੱਚ ਉਹ ਕਦੇ ਦੇਰੀ ਨਾ ਕਰਦਾ। ਇੱਕ ਦਿਨ ਚਾਰ ਕੁ ਵਜੇ ਉਹ ਮੇਰੇ ਸਾਹਮਣੇ ਆ ਕੇ ਬੈਠ ਗਿਆ । ਦੁਆ-ਸਲਾਮ ਤੋਂ ਬਾਅਦ ਬੜੀ ਹਲੀਮੀ ਨਾਲ ਬੋਲਿਆ।

ਸਰ, ਤੁਹਾਡੇ ਦਸ ਕੁ ਮਿੰਟ ਲੈਣੇ ਹਨ, ਸਮਾਂ ਹੈ ?

ਹਾਂ ਕਹੋ, ਸਾਡਾ ਸਮਾਂ ਤਾਂ ਤੁਹਾਡੇ ਲਈ ਹੀ ਹੁੰਦਾ ਹੈ। ਮੇਰਾ ਉੱਤਰ ਸੀ ।

ਉਹ ਕਹਿਣ ਲੱਗੇ ਕਿ ਤੁਹਾਨੂੰ ਪਤਾ ਹੀ ਹੈ, ਤੁਹਾਡੇ ਬੈਂਕ ਵਿੱਚ ਸਾਡੀ ਫੈਕਟਰੀ ਦੀ ਲਿਮਿਟ ਚਲਦੀ ਹੈ। ਅਸੀਂ ਬੈਂਕ ਨੂੰ ਲੋੜੀਂਦੇ ਕਾਗਜ਼-ਪੱਤਰ ਨਿਯਮਤ ਰੂਪ ਵਿੱਚ ਦਿੰਦੇ ਰਹਿੰਦੇ ਹਾਂ । ਕਦੇ ਦੇਣਦਾਰੀ ਪੱਖੋਂ ਡਿਫਾਲਟਰ ਨਹੀਂ ਹੋਏ। ਅਸੀਂ ਹੁਣ ਇੱਕ ਹੋਰ ਯੂਨਿਟ ਲਗਾਉਣਾ ਹੈ, ਜ਼ਮੀਨ ਲੈ ਲਈ ਗਈ ਹੈ ਅਤੇ ਬਿਲਡਿੰਗ ਬਣ ਰਹੀ ਹੈ। ਮਸ਼ੀਨਰੀ ਵਾਸਤੇ ਕਰਜ਼ੇ ਦੀ ਅਤੇ ਨਗਦ ਉਧਾਰ ਦੀ ਲਿਮਿਟ ਦੀ ਲੋੜ ਪਏਗੀ। ਸਾਡਾ ਲੋਨ ਕਿੰਨੇ ਦਿਨਾਂ ਵਿੱਚ ਕਰ ਦੇਵੋਗੇ ? ਉਸ ਨੇ ਅੱਗੇ ਦੱਸਿਆ ਕਿ ਪਿਛਲੀ ਵਾਰੀ ਦਾ ਤਜਰਬਾ ਉਸ ਦਾ ਵਧੀਆ ਨਹੀਂ ਰਿਹਾ ਸੀ। ਇਸ ਲਈ ਉਸ ਨੂੰ ਹੋਣ ਵਾਲੀ ਖੱਜਲ-ਖੁਆਰੀ ਤੋਂ ਡਰ ਲੱਗ ਰਿਹਾ ਸੀ।

'ਇੱਕ ਦਿਨ ਵਿੱਚ' ਮੇਰਾ ਸੰਕੁਚਤ ਜਵਾਬ ਸੀ।

'ਸਿਰਫ ਇੱਕ ਦਿਨ ਵਿੱਚ !' ਉਹ ਅਚੰਭੇ ਨਾਲ ਬੋਲਿਆ, ਜਿਵੇਂ ਉਸ ਨੂੰ ਯਕੀਨ ਨਾ ਆ ਰਿਹਾ ਹੋਵੇ।

'ਹਾਂ, ਜਿਸ ਦਿਨ ਤੁਸੀਂ ਮੈਨੂੰ ਸਾਰੇ ਦਸਤਾਵੇਜ਼ ਦੇ ਜਾਵੋਗੇ, ਉਸ ਤੋਂ ਸਿਰਫ ਇੱਕ ਦਿਨ ਬਾਅਦ ਤੁਹਾਡਾ ਲੋਨ ਹੋ ਜਾਵੇਗਾ।' ਮੈਂ ਉਸ ਦਾ ਖਦਸ਼ਾ ਦੂਰ ਕੀਤਾ।

ਲੋੜੀਂਦੇ ਦਸਤਾਵੇਜ਼ਾਂ ਦੀ ਲਿਸਟ ਮੇਰੇ ਕੋਲੋਂ ਲੈ ਕੇ ਉਹ ਚਲਿਆ ਗਿਆ। ਹੋਰ ਦਸ ਕੁ ਦਿਨ ਬਾਅਦ ਉਹ ਸਾਰੇ ਕਾਗਜ਼-ਪੱਤਰ ਲੈ ਕੇ ਹਾਜ਼ਰ ਸੀ । ਉਸ ਦੇ ਨਾਲ ਜਾ ਕੇ ਮੈਂ ਲੱਗਣ ਵਾਲੀ ਫੈਕਟਰੀ ਅਤੇ ਲੋਨ ਦੇ ਇਵਜ਼ ਵਿੱਚ ਰਹਿਣ ਕੀਤੀਆਂ ਜਾਣ ਵਾਲੀਆਂ ਸੰਪਤੀਆਂ ਦਾ ਨਿਰੀਖਣ ਕਰ ਆਇਆ ਸਾਂ । ਸ਼ਾਮ ਨੂੰ ਡਿਊਟੀ ਤੋਂ ਵਿਹਲੇ ਹੁੰਦਿਆਂ ਮੈਂ ਉਸ ਦੀ ਫਾਈਲ ਘਰ ਲੈ ਆਇਆ । ਸਵੇਰੇ ਚਾਰ ਵਜੇ ਉੱਠਿਆ ਅਤੇ ਕੋਈ ਚਾਰ ਕੁ ਘੰਟੇ ਵਿੱਚ ਉਸ ਦੀ ਪੂਰੀ ਪਰਪੋਜ਼ਲ ਤਿਆਰ ਕਰ ਲਈ । ਬੈਂਕ ਪਹੁੰਚਦਿਆਂ ਹੀ ਉਸ ਨੂੰ ਫਲਾਂ-ਫਲਾਂ ਬੰਦਿਆਂ ਨੂੰ ਨਾਲ ਲੈ ਕੇ ਬੈਂਕ ਆ ਕੇ ਦਸਤਖ਼ਤ ਕਰਨ ਲਈ ਫੋਨ ਖੜਕਾ ਦਿੱਤਾ। ਦਸਤਖ਼ਤ ਕਰਵਾ ਲਏ ਗਏ ਅਤੇ ਚਾਰ ਵਜੇ ਤੱਕ ਉਹਨਾਂ ਨੂੰ ਮਸ਼ੀਨਰੀ ਦਾ ਡਰਾਫਟ ਦੇ ਦਿੱਤਾ। ਉਹ ਹੈਰਾਨ ਸੀ ਕਿ ਮੈਂ ਮੰਗ ਕੇ ਲਿਆ ਇੱਕ ਦਿਨ ਵੀ ਨਹੀਂ ਸੀ ਲਾਇਆ ਅਤੇ ਉਸ ਦਾ ਰੋਮ-ਰੋਮ ਮੇਰਾ ਸ਼ੁਕਰਗੁਜ਼ਾਰ ਸੀ ।

ਖੈਰ ! ਹੋਰ ਦੋ ਮਹੀਨੇ ਗੁਜ਼ਰ ਗਏ। ਸਾਡੀ ਬਰਾਂਚ ਨੇ ਗਾਹਕ ਮਿਲਣੀ ਪ੍ਰੋਗਰਾਮ ਆਯੋਜਿਤ ਕੀਤਾ। ਸੈਮੀਨਾਰ ਸ਼ਹਿਰ ਦੇ ਇੱਕ ਵੱਡੇ ਹੋਟਲ ਵਿੱਚ ਰੱਖਿਆ ਹੋਇਆ ਸੀ ਅਤੇ ਬੈਂਕ ਦੇ ਜ਼ੋਨਲ ਮੈਨੇਜਰ ਸਾਹਿਬ ਮੁੱਖ ਮਹਿਮਾਨ ਸਨ। ਮੁੱਖ ਮਹਿਮਾਨ ਦੀ ਆਓ-ਭਗਤ ਸਮੇਂ ਉਸ ਨੂੰ ਬੁੱਕੇ ਭੇਟ ਕੀਤੇ ਗਏ । ਬੁਲਾਰੇ , ਜਿਨ੍ਹਾਂ ਵਿੱਚ ਬੈਂਕ ਦੇ ਅਧਿਕਾਰੀ ਅਤੇ ਗਾਹਕ ਸ਼ਾਮਲ ਸਨ, ਬੋਲੇ ਬੁਲਾਰਿਆਂ ਵਿੱਚ ਉਪਰੋਕਤ ਸਨਅਤਕਾਰ ਵੀ ਸਾਮਿਲ ਸੀ। ਉਸ ਨੇ ਦੋ ਮਹੀਨੇ ਪਹਿਲਾਂ ਸਾਡੇ ਕੋਲੋਂ ਲਏ ਲੋਨ ਦੀ ਪੂਰੀ ਕਹਾਣੀ ਦੁਹਰਾ ਦਿੱਤੀ ਅਤੇ ਮੇਰੀ ਭਰਪੂਰ ਪ੍ਰਸੰਸਾ ਕੀਤੀ। ਹੁਣ ਹਾਲ ਵਿੱਚ ਮੇਰੇ ਨਾਂਅ ਦੀਆਂ ਤਾੜੀਆਂ ਗੂੰਜ ਰਹੀਆਂ ਸਨ ਅਤੇ ਮੈਂ ਗਦ-ਗਦ ਸਾਂ।

ਸਭ ਤੋਂ ਅਖੀਰ ਵਿੱਚ ਜ਼ੋਨਲ ਮੈਨੇਜਰ ਬੋਲੇ, ਗਾਹਕਾਂ ਦਾ ਧੰਨਵਾਦ ਕੀਤਾ ਅਤੇ ਬੈਂਕ ਦੀਆਂ ਸਕੀਮਾਂ 'ਤੇ ਰੋਸ਼ਨੀ ਪਾਈ। ਮੈਨੂੰ ਸਟੇਜ 'ਤੇ ਬੁਲਾ ਕੇ ਸਾਰਿਆਂ ਨੂੰ ਸੰਬੋਧਨ ਹੁੰਦਿਆਂ ਉਹ ਕਹਿਣ ਲੱਗੇ ਕਿ ਜੇਕਰ ਅੱਜ ਸਾਡਾ ਬੈਂਕ ਤਰੱਕੀਆਂ 'ਤੇ ਹੈ ਤਾਂ ਇਸ ਦਾ ਸਿਹਰਾ ਸਾਡੇ ਸ਼ਰਮਾ ਜੀ ਵਰਗੇ ਅਧਿਕਾਰੀਆਂ ਨੂੰ ਜਾਂਦਾ ਹੈ । ਸਨਮਾਨ ਦੇ ਅਸਲ ਹੱਕਦਾਰ ਤਾਂ ਇਹ ਹਨ, ਨਾ ਕਿ ਅਸੀਂ ਅਤੇ ਇਸ ਦੇ ਨਾਲ ਹੀ ਉਸ ਨੇ ਖੁਦ ਨੂੰ ਮਿਲੇ ਬੁੱਕਿਆਂ ਵਿਚੋਂ ਇਕ ਬੁੱਕਾ ਮੈਨੂੰ ਭੇਟ ਕੀਤਾ । ਮੇਰੇ ਲਈ ਇਸ ਤੋਂ ਵੱਡਾ ਸਨਮਾਨ ਭਲਾ ਹੋਰ ਕੀ ਹੋ ਸਕਦਾ ਸੀ ਕਿ ਬੈਂਕ ਦਾ ਸਟੇਟ ਮੁਖੀ ਮੇਰਾ ਸਨਮਾਨ ਕਰੇ ।

**# ਸੰਪਰਕ** : 98727-87243

# ਕੀ ਹੋਣਗੇ ਟਰੰਪ ਦੇ ਵਿਦੇਸ਼ ਨੀਤੀਆਂ 'ਚ ਤਬਦੀਲੀ ਦੇ ਦੂਰਗਾਮੀ ਪ੍ਰਭਾਵ ?



ਸੁਰਜੀਤ ਸਿੰਘ ਫਲੋਰਾ

ਰਾਸ਼ਟਰਪਤੀ ਚੁਣੇ ਗਏ ਡੋਨਾਲਡ ਟਰੰਪ ਨੇ ਹਾਲ ਹੀ ਵਿੱਚ ਸੰਯੁਕਤ ਰਾਜ ਅਮਰੀਕਾ ਦੀਆਂ ਚੋਣਾਂ ਵਿੱਚ ਇਤਿਹਾਸ ਰਚਿਆ, ਨਾ ਸਿਰਫ ਇੱਕ ਅੰਤਰਾਲ ਤੋਂ ਬਾਅਦ ਮੁੜ ਚੁਣੇ ਜਾਣ ਵਾਲੇ ਦੇਸ਼ ਦੇ ਇਤਿਹਾਸ ਵਿੱਚ ਦੂਜੇ ਰਾਸ਼ਟਰਪਤੀ ਵਜੋਂ, ਬਲਕਿ ਇਸ ਲਈ ਵੀ ਕਿਉਂਕਿ ਉਸ ਦੀ ਰਿਪਬਲਿਕਨ ਪਾਰਟੀ ਨੇ ਸੈਨੇਟ ਅਤੇ ਸਦਨ ਦੋਵਾਂ ਵਿੱਚ ਬਹੁਮਤ ਸੀਟਾਂ ਜਿੱਤੀਆਂ, ਜਿਸ ਨਾਲ ਉਹ ਆਪਣੀਆਂ ਨੀਤੀਆਂ ਨੂੰ ਜਾਰੀ ਕਰਨ ਅਤੇ ਆਪਣੇ ਏਜੰਡੇ ਨੂੰ ਲਾਗੂ ਕਰਨ ਲਈ ਹਰ ਤਰ੍ਹਾਂ ਨਾਲ ਅਜ਼ਾਦ ਹੈ । ਉਹ ਆਪਣੀ ਹਰ ਤਰ੍ਹਾਂ ਕਰਕੇ ਮਨਮਾਨੀ ਕਰੇਗਾ, ਜਿਸ ਤੋਂ ਉਮੀਦ ਕੀਤੀ ਜਾ ਸਕਦੀ ਹੈ ਕਿ ਟਰੰਪ ਦੀ ਮੁੜ ਚੋਣ ਨੇ ਅਮਰੀਕਾ ਅਤੇ ਦੁਨੀਆ ਭਰ ਵਿੱਚ ਭਾਰੀ ਪ੍ਰਤੀਕਰਮਾਂ ਨੂੰ ਜਨਮ ਦਿੱਤਾ ਹੈ। ਅੰਦਰੂਨੀ ਤੌਰ 'ਤੇ, ਜਦੋਂ ਕਿ ਰਿਪਬਲਿਕਨ ਉਤਸ਼ਾਹੀ ਹਨ, ਡੈਮੋਕਰੇਟਸ ਅਜੇ ਵੀ ਸਦਮੇ ਵਿੱਚ ਹਨ, ਜਵਾਬਾਂ ਦੀ ਭਾਲ ਵਿੱਚ ਹਨ ਅਤੇ ਦੋਸ਼-ਖੇਡ ਵਿੱਚ ਸ਼ਾਮਲ ਹਨ ਕਿ ਉਨ੍ਹਾਂ ਨੂੰ ਉਨ੍ਹਾਂ ਦੀ ਸਖ਼ਤ ਮਿਹਨਤ ਦੇ ਬਾਵਜੂਦ ਭਾਰੀ ਚੋਣ ਨੁਕਸਾਨ ਕਿਉਂ ਝੱਲਣਾ ਪਿਆ।

ਅੰਤਰਰਾਸ਼ਟਰੀ ਪੱਧਰ 'ਤੇ, ਪ੍ਰਤੀਕਿਰਿਆਵਾਂ ਵੱਖੋ-ਵੱਖਰੀਆਂ ਹਨ, ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਅਤੇ ਸੱਜੇ-ਪੱਖੀ ਅਰਜਨਟੀਨਾ ਦੇ ਰਾਸ਼ਟਰਪਤੀ ਜੇਵੀਅਰ ਮਾਈਲੀ, ਜੋ ਕਿ ਟਰੰਪ ਦੁਆਰਾ ਪ੍ਰੇਰਿਤ ਇੱਕ ਮੁਹਿੰਮ 'ਤੇ ਦੌੜੇ ਅਤੇ ਜਿੱਤੇ, ਦੁਆਰਾ ਮਾਸਕੋ ਵਿੱਚ ਸੰਵਾਦ ਦੇ ਸੁਆਗਤ ਅਤੇ ਰਾਖਵੇਂ ਆਸ਼ਾਵਾਦ ਤੋਂ ਪ੍ਰਗਟ ਕੀਤੇ ਸਮਰਥਨ ਅਤੇ ਖੁਸ਼ੀ ਤੋਂ ਲੈ ਕੇ- ਯੂਕਰੇਨ ਵਿੱਚ ਜੰਗ ਮੁੜ ਸ਼ੁਰੂ ਹੋ ਸਕਦੀ ਹੈ। ਦੂਜੇ ਪਾਸੇ, ਚੀਨ ਨੂੰ ਵਪਾਰਕ ਨੀਤੀਆਂ ਵਿੱਚ ਬਦਲਾਅ ਦੀ ਕੋਈ ਉਮੀਦ ਨਹੀਂ ਹੈ, ਹੋਰ ਪਾਬੰਦੀਆਂ ਦੀ ਤਿਆਰੀ ਅਤੇ ਨਵੇਂ ਟੈਰਿਫਾਂ ਦੀ ਸੰਭਾਵਨਾ ਦਾ ਪਿੱਲਰ ਦੋ ਦੇ ਸੰਦਰਭ ਵਿੱਚ ਵੀ ਪ੍ਰਭਾਵ ਪੈ ਸਕਦਾ ਹੈ, ਜਿਸ ਦਾ ਉਦੇਸ਼ ਵੱਡੀਆਂ ਬਹੁਰਾਸ਼ਟਰੀ ਕੰਪਨੀਆਂ 'ਤੇ 15 ਫੀਸਦੀ ਗਲੋਬਲ ਨਿਊਨਤਮ ਟੈਕਸ ਲਗਾਉਣਾ ਹੈ। ਇੱਕ ਆਮਦਨੀ ਸ਼ਾਮਲ ਕਰਨ ਦਾ ਨਿਯਮ ਹੁਣ ਯੂ ਕੇ, ਕੈਨੇਡਾ ਅਤੇ ਜ਼ਿਆਦਾਤਰ ਯੂਰਪ ਮੈਂਬਰ ਰਾਜਾਂ ਵਿੱਚ ਲਾਗੂ ਹੋਵੇਗਾ। 2025 ਤੋਂ ਇੱਕ ਘੱਟ ਟੈਕਸ ਵਾਲੇ ਮੁਨਾਫ਼ੇ ਨਿਯਮ (UTPR) ਪ੍ਰਦਾਨ ਕਰਨ ਵਾਲਾ ਕਾਨੂੰਨ ਉਸ ਜ਼ਿਆਦਾਤਰ ਆਬਾਦੀ ਵਿੱਚ ਲਾਗੂ ਕੀਤਾ ਜਾ ਰਿਹਾ ਹੈ। ਹਾਲਾਂਕਿ, ਅਧਿਕਾਰ ਖੇਤਰਾਂ ਦੀ ਇੱਕ ਲੰਮੀ ਸੂਚੀ ਹੈ, ਜਿਨ੍ਹਾਂ ਨੇ ਅਜੇ ਤੱਕ ਇਹਨਾਂ ਨਿਯਮਾਂ ਨੂੰ ਲਾਗੂ ਨਹੀਂ ਕੀਤਾ ਹੈ ਅਤੇ ਟਰੰਪ ਪ੍ਰਸ਼ਾਸਨ ਲਈ ਉਨ੍ਹਾਂ ਦੇਸ਼ਾਂ 'ਤੇ ਦਬਾਅ ਬਣਾਉਣ ਦਾ ਇੱਕ ਮੌਕਾ ਪੇਸ਼ ਕਰਦੀ ਹੈ, ਜੋ ਸਥਾਨਕ ਪਿਲਰ ਟੂ ਨਿਯਮਾਂ ਨੂੰ ਲਾਗੂ ਕਰਨ ਬਾਰੇ ਵਿਚਾਰ ਕਰ ਰਹੇ ਹਨ।

ਫਿਰ ਯੂਰਪੀਅਨ ਯੂਨੀਅਨ ਦੇ ਮੈਂਬਰ ਰਾਜਾਂ ਦੀ ਨਾਟੋ ਉੱਤੇ ਅਮਰੀਕਾ ਨਾਲ ਸੰਬੰਧਾਂ ਅਤੇ ਟਰੰਪ ਪ੍ਰਸ਼ਾਸਨ ਦੁਆਰਾ ਯੂ ਐੱਸ ਮਾਰਕੀਟ ਵਿੱਚ ਦਾਖਲ ਹੋਣ ਵਾਲੇ ਯੂਰਪੀਅਨ ਉਤਪਾਦਾਂ 'ਤੇ ਟੈਰਿਫ ਵਧਾਉਣ ਅਤੇ ਯੂਕਰੇਨ ਨੂੰ ਦਿੱਤੀ ਜਾਣ ਵਾਲੀ ਸਾਰੀ ਸਹਾਇਤਾ ਨੂੰ ਘਟਾਉਣ ਜਾਂ ਰੋਕਣ ਦੀ ਸੰਭਾਵਨਾ ਬਾਰੇ ਕਿਆਸ-ਰਾਈਆਂ ਕੀਤੀਆਂ ਜਾ ਰਹੀਆਂ ਹਨ । ਫਲਸਤੀਨ ਵਿੱਚ ਡਰ ਅਤੇ ਉਮੀਦ ਦਾ ਘਾਟਾ ਵੀ ਹੈ, ਜਿੱਥੇ ਵੈਸਟ ਬੈਂਕ ਦੇ ਕਬਜ਼ੇ ਦੀ ਸੰਭਾਵਨਾ ਖਾਸ ਤੌਰ 'ਤੇ ਗਾਜ਼ਾ ਵਿੱਚ ਵਿਨਾਸ਼ਕਾਰੀ ਯੁੱਧ ਦੇ ਵਿਚਕਾਰ ਅਤੇ ਇਰਾਨ ਵਿੱਚ ਜਿੱਥੇ ਸ਼ੈਡੋ ਯੁੱਧ ਅਤੇ ਹੋਰ ਪਾਬੰਦੀਆਂ ਦੇ ਵਧਣ ਦਾ ਡਰ ਹੈ ।

ਅਮਰੀਕੀ ਵਿਕਾਸ: ਅਫ਼ਰੀਕਾ ਵਿੱਚ, ਜਿੱਥੇ ਜ਼ਿਆਦਾਤਰ ਦੇਸ਼ ਅਮਰੀਕਾ ਦੇ ਵਿਕਾਸ, ਫੌਜੀ ਅਤੇ ਮਾਨਵਤਾਵਾਦੀ ਸਹਾਇਤਾ ਦੇ ਸਿੱਧੇ ਪ੍ਰਾਪਤਕਰਤਾ ਹਨ, ਜਵਾਬ ਲੱਗਭੱਗ ਇੱਕੋ ਜਿਹਾ ਰਿਹਾ ਹੈ-ਨਵੇਂ ਪ੍ਰਸ਼ਾਸਨ ਨਾਲ ਕੰਮ ਕਰਨ ਦੀ ਉਮੀਦ ਹੈ-ਸਾਊਥ ਅਫਰੀਕਾ ਵਰਗੇ ਕੁਝ ਲੋਕਾਂ ਨੂੰ ਛੱਡ ਕੇ ਜੋ ਆਪਣੇ 'ਤੇ ਭਾਰੀ ਟੈਰਿਫ ਲਗਾਉਣ ਦੇ ਡਰ ਤੋਂ ਸਹਿਮੇ ਹੋਏ ਹਨ।

ਪਰ ਟਰੰਪ ਦੀ ਜਿੱਤ ਲਈ ਇਹਨਾਂ ਵਿਭਿੰਨ ਪ੍ਰਤੀਕਰਮਾਂ ਤੋਂ ਪਰੇ ਅਤੇ ਸੰਸਾਰ ਦੇ ਵੱਖ-ਵੱਖ ਦੇਸ਼ਾਂ ਅਤੇ ਖੇਤਰਾਂ ਵਿੱਚ ਅਮਰੀਕੀ ਵਿਦੇਸ਼ ਨੀਤੀ ਵਿੱਚ ਤਬਦੀਲੀ ਦੇ ਦੂਰਗਾਮੀ ਪ੍ਰਭਾਵਾਂ ਦੀ ਸੰਭਾਵਨਾ, ਖਾਸ ਤੌਰ 'ਤੇ ਬਕਾਇਆ ਭੂ-ਰਾਜਨੀਤਿਕ ਫਲੈਸ਼ ਪੁਆਇੰਟਾਂ ਲਈ - ਗਾਜ਼ਾ ਅਤੇ ਯੂਕਰੇਨ ਵਿੱਚ ਯੁੱਧ, ਇਰਾਨ ਦਾ ਯੂਰੇਨੀਅਮ। ਸੰਸ਼ੋਧਨ ਪ੍ਰੋਗਰਾਮ ਅਤੇ ਚੀਨ ਨਾਲ ਮੁਕਾਬਲਾ ਵੱਡਾ ਅਤੇ ਵਧੇਰੇ ਜ਼ਰੂਰੀ ਸਵਾਲ ਹੈ : ਕੀ ਟਰੰਪ ਮੋੜ ਬਣੇਗਾ, ਜਿਵੇਂ ਕਿ ਉਸ ਨੇ ਉੱਚੀ ਆਵਾਜ਼ ਵਿੱਚ ਅਤੇ ਵਾਰ-ਵਾਰ ਘੋਸ਼ਣਾ ਕੀਤੀ, ਸੰਯੁਕਤ ਰਾਜ ਅਮਰੀਕਾ ਲਈ ਆਪਣੇ ਘਟਦੇ ਪ੍ਰਭਾਵ ਨੂੰ ਮੁੜ ਪ੍ਰਾਪਤ ਕਰਨ ਲਈ, ਸੰਸਾਰ ਵਿੱਚ ਗਵਾਚੀ ਸ਼ਾਨ ਅਤੇ ਪ੍ਰਭਾਵ ਨੂੰ ਫਿਰ ਤੋਂ ਕਾਇਮ ਕੀਤਾ ਜਾਵੇਗਾ। ਕੀ ਉਸ ਦੀ ਵਾਪਸੀ ਨਾਲ ਅਮਰੀਕਾ ਆਪਣੇ-ਆਪ ਨੂੰ ਇੱਕ ਵਧਦੀ ਅਰਥ ਵਿਵਸਥਾ, ਫੌਜੀ ਅਤੇ ਤਕਨਾਲੋਜੀ ਦੇ ਨਾਲ ਬੇਮਿਸਾਲ ਅਤੇ ਲਾਜ਼ਮੀ ਵਿਸ਼ਵ ਨੇਤਾ ਵਜੋਂ ਦੁਬਾਰਾ ਦਾਅਵਾ ਕਰੇਗਾ, ਜਾਂ ਕੀ ਇਹ ਗਿਰਾਵਟ ਵੱਲ ਝੁਕਾਅ ਹੈ ? ਕੀ ਉਸ ਦਾ ਦੂਜਾ ਕਾਰਜਕਾਲ ਸੋਵੀਅਤ ਸੰਘ ਦਾ ਪਤਨ ਹੋਵੇਗਾ ਅਤੇ ਟਰੰਪ ਮਿਖਾਇਲ ਗੋਰਬਾਚੇਵ ਹੋਵੇਗਾ, ਜੋ ਉਸ ਕੰਧ ਨੂੰ ਢਾਹ ਦੇਵੇਗਾ, ਜਿਸ ਨੇ ਅਮਰੀਕਾ ਨੂੰ ਇੱਕ ਮਹਾਂਸ਼ਕਤੀ ਵਜੋਂ ਸੰਭਾਲਿਆ ਹੈ ?

ਸ਼ੀਤ ਯੁੱਧ ਤੋਂ ਬਾਅਦ ਦਾ ਮਾਹੌਲ: ਕੁਝ ਉੱਘੇ ਅੰਤਰਰਾਸ਼ਟਰੀ ਸੰਬੰਧਾਂ ਦੇ ਵਿਦਵਾਨਾਂ ਅਤੇ ਵਿਦੇਸ਼ ਨੀਤੀ ਦੇ ਅਭਿਆਸੀਆਂ ਅਤੇ ਵਿਸ਼ਲੇਸ਼ਕਾਂ ਨੇ ਦਲੀਲ ਦਿੱਤੀ ਸੀ ਕਿ ਜਿਵੇਂ ਕਿ ਅੰਤਰਰਾਸ਼ਟਰੀ ਪ੍ਰਣਾਲੀ ਸ਼ੀਤ ਯੁੱਧ ਤੋਂ ਬਾਅਦ ਦੇ ਮਾਹੌਲ ਵਿੱਚ ਸੈਟਲ ਹੋ ਰਹੀ ਸੀ, ਪਰ ਖਾਸ ਤੌਰ 'ਤੇ 9 ਸਤੰਬਰ 2001 ਦੇ ਅਮਰੀਕਾ 'ਤੇ ਹੋਏ ਅੱਤਵਾਦੀ ਹਮਲਿਆਂ ਤੋਂ ਬਾਅਦ ਜਿਸ ਨੇ ਅਮਰੀਕਾ ਦੀ ਅਜਿੱਤਤਾ ਦੀ ਭਾਵਨਾ ਨੂੰ ਤੋੜ ਦਿੱਤਾ ਅਤੇ ਅਟੁੱਟਤਾ ਕਿ ਪੱਛਮ ਤੋਂ ਪੂਰਬ ਵੱਲ ਗਲੋਬਲ ਪਾਵਰ ਸ਼ਿਫਟ ਸਿਰਫ ਜਾਰੀ ਨਹੀਂ ਸੀ, ਪਰ ਇਹ ਕਿ ਸੱਤਾ ਪਰਿਵਰਤਨ ਅਟੱਲ ਸੀ।

ਇਸ ਡੂੰਘੇ ਦਾਅਵੇ ਨੂੰ ਏਸ਼ੀਆ ਦੇ ਤੇਜ਼ ਆਰਥਿਕ ਵਿਕਾਸ ਅਤੇ ਭੂ-ਰਾਜਨੀਤਕ ਉਭਾਰ, ਖਾਸ ਤੌਰ 'ਤੇ ਚੀਨ ਅਤੇ ਭਾਰਤ, ਸੰਭਾਵੀ ਪ੍ਰਮੁੱਖ ਵਿਸ਼ਵ ਸ਼ਕਤੀ ਦੇ ਦਾਅਵੇਦਾਰਾਂ ਦੇ ਨਾਲ-ਨਾਲ ਇੱਕ ਪੁਨਰ-ਸੁਰਜੀਤ ਰੂਸ ਦੁਆਰਾ ਵਧਾਇਆ ਗਿਆ ਸੀ। ਉਹ ਲੋਕ ਸਨ, ਜਿਨ੍ਹਾਂ ਨੇ ਦਾਅਵਾ ਕੀਤਾ ਸੀ ਕਿ ਇਸ ਇਤਿਹਾਸਕ ਸ਼ਕਤੀ ਤਬਦੀਲੀ ਦੇ ਸੰਕੇਤ ਸਪੱਸ਼ਟ ਸਨ ਅਤੇ ਇਹ ਕਿ ਵਿਸ਼ਵ ਸ਼ਕਤੀ ਦਾ ਕੇਂਦਰ ਨਿਰੰਤਰ ਤੌਰ 'ਤੇ ਏਸ਼ੀਆ, ਖਾਸ ਕਰਕੇ ਚੀਨ ਵੱਲ ਬਦਲ ਰਿਹਾ ਸੀ।

ਜਿਵੇਂ ਕਿ ਜੇਸਨ ਰਾਲਫ਼ ਨੇ ਕਿਹਾ, ਨੇੜਲੇ ਭਵਿੱਖ ਵਿੱਚ ਚੀਨੀ ਸਦੀ ਹੋਣ ਦੀ ਸੰਭਾਵਨਾ ਨੇ ਸਮਕਾਲੀ ਅੰਤਰਰਾਸ਼ਟਰੀ ਆਦਰਸ਼ ਕ੍ਰਮ ਦੀ ਸਥਿਰਤਾ ਬਾਰੇ ਬਹੁਤ ਚਰਚਾ ਕੀਤੀ ਹੈ। ਵਿਸ਼ਲੇਸ਼ਕ ਸਵਾਲ ਕਰ ਸਕਦੇ ਹਨ ਕਿ ਕਦੋਂ ਚੀਨੀ ਅਰਥਵਿਵਸਥਾ ਅਮਰੀਕਾ ਤੋਂ ਅੱਗੇ ਨਿਕਲ ਜਾਵੇਗੀ ਅਤੇ ਕੀ ਇਹ ਨਵੀਂ ਲੱਭੀ ਗਈ ਪਦਾਰਥਕ ਦੌਲਤ ਅਮਰੀਕੀ ਸਰਵਉੱਚਤਾ ਲਈ ਇੱਕ ਫੌਜੀ ਚੁਣੌਤੀ ਵਿੱਚ ਅਨੁਵਾਦ ਹੋਵੇਗੀ, ਪਰ ਇੱਕ ਉੱਭਰਦੀ ਸ਼ਕਤੀ ਵਜੋਂ ਚੀਨ ਦੀ ਸਥਿਤੀ ਨੂੰ ਲੰਬੇ ਸਮੇਂ ਤੋਂ ਮਾਨਤਾ ਦਿੱਤੀ ਗਈ ਹੈ।

ਭਾਵੇਂ 2014 ਤੋਂ ਦਿਖਾਇਆ ਗਿਆ ਹੈ ਕਿ ਵਿਸ਼ਵ ਜੀ ਡੀ ਪੀ ਵਿੱਚ ਚੀਨ ਦਾ ਹਿੱਸਾ, ਜੋ ਕਿ 2012 ਵਿੱਚ 15 ਪ੍ਰਤੀਸ਼ਤ ਸੀ, ਵਧੇਗਾ ਅਤੇ ਅਮਰੀਕਾ ਦੇ 18 ਪ੍ਰਤੀਸ਼ਤ ਦੇ ਨਾਲ ਲੱਗਭੱਗ ਖਿੱਚੇਗਾ। ਇਸ ਤੋਂ ਇਲਾਵਾ ਇਹ ਅਨੁਮਾਨ ਲਗਾਇਆ ਗਿਆ ਸੀ ਕਿ ਚੀਨ ਪਿਛਲੇ ਦਹਾਕੇ ਵਿੱਚ ਕਿਸੇ ਸਮੇਂ ਮਾਰਕੀਟ ਐਕਸਚੇਂਜ ਦਰ ਦੁਆਰਾ ਮਾਪੀ ਗਈ ਦੁਨੀਆ ਦੀ ਸਭ ਤੋਂ ਵੱਡੀ ਅਰਥਵਿਵਸਥਾ ਦੇ ਰੂਪ ਵਿੱਚ ਅਮਰੀਕਾ ਨੂੰ ਪਛਾੜਨ ਵਾਲਾ ਸੀ, ਜੋ ਕਿ ਹਾਲਾਂਕਿ ਅਜਿਹਾ ਨਹੀਂ ਹੋਇਆ ਹੈ। ਇੱਕ 2013 ਅਰਥ ਸ਼ਾਸਤਰੀ ਲੇਖ ਨੇ ਕਿਹਾ ਕਿ 2025 ਤੱਕ ਚੀਨ ਦਾ ਰੱਖਿਆ ਖਰਚ ਸੰਯੁਕਤ ਰਾਜ ਦੇ ਬਰਾਬਰ ਹੋਵੇਗਾ ।

ਹਾਲਾਂਕਿ ਅਮਰੀਕਾ ਦੇ ਵਿਸ਼ਵਵਿਆਪੀ ਦ੍ਰਿਸ਼ਟੀਕੋਣ ਵਿੱਚ ਗਿਰਾਵਟ ਦੇ ਇਨ੍ਹਾਂ ਸਾਰੇ ਦਾਅਵਿਆਂ ਦੇ ਬਾਵਜੂਦ ਟਰੰਪ ਵੱਲੋਂ ਰਾਸ਼ਟਰਪਤੀ ਚੋਣਾਂ ਜਿੱਤਣ ਤੇ ਆਉਣ ਵਾਲੀਆਂ ਵਿਦੇਸ਼ੀ ਨੀਤੀਆਂ ਬਾਰੇ ਸਾਰੀਆਂ ਰਾਜਧਾਨੀਆਂ ਅਤੇ ਦੇਸ਼ਾਂ ਨੂੰ ਟਰੰਪ ਦੀਆਂ ਪਾਲਸੀਆਂ ਨੇ ਦੁਚਿੱਤੀ ਅਤੇ ਸਹਿਮ ਵਿਚ ਪਾਇਆ ਹੋਇਆ ਹੈ।

ਅਮਰੀਕਾ ਅਤੇ ਚੀਨ ਵਿਚਕਾਰ ਰਣਨੀਤਕ ਮੁਕਾਬਲਾ ਅਤੇ ਤਣਾਅਪੂਰਨ ਸਬੰਧਾਂ ਦੇ ਹੋਰ ਤੇਜ਼ ਹੋਣ ਦੀ ਉਮੀਦ ਕੀਤੀ ਜਾ ਰਹੀ ਹੈ। ਭੂ-ਰਾਜਨੀਤਕ ਅਤੇ ਭੂ-ਰਣਨੀਤਕ ਵਿਦਵਾਨ ਅਮਰੀਕੀ ਵਿਦੇਸ਼ ਨੀਤੀ ਦੇ ਲਾਗੂ ਕਰਨ ਅਤੇ ਆਚਰਣ ਦੀ ਡੂੰਘਾਈ ਨਾਲ ਨਿਗਰਾਨੀ ਕਰਨਗੇ, ਖਾਸ ਤੌਰ 'ਤੇ ਚੀਨ ਦੇ ਸੰਬੰਧ ਵਿੱਚ, ਜਿਸ ਨੂੰ ਅਮਰੀਕੀ ਕਾਂਗਰਸ ਦੁਆਰਾ ਵਿਸ਼ਵ ਪੱਧਰ 'ਤੇ ਅਮਰੀਕੀ ਹਿੱਤਾਂ ਨੂੰ ਚੁਣੌਤੀ ਦੇਣ ਦੇ ਸਭ ਤੋਂ ਸਮਰੱਥ ਦੇਸ਼ ਵਜੋਂ ਨਾਮਜ਼ਦ ਕੀਤਾ ਗਿਆ ਹੈ ਅਤੇ ਹੁਣ ਤੱਕ ਨਵਾਂ ਪ੍ਰਸ਼ਾਸਨ ਮੁੱਖ ਰਾਸ਼ਟਰੀ ਸੁਰੱਖਿਆ ਅਤੇ ਵਿਦੇਸ਼ੀ ਡੌਕੇਟਸ ਲਈ ਚੀਨ ਵਿਰੋਧੀ ਕੱਟੜਪੰਥੀਆਂ ਨੂੰ ਕਤਾਰਬੱਧ ਕਰ ਰਿਹਾ ਹੈ।

ਜੇਕਰ ਟਰੰਪ ਅਤੇ ਉਨ੍ਹਾਂ ਦੀ ਟੀਮ ਚੀਨ ਨੂੰ ਕਾਬੂ ਕਰਨ ਅਤੇ ਇਸ ਦੀਆਂ ਵਿਸ਼ਵ-ਵਿਆਪੀ ਇੱਛਾਵਾਂ ਨੂੰ ਨਸ਼ਟ ਕਰਨ ਦੇ ਆਪਣੇ ਯਤਨਾਂ ਵਿੱਚ ਸਫਲ ਹੋ ਜਾਂਦੀ ਹੈ ਤਾਂ ਚੀਨ ਨੂੰ ਵਿਸ਼ਵ ਸ਼ਕਤੀ ਬਣਨ ਲਈ ਲੰਮਾ ਸਮਾਂ ਲੱਗ ਸਕਦਾ ਹੈ।

29-NOV-PAGE-5.qxd 11/28/2024 10:49 PM Page 1



# ਢਾਬੀ ਗੁੱਜਰਾਂ ਬਾਰਡਰ ਦੇ ਅੰਦੋਲਨ 'ਚ ਕਿਸਾਨਾਂ ਦੀ ਆਮਦ ਵਧੀ

## ਸੁਖਜੀਤ ਸਿੰਘ ਹਰਦੋ ਝੰਡਾ ਦਾ ਮਰਨ ਵਰਤ ਤੀਜੇ ਦਿਨ ਵੀ ਜਾਰੀ



ਕਾਫਲੇ ਬੰਨ ਕੇ ਖਨੌਰੀ ਬਾਰਡਰ 'ਤੇ ਪਹੁੰਚਦੇ ਹੋਏ ਕਿਸਾਨ (ਸੱਜੇ) ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਸੁਖਜੀਤ ਸਿੰਘ ਹਰਦੋ ਝੰਡਾ ਸਟੇਜ 'ਤੇ ਪਏ ਹੋਏ।

**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**

ਦਿੱਲੀ ਕਿਸਾਨ ਅੰਦੋਲਨ ਦੌਰਾਨ ਮੰਨੀਆਂ ਗਈਆਂ ਮੰਗਾਂ ਨੂੰ ਪੂਰੀਆਂ ਕਰਵਾਉਣ ਨੂੰ ਲੈ ਕੇ ਚੱਲ ਰਹੇ ਕਿਸਾਨ ਅੰਦੋਲਨ ਦੌਰਾਨ ਪਟਿਆਲਾ ਜ਼ਿਲ੍ਹੇ ਦੇ ਢਾਬੀ ਗੁੱਜਰਾਂ ਬਾਰਡਰ ਉੱਤੇ ਚੱਲ ਰਹੇ ਕਿਸਾਨ ਧਰਨੇ ਵਿੱਚੋਂ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਕੌਮੀ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਨੂੰ ਪੁਲਸ ਵੱਲੋਂ ਜਬਰੀ ਚੁੱਕੇ ਜਾਣ ਮਗਰੋਂ ਮਰਨ ਵਰਤ ਉੱਤੇ ਬੈਠੇ ਜਥੇਬੰਦੀ ਦੇ ਸੂਬਾ ਪ੍ਰਧਾਨ ਸੁਖਜੀਤ ਸਿੰਘ ਹਰਦੋ ਝੰਡਾ ਦਾ ਮਰਨ ਵਰਤ ਤੀਜੇ ਦਿਨ ਵੀ ਜਾਰੀ ਰਿਹਾ।ਇਸ ਦੌਰਾਨ ਬਾਰਡਰ ਉੱਤੇ ਕਿਸਾਨਾਂ ਦੀ ਆਮਦ ਦਾ ਲਗਾਤਾਰ ਵੱਧਣਾ ਜਾਰੀ ਹੈ ਦੂਜੇ ਪਾਸੇ ਪੰਜਾਬ ਹਰਿਆਣਾ ਸੀਮਾ ਦੇ ਬਿਲਕੁਲ ਨਜ਼ਦੀਕ ਪਿਛਲੇ ਕਰੀਬ ਨੌਂ ਮਹੀਨਿਆਂ ਤੋਂ ਲਗਾਤਾਰ ਚੱਲ ਰਹੀ ਸਟੇਜ ਨੂੰ ਮਰਨ ਵਰਤ ਵਾਲੀ ਥਾਂ ਉੱਤੇ ਲਿਆ ਕੇ ਉਸ ਦਾ ਆਕਾਰ ਵਧਾਇਆ ਜਾ ਰਿਹਾ ਹੈ।ਜਿੱਥੇ ਸਟੇਜ ਵੱਡੀ ਕੀਤੀ ਜਾ ਰਹੀ ਹੈ, ਉੱਥੇ ਸਾਹਮਣੇ ਪੰਡਾਲ ਵਿੱਚ ਟੈਂਟ ਲਾਉਣ ਦਾ ਕੰਮ ਵੀ ਲਗਾਤਾਰ ਜਾਰੀ ਹੈ।

ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਭਗਵੰਤ ਮਾਨ ਸਰਕਾਰ ਕੇਂਦਰ ਦੇ ਇਸ਼ਾਰਿਆਂ ਉੱਤੇ ਕੰਮ ਕਰ ਰਹੀ ਹੈ।ਪ੍ਰਦਰਸ਼ਨ ਦੌਰਾਨ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਮਰਨ ਵਰਤ ਤੋਂ ਪਹਿਲਾਂ ਇਸ ਤਰ੍ਹਾਂ ਚੁੱਕ ਕੇ ਸੰਵਿਧਾਨ ਦਿਵਸ ਵਾਲੇ ਦਿਨ ਸੰਵਿਧਾਨ ਦੀਆਂ ਸ਼ਰੇਆਮ ਧੱਜੀਆਂ ਉਡਾਈਆਂ ਗਈਆਂ ਹਨ ਕਿਸਾਨ ਆਗੂਆਂ ਨੇ ਕਿਹਾ ਕਿ ਪੁਲਸ ਵੱਲੋਂ ਨਾਜਾਇਜ਼ ਤੌਰ 'ਤੇ ਹਿਰਾਸਤ ਵਿੱਚ ਲੈ ਕੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਹਸਪਤਾਲ ਵਿੱਚ ਭਰਤੀ ਕਰਾਉਣਾ ਬਿਲਕੁਲ ਗਲਤ ਹੈ।ਉਨ੍ਹਾਂ ਕਿਹਾ ਕਿ ਪੁਲਸ ਕੇਂਦਰ ਤੇ ਪੰਜਾਬ ਸਰਕਾਰ ਦੇ ਇਸ਼ਾਰਿਆਂ 'ਤੇ ਸ਼ਰੇਆਮ ਧੱਕੇ ਉੱਤੇ ਉੱਤਰੀ ਹੋਈ ਹੈ ਤੇ ਕਾਨੂੰਨ ਦੀ ਉਲੰਘਣਾ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਅਗਰ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਪੁਲਸ ਨੇ ਹਿਰਾਸਤ ਵਿੱਚ ਲਿਆ ਹੈ ਤਾਂ ਉਨ੍ਹਾਂ ਅਦਾਲਤ ਵਿੱਚ ਪੇਸ਼ ਕਰਨਾ ਬਣਦਾ ਹੈ, ਜਦੋਂ ਕਿ ਪੁਲਸ ਉਨ੍ਹਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਹਸਪਤਾਲ ਵਿੱਚ ਦਾਖਲ ਕਰਵਾਉਣ ਦੀਆਂ ਗੱਲਾਂ ਕਰਦੀ ਹੈ।ਇਸ ਦੌਰਾਨ ਹਰਿਆਣਾ ਦੇ ਕਿਸਾਨ ਆਗੂ ਰਮੇਸ਼ਵਰ ਕਸਾਨ ਨੇ ਕਿਹਾ ਕਿ ਨੇ ਕਿਹਾ ਕਿ ਪੁਲਸ ਵਾਰ-ਵਾਰ ਆਪਣੇ ਬਿਆਨ ਬਦਲ ਰਹੀ ਹੈ।ਉਨ੍ਹਾਂ ਚਿਤਾਵਨੀ ਦਿੱਤੀ ਕਿ ਜਦੋਂ ਤੱਕ ਜਗਜੀਤ ਸਿੰਘ ਡੱਲੇਵਾਲ ਨੂੰ ਪੁਲਸ ਖਨੌਰੀ ਬਾਰਡਰ ਉੱਤੇ ਨਹੀਂ ਲੈ ਕੇ ਆਉਂਦੀ ਉਦੋਂ ਤੱਕ ਪ੍ਰਸ਼ਾਸਨ ਨਾਲ ਕੋਈ ਵੀ ਗੱਲਬਾਤ ਸਿਰੇ ਨਹੀਂ ਚੜ੍ਹ ਸਕਦੀ।

# ਨੌਜਵਾਨ ਦੇ ਕਤਲ ਮਾਮਲੇ 'ਚ ਪੁਲਸ ਨੇ 3 ਵਿਅਕਤੀਆਂ ਖਿਲਾਫ ਕੀਤਾ ਮੁਕੱਦਮਾ ਦਰਜ



**ਮੋਗਾ (ਇਕਬਾਲ ਸਿੰਘ ਖਹਿਰਾ)**-ਥਾਣਾ ਕੋਟ ਈਸੇ ਖਾਂ ਵਿਖੇ ਨਸ਼ਾ ਛਡਾਊ ਕੇਂਦਰ, ਆਸ ਦੀ ਕਿਰਨ ਫਾਊਂਡੇਸ਼ਨ, ਪਿੰਡ ਚੀਮਾ ਵਿਖੇ ਇੱਕ ਵਿਅਕਤੀ ਦੀ ਮੌਤ ਦਾ ਮਾਮਲਾ ਸਾਹਮਣੇ ਆਉਣ 'ਤੇ ਪੁਲਸ ਵੱਲੋਂ ਤੁਰੰਤ ਪ੍ਰਭਾਵ ਨਾਲ ਕਾਰਵਾਈ ਆਰੰਭੀ ਗਈ। ਇਸ ਤਹਿਤ ਰਮਨਦੀਪ ਸਿੰਘ ਉਪ ਕਪਤਾਨ ਪੁਲਸ, ਸਬ-ਡਵੀਜ਼ਨ ਧਰਮਕੋਟ ਅਤੇ ਮੁੱਖ ਅਫਸਰ ਥਾਣਾ ਕੋਟ ਈਸੇ ਖਾਂ ਵੱਲੋਂ ਤੁਰੰਤ ਮਾਮਲੇ ਦੀ ਤਫਤੀਸ਼ ਕੀਤੀ ਗਈ। ਉਪ ਕਪਤਾਨ ਪੁਲਸ ਰਮਨਦੀਪ ਸਿੰਘ ਨੇ ਦੱਸਿਆ ਕਿ ਇਸ ਤਫਤੀਸ਼ ਦੌਰਾਨ ਪਤਾ ਲੱਗਾ ਕਿ ਉਕਤ ਵਿਅਕਤੀ, ਜਿਸ ਦਾ ਨਾਂਅ ਕਰਮਜੀਤ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਵਾਰਡ ਨੰ: 10, ਨੇੜੇ ਸਾਇੰਸ ਕਾਲਜ, ਜ਼ਿਲ੍ਹਾ ਜਗਰਾਓਂ ਦਾ ਰਹਿਣ ਵਾਲਾ ਹੈ, ਜੋ ਇਸ ਨਸ਼ਾ ਛਡਾਊ ਕੇਂਦਰ ਵਿਖੇ ਇਲਾਜ ਅਧੀਨ ਸੀ, ਇਸਦੇ ਪਰਵਾਰ ਬਾਰੇ ਪਤਾ ਕਰਕੇ ਉਨ੍ਹਾ ਨਾਲ ਸੰਪਰਕ ਕੀਤਾ ਗਿਆ ਅਤੇ ਉਸਦੇ ਮਾਮਾ ਤਰਲੋਚਨ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਵਾਰਡ ਨੰ: 05, ਮੁਹੱਲਾ ਹਰਦੇਵ ਨਗਰ ਨੇ ਦੱਸਿਆ ਕਿ ਉਸਦਾ ਭਾਣਜਾ ਕਰਮਜੀਤ ਸਿੰਘ ਜੋ ਨਸ਼ੇ ਕਰਨ ਦਾ ਆਦੀ ਹੋ ਚੁੱਕਾ ਸੀ, ਨੂੰ 12.11.2024 ਨੂੰ ਉਕਤ ਨਸ਼ਾ ਛਡਾਊ ਕੇਂਦਰ ਵਿਖੇ ਦਾਖਲ ਕਰਾਇਆ ਸੀ। 27.11.2024 ਦੀ ਰਾਤ ਨੂੰ ਨਸ਼ਾ ਛਡਾਊ ਕੇਂਦਰ, ਆਸ ਦੀ ਕਿਰਨ ਫਾਊਂਡੇਸ਼ਨ, ਪਿੰਡ ਚੀਮਾ ਦੇ ਦਲਜੀਤ ਸਿੰਘ ਪੁੱਤਰ ਕੁਲਬੀਰ ਸਿੰਘ ਵਾਸੀ ਸ਼ੇਰਪੁਰ ਤਖਤੂਵਾਲਾ, ਅਮਨਪ੍ਰੀਤ ਸਿੰਘ ਉਰਫ ਨਿੱਕੂ ਪੁੱਤਰ ਨਾਮਲੂਮ ਵਾਸੀ ਕੋਕਰੀ ਕਲਾਂ ਤੇ ਅੰਕਿਤ ਨਾਗਪਾਲ ਉਰਫ ਸੰਜੂ ਪੁੱਤਰ ਨਾਮਲੂਮ ਵਿਅਕਤੀਆਂ ਵੱਲੋਂ ਆਪਣੇ ਵਹੀਕਲ ਉਪਰ ਸਵਾਰ ਹੋ ਕੇ ਉਨ੍ਹਾਂ ਦੇ ਭਾਣਜੇ ਦੀ ਲਾਸ਼ ਲੈ ਕੇ ਉਨ੍ਹਾਂ ਦੇ ਘਰ ਆ ਗਏ।

ਉਨ੍ਹਾਂ ਦੱਸਿਆ ਕਿ ਜਦੋਂ ਉਨ੍ਹਾਂ ਲਾਸ਼ ਦੇਖੀ ਤਾਂ ਕਰਮਜੀਤ ਸਿੰਘ ਦੇ ਸਰੀਰ ਤੇ ਬਹੁਤ ਤਸ਼ੱਦਦ ਦੇ ਨਿਸ਼ਾਨ ਸਨ। ਜਿਸ 'ਤੇ ਤਰਲੋਚਨ ਸਿੰਘ ਵੱਲੋਂ ਨਸ਼ਾ ਛਡਾਊ ਕੇਂਦਰ ਚਲਾ ਰਹੇ ਇਨ੍ਹਾਂ ਤਿੰਨਾਂ ਵਿਅਕਤੀਆਂ ਵੱਲੋਂ ਉਸ ਦੇ ਭਾਣਜੇ ਕਰਮਜੀਤ ਸਿੰਘ ਦੀ ਕੁੱਟਮਾਰ ਕਰਕੇ ਉਸਦਾ ਕਤਲ ਕੀਤੇ ਜਾਣ ਦਾ ਖਦਸ਼ਾ ਜ਼ਾਹਰ ਕੀਤਾ ਗਿਆ, ਜਿਸ ਦੇ ਬਿਆਨਾਂ ਦੇ ਅਧਾਰ 'ਤੇ 3 ਵਿਅਕਤੀਆਂ ਦਲਜੀਤ ਸਿੰਘ ਪੁੱਤਰ ਕੁਲਬੀਰ ਸਿੰਘ ਵਾਸੀ ਸ਼ੇਰਪੁਰ ਤਖਤੂਵਾਲਾ, ਅਮਨਪ੍ਰੀਤ ਸਿੰਘ ਉਰਫ ਨਿੱਕੂ ਪੁੱਤਰ ਨਾਮਲੂਮ ਵਾਸੀ ਕੋਕਰੀ ਕਲਾਂ ਤੇ ਅੰਕਿਤ ਨਾਗਪਾਲ ਉਰਫ ਸੰਜੂ ਪੁੱਤਰ ਨਾਮਲੂਮ ਦੇ ਖਿਲਾਫ ਮੁੱਕਦਮਾ ਦਰਜ ਕੀਤਾ ਗਿਆ। ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ। ਦੋਸ਼ੀਆਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕੀਤਾ ਜਾਵੇਗਾ।

# ਕੈਂਸਰ ਗੈਸ ਫ਼ੈਕਟਰੀਆਂ ਵਿਰੋਧੀ ਸੰਘਰਸ਼ ਤੇਜ਼ ਕਰਨ ਦਾ ਐਲਾਨ

## ਦਸੰਬਰ ਦੇ ਪਹਿਲੇ ਹਫ਼ਤੇ ਸਾਰੇ ਮੋਰਚਿਆਂ 'ਤੇ ਹੋਣਗੀਆਂ ਵਿਸ਼ਾਲ ਕਾਨਫਰੰਸਾਂ



**ਜਗਰਾਉਂ (ਨਛੱਤਰ ਸੰਧੂ)**-ਸਥਾਨਕ ਬੀਬੀ ਅਮਰ ਕੌਰ ਯਾਦਗਾਰ ਲਾਇਬ੍ਰੇਰੀ ਵਿਖੇ ਲੁਧਿਆਣਾ ਜ਼ਿਲ੍ਹੇ ਦੀਆਂ ਕੈਂਸਰ ਗੈਸ ਫ਼ੈਕਟਰੀਆਂ ਵਿਰੋਧੀ ਤਾਲਮੇਲ ਕਮੇਟੀ ਦੀ ਮੀਟਿੰਗ ਡਾ. ਸੁਖਦੇਵ ਸਿੰਘ ਭੂੰਦੜੀ ਕੋਆਰਡੀਨੇਟਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਕੈਂਸਰ ਗੈਸ ਫ਼ੈਕਟਰੀਆਂ ਵਿਰੋਧੀ ਸੰਘਰਸ਼ ਤੇ ਪੰਜਾਬ ਸਰਕਾਰ ਦੇ ਹੁਣ ਤੱਕ ਦੇ ਰਵੱਈਏ ਬਾਰੇ ਖੁੱਲ੍ਹ ਕੇ ਵਿਚਾਰਚਰਚਾ ਹੋਈ।ਮੀਟਿੰਗ ਵਿੱਚ ਹਾਜ਼ਰ ਸਾਰੇ ਨੁਮਾਇੰਦਿਆਂ ਨੇ ਕਿਹਾ ਕਿ ਕੰਮ ਦੀ ਰੁੱਤ ਤੇ ਸਰਕਾਰੀ ਨਾਲਾਇਕੀ ਕਾਰਨ ਕਿਸਾਨਾਂ ਦੇ ਮੰਡੀਆਂ 'ਚ ਰੁਲਣ ਦੇ ਸਿੱਟੇ ਵਜੋਂ ਸੰਘਰਸ਼ 'ਚ ਕੁੱਝ ਸਮੇਂ ਲਈ ਠਹਿਰਾਓ ਆਇਆ ਸੀ, ਭਾਵੇਂ ਕਿ ਸਾਰੀਆਂ ਥਾਵਾਂ 'ਤੇ ਦਿਨ-ਰਾਤ ਦੇ ਧਰਨੇ ਲਗਾਤਾਰ ਜਾਰੀ ਰਹੇ।ਮੀਟਿੰਗ ਵਿੱਚ ਕੈਂਸਰ ਗੈਸ ਫ਼ੈਕਟਰੀਆਂ ਦੇ ਕਨੂੰਨੀ ਪੱਖ 'ਤੇ ਵੀ ਵਿਸਥਾਰ 'ਚ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਨੇ ਮਹਿਸੂਸ ਕੀਤਾ ਕਿ ਮਾਣਯੋਗ ਹਾਈਕੋਰਟ 'ਚ ਪੰਜਾਬ ਸਰਕਾਰ ਨੇ ਗਲਤ ਜਾਣਕਾਰੀ ਦੇ ਕੇ ਕੋਰਟ ਨੂੰ ਗੁੰਮਰਾਹ ਕੀਤਾ ਹੈ। ਪੰਜਾਬ ਸਰਕਾਰ ਵੱਲੋਂ ਇਨ੍ਹਾਂ ਕੈਂਸਰ ਫ਼ੈਕਟਰੀਆਂ ਖਿਲਾਫ ਸੰਘਰਸ਼ ਕਰ ਰਹੇ ਪਿੰਡਾਂ ਦਾ ਪੱਖ, ਸਰਕਾਰੀ ਮਾਹਰਾਂ ਨਾਲ ਚਾਰ ਮੀਟਿੰਗਾਂ 'ਚ ਹੋਏ ਲੰਮੇ ਵਿਚਾਰ ਵਟਾਂਦਰੇ ਦੀ ਵੀਡੀਓਗ੍ਰਾਫੀ ਤੇ ਨਿਕਲੇ ਸਿੱਟਿਆਂ ਦਾ ਜ਼ਿਕਰ ਨਾ ਕਰਕੇ ਪੂੰਜੀਪਤੀ ਮਾਲਕਾਂ ਦਾ ਨੰਗਾ ਚਿੱਟਾ ਪੱਖ ਪੂਰਿਆ ਹੈ ਤੇ ਕੋਰਟ ਨੂੰ ਹਨੇਰੇ 'ਚ ਰੱਖਿਆ ਹੈ।ਤਾਲਮੇਲ ਕਮੇਟੀ ਨੇ ਮਾਣਯੋਗ ਹਾਈਕੋਰਟ ਨੂੰ ਦੋਹੇਂ ਪੱਖ ਵਿਸਥਾਰ 'ਚ ਸੁਨਣ ਤੋਂ ਬਾਅਦ ਕੋਈ ਫੈਸਲਾ ਕਰਨ ਦੀ ਜ਼ੋਰਦਾਰ ਬੇਨਤੀ ਕੀਤੀ ਹੈ।ਤਾਲਮੇਲ ਕਮੇਟੀ ਨੇ ਜ਼ੋਰ ਦੇ ਕੇ ਕਿਹਾ ਕਿ ਬਾਇਓ ਗੈਸ ਫ਼ੈਕਟਰੀਆਂ ਅਸਲ 'ਚ ਕੈਂਸਰ ਫੈਕਟਰੀਆਂ ਹਨ ਅਤੇ ਇਹ ਲੋਕਹਿਤ ਵਿੱਚ ਕਿਸੇ ਵੀ ਕੀਮਤ 'ਤੇ ਨਹੀਂ ਚੱਲਣ ਦਿੱਤੀਆਂ ਜਾਣਗੀਆਂ।

ਇਹ ਮੌਹਤਵਪੂਰਨ ਨੁਕਤਾ ਸਰਕਾਰ ਨਾਲ ਮੀਟਿੰਗਾਂ 'ਚ ਕਮੇਟੀ ਵੱਲੋਂ ਸਾਬਿਤ ਕੀਤਾ ਜਾ ਚੁੱਕਾ ਹੈ ਤੇ ਹੁਣ ਮਾਣਯੋਗ ਹਾਈ ਕੋਰਟ 'ਚ ਵੀ ਸਾਬਿਤ ਕੀਤਾ ਜਾਵੇਗਾ।ਮੀਟਿੰਗ ਵਿੱਚ ਕੈਂਸਰ ਗੈਸ ਫ਼ੈਕਟਰੀਆਂ ਵਿਰੋਧੀ ਸੰਘਰਸ਼ ਨੂੰ ਤੇਜ਼ ਕਰਨ ਲਈ ਇੱਕ ਦਸੰਬਰ ਨੂੰ ਪਿੰਡ ਅਖਾੜਾ, ਚਾਰ ਦਸੰਬਰ ਪਿੰਡ ਮੁਸ਼ਕਾਬਾਦ, ਅੱਠ ਦਸੰਬਰ ਪਿੰਡ ਭੂੰਦੜੀ ਸੰਘਰਸ਼ ਮੋਰਚਿਆਂ 'ਚ ਵਿਸ਼ਾਲ ਕਾਨਫਰੰਸਾਂ ਕਰਕੇ ਅਗਲੇ ਤਿੱਖੇ ਪ੍ਰੋਗਰਾਮ ਦਾ ਐਲਾਨ ਕੀਤਾ ਜਾਵੇਗਾ।ਇਨ੍ਹਾਂ ਕਾਨਫਰੰਸਾਂ ਵਿੱਚ ਕਿਸਾਨ ਮਜ਼ਦੂਰ ਜਥੇਬੰਦੀਆਂ ਦੇ ਸੂਬਾਈ ਆਗੂ ਸੰਬੋਧਨ ਕਰਨਗੇ।ਮੀਟਿੰਗ ਵਿੱਚ ਬਲਵੰਤ ਸਿੰਘ ਘੁਡਾਣੀ, ਅਰਵਿੰਦਰ ਸਿੰਘ ਲਵਲੀ, ਹਰਮੇਲ ਸਿੰਘ, ਕੁਲਵਿੰਦਰ ਸਿੰਘ ਮੁਸ਼ਕਾਬਾਦ, ਹਰਪਾਲ ਸਿੰਘ ਕਾਲਾ, ਕੰਵਲਜੀਤ ਖੰਨਾ, ਹਰਦੇਵ ਸਿੰਘ ਅਖਾੜਾ, ਹਰਦੀਪ ਸਿੰਘ ਅਖਾੜਾ, ਜਗਤਾਰ ਸਿੰਘ ਭੂੰਦੜੀ, ਅਮਰੀਕ ਸਿੰਘ ਭੂੰਦੜੀ ਹਾਜ਼ਰ ਸਨ।

## ਕਾਤਰਾਂ

### ਔਰਤ ਦੀ ਸੋਨੇ ਦੀ ਚੇਨ ਤੇ ਕੜਾ ਕੱਟ ਕੇ ਫਰਾਰ ਹੋਈਆਂ ਔਰਤਾਂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਦਰਸ਼ਨਾਂ ਲਈ ਹਰਿਆਣਾ ਤੋਂ ਆਏ ਇੱਕ ਪਰਵਾਰ ਦੀ ਔਰਤ ਨੂੰ ਨਿਸ਼ਾਨਾ ਬਣਾਉਂਦੇ ਹੋਏ ਔਰਤਾਂ ਦੇ ਇੱਕ ਗਰੋਹ ਵੱਲੋਂ ਉਸ ਦੀ ਸੋਨੇ ਦੀ ਚੇਨ ਤੇ ਕੜਾ ਕੱਟ ਲੈ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ।ਸੂਤਰਾਂ ਤੋਂ ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਬਖਸ਼ੀਸ਼ ਸਿੰਘ ਵਿਰਦੀ ਵਾਸੀ ਰਦੌਰ, ਜ਼ਿਲ੍ਹਾ ਯਮੁਨਾਨਗਰ (ਹਰਿਆਣਾ) ਬੀਤੇ ਦਿਨੀਂ ਆਪਣੇ ਪਰਿਵਾਰਕ ਮੈਂਬਰਾਂ ਸਮੇਤ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਦਰਸ਼ਨਾਂ ਲਈ ਆਏ ਸਨ, ਜਿੱਥੇ ਦੁਪਹਿਰ ਕਰੀਬ 12 ਵਜੇ ਉਹ ਜਦੋਂ ਮੱਥਾ ਟੇਕ ਰਹੇ ਸਨ ਤਾਂ ਅਪਰਾਧੀ ਕਿਸਮ ਦੀਆਂ ਔਰਤਾਂ ਦੇ ਇੱਕ ਗਰੋਹ ਦੀਆਂ ਮੈਂਬਰਾਂ ਬਖਸ਼ੀਸ਼ ਸਿੰਘ ਦੀ ਸੱਸ ਸਤਪਾਲ ਕੌਰ ਦੇ ਪਿੱਛੇ ਲੱਗ ਗਈਆਂ, ਜਿਨ੍ਹਾਂ ਨੇ ਭੀੜ ਦਾ ਫਾਇਦਾ ਚੁੱਕਦਿਆਂ ਸਤਪਾਲ ਕੌਰ ਦੇ ਗਲੇ 'ਚ ਪਾਈ ਸੋਨੇ ਦੀ ਚੇਨ ਤੇ ਬਾਂਹ 'ਚ ਪਾਇਆ ਸੋਨੇ ਦਾ ਕੜਾ ਕੱਟ ਲਿਆ ਤੇ ਮੌਕੇ ਤੋਂ ਫਰਾਰ ਹੋ ਗਈਆਂ।ਬਖਸ਼ੀਸ਼ ਸਿੰਘ ਵਿਰਦੀ ਦੇ ਬਿਆਨਾਂ 'ਤੇ ਨਾਮਾਲੂਮ ਔਰਤਾਂ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

### ਨਰਿੰਦਰ ਸਿੰਘ ਬਣੇ ਹਠੂਰ ਦੇ ਐੱਸ ਐੱਚ ਓ



**ਹਠੂਰ (ਨਛੱਤਰ ਸੰਧੂ)**-ਪੁਲਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਐੱਸ ਐੱਸ ਪੀ ਨਵਨੀਤ ਸਿੰਘ ਬੈਂਸ ਵੱਲੋਂ ਥਾਣਾ ਹਠੂਰ ਸਮੇਤ ਕਈ ਹੋਰ ਥਾਣਾ ਮੁਖੀ ਤਬਦੀਲ ਕੀਤੇ ਗਏ ਹਨ, ਉਨ੍ਹਾਂ ਵਿੱਚ ਨਰਿੰਦਰ ਸਿੰਘ ਐੱਸ ਆਈ ਨੂੰ ਥਾਣਾ ਹਠੂਰ ਦਾ ਮੁਖੀ ਤੇ ਜਸਵਿੰਦਰ ਸਿੰਘ ਨੂੰ ਮੁੱਖ ਮੁਨਸ਼ੀ ਲਾਇਆ ਗਿਆ ਹੈ। ਅੱਜ ਐੱਸ ਆਈ ਨਰਿੰਦਰ ਸਿੰਘ ਨੇ ਥਾਣਾ ਹਠੂਰ ਦਾ ਚਾਰਜ ਸੰਭਾਲ ਲਿਆ ਹੈ। ਉਨ੍ਹਾ ਕਿਹਾ ਕਿ ਪੰਜਾਬ ਪੁਲਸ ਨਸ਼ਿਆਂ ਤੇ ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪਾਉਣ ਲਈ ਹਮੇਸ਼ਾ ਤਤਪਰ ਰਹਿੰਦੀ ਹੈ, ਹੁਣ ਜ਼ਿਲ੍ਹਾ ਪੁਲਸ ਮੁਖੀ ਦੀਆਂ ਹਦਾਇਤਾਂ ਅਨੁਸਾਰ ਅਸੀਂ ਸਮਾਜਸੇਵੀ ਲੋਕਾਂ ਦੀ ਮੱਦਦ ਨਾਲ ਮਾੜੇ ਅਨਸਰਾਂ ਖਿਲਾਫ਼ ਮੁਹਿੰਮ ਨੂੰ ਤੇਜ਼ ਕਰਕੇ ਪਿੰਡਾਂ ਵਿੱਚੋਂ ਨਸ਼ਿਆਂ ਦੇ ਵਪਾਰੀਆਂ ਖਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇਗੀ ਅਤੇ ਚੰਗੇ ਸਮਾਜਸੇਵੀ ਲੋਕਾਂ ਨੂੰ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਐੱਸ ਆਈ ਮਨੋਰ ਲਾਲ, ਮੁੱਖ ਮੁਨਸ਼ੀ ਜਸਵਿੰਦਰ ਸਿੰਘ ਸਮੇਤ ਹੋਰ ਸਟਾਫ ਮੈਂਬਰ ਹਾਜ਼ਰ ਸਨ।

### 560 ਗ੍ਰਾਮ ਹੈਰੋਇਨ ਬਰਾਮਦ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਪਿੰਡ ਗਹਿਲੇ ਵਾਲਾ ਵਿਖੇ 560 ਗ੍ਰਾਮ ਹੈਰੋਇਨ ਬਰਾਮਦ ਹੋਣ ਤੇ ਅਣਪਛਾਤੇ ਵਿਅਕਤੀ ਦੇ ਖਿਲਾਫ ਪਰਚਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਬਿਸ਼ਨ ਰਾਮ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਥਾਣੇ ਵਿੱਚ ਮੌਜੂਦ ਸੀ ਤਾਂ ਇੰਸ. ਭਾਰਤ ਸਿੰਘ ਏ. ਸੀ. ਕੰਪਨੀ ਕਮਾਂਡਰ ਦਾ ਟੈਲੀਫੋਨ ਆਇਆ ਕਿ ਹੈਰੋਇਨ ਦੀ ਖੇਪ ਬਰਾਮਦ ਹੋਈ ਹੈ। ਇਸ ਲਈ ਤਫਤੀਸ਼ੀ ਅਫਸਰ ਭੇਜਿਆ ਜਾਵੇ, ਜਿਸ 'ਤੇ ਉਹ ਸਮੇਤ ਸਾਥੀ ਕਰਮਚਾਰੀਆਂ ਤੇ ਇੰਚਾਰਜ ਚੌਕੀ ਘੁਬਾਇਆ ਨੂੰ ਨਾਲ ਲੈ ਕੇ ਘੁਬਾਇਆ ਬੱਸ ਅੱਡੇ ਦੇ ਕੋਲ ਪੁੱਜੇ ਤਾਂ ਇੰਸਪੈਕਟਰ ਸੁਧੀਰ ਕੁਮਾਰ ਬਵਾਲੀ ਰੈਜੀਮੈਂਟ ਮਲਾਕੀ ਹੋਇਆ, ਜਿਸ ਨੇ ਇਕ ਪੱਤਰ ਸਮੇਤ 560 ਗ੍ਰਾਮ ਹੈਰੋਇਨ ਪੁਲਸ ਪਾਰਟੀ ਦੇ ਹਵਾਲੇ ਕੀਤੀ ਗਈ, ਜੋਕਿ ਇਹ ਹੈਰੋਇਨ ਪਿੰਡ ਗਹਿਲੇਵਾਲਾ ਦੇ ਕੋਲ ਬਰਾਮਦ ਹੋਈ ਹੈ, ਜਿਸ 'ਤੇ ਥਾਣਾ ਸਦਰ ਵਿਖੇ ਅਣਪਛਾਤੇ ਵਿਅਕਤੀਆਂ ਖਿਲਾਫ ਮੁਕੱਦਮਾ ਦਰਜ ਕਰਕੇ ਪੁਲਸ ਵੱਲੋਂ ਇਸ ਸਬੰਧੀ ਤਫਤੀਸ਼ ਕੀਤੀ ਜਾ ਰਹੀ ਹੈ।

# 55 ਗ੍ਰਾਮ ਹੈਰੋਇਨ ਸਣੇ ਮੁਲਜ਼ਮ ਗ੍ਰਿਫਤਾਰ



**ਜ਼ੀਰਾ (ਪਰਮਜੀਤ ਸਿੰਘ ਧੰਜੂ)**-ਥਾਣਾ ਸਿਟੀ ਜ਼ੀਰਾ ਦੀ ਪੁਲਸ ਨੇ 55 ਗ੍ਰਾਮ ਹੈਰੋਇਨ ਸਣੇ ਇੱਕ ਮੁਲਜ਼ਮ ਨੂੰ ਗ੍ਰਿਫਤਾਰ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਥਾਣਾ ਸਿਟੀ ਜ਼ੀਰਾ ਦੇ ਐੱਸ ਐੱਚ ਓ ਕਵਲਜੀਤ ਰਾਏ ਨੇ ਦੱਸਿਆ ਕਿ ਏ ਐੱਸ ਆਈ ਸਤਪਾਲ ਸਿੰਘ ਸਮੇਤ ਪੁਲਸ ਪਾਰਟੀ ਹੌਲਦਾਰ ਨਵਜੋਤ ਸਿੰਘ, ਗੁਰਜੀਤ ਸਿੰਘ ਤੇ ਗੁਰਵਿੰਦਰ ਸਿੰਘ ਸ਼ੱਕੀ ਪੁਰਸ਼ਾਂ ਦੀ ਤਲਾਸ਼ ਵਿੱਚ ਦਾਣਾ ਮੰਡੀ ਜ਼ੀਰਾ ਨੇੜੇ ਗਸ਼ਤ 'ਤੇ ਸਨ ਕਿ ਨਹਿਰ ਦੀ ਪਟੜੀ 'ਤੇ ਇੱਕ ਸ਼ੱਕੀ ਵਿਅਕਤੀ ਨੂੰ ਕਾਬੂ ਕਰਕੇ ਉਸ ਦੀ ਤਲਾਸ਼ੀ ਲਈ ਗਈ ਤਾਂ ਉਸ ਪਾਸੋਂ 55 ਗ੍ਰਾਮ ਹੈਰੋਇਨ ਬਰਾਮਦ ਹੋਈ। ਐੱਸ ਐੱਚ ਓ ਕਵਲਜੀਤ ਰਾਏ ਨੇ ਅੱਗੇ ਦੱਸਿਆ ਕਿ ਏ ਐੱਸ ਆਈ ਸਤਪਾਲ ਸਿੰਘ ਵੱਲੋਂ ਪੁੱਛ-ਗਿੱਛ ਕਰਨ ਤੇ ਦੋਸ਼ੀ ਨੇ ਆਪਣਾ ਨਾਮ ਦਵਿੰਦਰ ਸਿੰਘ ਉਰਫ ਰੂਬੀ ਪੁੱਤਰ ਬਲਜੀਤ ਸਿੰਘ ਵਾਸੀ ਮੁਹੱਲਾ ਪਾਂਡੀਆ ਜ਼ੀਰਾ ਦੱਸਿਆ ਹੈ, ਜਿਸ ਖਿਲਾਫ ਥਾਣਾ ਸਿਟੀ ਜ਼ੀਰਾ ਵਿਖੇ ਐੱਨ ਡੀ ਪੀ ਐੱਸ ਐਕਟ ਸਮੇਤ ਵੱਖ-ਵੱਖ ਧਰਾਵਾਂ ਤਹਿਤ ਕੇਸ ਦਰਜ ਕਰਕੇ ਤਫਤੀਸ਼ ਜਾਰੀ ਹੈ।

# ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੂੰ ਸਦਮਾ, ਪਿਤਾ ਦਾ ਦੇਹਾਂਤ

## ਲਾਲ ਸਿੰਘ ਨੂੰ ਅੰਤਿਮ ਸੰਸਕਾਰ ਮੌਕੇ ਸੇਜਲ ਅੱਖਾਂ ਨਾਲ ਵਿਦਾਈ



**ਨਾਭਾ (ਵਰਿੰਦਰ ਵਰਮਾ)**-ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੂੰ ਵੀਰਵਾਰ ਸਵੇਰੇ ਉਸ ਸਮੇਂ ਗਹਿਰਾ ਸਦਮਾ ਪੁੱਜਾ, ਜਦੋਂ ਉਨ੍ਹਾਂ ਦੇ ਸਤਿਕਾਰਯੋਗ ਪਿਤਾ ਜੀ ਸ੍ਰ. ਲਾਲ ਸਿੰਘ, ਸੰਖੇਪ ਬਿਮਾਰੀ ਤੋਂ ਬਾਅਦ ਸਵੇਰੇ ਅਕਾਲ ਚਲਾਣਾ ਕਰ ਗਏ।ਉਹ ਆਪਣੀ ਪਤਨੀ ਮਾਤਾ ਭਾਗ ਕੌਰ, ਛੇ ਸਪੁੱਤਰਾਂ ਹਰਦੇਵ ਸਿੰਘ, ਜਸਦੇਵ ਸਿੰਘ, ਗੁਰਦੇਵ ਸਿੰਘ ਦੇਵ ਮਾਨ, ਸੁਖਦੇਵ ਸਿੰਘ ਮਾਨ, ਕਪਿਲ ਮਾਨ ਤੇ ਗੁਲਾਬ ਮਾਨ ਸਮੇਤ ਦੋ ਪੁੱਤਰੀਆਂ ਜਸਵਿੰਦਰ ਕੌਰ ਤੇ ਸੁਖਵਿੰਦਰ ਕੌਰ ਅਤੇ ਹੋਰ ਪਰਿਵਾਰਕ ਮੈਂਬਰਾਂ ਨੂੰ ਸਦੀਵੀ ਵਿਛੋੜਾ ਦੇ ਗਏ ਹਨ।

ਉਨ੍ਹਾਂ ਦੀ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਫਤਿਹਪੁਰ ਰਾਜਪੂਤਾਂ ਵਿਖੇ ਸਥਿਤ ਸ਼ਮਸ਼ਾਨਘਾਟ ਵਿਖੇ ਪੂਰੀਆਂ ਧਾਰਮਿਕ ਰਹੁ-ਰੀਤਾਂ ਮੁਤਾਬਕ ਕਰ ਦਿੱਤਾ ਗਿਆ, ਜਿੱਥੇ ਉਨ੍ਹਾਂ ਨੂੰ ਸੇਜਲ ਅੱਖਾਂ ਨਾਲ ਅੰਤਿਮ ਵਿਦਾਈ ਦਿੱਤੀ ਗਈ।ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰ ਗੁਰਦੇਵ ਸਿੰਘ ਦੇਵ ਮਾਨ ਨੇ ਦਿਖਾਈ।ਪਰਿਵਾਰਕ ਸੂਤਰਾਂ ਮੁਤਾਬਕ ਸ੍ਰ. ਲਾਲ ਸਿੰਘ ਦੇ ਫੁੱਲ ਚੁਗਣ ਦੀ ਰਸਮ 29 ਨਵੰਬਰ ਨੂੰ ਪਿੰਡ ਫਤਿਹਪੁਰ ਰਾਜਪੂਤਾਂ ਦੇ ਸ਼ਮਸ਼ਾਨਘਾਟ ਵਿਖੇ ਸਵੇਰੇ 9 ਵਜੇ ਹੋਵੇਗੀ।ਇਸੇ ਦੌਰਾਨ ਐੱਸ.ਐੱਸ.ਪੀ. ਪਟਿਆਲਾ ਡਾ. ਨਾਨਕ ਸਿੰਘ, ਏਡੀਸੀ ਇਸ਼ਾ ਸਿੰਗਲ, ਐੱਸ ਡੀ ਐੱਮ ਨਾਭਾ ਡਾ. ਇਸਮਤ ਵਿਜੈ ਸਿੰਘ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਭੁਪੇਸ਼ ਚੱਠਾ ਨੇ ਸ੍ਰ. ਲਾਲ ਸਿੰਘ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਿਵਾਰ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ।ਉਨ੍ਹਾਂ ਕਿਹਾ ਕਿ ਪਿਤਾ ਜੀ ਦੇ ਅਕਾਲ ਚਲਾਣੇ ਨਾਲ ਪਰਿਵਾਰ ਨੂੰ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਉਨ੍ਹਾਂ ਨੇ ਪ੍ਰਮਾਤਮਾ ਕੋਲ ਅਰਦਾਸ ਕੀਤੀ ਕਿ ਉਹ ਵਿੱਛੜੀ ਰੂਹ ਨੂੰ ਆਪਣੇ ਚਰਨਾਂ 'ਚ ਨਿਵਾਸ ਬਖ਼ਸ਼ਣ ਅਤੇ ਪੀੜਤ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਿਸ਼ ਕਰਨ।

ਪਰਿਵਾਰ ਨਾਲ ਇਸ ਦੁੱਖ ਦੀ ਘੜੀ ਵਿੱਚ ਐੱਮ.ਐੱਲ.ਏ. ਮਾਨਸਾ ਵਿਜੇ ਸਿੰਗਲਾ, ਹਰਮੀਤ ਸਿੰਘ ਪਠਾਣਮਾਜਰਾ ਦੇ ਧਰਮਪਤਨੀ ਸਿਮਰਨਜੀਤ ਕੌਰ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਜੱਸੀ ਸੋਹੀਆ ਵਾਲਾ, ਸਾਬਕਾ ਵਿਧਾਇਕ ਰਮੇਸ਼ ਸਿੰਗਲਾ, ਐੱਸ ਪੀ ਰਾਜੇਸ਼ ਛਿੱਬੜ, ਐੱਸ ਪੀ ਦਵਿੰਦਰ ਅੱਤਰੀ, ਡੀਐੱਸਪੀ ਹਰਦੀਪ ਸਿੰਘ ਬੰਡੂਗਰ, ਡੀਐੱਸਪੀ ਮਨਦੀਪ ਕੌਰ, ਸੁਰਿੰਦਰਪਾਲ ਸ਼ਰਮਾ, ਭੁਪਿੰਦਰ ਸਿੰਘ, ਬਲਜਿੰਦਰ ਸਿੰਘ ਕਾਹਲੋਂ, ਮਨਪ੍ਰੀਤ ਸਿੰਘ, ਹਰਮੀਕ ਸਿੰਘ ਬਾਜਵਾ, ਪਾਖਰ ਸਿੰਘ ਸਹੌਲੀ, ਨਰਿੰਦਰ ਬਾਂਸਲ, ਗੁਰਪ੍ਰੀਤ ਸਿੰਘ ਗੋਪੀ, ਸੰਦੀਪ ਸ਼ਰਮਾ, ਲਾਲੀ ਫਤਿਹਪੁਰ, ਹਰਵਿੰਦਰ ਸਿੰਘ ਖਹਿਰਾ, ਦੀਪਾ ਰਾਮਗੜ੍ਹ, ਜਗਤਾਰ ਸਿੰਘ ਸੰਧੂ, ਗੌਤਮ ਬਾਤਿਸ਼, ਅਮਰਦੀਪ ਖੰਨਾ, ਵਿਜੇ ਕੁਮਾਰ, ਪੰਕਜ ਪੱਪੂ, ਹਰਸਿਮਰਨ ਸਿੰਘ ਸਾਹਨੀ, ਅਜੇ ਜਿੰਦਲ, ਸੁਰਜੀਤ ਸਿੰਘ ਅਬਲੋਵਾਲ, ਵਿਨੋਦ ਕੁਮਾਰ ਗਰਗ, ਕ੍ਰਿਸ਼ਨ ਮੰਗਲਾ, ਕਰਮਜੀਤ ਸਿੰਘ, ਸਤਵਿੰਦਰ ਸਿੰਘ ਟੌਹੜਾ, ਮੇਜਰ ਸਿੰਘ ਟਿਵਾਣਾ, ਦਿਲਬਾਗ ਸਿੰਘ, ਤਹਿਸੀਲਦਾਰ ਸੁਖਜਿੰਦਰ ਸਿੰਘ ਟਿਵਾਣਾ, ਜਸਵੀਰ ਸਿੰਘ ਸਮੇਤ ਵੱਡੀ ਗਿਣਤੀ ਰਿਸ਼ਤੇਦਾਰ, ਦੋਸਤ ਮਿੱਤਰ ਤੇ ਹੋਰ ਪਤਵੰਤੇ ਹਾਜ਼ਰ ਸਨ।

# ਪੱਤਰਕਾਰ ਗੁਰਮੀਤ ਸਿੰਘ ਦੇ ਸਦੀਵੀ ਵਿਛੋੜੇ 'ਤੇ ਦੁੱਖ ਦਾ ਪ੍ਰਗਟਾਵਾ

**ਕੋਟਕਪੂਰਾ (ਰਛਪਾਲ ਭੁੱਲਰ)**-ਕੋਟਕਪੂਰਾ ਇਲਾਕੇ ਦੇ ਸੀਨੀਅਰ ਪੱਤਰਕਾਰ ਗੁਰਮੀਤ ਸਿੰਘ ਕੋਟਕਪੂਰਾ (82 ਸਾਲ) ਪਿਛਲੇ ਦਿਨੀਂ ਸੰਖੇਪ ਬਿਮਾਰੀ ਤੋਂ ਬਾਅਦ ਸਦੀਵੀ ਵਿਛੋੜਾ ਦੇ ਗਏ।ਉਨ੍ਹਾਂ ਦੇ ਸਦੀਵੀ ਵਿਛੋੜਾ ਦੇ ਜਾਣ 'ਤੇ ਫਰੀਦਕੋਟ ਜ਼ਿਲ੍ਹੇ ਦੀਆਂ ਵੱਖ ਵੱਖ ਜਥੇਬੰਦੀਆਂ ਦੇ ਆਗੂ ਪ੍ਰੇਮ ਚਾਵਲਾ ਸੂਬਾ ਜਨਰਲ ਸਕੱਤਰ ਪੰਜਾਬ ਪੈਨਸ਼ਨਰਜ਼ ਯੂਨੀਅਨ, ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਫਰੀਦਕੋਟ ਦੇ ਸਕੱਤਰ ਅਸ਼ੋਕ ਕੌਸ਼ਲ, ਪੈਨਸ਼ਨਰ ਆਗੂ ਕੁਲਵੰਤ ਸਿੰਘ ਚਾਨੀ, ਸੋਮ ਨਾਥ ਅਰੋੜਾ, ਇਕਬਾਲ ਸਿੰਘ ਮੰਘੇੜਾ, ਤਰਸੇਮ ਨਰੂਲਾ, ਗੁਰਚਰਨ ਸਿੰਘ ਮਾਨ, ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੇ ਆਗੂ ਕੁਲਦੀਪ ਸਿੰਘ ਸਹਿਦੇਵ, ਕਲਾਸ ਫ਼ੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਇਕਬਾਲ ਸਿੰਘ ਢੁੱਡੀ ਤੇ ਜਨਰਲ ਸਕੱਤਰ ਬਲਕਾਰ ਸਿੰਘ ਸਹੋਤਾ, ਸੇਵਾ ਮੁਕਤ ਕਾਰਜ ਸਾਧਕ ਅਫਸਰ ਤੇ ਪੱਤਰਕਾਰ ਰਛਪਾਲ ਸਿੰਘ ਭੁੱਲਰ ਨੇ ਗੁਰਮੀਤ ਸਿੰਘ ਦੇ ਸਮੁੱਚੇ ਪਰਿਵਾਰ ਦੇ ਦੁੱਖ ਵਿੱਚ ਸ਼ਰੀਕ ਹੁੰਦੇ ਹੋਏ ਕਿਹਾ ਕਿ ਗੁਰਮੀਤ ਸਿੰਘ ਨੇ ਪੰਜਾਬੀ ਸੂਬੇ ਦੀ ਖਾਤਿਰ ਤਿੰਨ ਮਹੀਨੇ ਜੇਲ੍ਹ ਵੀ ਕੱਟੀ ਸੀ।ਆਪਣੀ ਪੱਤਰਕਾਰੀ ਕਰਨ ਦੇ ਨਾਲ ਨਾਲ ਕੋਟਕਪੂਰੇ ਦੇ ਉਭਰਦੇ ਗਾਇਕ ਦਿਲਸ਼ਾਦ ਅਖਤਰ ਦੇ ਕਤਲ ਤੋਂ ਬਾਅਦ ਉਸ ਦੀ ਯਾਦ ਵਿੱਚ ਦਿਲਸ਼ਾਦ ਅਖਤਰ ਯਾਦਗਾਰੀ ਸੱਭਿਆਚਾਰਕ ਮੰਚ ਦੀ ਸਥਾਪਨਾ ਕਰਕੇ ਕੋਟਕਪੂਰਾ ਵਿੱਚ ਕਈ ਉੱਚ ਕੋਟੀ ਦੇ ਪ੍ਰੋਗਰਾਮ ਕਰਵਾਏ ਗਏ।

ਪੰਜਾਬੀ ਭਾਸ਼ਾ ਪ੍ਰਤੀ ਉਨ੍ਹਾਂ ਦਾ ਅਥਾਹ ਪ੍ਰੇਮ ਸੀ।ਉਨ੍ਹਾਂ ਦੇ ਸਦੀਵੀ ਵਿਛੋੜਾ ਦੇ ਜਾਣ ਨਾਲ ਪਰਿਵਾਰ ਦੇ ਨਾਲ ਨਾਲ ਪੱਤਰਕਾਰੀ ਤੇ ਸਮਾਜ ਦੇ ਵੱਖ-ਵੱਖ ਖੇਤਰਾਂ ਨੂੰ ਨਾ ਪੂਰਿਆ ਜਾਣ ਵਾਲਾ ਘਾਟਾ ਪਿਆ ਹੈ।

ਇਸੇ ਤਰ੍ਹਾਂ ਮੁਹੱਲਾ ਆਨੰਦ ਨਗਰ ਵੱਲੋਂ ਚਲਾਏ ਜਾ ਰਹੇ ਧਰਨੇ ਵਿੱਚ ਐਕਸ਼ਨ ਕਮੇਟੀ ਵੱਲੋਂ ਪੱਤਰਕਾਰ ਤੇ ਪੰਜਾਬੀ ਬੋਲੀ ਦੇ ਅਲੰਬਰਦਾਰ ਅਤੇ ਉੱਘੇ ਲੇਖਕ ਗੁਰਮੀਤ ਸਿੰਘ ਦੇ ਅਕਾਲ ਚਲਾਣੇ ਉੱਪਰ ਡੂੰਘੇ ਦੁੱਖ ਦਾ ਇਜ਼ਹਾਰ ਕਰਨ ਲਈ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਸਮੇਂ ਹੋਰਨਾਂ ਤੋਂ ਇਲਾਵਾ ਰਾਜਿੰਦਰ ਸਿੰਘ ਸਰਾਂ, ਦਲਜਿੰਦਰ ਸਿੰਘ ਸੰਧੂ, ਅਨੰਤਦੀਪ ਰੋਮਾ ਬਰਾੜ, ਕਰਮ ਸਿੰਘ ਢਿੱਲੋਂ, ਵਿਸਾਖਾ ਸਿੰਘ ਸਰਾਂ, ਅਮਰ ਸਿੰਘ, ਮਨਜੀਤ ਸਿੰਘ ਠਾਣੇਦਾਰ, ਜਗਸੀਰ ਸਿੰਘ, ਪ੍ਰਿਤਪਾਲ ਸਿੰਘ, ਡਾਕਟਰ ਜਗਸੀਰ ਸਿੰਘ, ਬਲਜੀਤ ਸਿੰਘ ਆਦਿ ਮੁਹੱਲਾ ਵਾਸੀ ਹਾਜ਼ਰ ਸਨ। ਗੁਰਮੀਤ ਸਿੰਘ ਪੰਜਾਬੀ ਟ੍ਰਿਬਿਊਨ, ਅਜੀਤ ਤੇ ਨਵਾਂ ਜ਼ਮਾਨਾ ਦੇ ਪੱਤਰਕਾਰ ਰਹੇ ਹਨ।ਕੋਟਕਪੂਰਾ ਤੋਂ ਸਾਡੇ ਪੱਤਰਕਾਰ ਸ਼ਾਮ ਲਾਲ ਚਾਵਲਾ ਤੇ ਰਛਪਾਲ ਸਿੰਘ ਭੁੱਲਰ ਨੇ ਵੀ ਉਨ੍ਹਾਂ ਦੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

# ਹਾਈਕੋਰਟ ਦੀ ਝਾੜ ਮਗਰੋਂ ਸਿੱਖਿਆ ਵਿਭਾਗ ਵੱਲੋਂ ਤਿੰਨ ਸਾਲ ਬਾਅਦ ਨਿਯੁਕਤੀ ਪੱਤਰ ਜਾਰੀ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਸਾਲ 2021 'ਚ ਸਿੱਖਿਆ ਵਿਭਾਗ ਵੱਲੋਂ ਮਾਸਟਰਾਂ ਦੀ ਭਰਤੀ ਲਈ 3704 ਪੋਸਟਾਂ ਨੂੰ ਮਨਜ਼ੂਰੀ ਦਿੱਤੀ ਗਈ ਸੀ। ਇਸ਼ਤਿਹਾਰ ਦੀਆਂ ਸ਼ਰਤਾਂ ਅਨੁਸਾਰ ਉਮੀਦਵਾਰ ਵੱਲੋਂ ਪੰਜਾਬ ਸਟੇਟ ਟੀਚਰ ਐਲਿਜੀਬਿਲਟੀ ਟੈਸਟ ਪਾਸ ਕਰਨਾ ਲਾਜ਼ਮੀ ਸੀ। ਸਿੱਖਿਆ ਵਿਭਾਗ ਵੱਲੋਂ 2020 ਵਿੱਚ ਪੰਜਾਬ ਸਟੇਟ ਟੀਚਰ ਐਲੀਜੀਬਿਲਟੀ ਟੈਸਟ ਲਿਆ ਗਿਆ ਸੀ, ਜਿਸ ਵਿੱਚ ਕਾਫੀ ਪ੍ਰਸ਼ਨਾਂ ਦੇ ਉੱਤਰ ਗ਼ਲਤ ਸਨ। ਉਮੀਦਵਾਰਾਂ ਵੱਲੋਂ ਗ਼ਲਤ ਪ੍ਰਸ਼ਨਾਂ ਦੇ ਉੱਤਰ ਨੂੰ ਆਪਣੇ ਵਕੀਲ ਸ੍ਰੀ ਵਿਸ਼ਾਲ ਮਿੱਤਲ ਰਾਹੀਂ ਵੱਖ-ਵੱਖ ਸਿਵਲ ਰਿਟ ਪਟੀਸ਼ਨਾਂ ਦਾਇਰ ਕਰਕੇ ਮਾਨਯੋਗ ਹਾਈਕੋਰਟ ਵਿਖੇ ਚੁਣੌਤੀ ਦਿੱਤੀ ਗਈ ਸੀ। 2024 ਵਿੱਚ ਮਾਨਯੋਗ ਹਾਈ ਕੋਰਟ ਉਮੀਦਵਾਰ ਨੂੰ ਗਲਤ ਪ੍ਰਸ਼ਨਾਂ ਦਾ ਲਾਭ ਦੇਣ ਦੇ ਲਈ ਸਿੱਖਿਆ ਵਿਭਾਗ ਨੂੰ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਵਿਸ਼ਾ ਮਾਹਿਰਾਂ ਤੋਂ ਸਲਾਹ ਲੈਣ ਦੇ ਨਿਰਦੇਸ਼ ਜਾਰੀ ਕੀਤੇ ਸਨ, ਇਸ ਤੋਂ ਬਾਅਦ ਸਿੱਖਿਆ ਵਿਭਾਗ ਵੱਲੋਂ ਸਾਲ 2024 ਵਿੱਚ ਉਮੀਦਵਾਰਾਂ ਦਾ ਰਿਜ਼ਲਟ ਰਿਵਾਈਜ ਕਰ ਦਿੱਤਾ ਗਿਆ। ਹੁਣ ਬਹੁਤ ਸਾਰੇ ਉਮੀਦਵਾਰ ਜਿਨ੍ਹਾਂ ਦਾ ਟੈੱਟ ਪਾਸ ਨਹੀਂ ਸੀ, ਹੁਣ ਉਹ ਉਮੀਦਵਾਰ 3704 ਪੋਸਟਾਂ ਵਿੱਚ ਨਿਯੁਕਤੀ ਪੱਤਰ ਲਈ ਯੋਗ ਹੋ ਗਏ ਸਨ, ਇਸੇ ਤਰ੍ਹਾਂ ਹੀ ਇੱਕ ਉਮੀਦਵਾਰ ਪੂਜਾ ਰਾਣੀ ਵੱਲੋਂ ਸਾਲ 2021 ਵਿੱਚ ਮਾਨਯੋਗ ਹਾਈਕੋਰਟ ਸਿਵਲ ਰਿਟ ਪਟੀਸ਼ਨ ਦਾਇਰ ਕਰਕੇ ਮਾਨਯੋਗ ਹਾਈਕੋਰਟ ਨੂੰ ਬੇਨਤੀ ਕੀਤੀ ਸੀ ਕਿ ਜਦੋਂ ਤੱਕ ਸਿੱਖਿਆ ਵਿਭਾਗ ਵੱਲੋਂ ਰਿਜਲਟ ਰਿਵਾਈਜ਼ ਨਹੀਂ ਕੀਤਾ ਜਾਂਦਾ, ਉਦੋਂ ਤੱਕ 3704 ਪੋਸਟਾਂ ਭਰਤੀ ਪ੍ਰਕਿਰਿਆ ਵਿੱਚ ਕੰਸੀਡਰ ਕੀਤਾ ਜਾਵੇ ਤੇ ਸੀਟ ਰਿਜਰਵ ਰੱਖੀ ਜਾਵੇ। ਮਾਨਯੋਗ ਹਾਈਕੋਰਟ ਨੇ ਸੀਐਮ ਨੰਬਰ 2522 ਆਫ 2021 ਰਾਹੀਂ ਪੂਜਾ ਰਾਣੀ ਬਨਾਮ ਪੰਜਾਬ ਸਰਕਾਰ ਉਮੀਦਵਾਰ ਨੂੰ ਭਰਤੀ ਪ੍ਰਕਿਰਿਆ 'ਚ ਸ਼ਾਮਲ ਕਰਨ ਦੇ ਨਿਰਦੇਸ਼ ਜਾਰੀ ਕੀਤੇ ਸਨ, ਪਰ ਲਗਭਗ ਤਿੰਨ ਸਾਲ ਦਾ ਸਮਾਂ ਬੀਤ ਜਾਣ ਤੋਂ ਬਾਅਦ ਵੀ ਸਿੱਖਿਆ ਵਿਭਾਗ ਨਿਯੁਕਤੀ ਪੱਤਰ ਜਾਰੀ ਕਰਨ ਲਈ ਉਮੀਦਵਾਰ ਨੂੰ ਮਨਾ ਕਰ ਦਿੱਤਾ, ਇਸ ਤੋਂ ਬਾਅਦ ਉਮੀਦਵਾਰ ਵੱਲੋਂ ਇੱਕ ਵਾਰ ਫਿਰ ਮਾਨਯੋਗ ਹਾਈਕੋਰਟ ਦਾ ਰੁੱਖ ਕੀਤਾ ਗਿਆ ਤੇ ਆਪਣੇ ਵਕੀਲ ਸ੍ਰੀ ਵਿਸ਼ਾਲ ਮਿੱਤਲ ਜੀ ਰਾਹੀਂ ਸੀਓ ਸੀਪੀ ਨੰਬਰ 3525 ਆਫ 2024 ਪੂਜਾ ਰਾਣੀ ਬਨਾਮ ਕਮਲ ਕਿਸ਼ੋਰ ਯਾਦਵ ਦਾਇਰ ਕੀਤੀ ਗਈ। ਜਿਸ 'ਤੇ ਹਾਈਕੋਰਟ ਨੇ ਐਜੂਕੇਸ਼ਨ ਸੈਕਟਰੀ ਪੰਜਾਬ ਕਮਲ ਕਿਸ਼ੋਰ ਯਾਦਵ ਨੂੰ ਸਖਤੀ ਨਾਲ ਨੋਟਿਸ ਜਾਰੀ ਕਰਦੇ ਹੋਏ ਜਵਾਬ ਤਲਬੀ ਕੀਤੀ। ਸਿੱਖਿਆ ਵਿਭਾਗ ਹਰਕਤ ਵਿੱਚ ਆਉਂਦੇ ਹੋਏ ਉਮੀਦਵਾਰ ਨੂੰ ਤਿੰਨ ਸਾਲ ਦੇ ਲੰਬੇ ਸਮੇਂ ਤੋਂ ਬਾਅਦ ਨਿਯੁਕਤੀ ਪੱਤਰ ਜਾਰੀ ਕਰ ਦਿੱਤਾ ਗਿਆ ਹੈ।

# ਹੈਰੋਇਨ ਸਮੇਤ ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ 10 ਗ੍ਰਾਮ ਹੈਰੋਇਨ ਸਣੇ ਇੱਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਐੱਸ.ਐੱਚ.ਓ. ਗੁਰਤੇਜ ਸਿੰਘ ਨੇ ਦੱਸਿਆ ਕਿ ਉਹ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਸਬੰਧੀ ਥਾਣਾ ਸਦਰ ਇਲਾਕੇ ਵਿੱਚ ਮੌਜੂਦ ਸੀ ਅਤੇ ਜਦੋਂ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਪਿੰਡ ਸੁਖੇਰਾ ਤੋਂ ਪਿੰਡ ਫੱਤੂਵਾਲਾ ਨੂੰ ਜਾ ਰਹੇ ਸੀ ਤਾਂ ਰਸਤੇ ਵਿੱਚ ਇਕ ਨੌਜਵਾਨ ਆਦਮੀ ਆ ਰਿਹਾ ਸੀ, ਜੋ ਪੁਲਸ ਦੀ ਗੱਡ ਵੇਖ ਕੇ ਇਕਦਮ ਪਿੱਛੇ ਮੁੜਨ ਲੱਗਿਆ ਤੇ ਆਪਣੇ ਹੱਥ ਵਿੱਚ ਫੜਿਆ ਲਿਫਾਫਾ ਸੁੱਟ ਦਿੱਤਾ, ਜਿਸ ਨੂੰ ਪੁਲਸ ਪਾਰਟੀ ਨੇ ਕਾਬੂ ਕਰਕੇ ਉਸ ਦਾ ਨਾਮ ਪਤਾ ਪੁੱਛਿਆ ਤਾਂ ਇਸ ਵਿਅਕਤੀ ਨੇ ਆਪਣਾ ਨਾਮ ਕਾਲੂ ਸਿੰਘ ਉਰਫ ਕਾਲੂ ਵਾਸੀ ਪਿੰਡ ਸੁਖੇਰਾ ਬੋਦਲਾ ਦੱਸਿਆ। ਇਸ ਦੇ ਨਾਲ ਹੀ ਸੁੱਟੇ ਲਿਫਾਫੇ ਦੀ ਚੈਕਿੰਗ ਕੀਤੀ ਗਈ ਤਾਂ ਉਸ ਵਿੱਚੋਂ 10 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਸਦਰ ਜਲਾਲਾਬਾਦ ਵਿਖੇ ਕਾਲੂ ਸਿੰਘ ਉਰਫ ਕਾਲੀ ਪੁੱਤਰ ਭਗਵਾਨ ਸਿੰਘ ਵਾਸੀ ਪਿੰਡ ਸੁਖੇਰਾ ਬੋਦਲਾ ਦੇ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ।

# 149 ਗ੍ਰਾਮ ਹੈਰੋਇਨ ਸਮੇਤ ਔਰਤ ਗ੍ਰਿਫ਼ਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੇ ਮੁੱਦਕੀ ਇਲਾਕੇ ਵਿੱਚ ਪੁਲਸ ਨੇ 149 ਗ੍ਰਾਮ ਹੈਰੋਇਨ ਸਮੇਤ ਇਕ ਔਰਤ ਨੂੰ ਗ੍ਰਿਫਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ।ਸਹਾਇਕ ਥਾਣੇਦਾਰ ਵਿਨੋਦ ਕੁਮਾਰ, ਇੰਚਾਰਜ ਪੁਲਿਸ ਚੌਕੀ ਮੁੱਦਕੀ ਨੇ ਦੱਸਿਆ ਕਿ ਗਸ਼ਤ ਤੇ ਚੈਕਿੰਗ ਦੌਰਾਨ ਖਾਸ ਮੁਖਬਰ ਤੋਂ ਸੂਚਨਾ ਮਿਲੀ ਸੀ ਕਿ ਰਮਨਦੀਪ ਕੌਰ ਪਤਨੀ ਕਮਲਜੀਤ ਸਿੰਘ ਵਾਸੀ ਸੋਢੀ ਨਗਰ, ਹੈਰੋਇਨ ਵੇਚਣ ਦੀ ਆਦੀ ਹੈ।ਸੂਚਨਾ ਦੇ ਅਧਾਰ 'ਤੇ ਛਾਪੇਮਾਰੀ ਕਰਕੇ ਉਸ ਨੂੰ ਕਾਬੂ ਕੀਤਾ ਗਿਆ, ਜਿਸ ਕੋਲੋਂ 149 ਗ੍ਰਾਮ ਹੈਰੋਇਨ ਬਰਾਮਦ ਹੋਈ।ਪੁਲਸ ਨੇ ਰਮਨਦੀਪ ਕੌਰ ਖ਼ਿਲਾਫ ਥਾਣਾ ਘੱਲ ਖੁਰਦ ਵਿਖੇ ਮਾਮਲਾ ਦਰਜ ਕਰ ਲਿਆ ਹੈ ਤੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਹੈ।

# ਸੋਭਾ ਸਿੰਘ ਦੀਆਂ ਹੱਥੀਂ ਬਣਾਈਆਂ ਤਸਵੀਰਾਂ ਲੋਕ ਮਨਾਂ ਅੰਦਰ ਉੱਭਰੀਆਂ : ਭੱਲਾ



**ਬਠਿੰਡਾ (ਰਾਜੀਵ ਗੋਇਲ)**

ਸ਼ੋਭਾ ਸਿੰਘ ਮੈਮੋਰੀਅਲ ਚਿੱਤਰਕਾਰ ਸੁਸਾਇਟੀ ਵੱਲੋਂ ਟੀਚਰ ਹੋਮ ਵਿਚ ਫੋਟੋ ਪ੍ਰਦਰਸ਼ਨ ਹੀ ਲਾਈ ਗਈ, ਜਿਸ ਵਿਚ ਮੁੱਖ ਮਹਿਮਾਨ ਵਜੋਂ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਜਤਿੰਦਰ ਭੱਲਾ ਨੇ ਸ਼ਮੂਲੀਅਤ ਕੀਤੀ। ਵਿਦਿਆਰਥੀਆਂ ਦੇ ਚਿੱਤਰਕਲਾ ਦੇ ਮੁਕਾਬਲੇ ਵੀ ਕਰਵਾਏ ਗਏ।ਆਮ ਆਦਮੀ ਪਾਰਟੀ ਬਠਿੰਡਾ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਜਤਿੰਦਰ ਭੱਲਾ ਨੇ ਜੋਤ ਜਗਾ ਕੇ ਚਿੱਤਰਕਲਾ ਪ੍ਰਦਰਸ਼ਨੀ ਦੀ ਸ਼ੁਰੂਆਤ ਕਰਾਈ, ਜਿਸ ਤੋਂ ਬਾਅਦ ਵਿਦਿਆਰਥੀਆਂ ਬਹੁਤ ਸੁੰਦਰ ਚਿੱਤਰਕਾਰ ਬਣਾਏ।ਜਤਿੰਦਰ ਭੱਲਾ ਨੇ ਆਖਿਆ ਕਿ ਮਹਾਨ ਚਿੱਤਰਕਾਰ ਸੋਭਾ ਸਿੰਘ ਦੀ ਯਾਦ ਨੂੰ ਸੁਸਾਇਟੀ ਦੇ ਪ੍ਰਬੰਧਕਾਂ ਨੇ ਸੰਭਾਲਿਆ ਹੋਇਆ ਹੈ।ਉਨ੍ਹਾਂ ਕਿਹਾ ਕਿ ਚਿੱਤਰਕਾਰ ਸੋਭਾ ਸਿੰਘ ਦਾ ਜਨਮ 29 ਨਵੰਬਰ 1901 ਨੂੰ ਪਿਤਾ ਦੇਵਾ ਸਿੰਘ ਅਤੇ ਮਾਤਾ ਬੀਬੀ ਅਛਰ ਕੌਰ ਦੇ ਘਰ ਹੋਇਆ ਸੀ।ਉਨ੍ਹਾਂ ਕਿਹਾ ਕਿ ਸੋਭਾ ਸਿੰਘ ਨੇ ਅਨੇਕਾਂ ਚਿੱਤਰ ਬਣਾਏ, ਜਿਨ੍ਹਾਂ ਵਿੱਚੋਂ ਸੋਹਣੀ ਮਹੀਵਾਲ ਦਾ ਚਿੱਤਰ ਬਹੁਤ ਪ੍ਰਸਿੱਧ ਹੋਇਆ ਸੀ।ਜਤਿੰਦਰ ਭੱਲਾ ਨੇ ਕਿਹਾ ਕਿ 22 ਅਗਸਤ 1986 ਨੂੰ ਭਾਵੇਂ ਮਹਾਨ ਚਿੱਤਰਕਾਰ ਸੋਭਾ ਸਿੰਘ ਦਾ ਦਿਹਾਂਤ ਹੋ ਗਿਆ ਸੀ, ਪਰ ਉਨ੍ਹਾਂ ਵੱਲੋਂ ਬਣਾਏ ਚਿੱਤਰ ਸਾਨੂੰ ਉਨ੍ਹਾਂ ਦੀ ਯਾਦ ਦਿਵਾਉਂਦੇ ਹਨ।ਉਨ੍ਹਾਂ ਸੋਭਾ ਸਿੰਘ ਚਿੱਤਰਕਾਰ ਸੁਸਾਇਟੀ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ।ਭੱਲਾ ਨੇ ਕਿਹਾ ਕਿ ਸਿੱਖ ਇਤਿਹਾਸ ਨੂੰ ਚਿੱਤਰਣ ਵਾਲੇ ਸੋਭਾ ਸਿੰਘ ਦੀਆਂ ਹੱਥੀਂ ਬਣਾਈਆਂ ਤਸਵੀਰਾਂ ਲੋਕ ਮਨਾਂ ਅੰਦਰ ਅਜਿਹੀਆਂ ਉੱਕਰ ਗਈਆਂ ਹਨ ਕਿ ਉਹ ਕਦੀ ਨਹੀਂ ਮਿਟ ਸਕਦੀਆਂ।ਜਦੋਂ ਵੀ ਕੋਈ ਸਿੱਖ ਗੁਰੂ ਸਾਹਿਬ ਦੇ ਸਰੂਪ ਦਾ ਧਿਆਨ ਧਰਦਾ ਹੈ ਤਾਂ ਉਨ੍ਹਾਂ ਦੇ ਮਨ 'ਚ ਗੁਰੂ ਸਾਹਿਬਾਨ ਦੀ ਓਹੀ ਤਸਵੀਰ ਉਕਰਦੀ ਹੈ, ਜੋ ਚਿੱਤਰਕਾਰ ਸੋਭਾ ਸਿੰਘ ਨੇ ਬਣਾਈ ਸੀ।ਇਹ ਸੋਭਾ ਸਿੰਘ ਦੀ ਕਲਾ ਹੀ ਸੀ ਕਿ ਉਨ੍ਹਾਂ ਦੀ ਕਲਾ ਨੂੰ ਲੋਕ ਪ੍ਰਵਾਨਗੀ ਮਿਲੀ।ਉਨ੍ਹਾਂ ਨੂੰ ਬਚਪਨ ਤੋਂ ਹੀ ਚਿੱਤਰਕਾਰੀ 'ਚ ਦਿਲਚਸਪੀ ਸੀ।ਉਹ 14 ਸਾਲ ਦੀ ਉਮਰ 'ਚ ਅੰਮ੍ਰਿਤਸਰ ਦੇ ਉਦਯੋਗਿਕ ਸਕੂਲ ਵਿਖੇ ਆਰਟਸ ਤੇ ਕਰਾਫਟਸ ਦੇ ਕੋਰਸ 'ਚ ਦਾਖ਼ਲ ਹੋ ਗਏ ਅਤੇ ਇਸ ਉਪਰੰਤ 1919 ਈਸਵੀ 'ਚ ਫ਼ੌਜ ਵਿਚ ਡ੍ਰਾਫਟਸਮੈਨ ਦੇ ਤੌਰ 'ਤੇ ਭਰਤੀ ਹੋ ਗਏ।ਫ਼ੌਜੀ ਸੇਵਾ ਦੌਰਾਨ ਇਹ ਬਗ਼ਦਾਦ ਵਿਖੇ ਰਹੇ ਜਿਥੇ ਇਨ੍ਹਾਂ ਦਾ ਸੰਪਰਕ ਪੱਛਮੀ ਚਿੱਤਰਕਾਰਾਂ ਨਾਲ ਹੋਇਆ।1923 'ਚ ਫ਼ੌਜ ਤੋਂ ਸੇਵਾਮੁਕਤ ਹੋ ਕੇ ਇਹ ਭਾਰਤ ਪਰਤ ਆਏ।ਵਾਪਸ ਆਉਣ ਉਪਰੰਤ ਇਨ੍ਹਾਂ ਨੇ ਅੰਮ੍ਰਿਤਸਰ ਵਿਖੇ ਸੁਤੰਤਰ ਆਰਟਿਸਟ ਦੇ ਤੌਰ 'ਤੇ ਕਰਮਸ਼ੀਅਲ ਆਰਟ ਦਾ ਕਿੱਤਾ ਸ਼ੁਰੂ ਕਰ ਦਿੱਤਾ, ਪਰ ਨਾਲੋ-ਨਾਲ ਇਨ੍ਹਾਂ ਨੇ ਫਾਈਨ ਆਰਟਸ ਵਿਚ ਆਪਣੀ ਦਿਲਚਸਪੀ ਜਾਰੀ ਰੱਖੀ।ਇਹ ਉਨ੍ਹਾਂ ਦਿਨਾਂ ਦੀ ਗੱਲ ਹੈ ਜਦੋਂ ਗੁਰੂ ਕੇ ਬਾਗ਼ ਦਾ ਇਤਿਹਾਸਕ ਮੋਰਚਾ ਲੱਗਾ ਹੋਇਆ ਸੀ।ਇਨ੍ਹਾਂ ਹਾਲਾਤ ਤੋਂ ਪ੍ਰਭਾਵਤ ਹੋ ਕੇ ਉਨ੍ਹਾਂ ਆਪਣਾ ਸਾਰਾ ਜੀਵਨ ਸਿੱਖ ਇਤਿਹਾਸ ਨੂੰ ਚਿਤਰਣ ਲਈ ਅਰਪਿਤ ਕਰ ਦਿੱਤਾ।ਇਸ ਮੌਕੇ ਸੁਸਾਇਟੀ ਦੇ ਸਕੱਤਰ ਪ੍ਰਸਿੱਧ ਚਿੱਤਰਕਾਰ ਗੁਰਪ੍ਰੀਤ ਆਰਟਿਸਟ ਨੇ ਆਏ ਹੋਏ ਮੁੱਖ ਮਹਿਮਾਨ ਤੇ ਹੋਰਨਾਂ ਲੋਕਾਂ ਦਾ ਧੰਨਵਾਦ ਕੀਤਾ।

# ਵੱਖ-ਵੱਖ ਸੜਕ ਹਾਦਸਿਆਂ 'ਚ ਦੋ ਦੀ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਪਿੰਡ ਮੈਣਮਾਜਰੀ ਤੇ ਸਰਹਿੰਦ-ਮੰਡੀ ਗੋਬਿੰਦਗੜ੍ਹ ਰੋਡ 'ਤੇ ਪੈਂਦੇ ਪਿੰਡ ਅੰਬੇਮਾਜਰਾ ਨਜ਼ਦੀਕ ਵਾਪਰੇ ਦੋ ਵੱਖ-ਵੱਖ ਸੜਕ ਹਾਦਸਿਆਂ ਵਿੱਚ ਇੱਕ ਨੌਜਵਾਨ ਸਣੇ ਦੋ ਵਿਅਕਤੀਆਂ ਦੀ ਮੌਤ ਹੋ ਗਈ।ਧਰਮਿੰਦਰ ਹੁਸੈਨ ਵਾਸੀ ਪਿੰਡ ਰੁਪਾਲਹੇੜੀ ਨੇ ਦੱਸਿਆ ਕਿ ਦੁੱਧ ਵਾਲੇ ਟੈਂਕਰ ਨੰਬਰੀ ਪੀ.ਬੀ. 65 ਏ ਵੀ-8210 ਦਾ ਚਾਲਕ ਤੇਜੀ, ਜੋ ਅਕਸਰ ਸਾਡੇ ਪਿੰਡਾਂ 'ਚੋਂ ਬੜੀ ਤੇਜ਼ ਰਫ਼ਤਾਰੀ ਤੇ ਅਣਗਹਿਲੀ ਨਾਲ ਗੱਡੀ ਚਲਾਉਂਦਾ ਹੋਇਆ ਲੰਘਦਾ ਸੀ, ਨੇ ਪਿੰਡ ਮੈਣਮਾਜਰੀ ਨਜ਼ਦੀਕ ਉਸ ਦੇ ਪਿਤਾ ਮੁਹੰਮਦ ਸਫੀ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ ਤੇ ਸੜਕ 'ਤੇ ਡਿੱਗੇ ਉਸ ਦੇ ਪਿਤਾ ਦੇ ਸਿਰ ਉੱਪਰੋਂ ਉਕਤ ਟੈਂਕਰ ਚਾਲਕ ਨੇ ਟੈਂਕਰ ਕੱਢ ਦਿੱਤਾ, ਜਿਸ ਕਾਰਨ ਉਸ ਦੇ ਪਿਤਾ ਮੁਹੰਮਦ ਸਫੀ (63) ਦੀ ਮੌਕੇ 'ਤੇ ਹੀ ਮੌਤ ਹੋ ਗਈ।ਟੈਂਕਰ ਦੇ ਕਥਿਤ ਚਾਲਕ ਤੇਜੀ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਬਸੀ ਪਠਾਣਾਂ ਦੀ ਪੁਲਸ ਨੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

ਇੱਕ ਹੋਰ ਮਾਮਲੇ 'ਚ ਸਨੀ ਵਾਸੀ ਸੁਭਾਸ਼ ਨਗਰ ਮੰਡੀ ਗੋਬਿੰਦਗੜ੍ਹ ਨੇ ਪੁਲਸ ਨੂੰ ਦੱਸਿਆ ਕਿ ਉਹ ਤੇ ਉਸ ਦਾ ਭਰਾ ਰੋਹਨ (21) ਮੋਟਰਸਾਈਕਲ 'ਤੇ ਸਵਾਰ ਹੋ ਕੇ ਪਿੰਡ ਅੰਬੇਮਾਜਰਾ ਨੇੜਿਓਂ ਲੰਘ ਰਹੇ ਸਨ ਤਾਂ ਮੰਡੀ ਗੋਬਿੰਦਗੜ੍ਹ ਵੱਲੋਂ ਤੇਜ਼ ਰਫ਼ਤਾਰ ਨਾਲ ਆਈ ਚਿੱਟੇ ਰੰਗ ਦੀ ਸਕੌਡਾ ਰੈਪਿਡ ਕਾਰ ਨੰਬਰੀ ਪੀ.ਬੀ.13.ਵੀ-6820 ਨੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਗੰਭੀਰ ਸੱਟਾਂ ਲੱਗਣ 'ਤੇ ਰੋਹਨ ਦੀ ਮੌਤ ਹੋ ਗਈ।ਕਾਰ ਦੇ ਨਾਮਾਲੂਮ ਚਾਲਕ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

# ਸਰਕਾਰੀ ਸਕੂਲਾਂ ਦੇ ਬੁਨਿਆਦੀ ਵਿਕਾਸ ਲਈ 1.31 ਕਰੋੜ ਦੀ ਰਾਸ਼ੀ ਮਨਜ਼ੂਰ : ਸੇਖੋਂ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**

ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਜਿੱਥੇ ਮਿਆਰੀ ਤੇ ਉੱਚ ਦਰਜੇ ਦੀ ਸਿੱਖਿਆ ਵਿੱਚ ਹੋਰ ਸੁਧਾਰ ਕਰਨ ਲਈ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ, ਉੱਥੇ ਹੀ ਸਕੂਲਾਂ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਵੀ ਫੰਡਾਂ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾ ਰਹੀ।ਇਸ ਦਾ ਅੰਦਾਜ਼ਾ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਲਈ ਮਨਜ਼ੂਰ ਫੰਡਾਂ, ਜਿਸ ਵਿੱਚ ਇਕੱਲੇ ਫਰੀਦਕੋਟ ਜ਼ਿਲ੍ਹੇ ਦੇ ਸਕੂਲਾਂ ਬੁਨਿਆਦੀ ਢਾਂਚੇ, ਮੁਰੰਮਤ ਤੇ ਹੋਰ ਕੰਮਾਂ ਲਈ ਮਨਜ਼ੂਰ ਕੀਤੀ 1.31 ਕਰੋੜ ਰੁਪਏ ਦੀ ਦਿੱਤੀ ਰਾਸ਼ੀ ਤੋਂ ਸਹਿਜੇ ਹੀ ਲਗਾਇਆ ਜਾ ਸਕਦਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਦੱਸਿਆ ਕਿ ਪੰਜਾਬ ਸਰਕਾਰ ਸੂਬੇ ਦੇ ਸਰਕਾਰੀ ਸਕੂਲਾਂ ਵੱਲ ਵੱਧ ਤੋਂ ਵੱਧ ਤੋਂ ਧਿਆਨ ਦੇ ਰਹੀ ਹੈ ਤੇ ਜਿੱਥੇ ਸਕੂਲਾਂ ਵਿੱਚ ਅਧਿਆਪਕਾਂ ਦੀ ਕਮੀ ਨੂੰ ਪੂਰਾ ਕੀਤਾ ਜਾ ਰਿਹਾ ਹੈ, ਉੱਥੇ ਹੀ ਸਕੂਲਾਂ ਦੇ ਬੁਨਿਆਦੀ ਵਿਕਾਸ ਵਿੱਚ ਵੀ ਧਿਆਨ ਦਿੱਤਾ ਜਾ ਰਿਹਾ ਹੈ।ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜ਼ਿਲ੍ਹੇ ਦੇ 21 ਸਕੂਲਾਂ ਨੂੰ ਵੱਖ ਵੱਖ ਕੰਮਾਂ ਜਿਵੇਂ ਕਿ ਐਡੀਸ਼ਨਲ ਕਲਾਸਰੂਮ, ਲਾਇਬ੍ਰੇਰੀ ਰੂਮ, ਲੜਕੀਆਂ ਤੇ ਲੜਕਿਆਂ ਲਈ ਪਖਾਨੇ ਬਣਾਉਣ ਤੇ ਮੁਰੰਮਤ ਤੋਂ ਇਲਾਵਾ ਸਕੂਲਾਂ ਵਿੱਚ ਹੋਰ ਮੁਰੰਮਤ ਦੇ ਕੰਮਾਂ ਲਈ 1.31 ਕਰੋੜ ਰੁਪਏ ਦੀ ਰਾਸ਼ੀ ਮਨਜ਼ੂਰ ਕੀਤੀ ਗਈ ਹੈ, ਜਿਸ ਵਿੱਚ 88 ਲੱਖ ਦੇ ਲਗਭਗ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ।ਸ੍ਰ. ਸੇਖੋਂ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ, ਇਸ ਲਈ ਜਿੱਥੇ ਸਿਹਤ, ਵਿਕਾਸ ਤੇ ਸੂਬੇ ਵਿੱਚ ਨੌਜਵਾਨਾਂ ਲਈ ਭਲਾਈ ਦੇ ਅਨੇਕਾਂ ਕੰਮ ਕੀਤੇ ਜਾ ਰਹੇ ਹਨ, ਉੱਥੇ ਹੀ ਸਕੂਲੀ ਵਿਦਿਆਰਥੀਆਂ ਲਈ ਸਕੂਲਾਂ ਵਿੱਚ ਹਰ ਸੁਵਿਧਾ ਨੂੰ ਧਿਆਨ ਵਿੱਚ ਰੱਖਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪਹਿਲਾਂ ਹੀ ਸਰਕਾਰੀ ਸਕੂਲਾਂ ਨੂੰ ਸਕੂਲ ਆਫ ਐਮੀਨੈਂਸ ਵਿੱਚ ਤਬਦੀਲ ਕਰਕੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਹੀ ਅੰਗਰੇਜ਼ੀ ਸਕੂਲਾਂ ਵਰਗੀ ਸਿੱਖਿਆ ਮੁਹੱਈਆ ਕਰਵਾਈ ਜਾ ਰਹੀ ਹੈ।ਇਸ ਦਾ ਹੀ ਨਤੀਜਾ ਹੈ ਕਿ ਸੂਬੇ ਦੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਮੈਰਿਟ ਵਿੱਚ ਆਪਣਾ ਨਾਮ ਦਰਜ ਕਰਵਾ ਕੇ ਸੂਬੇ ਤੇ ਆਪਣੇ ਮਾਤਾ-ਪਿਤਾ ਦਾ ਨਾਮ ਰੋਸ਼ਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਜਲਦੀ ਹੀ ਸਕੂਲਾਂ ਵਿੱਚ ਕੰਮ ਸ਼ੁਰੂ ਹੋ ਜਾਵੇਗਾ।ਉਨ੍ਹਾਂ ਕਿਹਾ ਕਿ ਅੱਗੇ ਵੀ ਸਰਕਾਰ ਵੱਲੋਂ ਸਿੱਖਿਆ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

# ਭਗਤ ਨਾਮਦੇਵ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ ਗੁਰਮਤਿ ਸਮਾਗਮ ਕਰਾਇਆ



**ਲੌਂਗੋਵਾਲ/ਸੰਗਰੂਰ (ਪ੍ਰਦੀਪ ਸਿੰਘ ਸੱਪਲ)**

ਆਲ ਇੰਡੀਆ ਕਸ਼ੱਤਰੀਆ (ਟਾਂਕ) ਪ੍ਰਤੀਨਿਧੀ ਸਭਾ ਦੀ ਸਰਪ੍ਰਸਤੀ ਹੇਠ ਗੁਰਦੁਆਰਾ ਭਗਤ ਨਾਮਦੇਵ ਜੀ ਸੰਗਰੂਰ ਵਿਖੇ ਸਭਾ ਦੇ ਕੌਮੀ ਪ੍ਰਧਾਨ ਸਤਨਾਮ ਸਿੰਘ ਦਮਦਮੀ ਤੇ ਇਕਾਈ ਪ੍ਰਧਾਨ ਸੁਖਦੇਵ ਸਿੰਘ ਰਤਨ ਦੀ ਪ੍ਰਧਾਨਗੀ ਹੇਠ ਸਮੂਹ ਪ੍ਰਬੰਧਕ ਕਮੇਟੀ ਮੈਂਬਰਾਂ ਦੀ ਨਿਗਰਾਨੀ ਹੇਠ ਬ੍ਰਹਮ ਗਿਆਨੀ ਭਗਤ ਨਾਮਦੇਵ ਜੀ ਦਾ 754ਵੇਂ ਜਨਮ ਦਿਹਾੜੇ ਨੂੰ ਸਮਰਪਤ ਗੁਰਮਤਿ ਸਮਾਗਮ ਕਰਾਇਆ ਗਿਆ।ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਉੱਚ ਕੋਟਿ ਦੇ ਵਿਦਵਾਨ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਤੋਂ ਹਜ਼ੂਰੀ ਰਾਗੀ ਭਾਈ ਗੁਰਜੀਤ ਸਿੰਘ ਤੇ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਪਟਿਆਲਾ ਤੋਂ ਹਜ਼ੂਰੀ ਕਥਾਵਾਚਕ ਗਿਆਨੀ ਪ੍ਰਿਤਪਾਲ ਸਿੰਘ, ਗੁਰਦੁਆਰਾ ਗੁਰਸਾਗਰ ਮਸਤੂਆਣਾ ਸਾਹਿਬ ਤੋਂ ਹਜ਼ੂਰੀ ਰਾਗੀ ਭਾਈ ਗੁਰਮੇਲ ਸਿੰਘ, ਭਾਈ ਸਵਰਨ ਸਿੰਘ ਜੋਸ਼ ਤੇ ਬਾਬਾ ਬਲਜੀਤ ਸਿੰਘ ਫੱਕਰ ਨੇ ਭਗਤ ਨਾਮਦੇਵ ਜੀ ਦੀ ਬਾਣੀ ਤੇ ਕਥਾ ਕੀਰਤਨ ਕਰਕੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਤੇ ਭਗਤ ਨਾਮਦੇਵ ਜੀ ਦੇ ਜੀਵਨ ਤੇ ਵਿਸਥਾਰ ਪੂਰਵਕ ਚਾਨਣਾ ਪਾਇਆ। ਇਸ ਮੌਕੇ ਹਲਕਾ ਸੰਗਰੂਰ ਦੀ ਵਿਧਾਇਕ ਬੀਬਾ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਭਗਤ ਨਾਮਦੇਵ ਜੀ ਇੱਕ ਕ੍ਰਾਂਤੀਕਾਰੀ ਭਗਤ ਹੋਏ ਹਨ, ਜਿਨ੍ਹਾਂ ਨੇ ਦੱਬੇ ਕੁਚਲੇ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕੀਤਾ ਹੈ।ਮੈਡਮ ਭਰਾਜ ਨੇ ਜਿੱਥੇ ਭਗਤ ਨਾਮਦੇਵ ਜੀ ਦੀ ਬਾਣੀ ਦੀ ਭਰਪੂਰ ਸ਼ਲਾਘਾ ਕੀਤੀ, ਉਥੇ ਉਨ੍ਹਾਂ ਭਗਤ ਨਾਮਦੇਵ ਜੀ ਦੀਆਂ ਸਿੱਖਿਆਵਾਂ 'ਤੇ ਚੱਲ ਕੇ ਆਪਣੇ ਜੀਵਨ ਨੂੰ ਸਫ਼ਲਾ ਕਰਨ ਦੀ ਪ੍ਰੇਰਣਾ ਦਿੱਤੀ ਗਈ।ਇਸ ਤੋਂ ਇਲਾਵਾ ਵਿਧਾਇਕ ਮੈਡਮ ਭਰਾਜ ਨੇ ਭਗਤ ਨਾਮਦੇਵ ਧਰਮਸ਼ਾਲਾ ਲਈ ਪੰਜ ਲੱਖ ਰੁਪਏ ਦੀ ਗ੍ਰਾਂਟ ਜਲਦੀ ਹੀ ਦੇਣ ਦਾ ਐਲਾਨ ਕੀਤਾ।ਆਲ ਇੰਡੀਆ ਕਸ਼ੱਤਰੀਆ ਟਾਂਕ ਪ੍ਰਤੀਨਿਧੀ ਸਭਾ ਦੇ ਕੌਮੀ ਪ੍ਰਧਾਨ ਸਤਨਾਮ ਸਿੰਘ ਦਮਦਮੀ ਨੇ ਕਿਹਾ ਕਿ ਭਗਤ ਨਾਮਦੇਵ ਜੀ ਨੇ ਇੱਕ ਕਿਰਤੀ ਪਰਿਵਾਰ ਵਿੱਚ ਜਨਮ ਲੈ ਕੇ ਜਿੱਥੇ ਪਿਤਾ ਪੁਰਖੀ ਕਿੱਤੇ ਕੱਪੜੇ ਰੰਗਣ ਦੇ ਕੰਮ ਨੂੰ ਮਨ ਲਾ ਕੇ ਕੀਤਾ, ਉੱਥੇ ਬਚਪਨ ਤੋਂ ਹੀ ਪ੍ਰਭੂ ਭਗਤੀ ਵਿੱਚ ਲੀਨ ਰਹਿੰਦੇ ਸਨ।

ਭਗਤ ਜੀ ਦੀ ਇਸ ਮਹਾਨ ਮਾਨਵਵਾਦੀ ਸੋਚ ਕਾਰਨ ਹੀ ਉਨ੍ਹਾਂ ਵੱਲੋਂ ਰਚੇ ਇਕਾਹਠ ਸ਼ਬਦ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਪਵਿੱਤਰ ਗ੍ਰੰਥ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਕਰਕੇ ਸਾਡੀ ਕੌਮ ਨੂੰ ਬਹੁਤ ਵੱਡਾ ਮਾਣ ਬਖਸ਼ਿਆ ਹੈ।ਭਾਵੇਂ ਭਗਤ ਨਾਮਦੇਵ ਜੀ ਦਾ ਜਨਮ ਮਹਾਰਾਸ਼ਟਰ ਵਿੱਚ ਹੋਇਆ, ਪ੍ਰੰਤੂ ਉਨ੍ਹਾਂ ਨੇ ਆਪਣੇ ਵਿਚਾਰਾਂ ਦਾ ਪ੍ਰਚਾਰ ਅਤੇ ਪ੍ਰਸਾਰ ਥਾਂ-ਥਾਂ 'ਤੇ ਘੁੰਮ ਕੇ ਲੋਕਾਂ ਵਿੱਚ ਜਾ ਕੇ ਕੀਤਾ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਹੈ ਕਿ ਭਗਤ ਨਾਮਦੇਵ ਜੀ ਦੀਆਂ ਸਿੱਖਿਆਵਾਂ ਨੂੰ ਜਨ ਸਧਾਰਨ ਵਿੱਚ ਲਿਜਾਣ ਲਈ ਇਹ ਜ਼ਰੂਰੀ ਹੈ ਕਿ ਭਗਤ ਜੀ ਦੇ ਪ੍ਰਕਾਸ਼ ਪੁਰਬ ਵਾਲੇ ਦਿਨ ਸਾਰੇ ਸਰਕਾਰੀ, ਅਰਧ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਕਾਲਜਾਂ ਵਿੱਚ ਭਗਤ ਜੀ ਦੇ ਸ਼ਬਦਾਂ ਅਤੇ ਬਾਣੀ ਤੇ ਵਿਚਾਰ ਵਿਟਾਂਦਰਾ ਕੀਤਾ ਜਾਵੇ।ਭਗਤ ਜੀ ਦੀਆਂ ਸਿੱਖਿਆਵਾਂ ਨੂੰ ਦਰਸਾਉਂਦੇ ਪੇਂਟਿੰਗਜ਼ ਤੇ ਚਾਰਟ ਮੇਕਿੰਗ ਮੁਕਾਬਲੇ ਕਰਵਾਏ ਜਾਣ ਅਤੇ ਭਗਤ ਜੀ ਦੀ ਬਾਣੀ ਨੂੰ ਸਿਲੇਬਸ ਵਿੱਚ ਲਾਗੂ ਕਰਾਇਆ ਜਾਵੇ।ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਯੂਨੀਵਰਸਿਟੀ ਵਿੱਚ ਭਗਤ ਨਾਮਦੇਵ ਜੀ ਦੀ ਚੇਅਰ ਜੋ ਪਿਛਲੇ ਸਮੇਂ ਦੌਰਾਨ ਸਥਾਪਤ ਕੀਤੀ ਗਈ ਸੀ, ਪਰ ਫੰਡਾਂ ਦੀ ਘਾਟ ਕਾਰਨ ਹੁਣ ਬੰਦ ਪਈ ਹੈ, ਨੂੰ ਮੁੜ ਚਾਲੂ ਕੀਤਾ ਜਾਵੇ।

ਚੰਡੀਗੜ੍ਹ ਦੇ ਪੈਟਰਨ ਤੇ ਭਗਤ ਨਾਮਦੇਵ ਭਵਨ ਬਣਾਏ ਜਾਣ, ਜਿੱਥੇ ਭਗਤ ਜੀ ਵੱਲੋਂ ਰਚੇ ਸ਼ਬਦਾਂ ਦੀਆਂ ਪੋਥੀਆਂ ਰੱਖੀਆਂ ਜਾਣ ਤਾਂ ਜੁ ਨਵੀਂ ਪੀੜ੍ਹੀ ਉਨ੍ਹਾਂ ਦੀ ਵਿਚਾਰਧਾਰਾ ਨਾਲ ਜੁੜ ਸਕਣ। ਇਸ ਤੋਂ ਪਹਿਲਾਂ ਇਕਾਈ ਪ੍ਰਧਾਨ ਸੁਖਦੇਵ ਸਿੰਘ ਰਤਨ ਨੇ ਸਮਾਗਮ ਵਿੱਚ ਸ਼ਾਮਲ ਸੰਗਤਾਂ ਨੂੰ ਜੀ ਆਇਆਂ ਨੂੰ ਕਹਿਣ ਉਪਰੰਤ ਕਿਹਾ ਕਿ ਭਗਤ ਨਾਮਦੇਵ ਜੀ ਜਿੱਥੇ ਭਗਤੀ ਲਹਿਰ ਵਿੱਚ ਸ਼੍ਰੋਮਣੀ ਭਗਤ ਦਾ ਦਰਜ਼ਾ ਰੱਖਦੇ ਸਨ, ਉੱਥੇ ਉਨ੍ਹਾਂ ਨੇ ਆਪਣੀ ਬਾਣੀ ਦੇ ਨਾਲ ਨਾਲ ਕਿਰਤ ਕਰਨ, ਆਪਣੇ ਮਾਤਾ ਪਿਤਾ ਦਾ ਸਤਿਕਾਰ ਕਰਨ, ਇਕ ਈਸ਼ਵਰ ਵਿੱਚ ਵਿਸ਼ਵਾਸ ਰੱਖਣ, ਮਨੁੱਖਵਾਦੀ ਸੋਚ ਦੇ ਧਾਰਨੀ ਬਣਨ, ਗਰੀਬਾਂ, ਮਸਕੀਨਾਂ ਅਤੇ ਹੋਰ ਲੋੜਵੰਦਾਂ ਦੀ ਮਦਦ ਕਰਨ ਲਈ ਵੀ ਪ੍ਰੇਰਿਆ।

# ਟਰੱਕ ਓਪਰੇਟਰਾਂ ਵੱਲੋਂ ਅਮਨ ਅਰੋੜਾ ਦਾ ਨਿੱਘਾ ਸਵਾਗਤ



**ਦੋਰਾਹਾ (ਹਰਮਿੰਦਰ ਸੇਠ)**-ਆਮ ਆਦਮੀ ਪਾਰਟੀ ਦੇ ਨਵੇਂ ਬਣੇ ਪ੍ਰਧਾਨ ਅਮਨ ਅਰੋੜਾ ਤੇ ਸ਼ੈਰੀ ਕਲਸੀ ਦਾ ਦੋਰਾਹਾ ਆਉਣ 'ਤੇ ਟਕਸਾਲੀ ਆਗੂ ਰਵਿੰਦਰ ਸਿੰਘ ਮੁੰਡੀ (ਸ਼ਾਹਪੁਰ) ਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਸਮੇਂ ਉਨ੍ਹਾਂ ਪਾਰਟੀ ਦੇ ਸੁਪਰੀਮੋ ਸਾਬਕਾ ਮੁੱਖ ਮੰਤਰੀ ਸ੍ਰੀ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਤੇ ਕੈਬਨਿਟ ਮੰਤਰੀ ਤਰਨਪ੍ਰੀਤ ਸਿੰਘ ਸੋਂਧ, ਹਲਕਾ ਪਾਇਲ ਦੇ ਵਿਦਾਇਕ ਸ੍ਰੀ ਮਨਵਿੰਦਰ ਸਿੰਘ ਗਿਆਸਪੁਰਾ ਦਾ ਧੰਨਵਾਦੀ ਹਾਂ, ਜਿਨ੍ਹਾਂ ਚੰਗੀ ਸੋਚ ਦੇ ਮਾਲਕ ਵਧੀਆ ਇਨਸਾਨ ਨੂੰ ਪੰਜਾਬ ਦਾ ਪ੍ਰਧਾਨ ਲਗਾਇਆ, ਜਿਸ ਨੇ ਪੰਜਾਬ ਨੂੰ ਰੰਗਲਾ ਬਣਾਉਣ ਲਈ ਜ਼ੁੰਮੇਵਾਰੀ ਦਿੱਤੀ ਗਈ ਹੈ। ਇਸ ਮੌਕੇ ਵੱਖ ਵੱਖ ਪਿੰਡਾਂ ਦੇ ਟਰੱਕ ਓਪਰੇਟਰ ਤੇ ਮਾਲਕ, ਜਿਨ੍ਹਾਂ ਨੇ ਸਵਾਗਤ ਕੀਤਾ। ਇਸ ਮੌਕੇ ਅਵਿਸ਼ੇਕ ਜਟਾਨਾ, ਮੋਹਣੀ ਦੀਵਾ, ਜਗਤਾਰ ਅਜਨੋਦ, ਪੀਤਾ, ਜਸਪਾਲ, ਰਤਨ ਕਟਾਰੀ ਆਦਿ ਹਾਜ਼ਰ ਸਨ।

# ਸ਼ੇਰੋਂ ਦੇ ਨੌਜਵਾਨਾਂ 'ਆਪ' ਨੂੰ ਛੱਡ ਫੜਿਆ ਕਾਂਗਰਸ ਦਾ ਪੱਲਾ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਸਿੰਘ ਭੱਟੀ)**-ਨੇੜਲੇ ਪਿੰਡ ਸ਼ੇਰੋਂ ਵਿੱਚ ਕੁਝ ਨੌਜਵਾਨ ਆਮ ਆਦਮੀ ਪਾਰਟੀ ਦਾ ਪੱਲਾ ਛੱਡ ਕੇ ਹਲਕਾ ਇੰਚਾਰਜ ਯੂਥ ਕਾਂਗਰਸ ਜਸਵਿੰਦਰ ਸਿੰਘ ਧੀਮਾਨ ਦੀ ਗਵਾਹੀ ਵਿੱਚ ਕਾਂਗਰਸ ਪਾਰਟੀ ਵਿੱਚ ਜਾ ਰਲੇ ਹਨ। ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਇੱਕ ਨੌਜਵਾਨ ਜਸਪ੍ਰੀਤ ਨੇ ਦੱਸਿਆ ਕਿ ਅਸੀਂ ਆਮ ਪਾਰਟੀ ਵਿੱਚ ਬਹੁਤ ਮਿਹਨਤ ਕੀਤੀ, ਪਰ ਸਾਡੀ ਮਿਹਨਤ ਨੂੰ ਬੂਰ ਨਹੀਂ ਲੱਗਿਆ। ਇਸ ਲਈ ਅਸੀਂ ਆਉਣ ਵਾਲੇ ਸਮੇਂ ਲਈ ਸਰਦਾਰ ਜਸਵਿੰਦਰ ਸਿੰਘ ਧੀਮਾਨ ਦੀ ਗਵਾਹੀ ਵਿੱਚ ਕਾਂਗਰਸ ਦਾ ਪੱਲਾ ਫੜਿਆ, ਜੋ ਕਿ ਵਰਕਰਾਂ ਦੀ ਹਮੇਸ਼ਾ ਹੀ ਨੇੜੇ ਹੋ ਕੇ ਗੱਲ ਸੁਣਦੇ ਹਨ, ਜੋ ਵਰਕਰ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ ਹਨ, ਉਨ੍ਹਾਂ ਵਿੱਚ ਜਸਪ੍ਰੀਤ ਸ਼ਰਮਾ (ਦੀਪੂ), ਧਨਜੀਤ ਸ਼ਰਮਾ (ਲਾਡੀ), ਪ੍ਰੇਮ ਸਿੰਘ, ਬੌਬੀ ਸ਼ਰਮਾ, ਰੋਹੀ ਸ਼ਰਮਾ, ਗੁਰਤੇਜ ਖਾਨ, ਪ੍ਰੇਮ ਸਿੰਘ ਨਵਿਆਂ, ਬਲਜੀਤ ਸਿੰਘ ਸੰਧੂ, ਦਿਲਪ੍ਰੀਤ ਸਿੰਘ ਮੈਂਬਰ ਵਾਰਡ ਨੰਬਰ ਅੱਠ ਤੇ ਇਨ੍ਹਾਂ ਦੇ ਸਾਥੀ ਸ਼ਾਮਲ ਹਨ।

# ਕਣਕ ਦੀ ਅਗੇਤੀ ਬਿਜਾਈ ਵਾਲੇ ਖੇਤਾਂ 'ਚ ਤਣੇ ਦੀ ਗੁਲਾਬੀ ਸੁੰਡੀ ਦੇ ਹਮਲੇ ਸੰਬੰਧੀ ਨਿਰੀਖਣ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, ( ਗੁਰਜੀਤ ਬਿੱਲਾ)**

ਮੁੱਖ ਖੇਤੀਬਾੜੀ ਅਫਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਡਾ. ਗੁਰਮੇਲ ਸਿੰਘ ਦੀ ਅਗਵਾਈ ਹੇਠ ਬਲਾਕ ਖਰੜ ਦੇ ਵੱਖ-ਵੱਖ ਪਿੰਡਾਂ ਵਿੱਚ ਖੇਤੀ ਅਧਿਕਾਰੀਆਂ ਵੱਲੋਂ ਕਣਕ ਦੀ ਬਜਾਈ ਵਾਲੇ ਖੇਤਾਂ ਵਿੱਚ ਤਣੇ ਦੀ ਗੁਲਾਬੀ ਸੁੰਡੀ ਦੇ ਹਮਲੇ ਸਬੰਧੀ ਸੂਚਨਾਵਾਂ ਮਿਲਣ ਤੇ ਲਗਾਤਾਰ ਨਿਰੀਖਣ ਕੀਤਾ ਜਾ ਰਿਹਾ ਹੈ।ਖੇਤੀਬਾੜੀ ਅਫਸਰ ਖਰੜ ਸ਼ੁਭਕਰਨ ਸਿੰਘ ਧਾਲੀਵਾਲ, ਏ ਡੀ ਓ ਮਨਦੀਪ ਕੌਰ, ਏ ਈ ਓ ਅਜੇ ਸ਼ਰਮਾ ਅਤੇ ਕਰਨਵੀਰ ਸਿੰਘ ਮਹਿਲ ਵੱਲੋਂ ਪਿੰਡ ਨਡਿਆਲੀ, ਅਲੀਪੁਰ, ਪੋਪਨਾ, ਧੜਾਕ ਕਲਾਂ ਅਤੇ ਦੇਹ ਕਲਾਂ ਵਿੱਚ ਸਰਵੇਖਣ ਕੀਤਾ ਗਿਆ, ਜਿਸ ਦੌਰਾਨ ਕਿਤੇ ਵੀ ਇਸ ਕੀੜੇ ਦਾ ਹਮਲਾ ਦੇਖਣ ਵਿੱਚ ਨਹੀਂ ਮਿਲਿਆ। ਉਹਨਾਂ ਨੇ ਦੱਸਿਆ ਕਿ ਗੁਲਾਬੀ ਸੁੰਡੀ ਅਤੇ ਸੈਨਿਕ ਸੁੰਡੀ ਕਣਕ ਦੀ ਫਸਲ ਦੇ ਮੁੱਖ ਕੀੜੇ ਨਹੀਂ ਹਨ ਪ੍ਰੰਤੂ ਬਿਜਾਈ ਦੀਆਂ ਤਕਨੀਕਾਂ ਅਤੇ ਮੌਸਮੀ ਤਬਦੀਲੀ ਦੇ ਚਲਦਿਆਂ, ਇਹ ਕੀੜੇ ਕੁਝ ਖੇਤਾਂ ਵਿੱਚ ਕਈ ਵਾਰ ਕਣਕ ਦੀ ਫਸਲ ਖਾਸ ਕਰਕੇ ਹੈਪੀ ਸੀਡਰ, ਸੁਪਰ ਸੀਡਰ ਜਾਂ ਮਲਚਿੰਗ ਵਿਧੀ ਨਾਲ ਬਜਾਈ ਕੀਤੀ ਹੋਵੇ ਤਾਂ ਹਮਲਾ ਕਰ ਦਿੰਦੇ ਹਨ, ਤਣੇ ਦੀ ਗੁਲਾਬੀ ਸੁੰਡੀ ਕਣਕ ਦੀ ਜੜ ਤੋਂ ਉੱਪਰ ਤਣੇ ਵਿੱਚ ਸੁਰਾਖ਼ ਕਰਦੀ ਹੈ ਅਤੇ ਅੰਦਰਲਾ ਮਾਦਾ ਖਾਂਦੀ ਹੈ, ਜਿਸ ਨਾਲ ਬੂਟੇ ਪੀਲੇ ਪੈ ਜਾਂਦੇ ਹਨ ਅਤੇ ਹਮਲੇ ਵਾਲੇ ਬੂਟੇ ਜਾਂ ਸ਼ਾਖਾਵਾਂ ਸੁੱਕ ਜਾਂਦੀਆਂ ਹਨ। ਇਸ ਦੇ ਹਮਲੇ ਦੀ ਸੰਭਾਵਨਾ ਅਗੇਤੀ ਬੇਜਾਈ ਵਾਲੇ ਖੇਤਾਂ ਵਿੱਚ ਜਿਆਦਾ ਹੁੰਦੀ ਹੈ ਕਿਉਂ ਜੋ ਤਾਪਮਾਨ ਘਟਨ ਨਾਲ ਇਸ ਕੀੜੇ ਵਿੱਚ ਹਰਕਤ ਘਟ ਜਾਂਦੀ ਹੈ। ਜੇਕਰ ਗੁਲਾਬੀ ਸੁੰਡੀ ਦਾ ਹਮਲਾ ਜ਼ਿਆਦਾ ਦੇਖਣ ਵਿੱਚ ਆਵੇ ਤਾਂ 7 ਕਿਲੋ ਫਿਪਰੋਨਿਲ 0.3% ਜਾਂ ਇਕ ਲੀਟਰ ਕਲੋਰੋਪੈਰੀਫਾਸ 20 ਈ.ਸੀ ਨੂੰ 20 ਕਿਲੋ ਸਲਾਬੀ ਮਿੱਟੀ ਵਿੱਚ ਰਲਾ ਕੇ ਪਹਿਲਾ ਪਾਣੀ ਲਾਉਣ ਤੋਂ ਪਹਿਲਾਂ ਛਿੱਟਾ ਦੇਵੋ ਅਤੇ ਪਾਣੀ ਦਿਨ ਵੇਲੇ ਲਾਉਣ ਨੂੰ ਤਰਜੀਹ ਦਿੱਤੀ ਜਾਵੇ। ਜੇ ਪਾਣੀ ਲਾਉਣ ਤੋਂ ਬਾਅਦ ਖੇਤਾਂ ਵਿੱਚ ਹਮਲਾ ਦੇਖਣ ਨੂੰ ਮਿਲੇ ਤਾਂ 50 ਐਮ ਐਲ ਕਲੋਰੈਂਟਰਾਨੀਲੀਪਰੋਲ ਨੂੰ 80 ਤੋਂ 100 ਲੀਟਰ ਪਾਣੀ ਵਿੱਚ ਘੋਲ ਕੇ ਛਿੜਕਾ ਕਰਨ ਨਾਲ ਇਸ ਦੀ ਰੋਕਥਾਮ ਹੋ ਜਾਂਦੀ ਹੈ।



# ਆਮਦਨ ਤੋਂ ਵੱਧ ਜਾਇਦਾਦ ਬਣਾਉਣ ਦੇ ਦੋਸ਼ ਹੇਠ ਕਲਰਕ ਗ੍ਰਿਫ਼ਤਾਰ

**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ)**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਆਮਦਨੀ ਦੇ ਜਾਣੂ ਸਰੋਤਾਂ ਤੋਂ ਵੱਧ ਜਾਇਦਾਦ ਬਣਾਉਣ ਦੇ ਦੋਸ਼ ਹੇਠ ਜਨਮ ਅਤੇ ਮੌਤ ਰਜਿਸਟਰਾਰ, ਦਫ਼ਤਰ ਸਿਵਲ ਸਰਜਨ, ਹੁਸ਼ਿਆਰਪੁਰ ਵਿਖੇ ਤਾਇਨਾਤ ਕਲਰਕ ਜਸਵਿੰਦਰ ਸਿੰਘ ਨੂੰ ਗ੍ਰਿਫਤਾਰ ਕੀਤਾ ਹੈ। ਪੰਜਾਬ ਵਿਜੀਲੈਂਸ ਬਿਊਰੋ ਦੇ ਇੱਕ ਅਧਿਕਾਰਤ ਬੁਲਾਰੇ ਨੇ ਦੱਸਿਆ ਕਿ ਇਸ ਬਾਰੇ ਦਰਜ ਇੱਕ ਵਿਜੀਲੈਂਸ ਪੜਤਾਲ ਦੀ ਡੂੰਘਾਈ ਨਾਲ ਜਾਂਚ ਕਰਨ ਉਪਰੰਤ ਮੁਕੱਦਮਾ ਦਰਜ ਕਰਕੇ ਇਹ ਗ੍ਰਿਫ਼ਤਾਰੀ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਵਿਜੀਲੈਂਸ ਬਿਊਰੋ ਵੱਲੋਂ ਕੀਤੀ ਗਈ ਜਾਂਚ ਤੋਂ ਪਤਾ ਲੱਗਿਆ ਕਿ ਉਕਤ ਮੁਲਜ਼ਮ ਜਸਵਿੰਦਰ ਸਿੰਘ ਵਾਸੀ ਗੋਬਿੰਦ ਨਗਰ, ਨੇੜੇ ਫਤਿਹਗੜ੍ਹ ਚੂੰਗੀ, ਹੁਸ਼ਿਆਰਪੁਰ ਨੇ ਚੈਕਿੰਗ ਦੇ ਸਮੇਂ ਦੌਰਾਨ 1 ਜਨਵਰੀ 2002 ਤੋਂ 31 ਦਸੰਬਰ 2016 ਤੱਕ ਕੁੱਲ 1,23,13,727 ਰੁਪਏ ਖਰਚ ਕੀਤੇ ਸਨ, ਜਦਕਿ ਇਸ ਸਮੇਂ ਦੌਰਾਨ ਉਸਦੀ ਕੁੱਲ ਆਮਦਨ 88,15,520 ਰੁਪਏ ਸੀ। ਇਸ ਤਰ੍ਹਾਂ ਉਸ ਵੱਲੋਂ ਇਸ ਮਿਆਦ ਦੌਰਾਨ ਆਪਣੀ ਆਮਦਨੀ ਤੋਂ 34,98,207 ਰੁਪਏ ਵੱਧ ਖ਼ਰਚ ਕੀਤੇ ਸਨ। ਬੁਲਾਰੇ ਨੇ ਅੱਗੇ ਦੱਸਿਆ ਕਿ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਆਮਦਨ ਤੋਂ ਵੱਧ ਜਾਇਦਾਦ ਨੂੰ ਗੈਰ-ਕਾਨੂੰਨੀ ਸੰਪਤੀ ਵਜੋਂ ਸ਼੍ਰੇਣੀਬੱਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਜਾਂਚ ਵਿੱਚ ਦੋਸ਼ੀ ਪਾਏ ਜਾਣ ਤੋਂ ਬਾਅਦ ਉਕਤ ਕਲਰਕ ਜਸਵਿੰਦਰ ਸਿੰਘ ਦੇ ਖਿਲਾਫ਼ ਵਿਜੀਲੈਂਸ ਥਾਣਾ ਜਲੰਧਰ ਰੇਂਜ ਵਿਖੇ ਕੇਸ ਕਰ ਲਿਆ ਗਿਆ ਹੈ ਅਤੇ ਇਸ ਮੁਕੱਦਮੇ ਦੀ ਅਗਲੇਰੀ ਜਾਂਚ ਜਾਰੀ ਹੈ।



# ਕੰਗ ਵੱਲੋਂ ਪੰਜਾਬ ਦੇ ਲੋਕਾਂ ਨਾਲ ਜੁੜੇ ਸੰਵੇਦਨਸ਼ੀਲ ਮੁੱਦੇ ਨੂੰ ਉਠਾਉਂਦਿਆਂ ਲੋਕਸਭਾ 'ਚ ਮੁਲਤਵੀ ਮਤਾ ਪੇਸ਼

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਆਮ ਆਦਮੀ ਪਾਰਟੀ (ਆਪ) ਦੇ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਲੋਕ ਸਭਾ ਵਿੱਚ ਪੰਜਾਬ ਦੇ ਲੋਕਾਂ ਨਾਲ ਜੁੜੇ ਇੱਕ ਜ਼ਰੂਰੀ ਅਤੇ ਸੰਵੇਦਨਸ਼ੀਲ ਮੁੱਦੇ ਨੂੰ ਉਠਾਉਂਦਿਆਂ ਮੁਲਤਵੀ ਮਤਾ ਪੇਸ਼ ਕੀਤਾ। ਮਤਾ ਪੰਜਾਬ ਸਟੇਟ ਇੰਡੀਅਨ ਪੀਨਲ ਕੋਡ (ਪੰਜਾਬ ਸੋਧ) ਬਿੱਲ 2018 ਅਤੇ ਕੋਡ ਆਫ ਕ੍ਰਿਮੀਨਲ ਪ੍ਰੋਸੀਜ਼ਰ (ਪੰਜਾਬ ਸੋਧ) ਬਿੱਲ 2018 ਨੂੰ ਰਾਸ਼ਟਰਪਤੀ ਦੀ ਮਨਜ਼ੂਰੀ ਵਿੱਚ ਤੇਜ਼ੀ ਲਿਆਉਣ ਲਈ ਭਾਰਤ ਸਰਕਾਰ ਦੇ ਦਖ਼ਲ ਦੀ ਮੰਗ ਕਰਦਾ ਹੈ। ਇਨ੍ਹਾਂ ਬਿੱਲਾਂ ਵਿੱਚ ਕਿਸੇ ਵੀ ਧਾਰਮਿਕ ਗ੍ਰੰਥ ਦੀ ਬੇਅਦਬੀ ਜਾਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੇ ਕੰਮਾਂ ਲਈ ਉਮਰ ਕੈਦ ਸਮੇਤ ਸਖ਼ਤ ਸਜ਼ਾਵਾਂ ਦੀ ਵਿਵਸਥਾ ਹੈ।ਕੰਗ ਨੇ ਕਿਹਾ ਕਿ ਸਾਰੇ ਧਾਰਮਿਕ ਗ੍ਰੰਥ ਭਾਵੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਸ੍ਰੀਮਦ ਭਗਵਦ ਗੀਤਾ, ਕੁਰਾਨ ਜਾਂ ਬਾਈਬਲ ਹੋਵੇ, ਦੀ ਮਰਿਆਦਾ ਨੂੰ ਬਰਕਰਾਰ ਰੱਖਿਆ ਜਾਣਾ ਚਾਹੀਦਾ ਹੈ। ਪੰਜਾਬ ਵਿਧਾਨ ਸਭਾ ਨੇ 2018 ਵਿੱਚ ਇਨ੍ਹਾਂ ਬਿੱਲਾਂ ਨੂੰ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਸੀ ਪਰ 6 ਸਾਲ ਬਾਅਦ ਵੀ ਇਹ ਰਾਸ਼ਟਰਪਤੀ ਦੀ ਮਨਜ਼ੂਰੀ ਲਈ ਬਕਾਇਆ ਪਏ ਹਨ।ਉਨ੍ਹਾਂ ਕਿਹਾ ਕਿ ਇਹ ਬਹੁਤ ਜ਼ਰੂਰੀ ਹੈ ਕਿ ਬੇਅਦਬੀ ਦੀਆਂ ਲਗਾਤਾਰ ਵਾਪਰ ਰਹੀਆਂ ਘਟਨਾਵਾਂ ਨੂੰ ਰੋਕਣ ਲਈ ਸਖ਼ਤ ਕਾਨੂੰਨ ਬਣਾਏ ਜਾਣ,ਕਿਉਂਕਿ ਇਹ ਡਰ ਦਾ ਮਾਹੌਲ ਪੈਦਾ ਕਰਦੇ ਹਨ ਅਤੇ ਧਾਰਮਿਕ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਉਂਦੇ ਹਨ।ਅਸੀਂ ਭਾਰਤ ਸਰਕਾਰ ਨੂੰ ਤੁਰੰਤ ਕਾਰਵਾਈ ਕਰਨ ਦੀ ਅਪੀਲ ਕਰਦੇ ਹਾਂ ਤਾਂ ਜੋ ਪੰਜਾਬ ਅਤੇ ਦੇਸ਼ ਭਰ ਦੇ ਲੱਖਾਂ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਸੁਰੱਖਿਅਤ ਰੱਖਿਆ ਜਾ ਸਕੇ।ਬੇਅਦਬੀ ਦੀਆਂ ਵੱਧ ਰਹੀਆਂ ਘਟਨਾਵਾਂ ਨੂੰ ਉਜਾਗਰ ਕਰਦੇ ਹੋਏ ਕੰਗ ਨੇ ਭਾਰਤ ਵਰਗੇ ਦੇਸ਼ ਵਿੱਚ ਧਾਰਮਿਕ ਸਦਭਾਵਨਾ ਦੀ ਰੱਖਿਆ ਲਈ ਸਖ਼ਤ ਕਾਨੂੰਨਾਂ ਦੀ ਲੋੜ 'ਤੇ ਜ਼ੋਰ ਦਿੱਤਾ ਅਤੇ ਕਿਹਾ ਕਿ ਸੰਵਿਧਾਨ ਵਿੱਚ ਧਰਮ ਨਿਰਪੱਖਤਾ ਅਤੇ ਵੱਖ-ਵੱਖ ਧਰਮਾਂ ਦਾ ਸਤਿਕਾਰ ਵੀ ਦਰਜ ਹੈ। ਉਨ੍ਹਾਂ ਨੇ ਸਾਰੀਆਂ ਸਿਆਸੀ ਪਾਰਟੀਆਂ ਨੂੰ ਨਿੱਜੀ ਹਿੱਤਾਂ ਤੋਂ ਉੱਪਰ ਉੱਠ ਕੇ ਭਾਰਤ ਦੇ ਧਾਰਮਿਕ, ਅਧਿਆਤਮਿਕ ਅਤੇ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਲਈ ਇਨ੍ਹਾਂ ਬਿੱਲਾਂ ਦੀ ਪ੍ਰਵਾਨਗੀ ਲਈ ਸਮੂਹਿਕ ਤੌਰ 'ਤੇ ਜ਼ੋਰ ਦੇਣ ਦਾ ਸੱਦਾ ਦਿੱਤਾ।

# ਆਸਟ੍ਰੇਲੀਆ ਦੇ ਉੱਚ ਪੱਧਰੀ ਵਫਦ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਲ ਕੀਤੀ ਮੁਲਾਕਾਤ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**

ਮੁੱਖ ਮੰਤਰੀ ਨਾਇਬ ਸਿੰਘ ਸੈਨੀ ਦੀ ਅਗਵਾਈ ਹੇਠ ਹਰਿਆਣਾ ਤੇਜੀ ਨਾਲ ਸਿਖਿਆ ਦੇ ਖੇਤਰ ਵਿਚ ਵਿਸ਼ਵ ਕੇਂਦਰ ਵਜੋ ਉਭਰ ਰਿਹਾ ਹੈ ਅਤੇ ਕਈ ਦੇਸ਼ ਹਰਿਆਣਾ ਵਿਚ ਆਪਣੇ ਪਰਿਸਰ ਸਥਾਪਿਤ ਕਰਨ ਵਿਚ ਦਿਲਚਸਪੀ ਦਿਖਾ ਰਹੇ ਹਨ। ਇਸੀ ਦੇ ਅਨੁਰੂਪ, ਆਸਟ੍ਰੇਲੀਆ ਦੀਆਂ ਛੇ ਸਿਖਰ ਯੂਨੀਵਰਸਿਟੀਆਂ ਦੇ ਇਕ ਸੰਘ ਦੇ ਵਫਦ ਨੇ ਆਸਟ੍ਰੇਲਿਆਈ ਉੱਚਾਯੋਗ ਦੇ ਉੱਪ ਉੱਚਾਯੁਕਤ ਨਿਕ ਮੈਕਕੇਫ੍ਰੈ ਦੀ ਅਗਵਾਈ ਹੇਠ ਇੱਥੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਨਾਲ ਮੁਲਾਕਾਤ ਕੀਤੀ। ਵਫਦ ਨੇ ਗਰੈਜੂਏਟ ਕੋਰਸ ਪ੍ਰਦਾਨ ਕਰਨ ਲਈ ਗੁਰੂਗ੍ਰਾਮ ਵਿਚ ਇਕ ਪਰਿਸਰ ਸਥਾਪਿਤ ਕਰਨ ਵਿਚ ਡੂੰਘੀ ਦਿਲਚਸਪੀ ਦਿਖਾਈ।ਆਸਟ੍ਰੇਲਿਆਈ ਵਫਦ ਵਿਚ ਮੈਥਿਊ ਜਾਨਸਨ, ਮਿਨਿਸਟਰ ਕਾਉਂਸਲਰ, ਸਿਖਿਆ ਅਤੇ ਖੋਜ, ਆਸਟ੍ਰੇਲਿਆਈ ਉੱਚਾਯੋਗ ਅਤੇ ਪ੍ਰੋਫੈਸਰ ਸਾਈਮਨ ਬਿਗਸ, ਆਈਆਰਯੂਦੇ ਚੇਅਰਮੈਨ ਤੇ ਜੇਮਸ ਕੁੱਕ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਤੇ ਪ੍ਰੈਸੀਡੈਂਟ ਅਤੇ ਯੂਨੀਵਰਸਿਟੀਆਂ ਦੇ ਨੁਮਾਇੰਦੇ ਸ਼ਾਮਿਲ ਸਨ।

ਮੁੱਖ ਮੰਤਰੀ ਨੇ ਵਫਦ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਇਕ ਮੌਜੂਦਾ ਭਵਨ ਤੇ ਹੋਰ ਸਾਰੀ ਜਰੂਰੀ ਸਹੂਲਤਾਂ ਪ੍ਰਦਾਨ ਕਰਨ ਸਮੇਤ ਰਾਜ ਸਰਕਾਰ ਵੱਲੋਂ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਵਿਦੇਸ਼ ਸਹਿਯੋਗ ਵਿਭਾਗ ਬਣਾਇਆ ਹੋਇਆ ਹੈ, ਜਿਸ ਦਾ ਕੰਮ ਇਸ ਤਰ੍ਹਾਂ ਦੀਆਂ ਜਰੂਰਤਾਂ ਨੂੰ ਪੂਰਾ ਕਰਨਾ ਹੈ। ਵਿਦੇਸ਼ ਸਹਿਯੋਗ ਵਿਭਾਗ ਆਸਟ੍ਰੇਲਿਆ ਦੇ ਖੋਜ ਯੂਨੀਵਰਸਿਟੀਆਂ (ਆਈਆਰਯੂ) ਦੀ ਜਰੂਰਤਾਂ ਅਨੁਸਾਰ ਅੱਗੇ ਦੇ ਸਥਾਨਾਂ ਲਈ ਤਾਲਮੇਲ ਸਥਾਪਿਤ ਕਰੇਗਾ। ਪਰਿਸਰ ਦੀ ਸਥਾਪਨਾ ਦੇ ਨਾਲ ਵਿਦਿਆਰਥੀਆਂ ਨੂੰ ਹੁਣ ਆਸਟ੍ਰੇਲਿਆ ਜਾਣ ਦੀ ਜਰੂਰਤ ਨਹੀਂ ਹੋਵੇਗੀ, ਕਿਉਂਕਿ ਉਹ ਇੱਥੇ ਹਰਿਆਣਾ ਵਿਚ ਹੀ ਗਰੈਜੂਏਟ ਕੋਰਸਾਂ ਵਿਚ ਸਿਖਿਆ ਪ੍ਰਾਪਤ ਕਰ ਸਕਣਗੇ।ਆਪਣੀ ਪੜਾਈ ਪੂਰੀ ਕਰਨ 'ਤੇ ਉਨ੍ਹਾਂ ਨੂੰ ਆਸਟ੍ਰੇਲਿਆਈ ਯੂਨੀਵਰਸਿਟੀ ਤੋਂ ਇਕ ਸਰਟੀਫਿਕੇਟ ਪ੍ਰਾਪਤ ਹੋਵੇਗਾ, ਜੋ ਨਾ ਸਿਰਫ ਹਰਿਆਣਾ ਵਿਚ ਸਗੋਂ ਵਿਸ਼ਵ ਪੱਧਰ 'ਤੇ ਦਿਲਖਿੱਚ ਨੌਕਰੀ ਦੇ ਮੌਕਿਆਂ ਦੇ ਦਰਵਾਜੇ ਖੋਲੇਗਾ। ਇਹ ਪਹਿਲ ਹਰਿਆਣਾ ਦੇ ਵਿਦਿਆਰਥੀਆਂ ਨੂੰ ਵਿਦੇਸ਼ ਵਿਚ ਅਧਿਐਲ ਕਰਨ ਨਾਲ ਜੁੜੀ ਭਾਰੀ ਟਿਯੂਸ਼ਨ ਫੀਸ ਅਤੇ ਹੋਰ ਖਰਚਿਆਂ ਵਿਚ ਬਚੱਤ ਕਰਨ ਵਿਚ ਮਦਦ ਕਰੇਗੀ। 12ਵੀਂ ਕਲਾਸ ਦੇ ਬਾਅਦ, ਇਸ ਪਰਿਸਰ ਵਿਚ ਵਿਦਿਆਰਥੀਆਂ ਨੂੰ ਸਾਫਟਵੇਅਰ ਇੰਜੀਨੀਅਰਿੰਗ, ਸਈਬਰ ਸੁਰੱਖਿਆ, ਆਰਟੀਫੀਸ਼ਿਅਲ ਇੰਟੈਲੀਜੈਂਸ (ਏਆਈ), ਵਿੱਤੀ ਤਕਨਾਲੋਜੀ, ਸੈਰ-ਸਪਾਟਾ ਅਤੇ ਹੋਸਪੈਟੇਲਿਟੀ ਅਤੇ ਖੇਡ ਪ੍ਰਬੰਧਨ ਵਿਚ ਚਾਰ ਸਾਲਾਂ ਏਕੀਕ੍ਰਿਤ ਕੋਰਸ ਕਰਨ ਦਾ ਮੌਕਾ ਮਿਲੇਗਾ। ਕੋਰਸਾਂ ਦੀ ਸ਼੍ਰੇਣੀਆਂ ਦੀ ਜਰੂਰਤਾਂ ਦੇ ਅਨੁਰੂਪ ਹੌਲੀ-ਹੌਲੀ ਵਧਾਇਆ ਜਾਵੇਗਾ।ਮੀਟਿੰਗ ਵਿਚ ਮੁੱਖ ਸਕੱਤਰ ਵਿਵੇਕ ਜੋਸ਼ੀ, ਮੁੱਖ ਮੰਤਰੀ ਦੇ ਮੁੱਖ ਪ੍ਰਧਾਨ ਸਕੱਤਰ ਰਾਜੇਸ਼ ਖੁੱਲਰ, ਉੱਚੇਰੀ ਸਿਖਿਆ ਵਿਭਾਗ ਦੇ ਪ੍ਰਧਾਨ ਸਕੱਤਰ ਡੀ ਸੁਰੇਸ਼, ਵਿਦੇਸ਼ ਸਹਿਯੋਗ ਵਿਭਾਗ ਦੇ ਸਲਾਹਕਾਰ ਪਵਨ ਚੌਧਰੀ ਅਤੇ ਮਹਾਰਿਸ਼ ਦਇਆਨੰਦ ਯੂਨੀਵਰਸਿਟੀ , ਰੋਹਤਕ ਦੇ ਵਾਇਸ ਚਾਂਸਲਰ ਪ੍ਰੋਫੈਸਰ ਰਾਜਬੀਰ ਲੌਹਾਨ ਵੀ ਮੌਜੂਦ ਸਨ।

# ਇਨੋਸੈਂਟ ਹਾਰਟਸ ਦੇ ਵਿਦਿਆਰਥੀਆਂ ਨੇ ਸਾਇੰਸ ਫੈਸਟ 'ਚ ਚਮਕਾਇਆ ਨਾਂਅ

**ਜਲੰਧਰ (ਸ਼ੈਲੀ ਐਲਬਰਟ)**

ਇਨੋਸੈਂਟ ਹਾਰਟਸ ਸਕੂਲ, ਲੋਹਾਰਾਂ ਬ੍ਰਾਂਚ ਦੇ ਵਿਦਿਆਰਥੀਆਂ ਨੇ ਸਾਇੰਸ ਸਿਟੀ ਵਿਖੇ ਆਯੋਜਿਤ ਸਾਇੰਸ ਫੈਸਟ 2024 ਵਿੱਚ ਆਪਣੀ ਵਿਗਿਆਨਕ



ਮੁਹਾਰਤ ਦਾ ਪ੍ਰਦਰਸ਼ਨ ਕੀਤਾ । ਸੀਨੀਅਰ ਵਰਗ ਵਿੱਚ ਜਪਸੀਦਕ ਸਿੰਘ ਅਤੇ ਏਕਮ ਦਾਦਰਾ ਨੇ ਆਪਣੇ ਨਵੀਨਤਾਕਾਰੀ ਪ੍ਰੋਜੈਕਟ ਦ ਰਿਵਰ ਰੀਵਾਈਵਲ ਲਈ ਪਹਿਲਾ ਇਨਾਮ ਪ੍ਰਾਪਤ ਕੀਤਾ। ਜਿਸ ਕਰਕੇ ਉਹਨਾਂ ਨੂੰ ਇੱਕ ਟਰਾਫੀ, ਇੱਕ ਨਕਦ ਇਨਾਮ 7,000 ਅਤੇ ਪ੍ਰਮਾਣ ਪੱਤਰ ਦਿੱਤੇ ਗਏ ।ਇਸ ਤੋਂ ਇਲਾਵਾ, ਦੇਵਾਂਸ਼ ਕਪੂਰ ਅਤੇ ਗੁਰਨੀਤ ਕੌਰ ਨੇ ਆਪਣੇ ਪ੍ਰੋਜੈਕਟ ਸਮਾਰਟ ਸਪਾਰਕ-ਦ ਆਰਐਫਆਈਡੀ ਇਗਨੀਟਰ ਲਈ ਪਹਿਲਾ ਕੋਨਸੋਲੇਸ਼ਨ ਇਨਾਮ ਜਿੱਤ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਉਹਨਾਂ ਨੂੰ ਟਰਾਫੀ ਦੇ ਨਾਲ ?1,000 ਨਕਦ ਇਨਾਮ ਅਤੇ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।ਪ੍ਰਿੰਸੀਪਲ ਸ੍ਰੀਮਤੀ ਸ਼ਾਲੂ ਨੇ ਪ੍ਰਤੀਭਾਗੀਆਂ ਅਤੇ ਉਨ੍ਹਾਂ ਦੇ ਮਾਰਗਦਰਸ਼ਕ ਅਧਿਆਪਕਾਂ ਦੋਵਾਂ ਦੀ ਸ਼ਲਾਘਾ ਕਰਦੇ ਹੋਏ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ 'ਤੇ ਮਾਣ ਪ੍ਰਗਟ ਕਰਦੇ ਹੋਏ ਵਧਾਈ ਦਿੱਤੀ।ਸ਼੍ਰੀਮਤੀ ਸ਼ੈਲੀ ਬੌਰੀ (ਡਾਇਰੈਕਟਰ, ਸਕੂਲ) ਅਤੇ ਡਾ. ਅਨੂਪ ਬੌਰੀ (ਚੇਅਰਮੈਨ, ਆਈ ਐਚ ਜੀ ਆਈ) ਨੇ ਵੀ ਨੌਜਵਾਨ ਇਨੋਵੇਟਰਾਂ ਦੁਆਰਾ ਦਿਖਾਈ ਸਖ਼ਤ ਮਿਹਨਤ ਅਤੇ ਸਮਰਪਣ ਦੀ ਸ਼ਲਾਘਾ ਕਰਦੇ ਹੋਏ ਉਹਨਾਂ ਨੂੰ ਦਿਲੋਂ ਵਧਾਈ ਦਿੱਤੀ।

# ਗਰੀਬਾਂ ਦੇ ਹਿੱਸੇ ਦੀ ਜ਼ਮੀਨ ਨੂੰ ਦੋ ਹਜ਼ਾਰ ਕਰੋੜ 'ਚ ਵੇਚਣ ਦੇ ਫੈਸਲੇ ਦਾ ਮੁੜ ਵਿਰੋਧ ਹੋਇਆ ਸ਼ੁਰੂ

**ਮੋਹਾਲੀ (ਗੁਰਜੀਤ ਬਿੱਲਾ)**-ਅਕਾਲੀ ਸਰਕਾਰ ਨੇ ਸੰਨ 2008 ਵਿੱਚ ਪੰਜਾਬ ਦੇ 10 ਲੱਖ ਗਰੀਬ ਲੋਕਾਂ ਨੂੰ ਸਸਤੇ ਰੇਟ ਵਿੱਚ ਘਰ ਦੇਣ ਦੀ ਈ ਡਬਲਯੂ ਐਸ ਸਕੀਮ ਬਣਾਈ ਸੀ। ਇਸ ਤੋਂ ਪਹਿਲਾਂ ਪੰਜਾਬ ਦੇ ਸ਼ਹਿਰੀ ਗਰੀਬਾਂ ਨੂੰ ਐਲ ਆਈ ਜੀ, ਐਚ ਆਈ ਜੀ ਆਦਿ ਸਸਤੇ ਘਰ ਪੰਜਾਬ ਸਰਕਾਰ ਦਾ ਹਾਊਸਿੰਗ ਵਿਭਾਗ ਦਿੰਦਾ ਸੀ ਪ੍ਰੰਤੂ 2008 ਤੋਂ ਬਾਅਦ ਕਲੋਨੀਆਂ ਕੱਟਣ ਦਾ ਕੰਮ ਪ੍ਰਾਈਵੇਟ ਬਿਲਡਰਾਂ ਦੇ ਹੱਥ ਚਲਾ ਗਿਆ ਜਿਸ 'ਤੇ ਸੰਵਿਧਾਨਿਕ ਮਜਬੂਰੀ ਕਾਰਨ ਬਾਦਲ ਸਰਕਾਰ ਨੂੰ ਈ ਡਬਲਯੂ ਐਸ ਹਾਊਸਿੰਗ ਪਾਲਸੀ ਬਣਾਉਣੀ ਪਈ ਸੀ। ਉਦੋਂ ਭਾਵੇਂ ਪੰਜਾਬ ਦੇ ਜ਼ਰੂਰਤਮੰਦ ਲੋਕਾਂ ਨੂੰ ਪੰਜ ਲੱਖ ਰੁਪਏ ਵਿੱਚ ਘਰ ਦੇਣ ਦੇ ਇਸ਼ਤਿਹਾਰ ਦਿੱਤੇ ਗਏ ਪ੍ਰੰਤੂ ਬਿਲਡਰਾਂ ਦੇ ਦਬਾਓ ਵਿੱਚ ਉਸ ਸਕੀਮ ਦਾ ਬਾਦਲ ਸਰਕਾਰ ਨੇ ਭੋਗ ਪਾਉਣ ਦਾ ਇੰਤਜ਼ਾਮ ਕਰ ਲਿਆ ਸੀ ਅਤੇ ਪਾਲਸੀ ਵਿੱਚ ਸਮੇਂ ਸਮੇਂ 'ਤੇ ਸੋਧ ਕਰਕੇ ਗਰੀਬ ਲੋਕਾਂ ਦੀ ਰਿਜ਼ਰਵ ਜ਼ਮੀਨ ਬਿਲਡਰਾਂ ਨੂੰ ਕੌਡੀਆਂ ਦੇ ਭਾਅ ਵੇਚਣ ਦੀ ਸਕੀਮ ਘੜ ਲਈ ਸੀ। ਉਦੋਂ ਤੋਂ ਲੈ ਕੇ ਅੱਜ ਤੱਕ ਕਿਸੇ ਵੀ ਸਰਕਾਰ ਨੇ ਪੰਜਾਬ ਦੇ ਇੱਕ ਵੀ ਗਰੀਬ ਨੂੰ ਕੋਈ ਸਸਤਾ ਘਰ ਦੇਣ ਦੀ ਥਾਂ ਲੋਕਾਂ ਨੂੰ ਬੁੱਧੂ ਬਣਾਉਣ ਅਤੇ ਵੋਟ ਬੈਂਕ ਲੁੱਟਣ ਲਈ ਇਸ਼ਤਿਹਾਰਬਾਜ਼ੀ ਦੇ ਕੇ, ਗਰੀਬ ਲੋਕਾਂ ਤੋਂ ਅਰਜ਼ੀਆਂ ਮੰਗ ਕੇ ਉਨ੍ਹਾਂ ਦੇ ਖਰਚੇ ਕਰਵਾ ਕੇ ਡਰਾਅ ਤੱਕ ਕੱਢੇ ਗਏ। ਬਾਦਲ ਸਰਕਾਰ ਨੇ ਸੰਨ 2016 ਵਿੱਚ ਇਸ ਪਾਲਸੀ ਦਾ ਭੋਗ ਪਾਉਣ ਦੇ ਮੰਤਵ ਨਾਲ ਰਿਜ਼ਰਵ ਜ਼ਮੀਨ ਬਿਲਡਰਾਂ ਨੂੰ ਕੌਡੀਆ ਦੇ ਭਾਅ ਵੇਚਣ ਲਈ ਪਾਲਸੀ ਵਿੱਚ ਸੋਧ ਕਰ ਲਈ ਸੀ ਜਿਸ ਖਿਲਾਫ ਸਤਨਾਮ ਦਾਊਂ ਵੱਲੋਂ ਹਾਈ ਕੋਰਟ ਵਿੱਚ ਕੇਸ ਦਾਇਰ ਕੀਤਾ ਗਿਆ ਸੀ ਅਤੇ ਉਦੋਂ ਦੇ ਮੈਂਬਰ ਪਾਰਲੀਮੈਂਟ ਡਾ. ਧਰਮਵੀਰ ਗਾਂਧੀ ਵੱਲੋਂ ਇਸ ਮਾਮਲ ਦੀ ਪਾਰਲੀਮੈਂਟ ਅੰਦਰ ਪੈਰਵੀ ਕੀਤੀ ਗਈ ਸੀ ਜਿਸ ਕਾਰਨ ਉਦੋਂ ਤੋਂ ਲੈ ਕੇ ਅੱਜ ਤੱਕ ਉਸ ਰਿਜ਼ਰਵ ਨੂੰ ਕੋਈ ਵੀ ਸਰਕਾਰ ਵੇਚਣ ਵਿੱਚ ਕਾਮਯਾਬ ਨਹੀਂ ਹੋ ਸਕੀ ਸੀ। ਪੁਲਿਸ ਦੇ ਦਬਾਉ ਵਿੱਚ ਆ ਕੇ ਉਦੋਂ ਦੀਆਂ ਸਰਕਾਰਾਂ ਨੇ 2016 ਵਿੱਚ ਪੰਜ ਲੱਖ ਰੁਪਏ ਵਿੱਚ ਸਸਤੇ ਘਰ ਦੇਣ ਦੇ ਅਰਜ਼ੀਆਂ ਲੈ ਕੇ ਡਰਾ ਵੀ ਕੱਢੇ। ਪ੍ਰੰਤੂ ਪ੍ਰਾਈਵੇਟ ਬਿਲਡਰਾਂ ਨੇ ਉਦੋਂ ਦੀ ਸਰਕਾਰ ਨੂੰ ਦਬਾਓ ਪਾ ਕੇ ਇਸ ਸਕੀਮ ਵਿੱਚ ਕਈ ਤਰ੍ਹਾਂ ਦੀਆਂ ਤਬਦੀਲੀਆਂ ਕਰਵਾਈਆਂ ਹੁਣ ਜਦੋਂ ਤਕਨੀਕੀ ਅਧਾਰ 'ਤੇ ਉਹ ਕੇਸ ਖਤਮ ਹੋ ਗਿਆ ਹੈ ਤਾਂ ਪ੍ਰਾਈਵੇਟ ਬਿਲਡਰਾਂ ਦੇ ਦਬਾਓ ਵਿੱਚ ਆ ਕੇ ਮੌਜੂਦਾ ਭਗਵੰਤ ਮਾਨ ਸਰਕਾਰ ਨੇ ਉਹ ਕੀਮਤੀ 500 ਏਕੜ ਜ਼ਮੀਨ ਬਾਦਲ ਸਰਕਾਰ ਦੇ ਪਾਏ ਪੂਰਨਿਆਂ 'ਤੇ ਚੱਲ ਕੇ ਬਿਲਡਰਾਂ ਨਾਲ ਸਾਂਠ ਗਾਂਠ ਕਰਕੇ ਉਸ ਜ਼ਮੀਨ ਨੂੰ 2000 ਕਰੋੜ ਰੁਪਏ ਵਿੱਚ ਵੇਚਣ ਦਾ ਫੈਸਲਾ ਲੈ ਲਿਆ ਜਿਸ ਨਾਲ ਗਰੀਬ ਲੋਕਾਂ ਨੂੰ ਸਸਤੇ ਘਰ ਦੇਣ ਦੀ ਸਕੀਮ ਦਾ ਲਗਭਗ ਭੋਗ ਪਾਇਆ ਜਾ ਰਿਹਾ ਹੈ। ਕੱਲ੍ਹ ਮੈਂਬਰ ਪਾਰਲੀਮੈਂਟ ਡਾਕਟਰ ਧਰਮਵੀਰ ਗਾਂਧੀ ਨੇ ਮੀਟਿੰਗ ਕਰਕੇ ਸਤਨਾਮ ਦਾਓ ਤੇ ਉਸ ਦੀ ਟੀਮ ਨੂੰ ਦੱਸਿਆ ਕਿ ਉਹ ਇਸ ਮਾਮਲੇ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੂੰ ਫਿਰ ਬੇਨਤੀ ਭੇਜਣਗੇ। ਜੇਕਰ ਜ਼ਰੂਰਤ ਪਈ ਤਾਂ ਉਹ ਖੁਦ ਮਾਮਲੇ ਨੂੰ ਪਾਰਲੀਮੈਂਟ ਅਤੇ ਹਾਈ ਕੋਰਟ ਵਿੱਚ ਕੇਸ ਦਾਇਰ ਕਰਕੇ ਇਸ ਜ਼ਮੀਨ ਨੂੰ ਵਿਕਣ ਤੋਂ ਰੋਕਣਗੇ।

# ਸਾਇੰਸ ਮੁਕਾਬਲੇ 'ਚ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦਾ ਪ੍ਰਦਰਸ਼ਨ ਸ਼ਾਨਦਾਰ



**ਕਪੂਰਥਲਾ, (ਹਨੀ)**

ਪ੍ਰੀਤਾ ਲੀ ਲੈਸਨ ਸਕੂਲ ਕਪੂਰਥਲਾ ਵਿਖੇ ਸਹੋਦਿਆ ਸਾਇੰਸ ਮਾਡਲ ਮੇਕਿੰਗ ਮੁਕਾਬਲੇ ਕਰਵਾਏ ਗਏ ।ਜਿਸ ਵਿੱਚ ਇਲਾਕੇ ਦੇ ਬਹੁਤ ਸਾਰੇ ਸਕੂਲਾਂ ਨੇ ਭਾਗ ਲਿਆ । ਇਸ ਮੁਕਾਬਲੇ ਵਿੱਚ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਸਾਹਮਣੇ ਸਥਿਤ ਰੇਲ ਕੋਚ ਫੈਕਟਰੀ ਕਪੂਰਥਲਾ ਦੀਆਂ ਸਾਇੰਸ ਦੀਆਂ ਵਿਦਿਆਰਥਣਾਂ ਅਲੀਸ਼ਾ ਗਿਆਰਵੀਂ ਤੇ ਗੁਨਲੀਨ ਬਾਹਰਵੀਂ ਨੇ ਆਟੋਮੈਟਿਕ ਇਰੀਗੇਸ਼ਨ ਸਿਸਟਮ ਤੇ ਮਾਡਲ ਤਿਆਰ ਕਰਕੇ ਕੌਂਸਲੇਸ਼ਨ ਪ੍ਰਾਇਜ ਹਾਸਿਲ ਕੀਤਾ।ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸਾਸ਼ਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਪ੍ਰਬਦੀਪ ਕੌਰ ਮੋਂਗਾ ਨੇ ਇਸ ਉਪਲਬਧੀ 'ਤੇ ਵਿਦਿਆਰਥਣਾਂ ਦੀ ਹੌਂਸਲਾ ਅਫਜਾਈ ਕੀਤੀ ।

# ਸੰਵਿਧਾਨ ਦੇ ਮੂਲ ਅਧਿਕਾਰ ਹੁਣ ਤੱਕ ਲਾਗੂ ਨਾ ਹੋਣਾ ਚਿੰਤਾ ਦਾ ਵਿਸ਼ਾ : ਧੀਮਾਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**



ਸੰਵਿਧਾਨ ਭਾਰਤੀ ਨਾਗਰਿਕਾਂ ਨੂੰ ਭੇਦਭਾਵ ਮੁਕਤ ਅਤੇ ਗਰੀਬੀ ਮੁਕਤ ਜਿੰਦਗੀ ਜਿਊਣ ਦੇ ਬਰਾਬਰ ਰਸਤੇ ਤੈਅ ਕਰਦਾ ਹੈ,ਇਹ ਸਭ ਕੁਝ ਤਾਂ ਹੀ ਹੋਵੇਗਾ ਜਦੋਂ ਤੱਕ ਉਸ ਉਤੇ ਪੂਰਨ ਲਗਨ ਅਤੇ ਇਮਾਨਦਾਰੀ ਨਾਲ ਕੰਮ ਕੀਤਾ ਜਾਵੇ। ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ,ਮੀਤ ਪ੍ਰਧਾਨ ਸੋਨੂ ਮਹਿਤ ਪੁਰ, ਚਰਨਜੀਤ ਕੌਰ ਨੇ ਸੰਵਿਧਾਨ ਨਾ ਲਾਗੂ ਕਰਨ ਦੇ ਸਬੰਧ ਵਿਚ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆ ਕਿਹਾ ਕਿ ਅਗਰ ਸੰਵਿਧਾਨ ਦੇ ਮੂਲ ਸੰਵਿਧਾਨਕ ਅਧਿਕਾਰਾਂ ਨੂੰ ਹੀ ਪੂਰਨ ਲਗਨ ਤੇ ਇਮਾਨਦਾਰੀ ਨਾਲ ਲਾਗੂ ਕੀਤਾ ਹੁੰਦਾ ਕਦੇ ਵੀ ਸਿੱਖਿਆ ਦੇ ਖੇਤਰ ਵਿਚ ਨਾ ਤਾਂ ਭੇਦਭਾਵ ਹੋਣਾ ਸੀ,ਨਾ ਗਰੀਬੀ ਹੁੰਦੀ, ਨਾ ਹੀ ਪ੍ਰਦੂਸ਼ਣ ਫੈਲਦਾ,ਨਾ ਹੀ ਜੰਗਲਾਂ ਦਾ ਖਾਤਮਾ ਹੁੰਦਾ,ਨਾ ਹੀ ਅਨਪੜ੍ਹਤਾ ਠਾਠਾਂ ਮਾਰਦੀ,ਨਾ ਹੀ ਲੋਕ ਬਿਨ੍ਹਾਂ ਘਰਾਂ ਤੋਂ ਹੁੰਦੇ, ਨਾ ਹੀ ਅਮੀਰੀ ਗਰੀਬੀ ਵਿਚ ਆਰਥਿਕ ਤੇ ਸਮਾਜਿਕ ਪਾੜਾ ਵਧਦਾ,ਨਾ ਹੀ ਹਵਾ—ਪਾਣੀ— ਧਰਤੀ ਦੂਸ਼ਿਤ ਹੁੰਦੀ ਤੇ ਨਾ ਹੀ ਭੋਜਨ ਵਿਚ ਮਿਲਾਵਟ ਹੁੰਦੀ ਤੇ ਨਾ ਹੀ ਦੇਸ਼ ਵਿਚ ਭ੍ਰਿਸ਼ਟਾਚਾਰ ਉਬਾਲੇ ਮਾਰਦਾ, ਨਾ ਹੀ ਬੱਚੀਆਂ ਨਾਲ ਬਲਾਤਕਾਰ ਹੁੰਦਾ ਤੇ ਨਾ ਹੀ ਕਿਸਾਨ ਆਤਮ ਹੱਤਿਆਵਾਂ ਕਰਦੇ ਤੇ ਨਾ ਹੀ ਗਰੀਬ ਸਮੇਤ ਪਰਵਾਰ ਖੂਹਾਂ ਵਿਚ ਛਾਲਾਂ ਮਾਰਦਾ,ਨਾ ਹੀ ਬੱਚੇ ਕੁਪੋਸ਼ਨ ਦੇ ਸ਼ਿਕਾਰ ਹੁੰਦੇ।ਧੀਮਾਨ ਨੇ ਕਿਹਾ ਕਿ ਜਿਸ ਤਰ੍ਹਾਂ ਵੋਟਾਂ ਲੈਣ ਲਈ ਸ਼ਰਾਬ,ਪੈਸੇ ਅਤੇ ਔਰਤਾਂ ਦੇ ਸੂਟ ਆਦਿ ਵੰਡੇ ਜਾਂਦੇ ਕਦੇ ਵੀ ਨਹੀਂ ਸੀ ਹੋਣਾ ਅਤੇ ਨਾ ਹੀ ਸਕੂਲ ਸਿੰਗਲ ਟੀਚਰ ਤੇ ਟੀਚਰ ਲੈਸ ਵੇਖਣ ਨੂੰ ਮਿਲਣੇ ਸੀ।ਹਲਾਤ ਤਾਂ ਇਹ ਹਨ ਕਿ ਮਾਨਯੋਗ ਸੁਪਰੀਮ ਕੋਰਟ ਦੇ ਹੁਕਮਾਂ ਨੂੰ ਵੀ ਸਰਕਾਰਾਂ ਦਰ ਕਨਾਰ ਕਰ ਰਹੀਆਂ ਹਨ।ਜਦੋਂ ਸੁਪਰੀਮ ਕੋਰਟ ਸਭ ਤੋਂ ਉਚ ਸਥਾਨ ਰੱਖਦੀ ਹੈ।ਪ੍ਰੈਸ ਦੀ ਅਜ਼ਾਦੀ ਬਹਾਲ ਕਰਨ ਲਈ ਵੀ ਮੁਜਾਹਰੇ ਕਰਨੇ ਪੈ ਰਹੇ ਹਨ। ਜਿਹੜੀਆਂ ਤਰੁੱਟੀਆਂ ਵੇਖਣ ਨੂੰ ਮਿਲਦੀਆਂ ਹਨ,ਉਹ ਸੰਵਿਧਾਨ ਦੀ ਦੇਣ ਨਹੀ,ਸਗੋਂ ਸਰਕਾਰਾਂ ਦੇ ਝੂਠ ਅਤੇ ਉਨ੍ਹਾਂ ਦੇ ਸਵਾਰਥ ਦੀ ਹੀ ਦੇਣ ਹਨ।ਸਚਾਈ ਤੋਂ ਸਰਕਾਰਾਂ ਕੋਹਾਂ ਦੂਰ ਬੈਠ ਗਈਆਂ ਹਨ।ਸੰਵਿਧਾਨ ਨੂੰ ਨਾ ਲਾਗੂ ਕਰਨ ਕਰਕੇ ਹੀ ਦੇਸ਼ ਵਿਚ ਲੋਕਾਂ ਦਾ ਜੀਵਨ ਨਰਕ ਬਣਿਆ ਪਿਆ ਹੈ।ਧੀਮਾਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜਿਹੜੀ ਸਰਕਾਰ ਮੂਲ ਸੰਵਿਧਾਨਕ ਅਧਿਕਾਰਾਂ ਨੂੰ ਲਾਗੂ ਨਹੀਂ ਕਰਦੀ,ਉਸ ਨੂੰ ਕਦੇ ਵੀ ਵੋਟ ਨਾ ਪਾਉਣ।

# ਝਿੰਜਰ ਨੇ ਦਿੱਲੀ ਮੈਟਰੋ ਸਟੇਸ਼ਨ 'ਤੇ ਅੰਮ੍ਰਿਤਧਾਰੀ ਨੂੰ ਦਾਖਲੇ ਤੋਂ ਰੋਕਣ ਦੀ ਕੀਤੀ ਸਖ਼ਤ ਨਿੰਦਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਨੇ ਦਿੱਲੀ ਦੀ ਇਕ ਘਟਨਾ ਦੀ ਸਖ਼ਤ ਨਿਖੇਧੀ ਕੀਤੀ ਹੈ ਜਿੱਥੇ ਇੱਕ ਅੰਮ੍ਰਿਤਧਾਰੀ ਸਿੱਖ ਨੂੰ ਕਿਰਪਾਨ (ਸ੍ਰੀ ਸਾਹਿਬ) ਪਾਉਣ ਕਾਰਨ ਦਿੱਲੀ ਦੇ ਝਿਲਮਿਲ ਮੈਟਰੋ ਸਟੇਸ਼ਨ 'ਤੇ ਦਾਖਲ ਹੋਣ ਤੋਂ ਰੋਕ ਦਿੱਤਾ ਗਿਆ ਸੀ।ਝਿੰਜਰ ਨੇ ਸਿੱਖ ਧਰਮ ਵਿਚ ਕਿਰਪਾਨ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਕਿਹਾ, 'ਕਿਰਪਾਨ (ਸ੍ਰੀ ਸਾਹਿਬ) ਸਾਡੇ ਲਈ ਬਹੁਤ ਪਵਿੱਤਰ ਹੈ ਅਤੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਸਾਨੂੰ ਦਿੱਤੇ ਗਏ 5 ਕੱਕਾਰਾਂ ਵਿਚੋਂ ਇਕ ਹੈ। ਇਹ ਕੇਵਲ ਸਾਡੀ ਆਸਥਾ ਦਾ ਪ੍ਰਤੀਕ ਨਹੀਂ ਹੈ, ਸਗੋਂ ਨਿਆਂ ਅਤੇ ਨਿਰਦੋਸ਼ਾਂ ਦੀ ਸੁਰੱਖਿਆ ਕਰਨ ਪ੍ਰਤੀ ਸਾਡੀ ਵਚਨਬੱਧਤਾ ਦੀ ਨਿਸ਼ਾਨੀ ਹੈ।' ਝਿੰਜਰ ਨੇ ਤੁਰੰਤ ਕਾਰਵਾਈ ਦੀ ਮੰਗ ਕਰਦਿਆਂ ਕਿਹਾ, 'ਮੈਂ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਦਿੱਲੀ ਸਰਕਾਰ ਅਤੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਤੋਂ ਮੰਗ ਕਰਦਾ ਹਾਂ ਕਿ ਗਲਤੀ ਕਰਨ ਵਾਲੇ ਅਧਿਕਾਰੀਆਂ ਵਿਰੁੱਧ ਤੁਰੰਤ ਕਾਰਵਾਈ ਕੀਤੀ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਸਾਰੇ ਸੁਰੱਖਿਆ ਅਧਿਕਾਰੀਆਂ ਵਿੱਚ ਜਾਗਰੂਕਤਾ ਪੈਦਾ ਕੀਤੀ ਜਾਵੇ, ਤਾਂਜੋ ਉਹ ਸਾਰੇ ਵਿਅਕਤੀਆਂ ਦੀ ਧਾਰਮਿਕ ਆਜ਼ਾਦੀ ਦਾ ਸਨਮਾਨ ਕਰਨ।' ਉਨ੍ਹਾਂ ਅੱਗੇ ਕਿਹਾ, 'ਸਾਡਾ ਸੰਵਿਧਾਨ ਸਾਡੇ ਧਰਮ ਦੀ ਪਾਲਣਾ ਕਰਨ ਅਤੇ ਅਭਿਆਸ ਕਰਨ ਦੇ ਸਾਡੇ ਅਧਿਕਾਰ ਦੀ ਰੱਖਿਆ ਕਰਦਾ ਹੈ ਅਤੇ ਇਸ ਤਰ੍ਹਾਂ ਦੀਆਂ ਕਾਰਵਾਈਆਂ ਉਨ੍ਹਾਂ ਧਾਰਮਿਕ ਆਜ਼ਾਦੀਆਂ ਦੀ ਪੂਰੀ ਤਰ੍ਹਾਂ ਅਣਦੇਖੀ ਕਰਦੀਆਂ ਹਨ। ਸਿੱਖਾਂ ਨੇ ਦੇਸ਼ ਲਈ ਬਹੁਤ ਕੁਰਬਾਨੀਆਂ ਕੀਤੀਆਂ ਹਨ ਅਤੇ ਇਹ ਬੜੇ ਦੁੱਖ ਦੀ ਗੱਲ ਹੈ ਕਿ ਸਾਨੂੰ ਅਜੇ ਵੀ ਆਪਣੇ ਦੇਸ਼ ਵਿੱਚ ਅਜਿਹੇ ਸਲੂਕ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਮੈਂ ਮੈਟਰੋ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਦੀ ਅਪੀਲ ਕਰਦਾ ਹਾਂ ਕਿ ਸੁਰੱਖਿਆ ਪ੍ਰੋਟੋਕੋਲ ਸਾਰੇ ਵਿਅਕਤੀਆਂ ਦੀ ਧਾਰਮਿਕ ਆਜ਼ਾਦੀ ਦਾ ਸਨਮਾਨ ਕਰਦੇ ਹੋਏ ਬਣਾਏ ਜਾਣ।'

# ਉਸਤਾਦ ਸਰਦਾਰ ਮੁਹੰਮਦ ਯਾਦਗਾਰੀ ਮੇਲਾ 7 ਨੂੰ



**ਬੰਗਾ (ਅਵਤਾਰ ਕਲੇਰ)**

ਦੋਆਬੇ ਦਾ ਮਸ਼ਹੂਰ ਸੰਗੀਤਕਾਰ ਤੇ ਸੱਭਿਆਚਾਰਕ ਮੇਲਾ ਹਰ ਸਾਲ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪੈਂਦੇ ਪਿੰਡ ਨੂਰਪੁਰ (ਨਜ਼ਦੀਕ ਬਹਿਰਾਮ) ਵਿਖੇ ਇਕ ਨਵੰਬਰ ਨੂੰ ਉਸਤਾਦ ਸਰਦਾਰ ਮੁਹੰਮਦ ਯਾਦਗਾਰੀ ਟਰੱਸਟ ਰਜਿ ਨੂਰਪੁਰ ਵਲੋਂ ਕਰਵਾਇਆ ਜਾਂਦਾ ਸੀ ਪਰ ਇਸ ਸਾਲ ਕੁਝ ਕਾਰਨਾਂ ਕਰਕੇ ਇਹ ਮੇਲਾ 7 ਦਸੰਬਰ ਨੂੰ ਪਿੰਡ ਨੂਰਪੁਰ ਵਿਖੇ ਕਰਵਾਇਆ ਜਾ ਰਿਹਾ ਹੈ।ਸਰਦਾਰ ਮੁਹੰਮਦ ਦੇ ਸਪੁੱਤਰ ਪ੍ਰਸਿੱਧ ਗਾਇਕ ਅਤੇ ਸੰਸਥਾ ਦੇ ਪ੍ਰਧਾਨ ਬੂਟਾ ਮੁਹੰਮਦ, ਜਨਰਲ ਸਕੱਤਰ ਦੇਸ ਰਾਜ ਬੰਗਾ ਤੇ ਦੂਰਦਰਸ਼ਨ ਕੇਂਦਰ ਜਲੰਧਰ ਦੇ ਇੰਜੀਨੀਅਰ ਅਤੇ ਸੰਸਥਾ ਦੇ ਮੀਤ ਪ੍ਰਧਾਨ ਨਰਿੰਦਰ ਬੰਗਾ ਨੇ ਦੱਸਿਆ ਕਿ ਇਸ ਮੇਲੇ ਨੂੰ ਬਹੁਤ ਸਾਰੇ ਨਵੇਂ ਕਲਾਕਾਰ ਪੈਦਾ ਕਰਨ ਦਾ ਮਾਣ ਹਾਸਲ ਹੈ। ਇਸ ਵਾਰ ਵੀ ਪੰਜਾਬ ਦੇ ਮਸ਼ਹੂਰ ਕਲਾਕਾਰ ਆਪਣੀਆਂ ਹਾਜ਼ਰੀਆਂ ਭਰਨਗੇ। ਇਸ ਮੌਕੇ ਬਲਵੀਰ ਸਿੰਘ ਸਾਧਪੁਰ, ਬਲਵਿੰਦਰ ਕੁਮਾਰ ਬਿੱਲਾ, ਗੁਰਪ੍ਰੀਤ ਸਾਧਪੁਰੀ, ਸੰਜੀਵ ਭਨੋਟ ਹੈਪੀ,ਅਮਰੀਕ ਕਟਾਰੀਆ ਮੁਕੰਦਪੁਰ, ਮੋਹਣ ਬੀਕਾ, ਕੁਲਦੀਪ ਬੰਗਾ ਗਹਿਲ ਮਜਾਰੀ ਆਦਿ ਹਾਜ਼ਰ ਸਨ।

# ਡੀ-ਵਰਮਿੰਗ ਡੇ 'ਤੇ ਸਕੂਲ 'ਚ ਕਰਵਾਇਆ ਸੈਮੀਨਾਰ ਤੇ ਦਿੱਤੀ ਐਲਬੈਂਡਾਜੋਲ ਦੀ ਖੁਰਾਕ



**ਕਰਤਾਰਪੁਰ (ਹਰਮੇਸ਼ ਦੱਤ )**

ਸਿਵਲ ਸਰਜਨ ਜਲੰਧਰ ਡਾ. ਗੁਰਮੀਤ ਲਾਲ ਦੇ ਦਿਸ਼ਾ ਨਿਰਦੇਸ਼ ਤਹਿਤ ਸੀ.ਐਚ.ਸੀ. ਕਰਤਾਰਪੁਰ ਵੱਲੋਂ ਐਸ.ਐਮ.ਓ. ਡਾ. ਸਰਬਜੀਤ ਸਿੰਘ ਦੀ ਅਗਵਾਈ ਹੇਠ ਡੀ-ਵਰਮਿੰਗ ਡੇ (ਪੇਟ ਦੇ ਕੀੜਿਆਂ ਤੋਂ ਰਾਸ਼ਟਰੀ ਮੁਕਤੀ ਦਿਵਸ) ਮੌਕੇ ਡੀ.ਏ.ਵੀ. ਸਕੂਲ ਕਰਤਾਰਪੁਰ ਵਿਖੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਬੱਚਿਆਂ ਨੂੰ ਐਲਬੈਂਡਾਜੋਲ ਦੀ ਖੁਰਾਕ ਦਿੱਤੀ ਗਈ ਅਤੇ ਇਹ ਗੋਲੀਆਂ ਵੰਡੀਆਂ ਵੀ ਗਈਆਂ। ਮੁੱਖ ਅਧਿਆਪਕ ਮੁਕੇਸ਼ ਕੁਮਾਰ, ਆਰ. ਬੀ. ਐਸ. ਕੇ. ਟੀਮ ਵੱਲੋਂ ਡਾ. ਰਮਨ, ਡਾ. ਯੋਗੇਸ਼, ਡਾ. ਸਵਤੰਤਰ ਕੌਰ, ਡਾ. ਮੋਨਿਕਾ, ਬੀ.ਈ.ਈ. ਰਾਕੇਸ਼ ਸਿੰਘ, ਤੇ ਡਾ. ਸਰਬਜੀਤ ਸਿੰਘ ਵਲੋਂ ਬੱਚਿਆਂ ਨੂੰ ਸੰਬੋਧਨ ਕਰਦਿਆਂ 'ਪੇਟ ਦੇ ਕੀੜਿਆਂ ਤੋਂ ਰਾਸ਼ਟਰੀ ਮੁਕਤੀ ਦਿਵਸ' ਸੰਬੰਧੀ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਐਲਬੈਂਡਾਜੋਲ ਦੀ ਗੋਲੀ ਖਾਣਾ ਖਾਣ ਉਪਰੰਤ ਹੀ ਖਾਣੀ ਚਾਹੀਦੀ ਹੈ, ਇਸ ਗੋਲੀ ਨਾਲ ਬੱਚਿਆਂ ਨੂੰ ਪੇਟ ਦੇ ਕੀੜਿਆਂ ਤੋਂ ਰਾਹਤ ਮਿਲੇਗੀ। ਉਨ੍ਹਾਂ ਦੱਸਿਆ ਕਿ ਜਿਆਦਾਤਰ ਬੱਚਿਆਂ ਵਿੱਚ ਪੇਟ ਦੇ ਕੀੜੇ ਹੋਣ ਨਾਲ ਕੁਪੋਸ਼ਨ ਅਤੇ ਖੂਨ ਦੀ ਕਮੀ ਹੋ ਜਾਂਦੀ ਹੈ, ਜਿਸ ਕਾਰਨ ਹਮੇਸ਼ਾ ਥਕਾਵਟ ਰਹਿੰਦੀ ਹੈ, ਮਾਨਸਿਕ ਅਤੇ ਸੰਪੂਰਨ ਸਰੀਰਕ ਵਿਕਾਸ ਵਿੱਚ ਰੁਕਾਵਟ ਆ ਸਕਦੀ ਹੈ, ਪਰ ਇਸ ਖੁਰਾਕ ਨਾਲ ਬੱਚਿਆਂ ਵਿੱਚ ਬਿਮਾਰੀਆਂ ਨਾਲ ਲੜਨ ਦੀ ਸਮਰਥਾ ਵੱਧਣ ਦੇ ਨਾਲ-ਨਾਲ ਉਨ੍ਹਾਂ ਦੇ ਸਰੀਰ ਵਿੱਚ ਖੂਨ ਦੀ ਕਮੀ ਵੀ ਪੂਰੀ ਹੋਵੇਗੀ। ਡਾ. ਸਵਤੰਤਰ ਕੌਰ ਨੇ ਦੱਸਿਆ ਜੋ ਬੱਚੇ ਅੱਜ ਕਿਸੇ ਕਾਰਨ ਗੋਲੀ ਖਾਣ ਤੋਂ ਵਾਂਝੇ ਰਹਿ ਜਾਣਗੇ, ਉਨ੍ਹਾਂ ਨੂੰ 5 ਦਸੰਬਰ ਨੂੰ ਕਵਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੇਟ ਦੇ ਕੀੜਿਆਂ ਤੋਂ ਬਚਣ ਲਈ ਸਾਨੂੰ ਆਪਣੀ ਤੇ ਆਪਣੇ ਆਲੇ-ਦੁਆਲੇ ਦੀ ਸਫ਼ਾਈ ਦਾ ਖਾਸ ਧਿਆਨ ਰੱਖਣਾ ਚਾਹੀਦਾ ਹੈ, ਫਲ ਅਤੇ ਸਬਜੀਆਂ ਸਾਫ ਪਾਣੀ ਨਾਲ ਧੋਵੋ, ਨਹੁੰ ਸਾਫ ਅਤੇ ਛੋਟੇ ਰੱਖੋ, ਹਮੇਸ਼ਾ ਸਾਫ ਪਾਣੀ ਪੀਓ, ਭੋਜਨ ਨੂੰ ਢੱਕ ਕੇ ਰੱਖੋ, ਪੈਰਾਂ ਵਿੱਚ ਬੂਟ ਚੱਪਲਾਂ ਪਹਿਨੋ, ਆਪਣੇ ਹੱਥ ਸਾਬਣ ਨਾਲ ਧੋਵੋ ਖਾਸਕਰ ਖਾਣ ਖਾਣ ਤੋਂ ਪਹਿਲਾਂ ਅਤੇ ਪਖਾਨਾ ਜਾਣ ਤੋਂ ਬਾਅਦ। ਖੁੱਲੇ ਵਿੱਚ ਵਿਕਣ ਵਾਲੇ ਖਾਧ ਪਦਾਰਥ ਖਾਣ ਤੋਂ ਗੁਰੇਜ ਕਰਨਾ ਚਾਹੀਦਾ ਹੈ।

# ਸਿਲਵਰ ਓਕ ਸਕੂਲ ਦੇ ਕੋਚ ਤੇ ਖਿਡਾਰੀ ਨੂੰ ਮਿਲਿਆ ਪ੍ਰਾਈਡ ਆਫ ਇੰਡੀਆ ਫੈਪ ਨੈਸ਼ਨਲ ਐਵਾਰਡ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ )**- ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਦੇ ਖੇਡ ਵਿਭਾਗ ਅਤੇ ਖਿਡਾਰੀਆਂ ਨੇ ਹਮੇਸ਼ਾ ਸਕੂਲ ਦਾ ਨਾਂਅ ਨੈਸ਼ਨਲ ਪੱਧਰ ਤੱਕ ਰੋਸ਼ਨ ਕੀਤਾ ਹੈ। ਖੇਡਾਂ ਦੇ ਖੇਤਰ ਵਿੱਚ ਵਡਮੁੱਲੇ ਯੋਗਦਾਨ ਲਈ ਜਿੱਥੇ ਪਿਛਲੇ ਦਿਨੀ ਸਿਲਵਰ ਓਕ ਸਕੂਲ ਨੂੰ ਫੈਪ ਨੈਸ਼ਨਲ ਅਵਾਰਡ ਫਾਰ ਸਪੋਰਟਸ ਅਚੀਵਮੈਂਟ ਮਿਲਿਆ ਉੱਥੇ ਹੀ ਸਕੂਲ ਦੇ ਖੇਡ ਵਿਭਾਗ ਦੇ ਮੁਖੀ ਸੰਜੀਵ ਕੁਮਾਰ ਸ਼ਰਮਾ ਨੂੰ ਬੈਸਟ ਕੋਚ ਅਤੇ ਗਤਕਾ ਨੈਸ਼ਨਲ ਗੋਲਡ ਮੈਡਲਿਸਟ ਖਿਡਾਰੀ ਗੁਰਕੀਰਤ ਸਿੰਘ ਨੂੰ ਪਰਾਈਡ ਆਫ ਇੰਡੀਆ ਫੈਨ ਨੈਸ਼ਨਲ ਐਵਾਰਡ ਦੇ ਨਾਲ ਸਨਮਾਨਿਤ ਕੀਤਾ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਅਤੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਦੱਸਿਆ ਕਿ ਸਕੂਲ ਦੇ ਖੇਡ ਵਿਭਾਗ ਦੇ ਮੁਖੀ ਸੰਜੀਵ ਕੁਮਾਰ ਸ਼ਰਮਾ ਨੇ ਜਿੱਥੇ ਇਲਾਕੇ ਨੂੰ ਕਈ ਨੈਸ਼ਨਲ ਲੈਵਲ ਦੇ ਖਿਡਾਰੀ ਦਿੱਤੇ ਹਨ ਉੱਥੇ ਸਕੂਲ ਦੇ ਖਿਡਾਰੀ ਗੁਰਕੀਰਤ ਸਿੰਘ ਨੇ ਸਿੱਖ ਮਾਰਸ਼ਲ ਆਰਟ ਗਤਕਾ ਵਿੱਚ ਆਪਣੀ ਕਾਬਲੀਅਤ ਸਾਬਤ ਕਰਦੇ ਹੋਏ ਨੈਸ਼ਨਲ ਲੈਵਲ 'ਤੇ ਗੋਲਡ ਮੈਡਲ ਜਿੱਤ ਕੇ ਸਕੂਲ ਦਾ ਮਾਣ ਵਧਾਇਆ।ਸੋ ਉਹਨਾਂ ਦੀਆਂ ਇਹਨਾਂ ਪ੍ਰਾਪਤੀਆਂ ਨੂੰ ਦੇਖਦੇ ਹੋਏ ਉਹਨਾਂ ਨੂੰ ਇਸ ਵਕਾਰੀ ਐਵਾਰਡ ਦੇ ਨਾਲ ਸਨਮਾਨਿਤ ਕੀਤਾ ਗਿਆ।ਬੀਤੇ ਸਮੇਂ ਦੌਰਾਨ ਸਕੂਲ ਦੇ ਖਿਡਾਰੀਆਂ ਨੇ ਵੱਖ-ਵੱਖ ਖੇਡਾਂ ਜਿਵੇਂ ਕਿ ਵੂਸ਼ੋ, ਗਤਕਾ, ਸ਼ੂਟਿੰਗ, ਕ੍ਰਿਕਟ, ਕਿੱਕ ਬਾਕਸਿੰਗ ਅਤੇ ਟੈਨਿਸ ਵਿੱਚ ਵੱਡੀਆਂ ਪ੍ਰਾਪਤੀਆਂ ਕੀਤੀਆਂ ਹਨ ਅਤੇ ਪਿਛਲੇ ਕੁਝ ਦਿਨਾਂ ਦੇ ਵਿੱਚ ਸਟੇਟ ਲੈਵਲ ਅਤੇ ਜ਼ਿਲ੍ਹਾ ਲੈਵਲ ਮੈਡਲ ਜਿੱਤ ਕੇ ਸਕੂਲ ਨੂੰ ਮਾਣ ਦਵਾਇਆ ਹੈ। ਇਸ ਪ੍ਰਾਪਤੀ ਤੇ ਸਕੂਲ ਦੀ ਸਮੁੱਚੀ ਮੈਨੇਜਮੈਂਟ ਅਤੇ ਅਧਿਆਪਕਾਂ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ।ਇਸ ਮੌਕੇ 'ਤੇ ਸੰਸਥਾ ਦੇ ਮੈਨੇਜਰ ਗਜਿੰਦਰ ਪਾਲ ਸਿੰਘ ਤਰਨ ਸੈਣੀ, ਰਿਸੋਰਸ ਕੋਡੀਨੇਟਰ ਬਿਕਰਮਜੀਤ ਸਿੰਘ ਭੇਲਾ, ਖੇਡ ਵਿਭਾਗ ਦੇ ਮੁਖੀ ਸੰਜੀਵ ਕੁਮਾਰ ਸ਼ਰਮਾ, ਕੋਆਰਡੀਨੇਟਰ ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਵਿਸ਼ਾਲੀ, ਗੁਰਪ੍ਰੀਤ ਕੌਰ, ਅਰਚਨਾ, ਨੇਹਾ, ਪਰਮਜੀਤ, ਸੁਮਿਤ, ਬਲਜੀਤ, ਰਾਜਵਿੰਦਰ, ਰਾਜਵੀਰ, ਸੁਮਨ, ਇਕਬਾਲ, ਮਮਤਾ, ਦਮਨ, ਗੁਰਦੇਵ, ਹਰਜੀਤ, ਅਜੇ ਅਤੇ ਬਾਕੀ ਸਟਾਫ ਮੈਂਬਰ ਹਾਜ਼ਰ ਸਨ।



# ਵਾਰਡ ਨੰਬਰ 4 ਦੀਆਂ ਸਟਰੀਟ ਲਾਈਟਾਂ ਦੀ ਕਰਵਾਈ ਮੁਰੰਮਤ



**ਬਲਾਚੌਰ, (ਜਸਵਿੰਦਰ ਬੈਂਸ)** - ਇਥੇ ਚਾਰ ਨੰਬਰ ਵਾਰਡ ਵਿਖੇ ਲੋਕਾਂ ਦੀ ਸਹੂਲਤ ਲਈ ਸਮਾਜ ਸੇਵੀ ਆਪ ਆਗੂ ਪ੍ਰਵੀਨ ਪੂਰੀ ਵਲੋਂ ਸਟਰੀਟ ਲਾਈਟਾਂ ਦੀ ਮੁਰੰਮਤ ਕਰਵਾਈ ਗਈ ਅਤੇ ਲਗਪਗ 20-25 ਨਵੀਆਂ ਲਾਈਟਾਂ ਲਗਵਾਈਆਂ ਗਈਆਂ। ਉਨ੍ਹਾਂ ਕਿਹਾ ਕਿ ਵਾਰਡ ਵਾਸੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।ਇਸ ਤੋਂ ਇਲਾਵਾ ਜੇਕਰ ਕਿਸੇ ਤਰ੍ਹਾਂ ਦੀ ਵੀ ਕੋਈ ਸਮੱਸਿਆ ਦਰਪੇਸ਼ ਆਉਂਦੀ ਹੈ ਤਾਂ ਉਹ ਤੁਰੰਤ ਮੇਰੇ ਨਾਲ ਸੰਪਰਕ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਦੌਰਾਨ ਵੀ ਸਮਾਜ ਸੇਵਾ ਦੇ ਕਾਰਜ ਇਸੇ ਤਰ੍ਹਾਂ ਜਾਰੀ ਰਹਿਣਗੇ।

# ਅੰਬੇਡਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਨੇ ਸੰਵਿਧਾਨ ਦਿਵਸ ਮਨਾਇਆ



**ਚੰਡੀਗੜ੍ਹ, (ਗੁਰਜੀਤ ਬਿੱਲਾ)**

ਡਾ. ਬੀ.ਆਰ. ਅੰਬੇਦਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ (ਏ.ਆਈ.ਐਮ.ਐਸ.), ਮੋਹਾਲੀ ਨੇ ਸੰਵਿਧਾਨ ਦਿਵਸ 'ਤੇ ਨੈਸ਼ਨਲ ਲਾਅ ਸਕੂਲ ਬੰਗਲੌਰ ਦੇ ਅਸਿਸਟੈਂਟ ਪ੍ਰੋਫੈਸਰ ਸਿਧਾਰਥ ਦੀ ਆਨਲਾਈਨ ਸ਼ਮੂਲੀਅਤ ਰਾਹੀਂ 'ਡਾ. ਬੀ.ਆਰ. ਅੰਬੇਡਕਰ ਦਾ ਇੱਕ ਸਮਾਵੇਸ਼ੀ ਸੰਵਿਧਾਨ ਦਾ ਦ੍ਰਿਸ਼ਟੀਕੋਣ' ਵਿਸ਼ੇ 'ਤੇ ਗੱਲਬਾਤ ਦਾ ਆਯੋਜਨ ਕੀਤਾ। ਅੰਡਰਗ੍ਰੈਜੂਏਟ ਐਮ.ਬੀ.ਬੀ.ਐਸ. ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਉਨ੍ਹਾਂ ਨੇ ਸਮਾਨਤਾ ਅਤੇ ਸਮਾਵੇਸ਼ ਵਿੱਚ ਡਾ. ਅੰਬੇਡਕਰ ਦੇ ਯੋਗਦਾਨ ਨੂੰ ਉਜਾਗਰ ਕੀਤਾ।ਡਾ. ਭਵਨੀਤ ਡਾਇਰੈਕਟਰ-ਪ੍ਰਿੰਸੀਪਲ ਨੇ ਸੰਸਥਾ ਦੇ ਉਦੇਸ਼ 'ਮਨੁੱਖਤਾ, ਸੇਵਾ, ਸਮਾਨਤਾ' 'ਤੇ ਜ਼ੋਰ ਦਿੱਤਾ ਅਤੇ ਵਿਦਿਆਰਥੀਆਂ ਨੂੰ ਇਨ੍ਹਾਂ ਕਦਰਾਂ-ਕੀਮਤਾਂ ਨੂੰ ਆਪਣੇ ਜੀਵਨ ਵਿੱਚ ਧਾਰਨ ਕਰਨ ਦੀ ਅਪੀਲ ਕੀਤੀ। ਸ਼ੈਲੇਸ਼ ਮਹਿਤਾ ਲੀਗਲ ਰਿਟੇਨਰ ਨੇ ਵੀ ਸਿਹਤ ਸੰਭਾਲ ਵਿੱਚ ਨਿਆਂ ਅਤੇ ਬਰਾਬਰੀ ਦੀ ਮਹੱਤਤਾ ਬਾਰੇ ਗੱਲਬਾਤ ਕੀਤੀ।

# ਕਾਂਗਰਸੀਆਂ ਨੇ ਮਨਾਇਆ ਸੰਵਿਧਾਨ ਦਿਵਸ

**ਜਲੰਧਰ (ਇਕਬਾਲ ਸਿੰਘ ਉੱਭੀ)**- 75ਵਾਂ ਸੰਵਿਧਾਨ ਦਿਵਸ ਸਰਕਟ ਹਾਊਸ ਵਿਖੇ ਐਡਵੋਕੇਟ ਸੂਰਜ ਪ੍ਰਕਾਸ਼ ਲਾਡੀ, ਸਮਾਜ ਸੇਵਕ ਜੋਰਜ, ਰਾਜੂ ਆਦੀਆ ਅਤੇ ਵਕੀਲਾਂ ਦੇ ਸਹਿਯੋਗ ਨਾਲ ਮਨਾਇਆ ਗਿਆ। ਕਿਰਨਜੀਤ ਸਿੰਘ ਗਹਿਰੀ ਦਲਿਤ ਮਹਾ ਪੰਚਾਇਤ ਦੇ ਚੇਅਰਮੈਨ, ਰਜਿੰਦਰ ਬੇਰੀ ਜ਼ਿਲ੍ਹਾ ਪ੍ਰਧਾਨ ਕਾਂਗਰਸ ਕਮੇਟੀ ਸ਼ਹਿਰੀ, ਆਦਿ ਹਾਜ਼ਰ ਸਨ। ਡਾਕਟਰ ਭੀਮ ਰਾਓ ਅੰਬੇਡਕਰ ਸਾਹਿਬ ਦੀ ਤਸਵੀਰ ਤੇ ਫੁੱਲ ਮਾਲਾਵਾਂ ਭੇਂਟ ਕੀਤੀਆਂ।ਵੱਖ-ਵੱਖ ਪਾਰਟੀਆਂ ਅਤੇ ਸਮਾਜਿਕ, ਧਾਰਮਿਕ ਸੰਸਥਾਵਾਂ ਦੇ ਆਗੂਆਂ ਵੱਲੋਂ ਸੰਵਿਧਾਨ ਦਿਵਸ ਦੇ ਮੌਕੇ 'ਤੇ ਚਾਨਣਾ ਪਾਇਆ। ਐਡਵੋਕੇਟ ਸੂਰਜ ਪ੍ਰਕਾਸ਼ ਲਾਡੀ ਨੇ ਕਿਹਾ ਕਿ 26 ਨਵੰਬਰ 1949 ਨੂੰ ਡਾਕਟਰ ਭੀਮ ਰਾਓ ਅੰਬੇਡਕਰ ਸਾਹਿਬ ਨੇ ਭਾਰਤ ਦੇਸ਼ ਦੇ ਸੰਵਿਧਾਨ ਦੀ ਸਿਰਜਣਾ ਕੀਤੀ ਸੀ 26 ਜਨਵਰੀ 1950 ਵਿੱਚ ਲਾਗੂ ਕੀਤਾ ਗਿਆ ਸੀ। ਪ੍ਰਧਾਨ ਬੇਰੀ ਨੇ ਭਾਰਤ ਦੇਸ਼ ਦੇ ਸੰਵਿਧਾਨ ਤੇ ਚਰਚਾ ਕਰਦੇ ਹੋਏ ਕਿਹਾ ਕਿ ਬੱਚਿਆਂ ਨੂੰ ਸਕਾਲਰਸ਼ਿਪ ਲਈ ਅੱਜ ਵੀ ਦਰ -ਬ-ਦਰ ਦੀਆਂ ਠੋਕਰਾਂ ਖਾਣੀਆਂ ਪੈ ਰਹੀਆਂ ਹਨ, ਦੇਸ਼ ਦੇ ਬੱਚੇ ਆਉਣ ਵਾਲਾ ਭਵਿੱਖ ਹੈ। ਕਿਰਨਜੀਤ ਸਿੰਘ ਗਹਿਰੀ ਨੇ ਕਿਹਾ ਸੰਵਿਧਾਨ ਦੀ ਸਿਰਜਣਾ ਕਰਕੇ ਡਾਕਟਰ ਭੀਮ ਰਾਓ ਅੰਬੇਡਕਰ ਨੇ ਸਾਰੇ ਦੇਸ਼ ਦੇ ਲੋਕਾਂ ਦੀ ਬਰਾਬਰਤਾ ਅਤੇ ਦੱਬੇ ਕੁਚਲੇ ਲੋਕਾਂ ਦੇ ਹੱਕ ਦੀ ਗੱਲ ਕੀਤੀ ਹੈ। ਉਨਾਂ ਕਿਹਾ ਕਿ ਸਕੂਲਾਂ ਕਾਲਜਾਂ ਵਿੱਚ ਸੰਵਿਧਾਨ ਵਿਸ਼ੇਸ਼ ਵਿਸ਼ੇ ਵਜੋ ਪੜ੍ਹਾਇਆ ਜਾਵੇ। ਇਸ ਮੌਕੇ ਬਲਰਾਜ ਠਾਕੁਰ, ਯਸ਼ਪਾਲ ਭਲਵਾਨ, ਰਕੇਸ਼ ਕਨੋਜੀਆ, ਅਮਿਤ ਮੱਟੂ ,ਗੌਤਮ ਖੋਸਲਾ, ਡੈਮੋਕਰੇਟਿਕ ਲੋਕ ਦਲ ਦੇ ਸਰਪ੍ਰਸਤ ਗੁਰਮੁਖ ਖੋਸਲਾ, ਕੇਕੇ ਸਭਰਵਾਲ, ਐਡਵੋਕੇਟ ਫਲੋਰੀਆ, ਬੋਹੜ ਸਿੰਘ ਘਾਰੂ, ਮਨਜੀਤ ਕੌਰ ਅਤੇ ਜਸਵੀਰ ਕੌਰ ਕਲਿਆਣਪੁਰ ਸਮੇਤ ਵੱਡੀ ਗਿਣਤੀ ਵਿੱਚ ਸ਼ਖ਼ਸੀਅਤਾਂ ਹਾਜ਼ਰ ਸਨ।

# ਜੀ ਐੱਨ ਐੱਮ ਦੀਆਂ ਵਿਦਿਆਰਥਣਾਂ ਨੂੰ ਬਿਰਧ ਆਸ਼ਰਮ ਦਾ ਦੌਰਾ ਕਰਵਾਇਆ

**ਟਾਂਡਾ ਉੜਮੁੜ (ਓਂਕਾਰ ਸਿੰਘ, ਜਸਵਿੰਦਰ ਸੰਧੂ)**

ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸਿਮਰਨ ਸੁਸਾਇਟੀ ਵੱਲੋਂ ਚਲਾਇਆ ਜਾ ਰਹੇ ਜੀਆਰਡੇ ਇੰਸਟੀਚਿਊਟ ਆਫ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਨੇ ਪ੍ਰਵਾਸੀ ਭਾਰਤੀ ਜਵਾਹਰ ਸਿੰਘ ਪੱਡਾ ਕਨੇਡਾ ਵੱਲੋਂ ਮਨੁੱਖਤਾ ਦੀ ਭਲਾਈ ਵਾਸਤੇ ਚਲਾਏ ਜਾ ਰਹੇ ਗੁਰੂ ਨਾਨਕ ਵਰਧ ਆਸ਼ਰਮ ਦੇਹਰੀਵਾਲ ਦਾ ਦੌਰਾ ਕਰਵਾਇਆ ਗਿਆ। ਜੀਆਰਡੀ ਸਿੱਖਿਆ ਸੰਸਥਾਵਾਂ ਦੀ ਚੇਅਰ ਪਰਸਨ ਪਰਦੀਪ ਕੌਰ ਤੇ ਐਮਡੀ ਵਿਕਰਮ ਸਿੰਘ ਦੀ ਅਗਵਾਈ ਵਿੱਚ ਸੰਸਥਾ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪ੍ਰਿੰਸੀਪਲ ਰੇਨੂ ਬਾਲਾ ਦੀ ਦੇਖਰੇਖ ਹੇਠ ਜੀਐਨ ਐਮ ਭਾਗ ਦੂਜਾ ਦੀਆਂ ਵਿਦਿਆਰਥਣਾਂ ਨੂੰ ਬਿਰਧ ਆਸ਼ਰਮ ਦਾ ਦੌਰਾ ਕਰਵਾਇਆ ਗਿਆ। ਇਸ ਮੌਕੇ ਬਿਰਧ ਆਸ਼ਰਮ ਦੇ ਸੰਚਾਲਕ ਸਾਬਕਾ ਸਰਪੰਚ ਹਰਵਿੰਦਰ ਸਿੰਘ ਬੱਸੀ ਜਲਾਲ ਨੇ ਸਮੁੱਚੇ ਸਟਾਫ ਸਮੇਤ ਵਿਦਿਆਰਥਣਾਂ ਨੂੰ ਆਸ਼ਰਮ ਵਿੱਚ ਰਹਿ ਰਹੇ ਲੋੜਵੰਦ ਵਿਅਕਤੀਆਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਹੁਣ ਤੱਕ ਇਲਾਕੇ ਅਤੇ ਸਮੁੱਚੇ ਪੰਜਾਬ ਤੋਂ ਵੱਡੀ ਗਿਣਤੀ ਵਿੱਚ ਲੋੜਵੰਦ ਲੋਕ ਆਸ਼ਰਮ ਵਿੱਚ ਰਹਿ ਰਹੇ ਹਨ ਅਤੇ ਇਸ ਸਾਰੇ ਆਸ਼ਰਮ ਦਾ ਖਰਚਾ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਪ੍ਰਵਾਸੀ ਭਾਰਤੀ ਜਵਾਹਰ ਸਿੰਘ ਪੱਡਾ ਵੱਲੋਂ ਕੀਤਾ ਜਾ ਰਿਹਾ। ਇਸ ਮੌਕੇ ਉਨ੍ਹਾਂ ਸਮੁੱਚੇ ਸਟਾਫ ਮੈਂਬਰਾਂ ਦਾ ਸਨਮਾਨ ਵੀ ਕੀਤਾ।



# ਅੱਖਾਂ ਦੇ ਅਪ੍ਰੇਸ਼ਨ ਵਾਲੇ ਮਰੀਜ਼ਾਂ ਦਾ ਮੁੜ ਕੀਤਾ ਚੈੱਕਅੱਪ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਅਜਨੋਹਾ ਵਲੋਂ ਚਲਾਈ ਜਾ ਰਹੀ ਹੈ।ਲਾਇਨਜ ਕਲੱਬ ਆਦਮਪੁਰ ਤੇ ਲਾਇਨਜ ਆਈ ਹਸਪਤਾਲ ਸੋਸਾਇਟੀ ਅਤੇ ਜਤਿੰਦਰ ਜੇ ਮਿਨਹਾਸ ਦੀ ਮਦਦ ਨਾਲ ਸੰਸਥਾ ਦੇ ਸਹਿਯੋਗ ਨਾਲ ਦੂਜਾ ਅੱਖਾਂ ਦਾ ਫਰੀ ਚੈੱਕਅੱਪ ਕੈਂਪ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਵਿਖੇ ਲਗਾਇਆ ਗਿਆ ਸੀ। ਜਿਹੜੇ ਮਰੀਜ਼ਾਂ ਦੇ ਅੱਖਾਂ ਦੇ ਆਪਰੇਸ਼ਨ ਹੋਏ ਸੀ, ਉਨ੍ਹਾਂ ਨੂੰ ਦੁਬਾਰਾ ਚੈੱਕ ਅੱਪ ਲਈ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਤੋਂ ਲਾਈਨਜ ਆਈ ਹਸਪਤਾਲ ਆਦਮਪੁਰ ਵਿਖੇ ਲਿਆਂਦਾ ਗਿਆ।ਇਸ ਮੌਕੇ ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਡਾ.ਤਰਸੇਮ ਸਿੰਘ, ਲੈਬ ਟੈਕਨੀਸ਼ੀਅਨ ਗੁਰਪ੍ਰੀਤ ਸਿੰਘ, ਸੰਦੀਪ ਕੌਰ ਪਾਸ਼ਟਾਂ, ਬਲਜੀਤ ਕੌਰ ਨਰੂੜ,ਸਿਮਰਨ ਕੌਰ ਨਰੂੜ, ਲਵਪ੍ਰੀਤ ਕੌਰ ਸਰਹਾਲਾ, ਹਰਕੀਰਤ ਸਿੰਘ ਅਜਨੋਹਾ,ਜਤਿੰਦਰ ਸਿੰਘ ਰਾਣਾ ਖਾਲਸਾ, ਕਮਲਜੀਤ ਸਿੰਘ ਰਾਣਾ, ਬਰਿੰਦਰ ਸਿੰਘ ਪੰਜੌੜਾ, ਗੁਰਪਾਲ ਸਿੰਘ ਨਡਾਲੋਂ,ਸੁਖਦੇਵ ਸਿੰਘ, ਗੁਰਪ੍ਰੀਤ ਸਿੰਘ ਗੂਗਲੀ ਖਾਲਸਾ, ਸੁਮੀਤ ਪਾਲ ਸਿੰਘ, ਮਨਪ੍ਰੀਤ ਸਿੰਘ, ਸੁਰਿੰਦਰ ਪਾਲ ਸਿੰਘ, ਬਲਜੀਤ ਸਿੰਘ ਬਿੱਲਾ, ਲੰਬੜਦਾਰ ਪਰਮਜੀਤ ਸਿੰਘ, ਸੰਤੋਸ਼ ਕੁਮਾਰੀ ਟੋਡਰਪੁਰ, ਗੁਰਵਿੰਦਰ ਕੌਰ ਹੁਕੜਾਂ,ਜਗੀਰ ਸਿੰਘ ਮਲਕਪੁਰ,ਸ਼ੀਲਾ ਦੇਵੀ ਅਕਾਲ ਗੜ੍ਹ ਆਦਿ ਹਾਜ਼ਰ ਸਨ।

# ਅੰਤਰਰਾਸ਼ਟਰੀ ਨਸ਼ਾ ਤਸਕਰਾਂ ਦਾ ਪਰਦਾਫਾਸ਼, 3 ਕਿਲੋ ਅਫੀਮ ਸਮੇਤ 3 ਗ੍ਰਿਫ਼ਤਾਰ




**ਜਲੰਧਰ, (ਸ਼ੈਲੀ ਐਲਬਰਟ)**
ਲਸ ਨੇ ਇੱਕ ਅੰਤਰਰਾਸ਼ਟਰੀ ਨਸ਼ਾ ਤਸਕਰੀ ਗਿਰੋਹ ਦਾ ਪਰਦਾਫਾਸ਼ ਕਰਦਿਆਂ ਇੱਕ ਵੱਡੀ ਸਫਲਤਾ ਹਾਸਲ ਕੀਤੀ ਹੈ ਅਤੇ ਵਪਾਰਕ ਮਾਤਰਾ ਵਿੱਚ 3 ਕਿਲੋਗ੍ਰਾਮ ਅਫੀਮ ਬਰਾਮਦ ਕੀਤੀ ਹੈ।ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਇਸ ਕਾਰਵਾਈ ਦੌਰਾਨ ਅੰਤਰਰਾਸ਼ਟਰੀ ਵੰਡ ਲਈ ਅਫੀਮ ਦੀ ਤਸਕਰੀ ਅਤੇ ਪੈਕਿੰਗ ਕਰਨ ਵਾਲੇ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।ਉਸਨੇ ਦੱਸਿਆ ਕਿ 24 ਨਵੰਬਰ, 2024 ਨੂੰ ਸੀ.ਆਈ.ਏ ਟੀਮ ਨੇ ਮਾਤਾ ਰਾਣੀ ਚੌਕ ਵਿਖੇ ਚਾਹਤ ਵਾਸੀ ਨਿਊ ਸੰਤ ਨਗਰ, ਭਾਰਗੋ ਕੈਂਪ, ਜਲੰਧਰ ਨੂੰ ਕਾਬੂ ਕਰਕੇ ਉਸਦੇ ਕਬਜ਼ੇ ਵਿੱਚੋਂ 1 ਕਿਲੋ ਅਫੀਮ ਬਰਾਮਦ ਕੀਤੀ ਸੀ। ਇਸ ਉਪਰੰਤ ਥਾਣਾ ਭਾਰਗੋ ਕੈਂਪ ਵਿਖੇ ਐਨਡੀਪੀਐਸ ਐਕਟ ਤਹਿਤ ਐਫਆਈਆਰ (ਨੰਬਰ 114) ਦਰਜ ਕੀਤੀ ਗਈ। ਪੁੱਛਗਿੱਛ ਵਿੱਚ ਦੋ ਸਾਥੀਆਂ, ਪਵਨ ਕੁਮਾਰ ਅਤੇ ਰਣਬੀਰ ਸਿੰਘ ਦੀ ਸ਼ਮੂਲੀਅਤ ਦਾ ਖੁਲਾਸਾ ਹੋਇਆ, ਜਿਨ੍ਹਾਂ ਨੂੰ ਬਾਅਦ ਵਿੱਚ ਉਸੇ ਦਿਨ ਗ੍ਰਿਫਤਾਰ ਕੀਤਾ ਗਿਆ ਸੀ। ਪੁਲਸ ਨੇ ਉਨ੍ਹਾਂ ਕੋਲੋਂ 2 ਕਿਲੋਗ੍ਰਾਮ ਵਾਧੂ ਅਫੀਮ ਬਰਾਮਦ ਕੀਤੀ। ਉਨ੍ਹਾਂ ਦੱਸਿਆ ਕਿ ਖਾਸ ਤੌਰ 'ਤੇ ਪਵਨ ਕੁਮਾਰ ਦਾ ਅਪਰਾਧਿਕ ਰਿਕਾਰਡ ਹੈ, ਇਸ ਸਾਲ ਦੇ ਸ਼ੁਰੂ ਵਿੱਚ ਉਸ ਵਿਰੁੱਧ ਐਨਡੀਪੀਐਸ ਐਕਟ ਦੇ ਤਹਿਤ ਦੋ ਪਿਛਲੀਆਂ ਐਫਆਈਆਰ ਦਰਜ ਕੀਤੀਆਂ ਗਈਆਂ ਸਨ, ਜਦੋਂ ਕਿ ਦੂਜੇ ਦੋ ਮੁਲਜ਼ਮਾਂ ਦਾ ਕੋਈ ਪੁਰਾਣਾ ਅਪਰਾਧਿਕ ਇਤਿਹਾਸ ਨਹੀਂ ਹੈ।

# ਪੰਜਾਬ ਰੈਵੀਨਿਊ ਅਫਸਰ ਐਸੋਸੀਏਸ਼ਨ ਵੱਲੋਂ ਚੰਨੀ ਨੂੰ ਗ੍ਰਿਫਤਾਰ ਕਰਨ ਦੀ ਨਿਖੇਧੀ

**ਭੁਲੱਥ, (ਮਨਪ੍ਰੀਤ ਸਿੰਘ)** - ਪੰਜਾਬ ਰੈਵੀਨਿਊ ਅਫਸਰ ਐਸੋਸੀਏਸ਼ਨ ਪੰਜਾਬ ਦੀ ਆਨਲਾਈਨ ਮੀਟਿੰਗ ਲਛਮਣ ਸਿੰਘ ਮੀਤ-ਪ੍ਰਧਾਨ, ਅਰਚਨਾ ਸ਼ਰਮਾ ਮੀਤ-ਪ੍ਰਧਾਨ, ਨਵਦੀਪ ਸਿੰਘ ਭੋਗਲ ਮੀਤ-ਪ੍ਰਧਾਨ ਅਤੇ ਲਾਰਸਨ ਮੀਤ-ਪ੍ਰਧਾਨ ਅਗਵਾਈ ਹੇਠ ਹੋਈ ।ਜਿਸ ਵਿੱਚ ਸਮੂਹ ਕਾਰਜਕਾਰੀ ਮੈਬਰਾਂ ਵੱਲੋ ਭਾਗ ਲਿਆ ਗਿਆ। ਮੀਟਿੰਗ ਵਿੱਚ ਲਵਪ੍ਰੀਤ ਸਿੰਘ ਡੀ.ਐਸ. ਪੀ. ਵਿਜੀਲੈਂਸ ਵਿਭਾਗ, ਬਰਨਾਲਾ ਵੱਲੋ ਨਜਾਇਜ ਧੱਕੇਸ਼ਾਹੀ ਕਰਦੇ ਹੋਏ ਪੰਜਾਬ ਰੈਵੀਨਿਊ ਆਫਿਸਰ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਸੁਖਚਰਨ ਸਿੰਘ ਚੰਨੀ ਨੂੰ ਗ੍ਰਿਫਤਾਰ ਕਰਨ ਦੀ ਨਿਖੇਧੀ ਕੀਤੀ ਗਈ ।ਐਸੋਸੀਏਸ਼ਨ ਵੱਲੋਂ ਸਰਬਸੰਮਤੀ ਨਾਲ ਮਤਾ ਪਾਸ ਹੋਇਆ ਸੀ ਕਿ ਪੰਜਾਬ ਦੇ ਸਾਰੇ ਰੈਵੀਨਿਊ ਅਫਸਰ (ਜ਼ਿਲ੍ਹਾ ਮਾਲ ਅਫਸਰ, ਸਬ ਰਜਿਸਟਰਾਰ, ਤਹਿਸੀਲਦਾਰ, ਨਾਇਬ ਤਹਿਸੀਲਦਾਰ ) ਸਮੂਹਿਕ ਛੁੱਟੀ 'ਤੇ ਜਾਣਗੇ ਅਤੇ ਡੀ.ਐਸ.ਪੀ. ਵਿਜੀਲੈਂਸ ਦਫਤਰ, ਬਰਨਾਲਾ ਦੇ ਬਾਹਰ ਇਕੱਠੇ ਹੋ ਕੇ ਰੋਸ ਪ੍ਰਦਰਸ਼ਨ ਕਰਨਗੇ। ਆਮ ਲੋਕਾਂ ਨੂੰ ਇਸ ਵਜ੍ਹਾ ਨਾਲ ਹੋਣ ਵਾਲੀ ਮੁਸਕਿਲਾਤ ਦੀ ਸਾਰੀ ਜਿੰਮੇਵਾਰੀ ਵਿਜੀਲੈਂਸ ਵਿਭਾਗ, ਪੰਜਾਬ ਅਤੇ ਪੰਜਾਬ ਸਰਕਾਰ ਦੀ ਹੋਵੇਗੀ ।

# ਵਿਭਾਗ ਅਧਿਆਪਕਾਂ ਨੂੰ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕਰਨਾ ਬੰਦ ਕਰੇ : ਜੀ ਟੀ ਯੂ




**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**
ਹੁਸ਼ਿਆਰਪੁਰ ਜ਼ਿਲ੍ਹੇ ਦਾ ਕੋਟ ਫਤੂਹੀ ਬਲਾਕ ਪ੍ਰਾਇਮਰੀ ਅਧਿਆਪਕਾਂ ਦੀ ਘਾਟ ਨਾਲ ਜੂਝ ਰਿਹਾ ਹੈ। ਇਸ ਬਲਾਕ ਦੇ ਕਈ ਸਕੂਲ ਅਜਿਹੇ ਵੀ ਹਨ ਜਿੱਥੇ ਕੋਈ ਅਧਿਆਪਕ ਨਹੀਂ ਹੈ ਅਤੇ ਇਹਨਾਂ ਸਕੂਲਾਂ ਦੇ ਅਧਿਆਪਕਾਂ ਨੇ ਜਦੋਂ ਆਪਣੀ ਛੁੱਟੀ ਲੈਣੀ ਹੁੰਦੀ ਹੈ ਤਾਂ ਸਕੂਲ ਦਾ ਪ੍ਰਬੰਧ ਕਰਨਾ ਸੈਂਟਰ ਹੈੱਡ ਟੀਚਰਾਂ ਲਈ ਸਿਰਦਰਦ ਬਣ ਜਾਂਦਾ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਗੌਰਮਿੰਟ ਟੀਚਰ ਯੂਨੀਅਨ ਬਲਾਕ ਕੋਟ ਫਤੂਹੀ ਦੇ ਪ੍ਰਧਾਨ ਨਰਿੰਦਰ ਅਜਨੋਹਾ ਨੇ ਈਸਪੁਰ ਵਿਖੇ ਅਧਿਆਪਕਾਂ ਦੀ ਮਹੀਨਾਵਾਰ ਮੀਟਿੰਗ ਵਿੱਚ ਕੀਤਾ। ਆਗੂ ਵਲੋਂ ਕਿਹਾ ਗਿਆ ਕਿ ਵਿਭਾਗ ਵਲੋਂ ਚਲਾਇਆ ਜਾ ਰਿਹਾ ਸੀ.ਈ.ਪੀ ਪ੍ਰੋਜੈਕਟ ਵੀ ਉਦੋਂ ਤੱਕ ਪੂਰਾ ਨਹੀ ਹੁੰਦਾ ਜਦੋਂ ਤੱਕ ਸਕੂਲਾਂ ਵਿੱਚ ਸਟਾਫ ਪੂਰਾ ਨਹੀਂ ਹੁੰਦਾ। ਉਲਟਾ ਅਜਿਹੇ ਪ੍ਰੋਜੈਕਟਾਂ ਨਾਲ ਅਧਿਆਪਕਾਂ ਨੂੰ ਕਾਫੀ ਮਾਨਸਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਗੌਰਮਿੰਟ ਟੀਚਰ ਯੂਨੀਅਨ ਉੱਚ ਅਧਿਕਾਰੀਆਂ ਨੂੰ ਅਪੀਲ ਕਰਦੀ ਹੈ ਕਿ ਕਿਸੇ ਵੀ ਪ੍ਰਕਾਰ ਦੀ ਟੈਸਟਿੰਗ ਲਈ ਪ੍ਰੈਸ਼ਰ ਵਾਲਾ ਵਾਤਾਵਰਣ ਨਾ ਸਿਰਜਿਆ ਜਾਵੇ ਸਗੋਂ ਯੋਗ ਅਗਵਾਈ ਕਰਕੇ ਪ੍ਰੋਜੈਕਟ ਸਿਰੇ ਲਗਾਏ ਜਾਣ। ਗੌਰਮਿੰਟ ਟੀਚਰ ਯੂਨੀਅਨ ਅਧਿਆਪਕਾਂ ਨੂੰ ਕਿਸੇ ਵੀ ਪ੍ਰੋਜੈਕਟ ਦੀ ਆੜ੍ਹ ਵਿੱਚ ਮਾਨਸਿਕ ਤਣਾਅ ਦੇਣ ਦੀ ਨਿਖੇਧੀ ਕਰਦੀ ਹੈ ਅਤੇ ਮੰਗ ਕਰਦੀ ਹੈ ਕਿ ਅਧਿਆਪਕ ਨੂੰ ਨਿਰਧਾਰਤ ਸਿਲੇਬਸ ਪੜ੍ਹਾਉਣ ਦਿੱਤਾ ਜਾਣਾ ਚਾਹੀਦਾ ਹੈ। ਇਸ ਮੌਕੇ ਜਤਿੰਦਰ ਸਿੰਘ, ਰਾਜਵਿੰਦਰ ਕੌਰ, ਅਮਰਜੀਤ ਸਿੰਘ, ਹਰਜਿੰਦਰ ਸਿੰਘ, ਰੁਪਿੰਦਰ ਕੌਰ, ਨੀਲਮ ਕੁਮਾਰੀ, ਲਵਦੀਪ ਕੌਰ, ਅਮਨਜੀਤ ਕੌਰ ਅਤੇ ਵੱਡੀ ਗਿਣਤੀ ਵਿੱਚ ਅਧਿਆਪਕ ਹਾਜਰ ਸਨ।

# ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਨੂੰ 2,51,000 ਰੁਪਏ ਦੀ ਵਿੱਤੀ ਮਦਦ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**-ਸਮਾਜ ਸੇਵਾ ਦੇ ਖੇਤਰ ਵਿਚ ਸ਼ਲਾਘਾਯੋਗ ਯੋਗਦਾਨ ਪਾਉਂਦਿਆਂ ਕੈਂਬਰਿਜ ਇੰਟਰਨੈਸ਼ਨਲ ਸਕੂਲ ਦਸੂਹਾ ਨੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਨੂੰ 2,51,000 ਰੁਪਏ ਦਾ ਸਹਿਯੋਗ ਦਿੱਤਾ। ਸਕੂਲ ਦੇ ਚੇਅਰਮੈਨ ਸੰਜੀਵ ਵਾਸਲ ਅਤੇ ਉਨ੍ਹਾ ਦੇ ਪੁੱਤਰ ਰਾਘਵ ਵਾਸਲ ਨੇ ਨਿੱਜੀ ਤੌਰ 'ਤੇ 2,51,000 ਰੁਪਏ ਦਾ ਚੈੱਕ ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਨੂੰ ਸੌਂਪਿਆ। ਇਸ ਰਾਸ਼ੀ ਨੂੰ ਡਿਪਟੀ ਕਮਿਸ਼ਨਰ ਵੱਲੋਂ ਰੈਡ ਕਰਾਸ ਮੈਡੀਕਲ ਰਿਲੀਫ ਫੰਡ ਦੇ ਲਈ ਜਾਰੀ ਕੀਤਾ ਕੀਤਾ ਗਿਆ।ਸਕੱਤਰ ਰੈੱਡ ਕਰਾਸ ਸੁਸਾਇਟੀ ਮੰਗੇਸ਼ ਸੂਦ ਨੇ ਦੱਸਿਆ ਕਿ ਬਾਲ ਦਿਵਸ ਦੇ ਮੌਕੇ 'ਤੇ ਕੈਂਬਰਿਜ ਇੰਟਰਨੈਸ਼ਨਲ ਸਕੂਲ ਦਸੂਹਾ ਵੱਲੋਂ ਇਕ ਚੈਰਿਟੀ ਸ਼ੋਅ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿਚ ਵਿਦਿਆਰਥੀਆਂ ਨੇ ਖਾਣ-ਪੀਣ ਦੀਆਂ ਵਸਤਾਂ, ਖੇਡ ਅਤੇ ਕਿਤਾਬਾਂ ਦੇ ਸਟਾਲ ਲਗਾਏ। ਪ੍ਰੋਗਰਾਮ ਦੇ ਦੌਰਾਨ ਵਿਦਿਆਰਥੀਆਂ ਅਤੇ ਸਕੂਲ ਪ੍ਰਬੰਧਨ ਨੇ ਕਪੜੇ, ਸਟੇਸ਼ਨਰੀ ਅਤੇ ਖਿਡੌਣਿਆਂ ਇਕੱਠੇ ਕੀਤੇ ਜਿਨ੍ਹਾਂ ਨੂੰ ਰੈੱਡ ਕਰਾਸ ਸੁਸਾਇਟੀ ਨੂੰ ਦਿੱਤਾ ਗਿਆ। ਡਿਪਟੀ ਕਮਿਸ਼ਨਰ ਨੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਇਕੱਠੇ ਕੀਤੇ ਗਏ ਕਪੜੇ, ਖਿਡੌਣੇ ਅਤੇ ਸਟੇਸ਼ਨਰੀ ਸਮੱਗਰੀ ਨੂੰ ਰੈਡ ਕਰਾਸ ਕੈਂਪ ਰਾਹੀਂ ਲੋੜਵੰਦਾਂ ਤੱਕ ਪਹੁੰਚਾਉਦ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕੈਂਬਰਿਜ ਇੰਟਰਨੈਸ਼ਨਲ ਸਕੂਲ ਦਸੂਹਾ ਦੀ ਪੂਰੀ ਪ੍ਰਬੰਧਨ ਟੀਮ ਦੀ ਸਮਾਜ ਭਲਾਈ ਕਾਰਜ ਲਈ ਸ਼ਲਾਘਾ ਕੀਤੀ।

# ਸੇਫ ਸਕੂਲ ਵਾਹਨ ਪਾਲਿਸੀ ਤਹਿਤ ਚੈਕਿੰਗ ਦੌਰਾਨ 6 ਸਕੂਲੀ ਬੱਸਾਂ ਦੇ ਕੱਟੇ ਚਲਾਨ

**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)**
ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸ਼ਹਿਰ 'ਚ ਵੱਖ-ਵੱਖ ਸਕੂਲੀ ਵਾਹਨਾਂ ਦੀ ਚੈਕਿੰਗ ਕੀਤੀ ਗਈ, ਜਿਨ੍ਹਾਂ ਵਿਚ ਆਸਾਨੰਦ ਆਰੀਆ ਸਕੂਲ, ਜੇ.ਐਸ.ਐਫ.ਐਚ ਖ਼ਾਲਸਾ ਸਕੂਲ, ਦੁਆਬਾ ਸਿੱਖ ਨੈਸ਼ਨਲ ਸਕੂਲ, ਡੇਰਿਕ ਪਬਲਿਕ ਸਕੂਲ ਅਤੇ ਕੈਂਬ੍ਰਿਜ ਪਬਲਿਕ ਸਕੂਲ ਆਦਿ ਦੀਆਂ ਬੱਸਾਂ ਸ਼ਾਮਲ ਸਨ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਕੰਚਨ ਅਰੋੜਾ ਨੇ ਦੱਸਿਆ ਕਿ ਇਸ ਮੁਹਿੰਮ ਦੌਰਾਨ ਤਕਰੀਬਨ 10 ਸਕੂਲਾਂ ਦੀਆਂ ਕੁੱਲ 30 ਸਕੂਲੀ ਬੱਸਾਂ ਦੇ ਦਸਤਾਵੇਜ਼ ਚੈੱਕ ਕੀਤੇ ਗਏ ਅਤੇ ਸ਼ਰਤਾਂ ਦੀ ਉਲੰਘਣਾ ਕਰਨ ਵਾਲੀਆਂ 6 ਸਕੂਲੀ ਬੱਸਾਂ ਦੇ ਚਲਾਨ ਵੀ ਕੀਤੇ ਗਏ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਵੱਲੋਂ ਸਮੇਂ-ਸਮੇਂ 'ਤੇ ਸਕੂਲਾਂ ਦੇ ਪ੍ਰਿੰਸੀਪਲਾਂ ਅਤੇ ਸਕੂਲ ਵਾਹਨਾਂ ਦੇ ਡਰਾਈਵਰਾਂ ਨੂੰ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਸ਼ਰਤਾਂ, ਜਿਵੇ ਕਿ ਸੀ.ਸੀ ਟੀ. ਵੀ ਕੈਮਰਾ, ਖਿੜਕੀ 'ਤੇ ਲੋਹੇ ਦੀ ਗਰਿੱਲ, ਫਸਟ ਏਡ ਬਾਕਸ, ਲੇਡੀ ਕੰਡਕਟਰ, ਬਸ ਡਰਾਈਵਰ ਦਾ ਸਕੂਲ ਯੂਨੀਫ਼ਾਰਮ ਵਿਚ ਹੋਣਾ, ਸੀਟ ਬੈਲਟ ਲਗਾਉਣਾ, ਸਮਰੱਥਾ ਤੋਂ ਵੱਧ ਬੱਚੇ ਸਕੂਲ ਬੱਸ ਵਿਚ ਨਾ ਬਿਠਾਉਣਾ ਆਦਿ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਸਕੂਲ ਵਾਹਨਾਂ ਦੇ ਡਰਾਈਵਰਾਂ ਕੋਲ ਵਾਹਨ ਦੇ ਕਾਗਜ਼ਾਤ ਵੀ ਪੂਰੇ ਹੋਣੇ ਚਾਹੀਦੇ ਹਨ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਪ੍ਰਕਾਰ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਚੰਗੀ ਸੁਰੱਖਿਆ ਦੁਆਰਾ ਹੀ ਉਨ੍ਹਾਂ ਦੇ ਚੰਗੇ ਭਵਿੱਖ ਦੀ ਆਸ ਕੀਤੀ ਜਾ ਸਕਦੀ ਹੈ। ਉਨ੍ਹਾਂ ਆਮ ਜਨਤਾ ਨੂੰ ਅਪੀਲ ਵੀ ਕੀਤੀ ਕਿ ਆਪਣੇ ਬੱਚਿਆਂ ਨੂੰ ਸਕੂਲੀ ਬੱਸਾਂ ਵਿਚ ਭੇਜਣ ਤੋਂ ਪਹਿਲਾਂ ਬੱਸਾਂ ਦਾ ਜਾਇਜ਼ਾ ਜ਼ਰੂਰ ਲੈਣ ਤਾਂ ਜੋ ਆਪਣੇ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾ ਸਕਣ।ਇਸ ਮੌਕੇ ਰਜਿੰਦਰ ਕੌਰ ਬਾਲ ਸੁਰੱਖਿਆ ਅਫ਼ਸਰ, ਸਿੱਖਿਆ ਵਿਭਾਗ ਤੋਂ ਪ੍ਰਿੰਸੀਪਲ ਸੁਰਿੰਦਰ ਅਗਨੀਹੋਤਰੀ, ਪੁਲਸ ਵਿਭਾਗ ਤੋਂ ਹਰਜੀਤ ਸਿੰਘ ਏ. ਐਸ. ਆਈ ਅਤੇ ਕਮਲਜੀਤ ਸਿੰਘ ਏ. ਐਸ. ਆਈ, ਸੰਤੋਸ਼ ਡੀ ਈ ਓ ਅਤੇ ਜਤਿੰਦਰ ਸਿੰਘ ਜੂਨੀਅਰ ਸਹਾਇਕ ਵੀ ਮੌਜੂਦ ਸਨ।



# ਲਾਇਨਜ਼ ਕਲੱਬ ਦਾ ਵੀ ਡੀ ਜੀ-2 ਲਾਇਨ ਭਾਟੀਆ ਨੇ ਕੀਤਾ ਅਧਿਕਾਰਿਕ ਦੌਰਾ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ )**
ਸਥਾਨਕ ਲਾਇਨਜ਼ ਕਲੱਬ ਦਾ ਵੀ. ਡੀ. ਜੀ.2 ਲਾਇਨ ਜੀ. ਐਸ. ਭਾਟੀਆ ਨੇ ਅਧਿਕਾਰਿਕ ਦੌਰਾ ਕੀਤਾ। ਪ੍ਰਧਾਨ ਲਾਇਨ ਰਾਜੀਵ ਮਿਸਰ ਦੀ ਪ੍ਰਧਾਨਗੀ ਹੇਠ ਇੱਕ ਅਧਿਕਾਰਤ ਮੀਟਿੰਗ ਹੋਈ ਅਤੇ ਸੱਦਾ ਪੱਤਰ ਦਿੱਤਾ ਗਿਆ।ਖਜ਼ਾਨਚੀ ਲਾਇਨ ਸ਼ਿਵ ਕੁਮਾਰ, ਪੀਆਰਓ ਲਾਇਨ ਪਰਦੀਪ ਕੁਮਾਰ ਨਈਅਰ ਮਾਮਲੇ ਨੂੰ ਸੁਚਾਰੂ ਢੰਗ ਨਾਲ ਚਲਾਉਣ ਵਿੱਚ ਰੁੱਝੇ ਹੋਏ ਸਨ।ਸਕੱਤਰ ਲਾਇਨ ਰਾਮ ਤੀਰਥ ਸ਼ਰਮਾ ਨੇ ਕਲੱਬ ਦੀ ਪ੍ਰੋਜੈਕਟ ਰਿਪੋਰਟ ਪੇਸ਼ ਕੀਤੀ।ਸੀਨੀਅਰ ਲਾਇਨ ਓ.ਪੀ.ਕੁੰਦੀ ਨੇ ਕਲੱਬ ਦੇ ਕੰਮਕਾਜ ਸਬੰਧੀ ਆਪਣਾ ਭਾਸ਼ਣ ਦਿੱਤਾ।ਉਨ੍ਹਾਂ ਕਿਹਾ ਮੈਂ ਜੀ ਐਸ ਭਾਟੀਆ ਦੁਆਰਾ ਦੋਆਬਾ ਆਰੀਆ ਪ੍ਰਾਇਮਰੀ ਸਕੂਲ ਨੂਰਮਹਿਲ ਦੇ 145 ਵਿਦਿਆਰਥੀਆਂ ਨੂੰ ਸਵੈਟਰ, ਜੁੱਤੇ, ਵਰਦੀਆਂ ਪ੍ਰਦਾਨ ਕਰਨ ਦੇ ਸੇਵਾ ਪ੍ਰੋਜੈਕਟ ਦੇ ਉਦਘਾਟਨ ਦੀ ਬਹੁਤ ਖੁਸ਼ੀ ਨਾਲ ਸਾਂਝਾ ਕਰ ਰਿਹਾ ਹਾਂ। ਉਨ੍ਹਾਂ ਇਸ ਪ੍ਰੋਜੈਕਟ ਨੂੰ ਸਪਾਂਸਰ ਕਰਨ ਲਈ ਲਾਇਨ ਸੁਭਾਸ਼ ਕੋਹਲੀ ਦੀ ਵੀ ਸ਼ਲਾਘਾ ਕੀਤੀ।ਇਸ ਮੌਕੇ 'ਤੇ ਲਾਇਨ ਗੁਰਮੀਤ ਸਿੰਘ ਸ਼ੈਲੀ,ਲਾਇਨ ਸੰਦੀਪ ਮਿੱਤੂ, ਲਾਇਨ ਪ੍ਰੇਮ ਕੁਮਾਰ ਬੱਤਰਾ , ਲਾਇਨ ਜਰਨੈਲ ਸਿੰਘ , ਪ੍ਰਿੰਸੀਪਲ ਅਨਿਲ ਚੰਨਣ , ਲਾਇਨ ਬਾਲ ਕ੍ਰਿਸ਼ਨ ਬਾਲੀ ਆਦਿ ਹਾਜਰ ਸਨ।



# ਰਿਆਤ ਬਾਹਰਾ 'ਵਰਸਿਟੀ 'ਚ ਐਂਟਰਪ੍ਰਿਨਿਓਰਸ਼ਿਪ ਸੰਮੇਲਨ 2024

**ਚੰਡੀਗੜ੍ਹ/ਕੁਰਾਲੀ (ਗੁਰਜੀਤ ਬਿੱਲਾ, ਮੋਹਨ ਅਗਰਵਾਲ)**
ਰਿਆਤ ਬਾਹਰਾ ਯੂਨੀਵਰਸਿਟੀ ਵਿਖੇ ਟੈਕਨਾਲੋਜੀ ਬਿਜ਼ਨਸ ਇਨਕਿਊਬੇਟਰ (ਟੀ ਬੀ ਆਈ) ਵਲੋਂ 'ਉਦਮੀ ਹੁਨਰ ਨੂੰ ਉਤਸ਼ਾਹਿਤ ਕਰਨ ਵਿੱਚ ਉੱਚ ਵਿਦਿਅਕ ਸੰਸਥਾਵਾਂ ਦੀ ਭੂਮਿਕਾ' ਥੀਮ ਦੇ ਨਾਲ ਐਂਟਰਪ੍ਰਿਨਿਓਰਸ਼ਿਪ ਸੰਮੇਲਨ 2024 ਦਾ ਆਯੋਜਨ ਕੀਤਾ ਗਿਆ । ਵਿਭਿੰਨ ਉਦਯੋਗਾਂ ਦੇ ਉੱਘੇ ਉੱਦਮੀਆਂ ਨੇ ਆਪਣੀਆਂ ਸਫਲਤਾ ਦੀਆਂ ਕਹਾਣੀਆਂ ਸਾਂਝੀਆਂ ਕੀਤੀਆਂ ਅਤੇ ਇੱਕ ਸਫਲ ਕਾਰੋਬਾਰ ਸਥਾਪਤ ਕਰਨ ਬਾਰੇ ਕੀਮਤੀ ਜਾਣਕਾਰੀਆਂ ਪ੍ਰਦਾਨ ਕੀਤੀਆਂ।ਇਸ ਸਮਾਗਮ ਦੇ ਮੁੱਖ ਮਹਿਮਾਨ ਦਵਿੰਦਰਪਾਲ ਸਿੰਘ ਖਰਬੰਦਾ, ਆਈ.ਏ.ਐਸ., ਇਨਵੈਸਟ ਪੰਜਾਬ ਦੇ ਸੀ.ਈ.ਓ. ਅਤੇ ਉਦਯੋਗ ਅਤੇ ਵਣਜ ਵਿਭਾਗ, ਪੰਜਾਬ ਸਰਕਾਰ ਦੇ ਡਾਇਰੈਕਟਰ ਸਨ ਜਦਕਿ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਦੇ ਸੰਯੁਕਤ ਡਾਇਰੈਕਟਰ ਡਾ. ਦਪਿੰਦਰ ਕੌਰ ਬਖਸ਼ੀ ਨੇ ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ । ਇਸ ਮੌਕੇ ਵਿਦਿਆਰਥੀਆਂ ਅਤੇ ਸਟਾਫ ਮੈਂਬਰ ਨੂੰ ਸੰਬੋਧਨ ਕਰਦਿਆਂ ਖਰਬੰਦਾ ਨੇ ਕਿਹਾ ਕਿ ਐਂਟਰਪ੍ਰਿਨਿਓਰਸ਼ਿਪ ਅਤੇ ਰਾਸ਼ਟਰੀ ਸਿੱਖਿਆ ਨੀਤੀ 2020 ਦੇ ਉਭਾਰ ਨਾਲ, ਉੱਚ ਵਿਦਿਅਕ ਸੰਸਥਾਵਾਂ ਤੇਜ਼ੀ ਨਾਲ ਪੁਨਰਗਠਨ ਕਰ ਰਹੀਆਂ ਹਨ ਅਤੇ ਭਾਰਤੀ ਅਰਥਵਿਵਸਥਾ ਵਿੱਚ ਆਪਣੀ ਭੂਮਿਕਾ ਨੂੰ ਮੁੜ ਸਥਾਪਿਤ ਹਨ। ਮੁੱਖ ਬੁਲਾਰੇ, ਪ੍ਰਸਿੱਧ ਉਦਮੀ ਡਾ. ਸੰਦੀਪ ਗਰਗ, ਇਸ਼ਪਿੰਦਰ ਬੀਰ, ਸਾਹਿਲ ਸਹੋਰ ਅਤੇ ਨਿਖਿਲ ਚੰਦੇਲ ਨੇ ਸਫਲ ਉੱਦਮੀ ਬਣਨ ਲਈ ਮਾਹਿਰ ਸਲਾਹ ਅਤੇ ਮਾਰਗਦਰਸ਼ਨ ਪੇਸ਼ ਕੀਤੇ।ਰਿਆਤ ਬਾਹਰਾ ਯੂਨੀਵਰਸਿਟੀ ਦੇ ਚਾਂਸਲਰ ਅਤੇ ਸੰਮੇਲਨ ਦੇ ਮੁੱਖ ਸਰਪ੍ਰਸਤ ਗੁਰਵਿੰਦਰ ਸਿੰਘ ਬਾਹਰਾ ਨੇ ਆਸ ਪ੍ਰਗਟਾਈ ਕਿ ਇਹ ਸੰਮੇਲਨ ਵਿਦਿਆਰਥੀਆਂ, ਉੱਦਮੀਆਂ ਅਤੇ ਉਦਯੋਗ ਦੇ ਪੇਸ਼ੇਵਰਾਂ ਨੂੰ ਸਫਲ ਨੇਤਾਵਾਂ ਤੋਂ ਸਿੱਖਣ ਲਈ ਇੱਕ ਅਨਮੋਲ ਪਲੇਟਫਾਰਮ ਪ੍ਰਦਾਨ ਕਰੇਗਾ। ਆਰ ਬੀਯੂ ਦੇ ਵਾਈਸ-ਚਾਂਸਲਰ ਡਾ. ਪਰਵਿੰਦਰ ਸਿੰਘ ਨੇ ਕਿਹਾ ਕਿ ਉੱਚ ਵਿਦਿਅਕ ਸੰਸਥਾਵਾਂ ਸਮਾਜ ਵਿੱਚ ਹੁਨਰ-ਗਿਆਨ ਦੇ ਪਾੜੇ ਵਿਚਕਾਰ ਇੱਕ ਪੁਲ ਦਾ ਕੰਮ ਕਰਦੇ ਹਨ ।ਇਸ ਮੌਕੇ ਸਟੂਡੈਂਟਸ ਵੈਲਫੇਅਰ ਦੀ ਡੀਨ ਡਾ. ਸਿਮਰਜੀਤ ਕੌਰ ਅਤੇ ਡਾਇਰੈਕਟਰ ਐਂਟਰਪ੍ਰਿਨਿਓਰਸ਼ਿਪ ਪ੍ਰੋਫੈਸਰ ਜਸਗੁਰਪ੍ਰੀਤ ਸਿੰਘ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਡੀਨ ਅਕਾਦਮਿਕ ਡਾ ਐਸ ਕੇ ਬੰਸਲ ਤੋਂ ਇਲਾਵਾ ਹੋਰ ਸੀਨੀਅਰ ਫੈਕਲਟੀ ਮੈਂਬਰ ਮੌਜੂਦ ਸਨ।




# ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਪੰਜਾਬ ਦੇ ਸਿਹਤ ਮੰਤਰੀ ਨੇ ਸ਼ਾਰਟ ਟਰਮ ਕੋਰਸ ਖੋਲ੍ਹੇ ਜਾਣ ਦਾ ਦਿੱਤਾ ਭਰੋਸਾ



**ਬਲਾਚੌਰ (ਜਸਵਿੰਦਰ ਬੈਂਸ)**
ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਹੱਕਾਂ ਦੀ ਅਵਾਜ਼ ਨੂੰ ਬੁਲੰਦ ਕਰਦੀ ਆ ਰਹੀ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਦੀਆਂ ਮੰਗਾਂ ਨੂੰ ਉਸ ਵੇਲੇ ਬੂਰ ਪੈਣ ਦੀ ਆਸ ਬੱਝੀ ਜਦ ਪੰਜਾਬ ਦੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਵਲੋਂ ਜਥੇਬੰਦੀ ਨੂੰ ਇੱਕ ਸ਼ਾਰਟ ਟਰਮ ਕੋਰਸ ਖੋਲ੍ਹਣ ਉਪਰੰਤ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੀ ਮਾਨਤਾ ਦਿੱਤੇ ਜਾਣ ਦਾ ਭਰੋਸਾ ਦਿਵਾਇਆ। ਇਨਾਂ ਵਿਚਾਰਾਂ ਦਾ ਪ੍ਰਗਟਾਵਾ ਪੱਤਰਕਾਰ ਨਾਲ ਤਹਿਸੀਲ ਪ੍ਰਧਾਨ ਤਜਿੰਦਰ ਸਿੰਘ ਜੋਤ ਵਲੋਂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਜਥੇਬੰਦੀ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆ ਮੰਗਾਂ ਸਬੰਧੀ ਪੰਜਾਬ ਦੇ ਸਿਹਤ ਮੰਤਰੀ ਡਾ.ਬਲਵੀਰ ਸਿੰਘ ਨਾਲ ਸੈਕਟਰੀਏਟ ਚੰਡੀਗੜ੍ਹ ਵਿਖੇ ਇੱਕ ਮੀਟਿੰਗ ਦੌਰਾਨ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੀਟਿੰਗ ਦੀ ਪ੍ਰਧਾਨਗੀ ਜਥੇਬੰਦੀ ਦੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਵਲੋਂ ਕੀਤੀ ਗਈ । ਉਨ੍ਹਾਂ ਦੱਸਿਆ ਕਿ ਜਥੇਬੰਦੀ ਦੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਵਲੋਂ ਸਿਹਤ ਮੰਤਰੀ ਡਾ. ਬਲਵੀਰ ਸਿੰਘ ਨੂੰ ਜਾਣੂ ਕਰਾਇਆ ਕਿ ਇੱਕ ਲੱਖ ਤੋਂ ਵੱਧ ਪ੍ਰੈਕਟੀਸ਼ਨਰਜ਼ ਸ਼ਹਿਰਾਂ ਤੇ ਪਿੰਡਾਂ ਵਿੱਚ ਵੱਸਦੇ ਲੋੜਵੰਦ ਲੋਕਾਂ ਨੂੰ ਘਰ ਪਰ ਹੀ ਉਹ ਵੀ ਸਸਤੇ ਵਿੱਚ ਮੁਢਲੀਆਂ ਸਿਹਤ ਸਹੂਲਤਾਂ ਪ੍ਰਦਾਨ ਕਰਦੇ ਆ ਰਹੇ ਹਨ । ਉਨ੍ਹਾਂ ਦੱਸਿਆ ਕਿ ਮੈਡੀਕਲ ਪ੍ਰੈਕਟੀਸ਼ਨਰਾਂ ਵੱਲੋਂ ਸਰਕਾਰ ਵੱਲੋਂ ਸਮੇਂ ਸਮੇਂ ਸਿਰ ਚਲਾਈਆਂ ਜਾਗਰੂਕ ਮੁਹਿੰਮਾ ਵਿੱਚ ਵੀ ਚੰਗੀ ਭੂਮਿਕਾ ਨਿਭਾਈ ਜਾ ਰਹੀ ਹੈ। ਜਿਸ ਲਈ ਉਨ੍ਹਾਂ ਨੂੰ ਪ੍ਰੈਕਟਿਸ ਕਰਨ ਦੇ ਕਾਨੂੰਨੀ ਅਧਿਕਾਰ ਦਿੱਤੇ ਜਾਣ । ਉਨ੍ਹਾਂ ਦੱਸਿਆ ਕਿ ਪੰਜਾਬ ਦੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਨੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਜਲਦੀ ਹੀ ਸਿਹਤ ਵਿਭਾਗ ਵੱਲੋਂ ਸ਼ਾਰਟ ਟਰਮ ਕੋਰਸ ਸ਼ੁਰੂ ਕਰਾਇਆ ਜਾਵੇਗਾ ਜਿਸ ਵਿੱਚ ਸਿਹਤ ਸੇਵਾਵਾਂ ਸਬੰਧੀ ਟਰੇਨਿੰਗ ਦੀਆਂ ਕਲਾਸਾਂ ਸ਼ੁਰੂ ਕੀਤੀਆਂ ਜਾਣਗੀਆਂ ਅਤੇ ਉਪਰੰਤ ਸਰਟੀਫਿਕੇਟ ਪ੍ਰਦਾਨ ਕੀਤੇ ਜਾਣਗੇ ਜਿਸ ਨਾਲ ਪ੍ਰੈਕਟੀਸ਼ਨਰਾਂ ਨੂੰ ਆਪਣੀਆਂ ਸੇਵਾਵਾਂ ਕਰਨ ਦੀ ਆਗਿਆ ਦਿੱਤੀ ਜਾਵੇਗੀ । ਇਸ ਮੀਟਿੰਗ ਵਿੱਚ ਡਾਇਰੈਕਟਰ ਸਿਹਤ ਅਤੇ ਪਰਵਾਰ ਭਲਾਈ ਵਿਭਾਗ ਡਾ. ਹਤਿੰਦਰ ਕੌਰ, ਸਿਹਤ ਸਕੱਤਰ ਪੰਜਾਬ ਕੁਮਾਰ ਰਾਹੁਲ, ਡਾਇਰੈਕਟਰ ਆਯੁਰਵੈਦਾ ਡਾ. ਰਵੀ ਕੁਮਾਰ, ਡਿਪਟੀ ਡਾਇਰੈਕਟਰ ਡਾ. ਗਗਨਦੀਪ ਸਿੰਘ ਗਰੋਵਰ ਅਤੇ ਸਿਹਤ ਵਿਭਾਗ ਨਾਲ ਸਬੰਧਤ ਵੱਖ ਵੱਖ ਵਿਭਾਗਾਂ ਦੇ ਮੁਖੀ ਸਹਿਬਾਨ ਵੀ ਮੌਜੂਦ ਰਹੇ। ਇਸ ਮੌਕੇ ਜਥੇਬੰਦੀ ਦੇ ਸੂਬਾ ਸਕੱਤਰ ਗੁਰਮੇਲ ਸਿੰਘ ਮਾੜੀਕੇ, ਚੇਅਰਮੈਨ ਐਚ ਐਸ ਰਾਣੂ, ਲੀਗਲ ਅਡਵਾਈਜ਼ਰ ਜਸਵਿੰਦਰ ਸਿੰਘ ਭੋਗਲ, ਵਾਇਸ ਪ੍ਰਧਾਨ ਦਿਲਦਾਰ ਸਿੰਘ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਡਾਕਟਰ ਕਸ਼ਮੀਰ ਸਿੰਘ ਢਿੱਲੋਂ, ਜ਼ਿਲ੍ਹਾ ਮੋਹਾਲੀ ਦੇ ਪ੍ਰਧਾਨ ਬਲਵੀਰ ਸਿੰਘ ਅਤੇ ਵਿੱਤ ਸਕੱਤਰ ਸੁਖਬੀਰ ਸਿੰਘ ਵੀ ਮੌਜੂਦ ਸਨ।

# ਸੀ ਐੱਮ ਦੀ ਯੋਗਸ਼ਾਲਾ 'ਚ 5898 ਭਾਗੀਦਾਰਾਂ ਨੇ ਲਿਆ ਲਾਭ : ਡਾ. ਹਿਮਾਂਸ਼ੂ ਅਗਰਵਾਲ



**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ)**
ਜ਼ਿਲ੍ਹੇ ਵਿੱਚ ਪੰਜਾਬ ਸਰਕਾਰ ਵਲੋਂ ਚਲਾਏ ਗਏ ਸੀ. ਐਮ. ਦੀ ਯੋਗਸ਼ਾਲਾ ਪ੍ਰੋਗਰਾਮ ਤਹਿਤ 5898 ਰਜਿਸਟਰਡ ਭਾਗੀਦਾਰ ਆਪਣੀ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਨੂੰ ਵਧਾਉਣ ਲਈ ਯੋਗ ਕਲਾਸਾਂ ਵਿੱਚ ਸਰਗਰਮੀ ਨਾਲ ਭਾਗ ਲੈ ਰਹੇ ਹਨ।ਡਾ. ਹਿਮਾਂਸ਼ੂ ਨੇ ਜ਼ਿਕਰ ਕੀਤਾ ਕਿ 167 ਸਰਗਰਮ ਯੋਗਾ ਕਲਾਸਾਂ ਦੁਆਰਾ ਸੰਚਾਲਿਤ ਇਸ ਪ੍ਰੋਗਰਾਮ ਰਾਹੀਂ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਪਹੁੰਚ ਯਕੀਨੀ ਬਣਾਈ ਗਈ ਹੈ। ਉਨ੍ਹਾਂ ਦੱਸਿਆ ਕਿ ਉਕਤ ਵਿੱਚੋਂ, 80 ਕਲਾਸਾਂ ਬਲਾਕ ਪੱਧਰ 'ਤੇ ਚਲਾਈਆਂ ਜਾਂਦੀਆਂ ਹਨ, ਜੋ ਕਿ ਪੇਂਡੂ ਖੇਤਰਾਂ ਵਿੱਚ ਲੋਕਾਂ ਨੂੰ ਯੋਗ ਸਿਖਾਉਂਦੀਆਂ ਹਨ, ਜਦੋਂ ਕਿ 87 ਕਲਾਸਾਂ ਰਾਹੀਂ ਸ਼ਹਿਰੀ ਭਾਗੀਦਾਰਾਂ ਨੂੰ ਯੋਗ ਸਿਖਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸੀ.ਐਮ. ਦੀ ਯੋਗਸ਼ਾਲਾ ਪ੍ਰੋਗਰਾਮ ਸਮਾਜ ਦੇ ਸਾਰੇ ਵਰਗਾਂ ਲਈ ਯੋਗ ਨੂੰ ਰੋਜ਼ਾਨਾ ਅਭਿਆਸ ਬਣਾਉਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਜਸਬੀਰ ਸਿੰਘ ਨੇ ਦੱਸਿਆ ਕਿ ਯੋਗਾ ਨੂੰ ਹੋਰ ਮਜ਼ਬੂਤ ਕਰਨ ਲਈ ਇੱਕ ਹੋਰ ਨਿਵੇਕਲੀ ਪਹਿਲਕਦਮੀ ਤਹਿਤ ਜ਼ਿਲ੍ਹੇ ਵਿੱਚ ਸੈਟੇਲਾਈਟ ਸੈਂਟਰ ਸਥਾਪਿਤ ਕੀਤੇ ਜਾ ਰਹੇ ਹਨ, ਜਿੱਥੇ ਬਿਨੈਕਾਰਾਂ ਨੂੰ ਇੱਕ ਸਾਲ ਦਾ ਰੁਜ਼ਗਾਰ ਮੁਖੀ ਯੋਗਾ ਡਿਪਲੋਮਾ ਕੋਰਸ ਕਰਵਾਇਆ ਜਾਵੇਗਾ, ਜਿਸ ਰਾਹੀਂ ਸਿਖਿਆਰਥੀਆਂ ਨੂੰ ਹੁਨਰਮੰਦ ਬਣਨ ਲਈ ਪੇਸ਼ਕਸ਼ ਕੀਤੀ ਜਾਵੇਗੀ। ਇਨ੍ਹਾਂ ਸਿਖਿਆਰਥੀਆਂ ਨੂੰ ਯੋਗਾ ਇੰਸਟ੍ਰਕਟਰਾਂ ਵਜੋਂ ਤਾਇਨਾਤ ਕੀਤਾ ਜਾਵੇਗਾ ਅਤੇ ਵਜ਼ੀਫੇ ਦੀ ਸਹੂਲਤ ਵੀ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਸੀ.ਐਮ. ਦੀ ਯੋਗਸ਼ਾਲਾ ਮਿਸ਼ਨ, ਯੋਗਾ ਨੂੰ ਰੋਜ਼ਾਨਾ ਜੀਵਨ ਵਿੱਚ ਜੋੜਨਾ ਅਤੇ ਇੱਕ ਸਿਹਤਮੰਦ ਸਮਾਜ ਦੀ ਸਿਰਜਣਾ ਵੱਲ ਬਿਹਤਰੀਨ ਉਪਰਾਲਾ ਹੈ।

# ਲੋਕਾਂ ਦੀ ਜਾਨ ਨਾਲ ਖੇਡਣ ਵਾਲਾ ਓਵਰਲੋਡਿੰਗ ਦਾ ਖੇਲ ਕਦੋਂ ਬੰਦ ਹੋਵੇਗਾ

**ਅਲਾਵਲਪੁਰ, (ਮਦਨ ਬੰਗੜ)**
ਆਏ ਦਿਨ ਵੱਖ ਵੱਖ ਥਾਵਾਂ 'ਤੇ ਓਵਰਲੋਡਿੰਗ ਕਾਰਨ ਲਗਾਤਾਰ ਹੋ ਰਹੇ ਹਾਦਸਿਆਂ ਦੇ ਬਾਵਜੂਦ ਪ੍ਰਸ਼ਾਸਨ ਅੱਖਾਂ ਬੰਦ ਕਰਕੇ ਸ਼ਰੇਆਮ ਹੋ ਰਹੀ ਓਵਰਲੋਡਿੰਗ ਨੂੰ ਰੋਕਣ ਵਿੱਚ ਅਸਫਲ ਰਿਹਾ ਹੈ । ਝੋਨੇ ਦੀਆਂ ਬੋਰੀਆਂ ਨਾਲ ਭਰੀਆਂ ਓਵਰਲੋਡਿੰਗ ਟਰਾਲੀਆਂ ਸੜਕਾਂ 'ਤੇ ਬਿਨਾਂ ਰੋਕ-ਟੋਕ ਦੌੜ ਰਹੀਆਂ ਹਨ ।ਉਨ੍ਹਾਂ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ ਜਾਂਦੀ। ਜਾਣਕਾਰੀ ਅਨੁਸਾਰ ਢੋਆ-ਢੁਆਈ ਦੀ ਘਾਟ ਕਾਰਨ ਅਨਾਜ ਮੰਡੀਆਂ ਵਿੱਚੋਂ ਝੋਨਾ ਚੁੱਕਣ ਲਈ ਟਰਾਲੀਆਂ ਦੀ ਵਰਤੋਂ ਕੀਤੀ ਜਾ ਰਹੀ ਹੈ। ਇਹ ਬੋਰੀਆਂ ਦਾਣਾ ਮੰਡੀ ਅਲਾਵਲਪੁਰ ਤੋਂ ਲੱਦੀਆਂ ਜਾਂਦੀਆਂ ਹਨ। ਇਨ੍ਹਾਂ ਟਰਾਲੀਆਂ ਵਿੱਚ ਟਰੱਕਾਂ ਨਾਲੋਂ ਵੱਧ ਝੋਨੇ ਦੀਆਂ ਬੋਰੀਆਂ ਲੱਦੀਆਂ ਜਾ ਰਹੀਆਂ ਹਨ।ਪ੍ਰਸ਼ਾਸਨ ਕਿਸੇ ਵੱਡੇ ਹਾਦਸੇ ਦੀ ਉਡੀਕ ਵਿੱਚ ਜਾਪਦਾ ਹੈ। ਇਥੇ ਹੀ ਕਾਫੀ ਨਹੀਂ ਕਿਸਾਨਾਂ ਦੇ ਟਰੈਕਟਰਾਂ ਉੱਪਰ ਵੱਜਣ ਵਾਲੇ ਡੀਜੇ ਸਿਸਟਮ ਨੂੰ ਵੀ ਅੱਜ ਤੱਕ ਪ੍ਰਸ਼ਾਸਨ ਵਿੱਚ ਮੌਜੂਦ ਕੋਈ ਮਾਈ ਦਾ ਲਾਲ ਬੰਦ ਨਹੀਂ ਕਰਵਾ ਸਕਿਆ ਓਵਰਲੋਡ ਟਰੈਕਟਰ ਟਰਾਲੀਆਂ ਜਿੱਥੇ ਓਵਰ ਲੋਡਿੰਗ ਕਰਕੇ ਟਰੈਫਿਕ ਨਿਯਮਾਂ ਦੀਆਂ ਧੱਜੀਆਂ ਉਡਾਉਂਦੇ ਹਨ ਉਥੇ ਉਹ ਉੱਚੀ ਆਵਾਜ਼ ਵਿੱਚ ਟਰੈਕਟਰ ਉੱਪਰ ਡੀਜੇ ਸਿਸਟਮ ਵਜਾ ਕੇ ਪ੍ਰਸ਼ਾਸਨ ਦੇ ਸੁੱਤੇ ਹੋਣ ਦਾ ਸਬੂਤ ਵੀ ਦਿੰਦੇ ਹਨ। ਅਲਾਵਲਪੁਰ ਦੇ ਇਲਾਕੇ ਵਿੱਚ ਟਰੈਕਟਰਾਂ ਉੱਪਰ ਸ਼ਰੇਆਮ ਵੱਡੇ ਡੀਜੇ ਸਿਸਟਮ ਬਕਸੇ ਲਗਾ ਕੇ ਉੱਚੀ ਆਵਾਜ਼ ਵਿੱਚ ਮਿਊਜ਼ਕ ਸਿਸਟਮ ਵਜਾਉਣਾ ਟਰੈਕਟਰ ਚਾਲਕਾਂ ਨੇ ਆਪਣਾ ਜਨਮ ਸਿੱਧ ਅਧਿਕਾਰ ਸਮਝਿਆ ਹੋਇਆ ਹੈ। ਜਿਸ ਵੱਲ ਪ੍ਰਸ਼ਾਸਨ ਨੂੰ ਧਿਆਨ ਦੇਣ ਦੀ ਲੋੜ ਹੈ।



# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਸੰਵਿਧਾਨ ਦਿਵਸ ਮਨਾਇਆ

**ਮੋਹਾਲੀ, (ਗੁਰਜੀਤ ਬਿੱਲਾ)**
ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ. ਨਗਰ ਵਲੋਂ ਜਾਰੀ ਹਦਾਇਤਾਂ ਅਤੇ ਅਤੁਲ ਕਸਾਨਾ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਐਸ.ਏ.ਐਸ. ਨਗਰ ਦੀ ਅਗਵਾਈ ਵਿਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਅੱਜ ਸੰਵਿਧਾਨ ਦਿਵਸ ਮਨਾਇਆ ਗਿਆ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ. ਨਗਰ ਵਲੋਂ ਸਕੂਲਾਂ ਵਿਚ ਸਥਾਪਤ ਲੀਗਲ ਲਿਟਰੇਸੀ ਕਲੱਬਾਂ ਰਾਹੀਂ 109 ਜਾਗਰੂਕਤਾ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਸੰਵਿਧਾਨ ਦੀ ਪ੍ਰਸਤਾਵਨਾ ਦਾ ਪਾਠ, ਸੰਵਿਧਾਨ ਦੁਆਰਾ ਨਾਗਰਿਕਾਂ ਨੂੰ ਦਿੱਤੇ ਗਏ ਅਧਿਕਾਰ ਅਤੇ ਕਰਤੱਵਾਂ ਦਾ ਪ੍ਰਚਾਰ ਕੀਤਾ ਗਿਆ ਅਤੇ ਪੇਂਟਿੰਗ, ਡੈਕਲਾਮੇਸ਼ਨ ਅਤੇ ਸਲੋਗਨ ਮੇਕਿੰਗ ਮੁਕਾਬਲੇ ਕਰਵਾਏ ਗਏ। ਸੁਰਭੀ ਪਰਾਸ਼ਰ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ. ਨਗਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਵਿਧਾਨ ਦਿਵਸ ਦੇ ਮੌਕੇ ਚੰਡੀਗੜ੍ਹ ਗਰੁੱਪ ਆਫ਼ ਕਾਲਜਿਜ਼, ਝੰਜੇੜੀ ਵਿਖੇ ਅੱਜ ਰਾਜ ਪੱਧਰੀ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਮਨਜਿੰਦਰ ਸਿੰਘ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਸ਼ਮੂਲੀਅਤ ਕੀਤੀ ਅਤੇ ਅਧਿਆਪਕਾਂ, ਸਟਾਫ ਮੈਂਬਰਾਂ ਅਤੇ ਲਾਅ ਦੇ ਵਿਦਿਆਰਥੀਆਂ ਨੂੰ ਸੰਵਿਧਾਨ ਵਿਚ ਦਰਜ ਵੱਖ ਵੱਖ ਪ੍ਰੋਵੀਜ਼ਨਾਂ ਸਬੰਧੀ ਜਾਣਕਾਰੀ ਦਿੱਤੀ ਅਤੇ ਜ਼ੋਰ ਦਿੱਤਾ ਕਿ ਉਹ ਆਪਣੇ ਗਿਆਨ ਦੀ ਵਰਤੋਂ ਕਰਦੇ ਹੋਏ ਸੰਵਿਧਾਨ ਵਿਚ ਦਰਜ ਅਧਿਕਾਰਾਂ ਅਤੇ ਕਰਤੱਵਾਂ ਸਬੰਧੀ ਆਮ ਲੋਕਾਂ ਨੂੰ ਵੀ ਜਾਗਰੂਕ ਕਰਨ। ਕ੍ਰਿਸ਼ਨ ਕੁਮਾਰ ਸਿੰਗਲਾ ਵਧੀਕ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਸੰਵਿਧਾਨ ਦਿਵਸ ਹਰ ਸਾਲ 26 ਨਵੰਬਰ ਨੂੰ ਭਾਰਤ ਦੇ ਸੰਵਿਧਾਨ ਨੂੰ ਅਪਣਾਏ ਜਾਣ 'ਤੇ ਮਨਾਇਆ ਜਾਂਦਾ ਹੈ। ਅੱਜ ਦੇ ਦਿਨ 1949 ਵਿੱਚ ਭਾਰਤ ਦੀ ਸੰਵਿਧਾਨ ਸਭਾ ਨੇ ਸੰਵਿਧਾਨ ਨੂੰ ਅਪਣਾਇਆ, ਜੋ 26 ਜਨਵਰੀ, 1950 ਨੂੰ ਲਾਗੂ ਹੋਇਆ।



# ਅਕਾਸ਼ਦੀਪ ਕਟਾਰੀਆ ਨੇ ਰਾਸ਼ਟਰੀ ਖੇਡਾਂ 'ਚ ਹਾਸਲ ਕੀਤਾ ਤੀਸਰਾ ਸਥਾਨ



**ਬਲਾਚੌਰ (ਜਸਵਿੰਦਰ ਬੈਂਸ)**—ਪਿੰਡ ਪੋਜੇਵਾਲ ਦੇ ਮੋਹਣ ਲਾਲ ਦੇ ਘਰ ਮਨਜੀਤ ਕੌਰ ਦੀ ਕੁੱਖੋਂ ਜਨਮੇ ਅਕਾਸ਼ਦੀਪ ਕਟਾਰੀਆ ਨੇ ਰਾਸ਼ਟਰੀ ਖੇਡਾਂ ਵਿਚ 77 ਕਿਲੋ ਭਰ ਵਰਗ ਵਿਚ ਤੀਸਰਾ ਸਥਾਨ ਪ੍ਰਾਪਤ ਕਰ ਕੇ ਆਪਣੇ ਪਿੰਡ ਅਤੇ ਇਲਾਕੇ ਦਾ ਮਾਣ ਵਧਾਇਆ ਹੈ। ਇਸ ਉਪਲਬਧੀ ਲਈ ਬੀਤੇ ਦਿਨ ਅਵਾਜ ਸੰਸਥਾ ਅਤੇ ਪਿੰਡ ਚਾਂਦਪੁਰ ਰੁੜਕੀ ਦੀ ਪੰਚਾਇਤ ਵਲੋਂ ਅਕਾਸ਼ਦੀਪ ਦਾ ਸਨਮਾਨ ਕੀਤਾ ਗਿਆ। ਪ੍ਰੇਮ ਪਾਲ ਸਿੰਘ ਹੱਕਲਾ ਨਵਾਂਗਰਾਂ ਜਰਮਨੀ ਨੇ ਦਸਿਆ ਕਿ ਉਨ੍ਹਾਂ ਦੀ ਅਵਾਜ ਸੰਸਥਾ ਇਲਾਕੇ ਵਿਚ ਖੇਡਾਂ ਅਤੇ ਪੜ੍ਹਾਈ ਵਿਚ ਵਧੀਆ ਕਾਰਗੁਜਾਰੀ ਦਿਖਾਉਣ ਵਾਲੇ ਖਿਡਾਰੀਆਂ ਅਤੇ ਵਿਦਿਆਰਥੀਆਂ ਦਾ ਮਾਣ ਸਨਮਾਨ ਕਰ ਕੇ ਉਨ੍ਹਾਂ ਦਾ ਹੌਸਲਾ ਵਧਾਉਣ ਲਈ ਹਮੇਸ਼ਾ ਤਿਆਰ ਰਹਿੰਦੀ ਹੈ। ਰਾਜਿੰਦਰ ਸਿੰਘ ਸੀ ਆਰ ਪੀ ਐਫ ਨੇ ਦਸਿਆ ਕਿ ਸਾਨੂੰ ਖੇਡਾਂ ਅਤੇ ਪੜ੍ਹਾਈ ਵਿਚ ਵਧੀਆ ਪੁਜੀਸ਼ਨ ਹਾਸਿਲ ਕਰਨ ਵਾਲੇ ਖਿਡਾਰੀਆਂ ਅਤੇ ਵਿਦਿਆਰਥੀਆਂ ਦਾ ਮਾਣ ਸਨਮਾਨ ਕਰ ਕੇ ਉਨ੍ਹਾਂ ਨੂੰ ਹੋਰ ਵੀ ਉਤਸ਼ਾਹਿਤ ਕਰਨਾ ਚਾਹੀਦਾ ਹੈ।ਇਸ ਮੌਕੇ 'ਤੇ ਜਤਿੰਦਰ ਸਰਪੰਚ ਚਾਂਦਪੁਰ ਰੁੜਕੀ, ਅਸ਼ੋਕ ਸਰਪੰਚ ਭੋਲੇਵਾਲ, ਪੰਨੂ ਸਰਪੰਚ ਸੜੋਆ, ਲਾਡੀ ਸਰਪੰਚ ਨਵਾਂਗਰਾਂ, ਰਾਜਿੰਦਰ ਸਿੰਘ ਸੀ ਆਰ ਪੀ ਐੱਫ, ਮਨਜੀਤ ਬਲਾਕ ਪ੍ਰਧਾਨ ਸੜੋਆ, ਗੁਰਮੇਲ ਸਿੰਘ, ਪ੍ਰਸ਼ੋਤਮ, ਰਾਕੇਸ਼ ਮੀਲੂ, ਹਰਦਿਆਲ ਮੀਲੂ, ਰਾਜ ਕੁਮਾਰ ਪੀ ਪੀ ਅਤੇ ਗੁਰਚਰਨ ਕਲੱਬ ਪ੍ਰਧਾਨ ਹਾਜਰ ਸਨ।

# ਕੈਸ਼ ਕ੍ਰੈਡਿਟ ਲਿਮਟ ਅਧੀਨ ਕੁੱਲ ਰੁਪਏ 2,36,60,000 ਦੀ ਕ੍ਰੈਡਿਟ ਲਿਮਟ ਜਾਰੀ

**ਜਲੰਧਰ (ਸੁਰਿੰਦਰ ਕੁਮਾਰ, ਸ਼ੈਲੀ ਐਲਬਰਟ)**- ਪੰਜਾਬ ਰਾਜ ਆਜੀਵਿਕਾ ਮਿਸ਼ਨ ਤਹਿਤ ਜ਼ਿਲ੍ਹੇ ਵਿਚ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਬੁਧੀਰਾਜ ਸਿੰਘ ਦੀ ਪ੍ਰਧਾਨਗੀ ਹੇਠ ਪੰਜਾਬ ਸਟੇਟ ਲਾਇਵਲੀਹੁੱਡ ਮਿਸ਼ਨ ਤਹਿਤ ਅਜੀਵਿਕਾ ਲੋਕ ਮੇਲਾ ਕਰਵਾਇਆ ਗਿਆ । ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਨੇ ਦੱਸਿਆ ਕਿ ਮਿਤੀ 27.11.2024 ਨੂੰ ਜ਼ਿਲ੍ਹੇ ਵਿੱਚ ਸਵੈ ਸਹਾਇਤਾ ਸਮੂਹਾਂ ਨੂੰ ਬੈਂਕ ਵਿੱਚ ਕੈਸ਼ ਕ੍ਰੈਡਿਟ ਲਿਮਟ ਮੁਹਈਆ ਕਰਵਾਉਣ ਲਈ ਲੋਨ ਮੇਲਾ ਜ਼ਿਲ੍ਹਾ ਪ੍ਰਸ਼ਾਸਨੀ ਕੰਪਲੈਕਸ ਵਿੱਚ ਕਰਵਾਇਆ ਗਿਆ ਹੈ । ਇਸ ਲੋਨ ਮੇਲੇ ਵਿੱਚ ਮਿਸ਼ਨ ਤਹਿਤ ਬਣੇ 161 ਸਵੈ ਸਹਾਇਤਾ ਸਮੂਹਾਂ ਨੂੰ ਕੈਸ਼ ਕ੍ਰੈਡਿਟ ਲਿਮਟ ਅਧੀਨ ਕੁੱਲ ਰੁਪਏ 2,36,60,000 ਸਵੈ ਸਹਾਇਤਾ ਸਮੂਹ ਕ੍ਰੈਡਿਟ ਲਿਮਟ ਜਾਰੀ ਕੀਤੀ ਗਈ । ਇਸ ਸਕੀਮ ਅਧੀਨ ਜਿਲ੍ਹੇ ਵਿੱਚ ਲਗਭਗ 2000 ਸਵੈ ਸਹਾਇਤਾ ਸਮੂਹ ਚਲ ਰਹੇ ਹਨ, ਜਿਹਨਾਂ ਵਿੱਚ ਲਗਭਗ 20,000 ਤੋਂ ਵੱਧ ਔਰਤਾਂ ਇਹਨਾਂ ਸਮੂਹਾਂ ਜਰੀਏ ਇਸ ਮਿਸ਼ਨ ਨਾਲ ਜੁੜੀਆਂ ਹੋਈਆਂ ਹਨ। ਮਾਨਯੋਗ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਨੇ ਸਵੈ ਸਹਾਇਤਾ ਸਮੂਹਾਂ ਦੇ ਮੈਂਬਰਾਂ ਦਾ ਲੋਨ ਮੇਲੇ ਵਿੱਚ ਭਾਗ ਲੈਣ ਲਈ ਧੰਨਵਾਦ ਕੀਤਾ ਅਤੇ ਇਹਨਾਂ ਨੂੰ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਵੱਖ-ਵੱਖ ਸਹੂਲਤਾਂ ਦਾ ਲਾਭ ਲੈ ਕੇ ਆਪਣਾ ਜੀਵਨ ਪੱਧਰ ਉੱਚਾ ਚੁੱਕਣ ਅਤੇ ਆਤਮ ਨਿਰਭਰ ਬਣਨ ਦੀ ਅਪੀਲ ਕੀਤੀ ਗਈ । ਇਸ ਮੌਕੇ ਲੀਡ ਬੈਂਕ ਮੈਨੇਜਰ (ਯੂਕੋ ਬੈਂਕ) ਅਤੇ ਜਿਲ੍ਹੇ ਦੇ ਹੋਰ 13 ਬੈਂਕਾਂ ਦੇ ਜਿਲ੍ਹਾ ਕੋਆਰਡੀਨੇਟਰ ਹਾਜਰ ਰਹੇ।

# ਗੌਰਵ ਤੂਰਾ ਨੇ ਬਤੌਰ ਐੱਸ ਐੱਸ ਪੀ ਅਹੁਦਾ ਸੰਭਾਲਿਆ



**ਕਪੂਰਥਲਾ, (ਪ੍ਰੀਤ ਸੰਗੋਜਲਾ)**- ਗੌਰਵ ਤੂਰਾ ਆਈ.ਪੀ.ਐਸ.( 2014 ) ਨੇ ਬਤੌਰ ਐਸ ਐਸ ਪੀ ਕਪੂਰਥਲਾ ਆਪਣਾ ਅਹੁਦਾ ਸੰਭਾਲ ਲਿਆ ਹੈ । ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਅਮਨ ਤੇ ਕਾਨੂੰਨ ਵਿਵਸਥਾ ਨੂੰ ਹੋਰ ਪੁਖ਼ਤਾ ਕਰਨ ਦੇ ਨਾਲ- ਨਾਲ ਨਸ਼ੇ ਦੀ ਰੋਕਥਾਮ ਲਈ ਵਡੇਰੇ ਯਤਨ ਕੀਤੇ ਜਾਣਗੇ ।ਨਸ਼ਾ ਤਸਕਰਾਂ ਵਿਰੁੱਧ ਪੂਰੀ ਸਖਤੀ ਨਾਲ ਪੇਸ਼ ਆਇਆ ਜਾਵੇਗਾ ਜਦਕਿ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂੰ ਕਰਵਾਉਣ ਲਈ ਵਿਦਿਅਕ ਸੰਸਥਾਵਾਂ ਵਿੱਚ ਜਾਗਰੂਕਤਾ ਸੈਮੀਨਾਰ ਵੀ ਲਗਾਏ ਜਾਣਗੇ ਤਾਂ ਜੋ ਨਸ਼ਿਆਂ ਦੀ ਰੋਕਥਾਮ ਲਈ ਲੋਕ ਲਹਿਰ ਖੜ੍ਹੀ ਕੀਤੀ ਜਾ ਸਕੇ ।ਇਸ ਤੋਂ ਪਹਿਲਾਂ ਪੰਜਾਬ ਪੁਲਸ ਦੀ ਇੱਕ ਟੁਕੜੀ ਵਲੋਂ ਉਨ੍ਹਾਂ ਨੂੰ ਸਲਾਮੀ ਦਿੱਤੀ ਗਈ ਤੇ ਸਮੂਹ ਐਸ . ਪੀਜ , ਡੀ ਐਸ ਪੀਜ ਤੇ ਹੋਰਨਾਂ ਅਧਿਕਾਰੀਆਂ ਨੇ ਤੂਰਾ ਦਾ ਸਵਾਗਤ ਕੀਤਾ।ਤੂਰਾ ਨੇ ਸੀਨੀਅਰ ਅਧਿਕਾਰੀਆਂ ਨਾਲ ਪਲੇਠੀ ਮੀਟਿੰਗ ਵੀ ਕੀਤੀ ਤੇ ਜ਼ਿਲ੍ਹੇ ਬਾਰੇ ਜਾਣਕਾਰੀ ਇਕੱਤਰ ਕਰਨ ਦੇ ਨਾਲ-ਨਾਲ ਅਧਿਕਾਰੀਆਂ ਨੂੰ ਡਿਊਟੀ ਪੂਰੀ ਸਮਰਪਣ ਭਾਵਨਾ ਨਾਲ ਨਿਭਾਉਣ ਲਈ ਕਿਹਾ ਗਿਆ ।ਇਸ ਮੌਕੇ ਐਸ ਪੀ ਸਰਬਜੀਤ ਰਾਏ , ਐਸ ਪੀ ਗੁਰਪ੍ਰੀਤ ਸਿੰਘ , ਸਮੂਹ ਡੀ ਐਸ ਪੀਜ ਤੇ ਹੋਰ ਅਧਿਕਾਰੀ ਹਾਜਰ ਸਨ ।

# ਸਥਾਨਕ ਸਰਕਾਰਾਂ ਮੰਤਰੀ ਨੇ ਜ਼ਿਲ੍ਹੇ 'ਚ ਵੱਖ-ਵੱਖ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**
ਜ਼ਿਲ੍ਹੇ ਵਿਚ ਚੱਲ ਰਹੇ ਵੱਖ-ਵੱਖ ਵਿਕਾਸ ਕਾਰਜਾਂ, ਭਲਾਈ ਸਕੀਮਾਂ ਅਤੇ ਪ੍ਰਸ਼ਾਸਨਿਕ ਸੇਵਾਵਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਭਲਾਈ ਸਕੀਮਾਂ ਦਾ ਲਾਭ ਹਰੇਕ ਯੋਗ ਵਿਅਕਤੀ ਤੱਕ ਪੁੱਜਦਾ ਕਰਨ ਅਤੇ ਚੱਲ ਰਹੇ ਕਾਰਜਾਂ ਵਿਚ ਤੇਜ਼ੀ ਲਿਆਉਣ ਦੀ ਲੋੜ 'ਤੇ ਜ਼ੋਰ ਦਿੱਤਾ।ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ, ਵਿਧਾਇਕ ਬ੍ਰਮ ਸ਼ੰਕਰ ਜਿੰਪਾ, ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ, ਵਿਧਾਇਕ ਐਡਵੋਕੇਟ ਕਰਮਵੀਰ ਸਿੰਘ ਘੁੰਮਣ, ਵਿਧਾਇਕ ਡਾ. ਇਸ਼ਾਂਕ ਕੁਮਾਰ, ਮੇਅਰ ਸੁਰਿੰਦਰ ਕੁਮਾਰ ਅਤੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੀ ਮੌਜੂਦਗੀ ਵਿਚ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਮਿਊਂਸਪਲ ਡਿਵੈਲਪਮੈਂਟ ਫੰਡਾਂ, ਪੰਜਾਬ ਸ਼ਹਿਰੀ ਵਾਤਾਵਰਣ ਸੁਧਾਰ ਪ੍ਰੋਗਰਾਮ-ਫੇਜ਼ 3, 15ਵੇਂ ਵਿੱਤ ਕਮਿਸ਼ਨ ਦੀਆ ਗ੍ਰਾਂਟਾਂ, ਵਿਕਾਸ ਸਕੀਮਾਂ, ਐਮ.ਪੀ.ਲੈਡ ਪ੍ਰੋਜੈਕਟਾਂ ਅਤੇ ਪੰਜਾਬ ਨਿਰਮਾਣ ਪ੍ਰੋਗਰਾਮ ਤਹਿਤ ਚੱਲ ਰਹੇ ਅਤੇ ਸ਼ੁਰੂ ਹੋਣ ਵਾਲੇ ਕਾਰਜਾਂ ਦੀ ਸਮੀਖਿਆ ਕੀਤੀ।ਸਥਾਨਕ ਸਰਕਾਰਾਂ ਮੰਤਰੀ ਨੇ ਕਿਹਾ ਕਿ ਵਿਧਾਇਕਾਂ ਸਮੇਤ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਉਹ ਹਰ ਮਹੀਨੇ ਸਮੀਖਿਆ ਮੀਟਿੰਗ ਵੀ ਕਰਿਆ ਕਰਨਗੇ ਜਿਸ ਵਿਚ ਵਿਕਾਸ ਕਾਰਜਾਂ ਅਤੇ ਭਲਾਈ ਸਕੀਮਾਂ ਦੀ ਮਹੀਨਾਵਾਰ ਪ੍ਰਗਤੀ ਦਾ ਜਾਇਜ਼ਾ ਲਿਆ ਜਾਵੇਗਾ।ਜ਼ਿਲ੍ਹੇ ਵਿਚ ਲਿੰਕ ਸੜਕਾਂ ਦੀ ਮੁਰੰਮਤ ਅਤੇ ਸਾਂਭ-ਸੰਭਾਲ ਦਾ ਜਾਇਜ਼ਾ ਲੈਂਦਿਆਂ ਡਾ. ਰਵਜੋਤ ਸਿੰਘ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੜਕਾਂ ਦੀ ਲੋੜੀਂਦੀ ਮੁਰੰਮਤ ਨੂੰ ਜਲਦ ਤੋਂ ਜਲਦ ਯਕੀਨੀ ਬਣਾਇਆ ਜਾਵੇ ਅਤੇ ਆਉਂਦੇ ਧੁੰਦ-ਸਰਦੀਆਂ ਦੇ ਮੌਸਮ ਦੇ ਮੱਦੇਨਜ਼ਰ ਚਿੱਟੀਆਂ ਪੱਟੀਆਂ, ਰੇਡੀਅਮ ਇਸ਼ਾਰੇ, ਰਿਫਲੈਕਟਰ ਆਦਿ ਲਗਾਏ ਜਾਣ। ਉਨ੍ਹਾਂ ਕਿਹਾ ਕਿ ਪੁਲ ਬਣਾਉਣ, ਕਲਵਲਟ ਆਦਿ ਲਾਉਣ ਤੋਂ ਇਲਾਵਾ ਸੜਕਾਂ ਦੀ ਅਪਗ੍ਰੇਡੇਸ਼ਨ ਦੇ ਕੰਮ ਵਿਚ ਵੀ ਤੇਜ਼ੀ ਲਿਆਂਦੀ ਜਾਵੇ। ਉਨ੍ਹਾਂ ਨੇ ਜ਼ਿਲ੍ਹੇ ਵਿਚ ਬਣ ਰਹੀਆਂ ਵੱਖ-ਵੱਖ ਸਰਕਾਰੀ ਬਿਲਡਿੰਗਾਂ ਦੇ ਕੰਮ ਦੀ ਪ੍ਰਗਤੀ ਦਾ ਵੀ ਜਾਇਜ਼ਾ ਲਿਆ। ਸਥਾਨਕ ਸਰਕਾਰਾਂ ਮੰਤਰੀ ਨੇ ਜ਼ਿਲ੍ਹੇ ਵਿਚ ਚੱਲ ਰਹੇ ਠੋਸ ਰਹਿੰਦ-ਖੂੰਹਦ ਪ੍ਰਬੰਧਨ, ਤਰਲ ਰਹਿੰਦ-ਖੂੰਹਦ ਪ੍ਰਬੰਧਨ ਦੇ ਕੰਮਾਂ, ਆਵਾਸ ਯੋਜਨਾ, ਮਗਨਰੇਗਾ ਦੇ ਕੰਮਾਂ, ਜਲ ਸਪਲਾਈ ਤੇ ਸੈਨੀਟੇਸ਼ਨ ਕਾਰਜਾਂ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਨੇ ਸੀਵਰੇਜ ਬੋਰਡ ਨਾਲ ਸਬੰਧਤ ਕੰਮਾਂ ਦੀ ਸਮੀਖਿਆ ਕਰਦਿਆਂ ਹੁਸ਼ਿਆਰਪੁਰ, ਗੜ੍ਹਦੀਵਾਲਾ, ਗੜ੍ਹਸ਼ੰਕਰ, ਮਾਹਿਲਪੁਰ, ਤਲਵਾੜਾ ਆਦਿ ਵਿਖੇ ਚੱਲ ਰਹੇ ਕੰਮਾਂ ਦੀ ਵੀ ਸਮੀਖਿਆ ਕੀਤੀ। ਪੰਜਾਬ ਸਰਕਾਰ ਦੀ ਆਸ਼ੀਰਵਾਦ ਸਕੀਮ ਬਾਰੇ ਦੱਸਿਆ ਗਿਆ ਕਿ ਅਗਸਤ ਮਹੀਨੇ ਤੱਕ ਦੇ ਬਿਨੈਕਾਰਾਂ ਨੂੰ ਜਲਦ ਹੀ ਸਕੀਮ ਤਹਿਤ ਬਣਦੀ ਰਾਸ਼ੀ ਦਾ ਲਾਭ ਦਿੱਤਾ ਜਾ ਰਿਹਾ ਹੈ। ਮੀਟਿੰਗ ਦੌਰਾਨ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਅਤੇ ਵਿਧਾਇਕਾਂ ਨੇ ਆਪਣੇ ਹਲਕਿਆਂ ਨਾਲ ਸਬੰਧਤ ਵਿਕਾਸ ਪ੍ਰੋਜੈਕਟਾਂ ਬਾਰੇ ਵੀ ਅਧਿਕਾਰੀਆਂ ਤੋਂ ਜਾਣਕਾਰੀ ਲਈ ਅਤੇ ਵੱਧ ਤੋਂ ਵੱਧ ਯੋਗ ਵਿਅਕਤੀਆਂ ਨੂੰ ਭਲਾਈ ਸਕੀਮਾਂ ਦਾ ਲਾਭ ਪਹੁੰਚਾਉਣ ਦਾ ਸੱਦਾ ਦਿੱਤਾ। ਇਸ ਮੌਕੇ ਡਿਪਟੀ ਮੇਅਰ ਪ੍ਰਵੀਨ ਸੈਣੀ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਹਰਮੀਤ ਸਿੰਘ ਔਲਖ, ਗਊ ਸੇਵਾ ਕਮਿਸ਼ਨ ਦੇ ਮੈਂਬਰ ਜਸਪਾਲ ਚੇਚੀ ਤੋਂ ਇਲਾਵਾ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ, ਵਧੀਕ ਡਿਪਟੀ ਕਮਿਸ਼ਨਰ (ਜ) ਰਾਹੁਲ ਚਾਬਾ, ਸਮੂਹ ਐਸ.ਡੀ.ਐਮਜ਼ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।



# ਰਾਸ਼ਟਰੀ ਕ੍ਰਿਮਿਨਾਸ਼ਕ ਦਿਵਸ ਮਨਾਇਆ

**ਮਹਿਤਪੁਰ (ਰਾਜਾ)**-ਸਿਵਲ ਸਰਜਨ ਡਾ. ਗੁਰਮੀਤ ਲਾਲ ਦੀ ਰਹਿਨੁਮਾਈ ਹੇਠ ਅਤੇ ਐਸ.ਐਮ.ਓ. ਡਾ. ਮਹੇਸ਼ ਪ੍ਰਭਾਕਰ ਅਤੇ ਬੀ.ਈ.ਈ. ਹਿਮਾਲਯਾ ਪ੍ਰਕਾਸ਼ ਦੇ ਪ੍ਰਬੰਧ ਹੇਠ ਬਲਾਕ ਪ੍ਰਾਇਮਰੀ ਹੈਲਥ ਸੈਂਟਰ (ਪੀਐਚਸੀ) ਮਹਿਤਪੁਰ ਵਿਖੇ ਰਾਸ਼ਟਰੀ ਕ੍ਰਿਮਿਨਾਸ਼ਕ ਦਿਵਸ ਜ਼ੋਰ-ਸ਼ੋਰ ਨਾਲ ਮਨਾਇਆ ਗਿਆ।ਇਸ ਮੌਕੇ 'ਤੇ ਸਮੁੱਚੇ ਸਿਹਤ ਸਟਾਫ ਵੱਲੋਂ ਕ੍ਰਿਮਿਨਾਸ਼ਨ ਦੇ ਮਹੱਤਵ ਬਾਰੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਕਈ ਗਤੀਵਿਧੀਆਂ ਕਰਵਾਈਆਂ ਗਈਆਂ। ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਕ੍ਰਿਮਿਨਾਸ਼ਕ ਗੋਲੀਆਂ ਮੁਹੱਈਆ ਕਰਵਾਈਆਂ ਗਈਆਂ ਅਤੇ ਸਫਾਈ, ਸਿਹਤ ਅਤੇ ਪੋਸ਼ਣ ਦੇ ਮਹੱਤਵ ਬਾਰੇ ਵਿਸ਼ੇਸ਼ ਜਾਣਕਾਰੀ ਦਿੱਤੀ ਗਈ।ਇਸ ਦੇ ਨਾਲ ਹੀ ਪਿੰਡਾਂ, ਸਕੂਲਾਂ ਅਤੇ ਆਂਗਣਵਾੜੀ ਕੇਂਦਰਾਂ ਵਿੱਚ ਵਿਸ਼ੇਸ਼ ਕੈਂਪ ਲਗਾ ਕੇ ਜ਼ਿਆਦਾ ਤੋਂ ਜ਼ਿਆਦਾ ਲੋਕਾਂ ਤੱਕ ਇਸ ਮੁਹਿੰਮ ਨੂੰ ਪਹੁੰਚਾਇਆ ਗਿਆ। ਬਲਾਕ ਪੀਐਚਸੀ ਮਹਿਤਪੁਰ ਦੇ ਸਾਰੇ ਸਟਾਫ ਨੇ ਇਸ ਦਿਵਸ ਨੂੰ ਕਾਮਯਾਬ ਬਣਾਉਣ ਵਿੱਚ ਬਹੁਤ ਮਿਹਨਤ ਕੀਤੀ ।



# ਖੂਨਦਾਨ ਮਹਾਂਦਾਨ- ਸੰਵਿਧਾਨ ਸਾਡਾ ਸਵੈਮਾਣ : ਰਾਹੁਲ ਚਾਬਾ

**ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ, ਬਲਬੀਰ ਸਿੰਘ ਸੈਣੀ)**
ਦਿ ਹੁਸ਼ਿਆਰਪੁਰ ਹਾਈਕਰਜ਼ ਐਂਡ ਟ੍ਰੈਕਟਰਜ਼ ਗਰੁੱਪ ਦੇ ਪ੍ਰਬੰਧਕਾਂ ਵਲੋਂ ਸਥਾਨਕ ਸਾਹਿਬਜਾਦਾ ਅਜੀਤ ਸਿੰਘ ਨਗਰ ਵਿਖੇ ਰੀਹਲ ਮਾਰਕੀਟ ਤੇ ਧਾਮੀ ਮੈਡੀਕੋਜ਼ ਦੇ ਸਹਿਯੋਗ ਨਾਲ ਮੇਜਰ ਚੰਨਣ ਸਿੰਘ ਰੀਹਲ (ਸੇਵਾ ਮੁਕਤ) ਦੀ ਯਾਦ ਨੂੰ ਸਮਰਪਿਤ ਖੂਨਦਾਨ ਕੈਂਪ ਲਾਇਆ ਗਿਆ।ਉਦਘਾਟਨ ਵਧੀਕ ਡਿਪਟੀ ਕਮਿਸ਼ਨਰ (ਜ) ਰਾਹੁਲ ਚਾਬਾ ਨੇ ਕੀਤਾ ਜਿਸ ਵਿਚ ਕੌਂਸਲਰ ਨਵਾਬ ਪਹਿਲਵਾਨ ਅਤੇ ਇਲਾਕੇ ਦੇ ਪਤਵੰਤੇ ਸ਼ਾਮਲ ਹੋਏ। ਕੈਂਪ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ 'ਭਾਰਤੀ ਸੰਵਿਧਾਨ ਦਿਵਸ' ਦੀ ਵਧਾਈ ਦਿੰਦਿਆਂ ਕਿਹਾ ਕਿ ਸੰਵਿਧਾਨ ਸਾਡੇ ਲੋਕਤੰਤਰ ਦੀ ਮਜ਼ਬੂਤੀ ਦਾ ਪ੍ਰਤੀਕ ਹੈ ਅਤੇ ਸੰਵਿਧਾਨ ਨੇ ਭਾਰਤ ਦੇ ਨਾਗਰਿਕਾਂ ਨੂੰ ਬਰਾਬਰ ਦੇ ਹੱਕ ਦੇ ਕੇ ਨਿਆਂ, ਸੁਤੰਤਰਤਾ, ਬਰਾਬਰੀ ਦੇ ਮੌਕੇ ਪ੍ਰਦਾਨ ਕੀਤੇ ਹਨ। ਸਾਡੇ ਦੇਸ਼ ਦਾ ਸੰਵਿਧਾਨ ਦੁਨੀਆਂ ਵਿਚ ਲੋਕਤੰਤਰੀ ਕਦਰਾਂ-ਕੀਮਤਾਂ ਦਾ ਚਾਨਣ ਮੁਨਾਰਾ ਹੈ।ਚਾਬਾ ਨੇ ਕਿਹਾ ਕਿ ਮਨੁੱਖੀ ਜੀਵਨ ਵਿਚ ਖੂਨਦਾਨ ਦੀ ਵੱਡੀ ਮਹੱਤਤਾ ਹੈ। ਖੂਨਦਾਨ ਮਾਨਵਤਾ ਦੀ ਉਤਮ ਸੇਵਾ ਅਤੇ ਸੁਰੱਖਿਆ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਖੂਨਦਾਨ ਵਿਚ ਵੱਧ ਤੋਂ ਵੱਧ ਹਿੱਸਾ ਪਾ ਕੇ ਮਨੁੱਖੀ ਜੀਵਨ ਨੂੰ ਜ਼ਿੰਦਗੀ ਪ੍ਰਦਾਨ ਕੀਤੀ ਜਾਵੇ। ਇਸ ਖੂਨਦਾਨ ਕੈਂਪ ਦੀ ਸਫ਼ਲਤਾ ਅਤੇ ਆਯੋਜਨ ਵਿਚ ਭਾਈ ਘਨੱਈਆ ਜੀ ਚੈਰੀਟੇਬਲ ਬਲੱਡ ਸੈਂਟਰ ਹੁਸ਼ਿਆਰਪੁਰ ਵਲੋਂ ਪ੍ਰਮੁੱਖ ਯੋਗਦਾਨ ਪਾਇਆ ਗਿਆ। ਇਸ ਮੌਕੇ ਕਰੀਬ 50 ਤੋਂ ਵੱਧ ਬਲੱਡ ਯੂਨਿਟ ਇਕੱਤਰ ਕੀਤੇ ਗਏ। ਸਮਾਗਮ ਦਾ ਸਟੇਜ ਸੰਚਾਲਨ ਕਰਦਿਆਂ ਗੁਲਜਾਰ ਸਿੰਘ ਕਾਲਕਟ ਨੇ ਖੂਨਦਾਨ ਕੈਂਪ ਦੀ ਰੂਪ-ਰੇਖਾ ਬਾਰੇ ਚਾਨਣਾ ਪਾਇਆ। ਇਸ ਮੌਕੇ ਡਾ. ਹਰਜਿੰਦਰ ਸਿੰਘ, ਨਰਿੰਦਰ ਸਿੰਘ ਰੀਹਲ, ਕਰਨਵੀਰ ਰੀਹਲ, ਸੰਜੀਵ, ਵਿਕਾਸ ਬੱਗਾ, ਡਾ.ਵਿਕਾਸ ਮਲਹੋਤਰਾ, ਸੁਖਵਿੰਦਰ ਸੁੱਖੀ, ਅਮਿਤ ਗੁਪਤਾ, ਡਾ. ਕੇ.ਐਸ. ਬੈਂਸ, ਬਲਜੀਤ ਸਿੰਘ, ਡਾ. ਅਮਨਦੀਪ, ਸੰਦੀਪ ਕੁਮਾਰ, ਵਿਸ਼ਾਲ ਗੰਭੀਰ, ਨਵਲ ਗੁਪਤਾ ਆਦਿ ਵੀ ਮੌਜੂਦ ਸਨ।



29-NOV-PAGE-10.qxd 11/28/2024 10:49 PM Page 1



## ਮਾਛੀਕੇ 'ਚ ਸ਼ੇਰੇ ਪੰਜਾਬ ਦੀ ਨਵੀਂ ਇਕਾਈ ਦਾ ਗਠਨ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਪੰਜਾਬ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਪਿੰਡ ਮਾਛੀਕੇ ਵਿਖੇ ਜ਼ਿਲ੍ਹਾ ਪ੍ਰਧਾਨ ਆਤਮਾ ਸਿੰਘ ਧੂੜਕੋਟ ਤੇ ਬਿੱਕਰ ਸਿੰਘ ਰੌਂਤਾ ਦੀ ਅਗਵਾਈ 'ਚ ਨਵੀਂ ਇਕਾਈ ਦਾ ਗਠਨ ਕੀਤਾ ਗਿਆ ਜਿਸ ਵਿੱਚ ਪ੍ਰਧਾਨ ਬੂਟਾ ਸਿੰਘ ਬਿਲਾਸਪੁਰ, ਪ੍ਰਧਾਨ ਗੁਰਪਾਲ ਸਿੰਘ ਮੰਨਾ, ਵਾਇਸ ਪ੍ਰਧਾਨ ਪੁੰਨੂ ਸਿੰਘ, ਖਜ਼ਾਨਚੀ ਗੁਰਦਿੱਤ ਸਿੰਘ, ਕਰਮਜੀਤ ਸਿੰਘ ਕਰਮਾ ਚੁਣੇ ਗਏ। ਇਸ ਮੌਕੇ ਗੁਰਮੇਲ ਸਿੰਘ ਮੰਨਾ, ਪੁੰਨੂੰ, ਗੁਰਦਿੱਤ ਸਿੰਘ, ਕਾਕਾ ਸਿੰਘ, ਅਮਰਜੀਤ ਸਿੰਘ, ਸੁਖਦੇਵ ਸਿੰਘ, ਬਖਤੌਰ ਸਿੰਘ, ਅਜਮੇਰ ਸਿੰਘ, ਗੁਰਚਰਨ ਸਿੰਘ, ਕੁਲਵੰਤ ਸਿੰਘ, ਗੁਰਲਾਲਦੀਨ, ਮਨਦੀਪ ਸਿੰਘ, ਜਸਵੀਰ ਸਿੰਘ ਸੀਰਾ, ਕਮਲਜੀਤ ਕੁਮਾਰ, ਮਲਕੀਤ ਸਿੰਘ ਆਗੂ ਹਾਜ਼ਰ ਸਨ।

## ਸਕੂਲ 'ਚ ਸੱਤ ਕਮਰਿਆਂ ਦੇ ਲੈਂਟਰ ਦਾ ਕੰਮ ਮੁਕੰਮਲ





**ਮਮਦੋਟ (ਜਸਬੀਰ ਸਿੰਘ ਕੰਬੋਜ)**-ਪੰਜਾਬ ਸਰਕਾਰ ਵੱਲੋਂ ਸਿਖਿਆ ਦੇ ਖੇਤਰ ਵਿੱਚ ਲਿਆਂਦੀ ਜਾਂ ਰਹੀ ਕ੍ਰਾਂਤੀ ਦੇ ਮੱਦੇਨਜਰ ਐਡਵੋਕੇਟ ਰਜਨੀਸ਼ ਦਹੀਆ ਐੱਮ ਐੱਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਦੀ ਯੋਗ ਅਗਵਾਈ ਹੇਠ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਸਕੂਲ ਆਫ ਐਮੀਨੈਂਸ) ਮਮਦੋਟ ਵਿਖੇ ਨਵੇਂ ਬਣ ਰਹੇ ਸੱਤ ਕਮਰਿਆਂ ਦਾ ਲੈਂਟਰ ਪਾਇਆ ਗਿਆ। ਸਕੂਲ ਪ੍ਰਿੰਸੀਪਲ ਰੁਬੀਨਾ ਚੋਪੜਾ ਅਤੇ ਜਸਬੀਰ ਸਿੰਘ ਚੇਅਰਮੈਨ ਸਕੂਲ ਮੈਨੇਜਮੈਂਟ ਕਮੇਟੀ ਨੇ ਦੱਸਿਆ ਕਿ ਸਕੂਲ ਮੈਨੇਜਮੈਂਟ ਕਮੇਟੀ ਦੀ ਦੇਖ ਰੇਖ ਹੇਠ ਬਣ ਰਹੇ ਕਮਰਿਆਂ ਦਾ ਲੈਂਟਰ ਤੱਕ ਦਾ ਕੰਮ ਮੁਕੰਮਲ ਹੋ ਗਿਆ ਸੀ ਤੇ ਹੁਣ ਇਨ੍ਹਾਂ ਕਮਰਿਆਂ ਦਾ ਕਰੀਬ 5600 ਸੁਕੇਅਰ ਫੁੱਟ ਦਾ ਇੱਕੋ ਦਿਨ ਲੈਂਟਰ ਪਾਉਣ ਵਾਸਤੇ ਤਿੰਨ ਮਸ਼ੀਨਾਂ ਲਗਾਈਆਂ ਗਈਆਂ ਹਨ ਜੋ ਕਿ ਅੱਜ ਸ਼ਾਮ ਤੱਕ ਕੰਮ ਕੰਪਲੀਟ ਹੋ ਜਾਵੇਗਾ। ਸਕੂਲ ਦੀ ਜ਼ਰੂਰਤ ਨੂੰ ਦੇਖਦੇ ਹੋਏ ਨਵੇਂ ਸੱਤ ਕਮਰੇ ਬਣਾਉਣ ਅਤੇ ਇਸ ਪਛੜੇ ਸਰਹੱਦੀ ਖੇਤਰ ਵਿੱਚ ਸਕੂਲ ਆਫ ਅਮੀਨੈਂਸ ਬਣਾਉਣ ਵਾਸਤੇ ਸਕੂਲ ਮੈਨੇਜਮੈਂਟ ਕਮੇਟੀ ਅਤੇ ਸਕੂਲ ਦੇ ਸਮੂਹ ਸਟਾਫ ਵੱਲੋਂ ਐਡਵੋਕੇਟ ਰਜਨੀਸ਼ ਦਹੀਆ ਤੇ ਆਮ ਆਦਮੀ ਪਾਰਟੀ ਦੀ ਮਮਦੋਟ ਟੀਮ ਦਾ ਧੰਨਵਾਦ ਕੀਤਾ ਗਿਆ। ਉਨ੍ਹਾ ਦੱਸਿਆ ਕਿ ਬਹੁਤ ਜਲਦ ਇਸ ਸਕੂਲ ਕੈਂਪਸ 'ਚ ਹੀ ਸਕੂਲ ਆਫ ਐਮੀਨੈਂਸ ਦੀ ਨਵੀਂ ਬਣਨ ਜਾ ਰਹੀ ਬਿਲਡਿੰਗ ਦਾ ਕੰਮ ਵੀ ਸ਼ੁਰੂ ਹੋ ਜਾਵੇਗਾ ਤੇ ਇਨ੍ਹਾਂ ਕਮਰਿਆਂ ਦੇ ਬਣ ਜਾਣ ਨਾਲ ਜੋ ਕਿ ਬੱਚਿਆਂ ਨੂੰ ਇਸ ਸਕੂਲ ਵਿੱਚ ਕਮਰਿਆਂ ਦੀ ਘਾਟ ਕਾਰਨ ਮੁਸ਼ਕਿਲ ਆ ਰਹੀ ਸੀ ਕੁਝ ਹੱਦ ਤੱਕ ਹੱਲ ਹੋ ਜਾਵੇਗੀ। ਇਨ੍ਹਾਂ ਸੱਤ ਕਮਰਿਆਂ ਦੀ ਉਸਾਰੀ ਵਾਸਤੇ ਅਧਿਆਪਕ ਰਵਿੰਦਰ ਸਿੰਘ, ਮਨਦੀਪ ਸਿੰਘ, ਸੁਰਿੰਦਰ ਸਿੰਘ, ਰਾਜੇਸ਼ ਸਰ, ਕਮਲ ਗੋਇਲ, ਸਮੂਹ ਸਟਾਫ ਅਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਸਮੂਹ ਮੈਂਬਰ ਸਹਿਬਾਨ ਦਾ ਵਿਸ਼ੇਸ਼ ਯੋਗਦਾਨ ਰਿਹਾ ਹੈ।

## ਆਰ ਓ ਸਿਸਟਮ ਦਾ ਕੈਬਨਿਟ ਮੰਤਰੀ ਵੱਲੋਂ ਉਦਘਾਟਨ



**ਸ੍ਰੀ ਮੁਕਤਸਰ ਸਾਹਿਬ/ਮਲੋਟ (ਸ਼ਮਿੰਦਰਪਾਲ, ਪੂਜਾ)**-ਡਾ. ਐਸ ਪੀ ਸਿੰਘ ਓਬਰਾਏ ਵਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਲੜੀ ਤਹਿਤ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਤੇ ਸਰਕਾਰੀ ਪ੍ਰਾਇਮਰੀ ਸਕੂਲ ਵੈਸਟ 2 ਮੰਡੀ ਹਰਜੀਰਾਮ ਵਿਖੇ ਬੱਚਿਆਂ ਨੂੰ ਸਾਫ ਪਾਣੀ ਪੀਣ ਲਈ ਮੁਫ਼ਤ ਆਰ ਓ ਸਿਸਟਮ ਲਾਇਆ ਗਿਆ ਸੀ, ਜਿਸ ਦਾ ਉਦਘਾਟਨ ਡਾ. ਬਲਜੀਤ ਕੌਰ ਮਾਨਯੋਗ ਕੈਬਨਿਟ ਮੰਤਰੀ ਪੰਜਾਬ ਸਰਕਾਰ ਵੱਲੋਂ ਆਪਣੇ ਕਰ ਕਮਲਾਂ ਨਾਲ ਕੀਤਾ ਗਿਆ। ਉਦਘਾਟਨ ਉਪਰੰਤ ਆਪਣੇ ਭਾਸ਼ਣ 'ਚ ਕੈਬਨਿਟ ਮੰਤਰੀ ਪੰਜਾਬ ਸਰਕਾਰ ਵੱਲੋਂ ਡਾ. ਐਸ ਪੀ ਸਿੰਘ ਓਬਰਾਏ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ ਤੇ ਟਰੱਸਟ ਵੱਲੋਂ ਦੁਨੀਆ ਭਰ ਵਿੱਚ ਕੀਤੇ ਜਾ ਰਹੇ ਮਾਨਵਤਾ ਦੀ ਭਲਾਈ ਲਈ ਕੰਮਾਂ ਦੀ ਵੀ ਚਰਚਾ ਕੀਤੀ ਗਈ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਮਾਲਵਾ ਖੇਤਰ ਦਾ ਪਾਣੀ ਬਹੁਤ ਹੀ ਜ਼ਹਿਰੀਲਾ ਹੋਣ ਕਾਰਨ ਬੱਚੇ ਵੱਖ-ਵੱਖ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ।ਆਰ ਓ ਲੱਗਣ ਉਪਰੰਤ ਸਕੂਲ ਦੇ ਵਿਦਿਆਰਥੀਆਂ, ਅਧਿਆਪਕਾਂ ਤੇ ਵਿਦਿਆਰਥੀਆਂ ਦੇ ਮਾਪਿਆਂ ਵੱਲੋਂ ਡਾ. ਓਬਰਾਏ ਦਾ ਧੰਨਵਾਦ ਕੀਤਾ ਗਿਆ। ਅਨਿਲ ਜੁਨੇਜਾ ਪ੍ਰਧਾਨ ਮਲੋਟ ਇਕਾਈ ਨੇ ਕਿਹਾ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਮਲੋਟ ਏਰੀਆ ਵਿੱਚ ਇਸ ਤੋਂ ਪਹਿਲਾਂ ਵੀ 18 ਆਰ ਓ ਸਿਸਟਮ ਵੱਖ-ਵੱਖ ਸਕੂਲਾਂ ਵਿੱਚ ਲਾਏ ਜਾ ਚੁੱਕੇ ਹਨ।

## ਬਾ.ਗਬਾਨੀ ਵਿਭਾਗ ਵੱਲੋਂ ਜਾਗਰੂਕਤਾ ਕੈਂਪ



**ਲੁਧਿਆਣਾ (ਰਾਜ ਸਿੰਗਲਾ)**-ਡਿਪਟੀ ਡਾਇਰੈਕਟਰ ਬਾਗਬਾਨੀ ਲੁਧਿਆਣਾ ਵੱਲੋਂ ਜਾਰੀ ਦਿਸ਼ਾ ਨਿਰਦੇਸ਼ ਅਧੀਨ ਫ਼ਲ ਸੁਰੱਖਿਆ ਲੈਬਾਰਟਰੀ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਪਿੰਡ ਇਯਾਲੀ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪੀ.ਏ.ਯੂ, ਲੁਧਿਆਣਾ ਦੇ ਵਿਦਿਆਰਥੀਆਂ ਲਈ ਜਾਗਰੂਕਤਾ ਕੈਂਪ ਲਾਇਆ ਗਿਆ। ਵਿਸ਼ੇ 'ਤੇ ਚਾਨਣਾ ਪਾਉਂਦਿਆਂ ਡਾ ਜਸਪ੍ਰੀਤ ਕੌਰ ਗਿੱਲ ਸਿੱਧੂ ਬਾਗਬਾਨੀ ਵਿਕਾਸ ਅਫਸਰ ਨੇ ਫ਼ਲ ਤੇ ਸਬਜ਼ੀਆਂ ਦੀ ਪ੍ਰੋਸੈਸਿੰਗ ਅਤੇ ਪ੍ਰੀਜ਼ਰਵੇਸ਼ਨ ਦੀ ਜਾਣਕਾਰੀ ਦਿੱਤੀ।ਰਸਾਇਣ ਮੁਕਤ ਘਰੇਲੂ ਬਗੀਚੀ, ਫਰੂਟ ਨਿਊਟ੍ਰੀਸ਼ਨ ਗਾਰਡਨ ਤੇ ਹਰਬਲ ਗਾਰਡਨ ਤਰੀਕੇ ਨੂੰ ਸਕੂਲੀ ਅਤੇ ਘਰੇਲੂ ਪੱਧਰ ਉੱਤੇ ਅਪਣਾਉਣ ਨਾਲ ਜਿੱਥੇ ਜੈਵਿਕ ਸਬਜ਼ੀਆਂ ਤੇ ਫ਼ਲਾਂ ਦੀ ਪੈਦਾਵਾਰ ਕਰਕੇ ਆਪਣੇ ਆਪ ਨੂੰ ਰੋਗ ਮੁਕਤ ਰੱਖਣ ਦੇ ਨਾਲ-ਨਾਲ ਜ਼ਰੂਰੀ ਪੌਸ਼ਟਿਕ ਤੱਤਾਂ ਦੀ ਪੂਰਤੀ ਦਾ ਸਾਧਨ ਵੀ ਹੈ।

## ਗੁਰੂ ਨਾਨਕ ਲਾਅ ਕਾਲਜ 'ਚ ਮਨਾਇਆ ਸੰਵਿਧਾਨ ਦਿਵਸ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਗੁਰੂ ਨਾਨਕ ਲਾਅ ਕਾਲਜ ਸਾਈਆਂਵਾਲਾ 'ਚ 75ਵਾਂ ਸੰਵਿਧਾਨ ਦਿਵਸ ਮਨਾਇਆ ਗਿਆ।ਕਾਲਜ ਦੇ ਵਿਕਾਸ ਅਤੇ ਵਿਦਿਆਰਥੀਆਂ ਨੇ ਆਪਣੇ ਵਿਚਾਰ ਰੱਖੇ। ਕਾਲਜ ਦੇ ਪ੍ਰਿੰਸੀਪਲ ਡਾ. ਮਾ ਅਜ਼ਵਰ ਖਾਨ ਨੇ ਦੱਸਿਆ ਕਿ ਭਾਰਤ ਦਾ ਸੰਵਿਧਾਨ ਪੂਰੀ ਦੁਨੀਆ ਦਾ ਸਭ ਤੋਂ ਵਿਆਪਕ ਸੰਵਿਧਾਨ ਹੈ।ਭਾਰਤੀ ਦਖਲਅੰਦਾਜ਼ੀ ਮੂਲ ਮਿਆਰ ਵਾਂਗ ਕੰਮ ਕਰਦਾ ਹੈ। ਅਤੇ ਕੋਈ ਵੀ ਕਾਨੂੰ ਸੰਵਿਧਾਨ ਤੋਂ ਉੱਪਰ ਨਹੀਂ ਹੈ।ਕਾਲਜ ਦੀ ਸਹਾਇਕ ਪ੍ਰੋਫੈਸਰ ਰਚਨਾ ਰਾਏ ਤੇ ਚੀਨਾ ਮੈਡਮ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।ਗੁਰੂ ਨਾਨਕ ਐਜੂਕੇਸ਼ਨ ਸੁਸਾਇਟੀ ਦੇ ਪ੍ਰਧਾਨ ਰਤਿੰਦਰ ਸਿੰਘ ਸਾਈਆਂਵਾਲਾ ਨੇ ਕਿਹਾ ਕਿ ਭਾਰਤੀ ਸੰਵਿਧਾਨ ਕੇਵਲ ਇੱਕ ਸੰਵਿਧਾਨ ਨਹੀਂ ਹੈ, ਸਗੋਂ ਇਹ ਸੰਵਿਧਾਨਵਾਦ ਦਾ ਇੱਕ ਰੂਪ ਹੈ, ਜੋ ਆਪਸੀ ਭਾਈਚਾਰੇ ਅਤੇ ਧਰਮ ਨਿਰਪੱਖਤਾ ਵਰਗੀਆਂ ਕਦਰਾਂ-ਕੀਮਤਾਂ 'ਤੇ ਅਧਾਰਤ ਹੈ।ਉਨ੍ਹਾਂ ਕਿਹਾ ਕਿ ਮੌਜੂਦਾ ਸਿਆਸੀ ਦ੍ਰਿਸ਼ ਨੂੰ ਦੇਖਦੇ ਹੋਏ ਸੰਵਿਧਾਨ ਦੀ ਅਹਿਮ ਭੂਮਿਕਾ ਹੈ। ਇਸ ਮੌਕੇ ਲਾਇਬ੍ਰੇਰੀ ਪ੍ਰਧਾਨ ਸਾਕਸ਼ੀ ਚਾਨਣਾ, ਦਫ਼ਤਰ ਇੰਚਾਰਜ ਗੁਰਵਿੰਦਰ ਸਿੰਘ ਸਮੂਹ ਸਟਾਫ਼ ਤੇ ਸਮੂਹ ਵਿਦਿਆਰਥੀ ਹਾਜ਼ਰ ਸਨ।

## ਚੈੱਕ ਦੇ ਮਾਮਲੇ 'ਚ 1 ਸਾਲ ਕੈਦ ਤੇ ਇੱਕ ਲੱਖ ਦਾ ਹਰਜਾਨਾ

**ਬਰਨਾਲਾ (ਰਾਜਿੰਦਰ ਬਰਾੜ)**-ਮਾਨਯੋਗ ਅਦਾਲਤ ਮੈਡਮ ਸੁਖਮੀਤ ਕੌਰ, ਜੁਡੀਸ਼ੀਅਲ ਮੈਜਿਸਟਰੇਟ ਫਸਟ ਕਲਾਸ ਸਾਹਿਬ ਵੱਲੋਂ ਰਾਜਵਿੰਦਰ ਸਿੰਘ ਪੁੱਤਰ ਹਰਬੰਸ ਸਿੰਘ ਵਾਸੀ ਠੁੱਲੇਵਾਲ ਨੂੰ ਚੈਕ ਦੇ ਕੇਸ ਵਿੱਚ 1 ਸਾਲ ਦੀ ਸਖਤ ਸਜ਼ਾ ਤੇ 1,00,000/- ਰੁਪਏ ਹਰਜਾਨਾ ਅਦਾ ਕਰਨ ਦਾ ਹੁਕਮ ਸੁਣਾਇਆ ਗਿਆ ਹੈ।ਧੀਰਜ ਕੁਮਾਰ ਐਡਵੋਕੇਟ ਬਰਨਾਲਾ ਨੇ ਦੱਸਿਆ ਕਿ ਹਰਵਿੰਦਰ ਸਿੰਘ ਨੇ ਸਾਲ 2019 ਵਿੱਚ 8,46,000/- ਰੁਪਏ ਰਾਜਵਿੰਦਰ ਸਿੰਘ ਨੂੰ ਉਧਾਰ ਦਿੱਤੇ ਸਨ, ਜਿਸ ਵਿੱਚੋਂ ਉਸਨੇ 80,000/- ਰੁਪਏ ਵਾਪਸ ਕਰ ਦਿੱਤੇ ਸਨ ਤੇ ਬਾਕੀ ਰਕਮ ਸਮੇਤ ਵਿਆਜ ਵਾਪਸ ਕਰਨ ਦੀ ਇਵਜ਼ ਵਿੱਚ ਰਾਜਵਿੰਦਰ ਸਿੰਘ ਨੇ ਇੱਕ ਚੈਕ ਨੰਬਰੀ 000004 ਮਿਤੀ 05-10-2020 ਨੂੰ 9,52,400/- ਰੁਪਏ ਦਾ ਜਾਰੀ ਕਰ ਦਿੱਤਾ ਤੇ ਉਸ ਤੋਂ ਬਾਅਦ ਚੈੱਕ ਗੁੰਮ ਹੋਣ ਦਾ ਬਹਾਨਾ ਕਰਕੇ ਬੈਂਕ ਵਿੱਚ ਪੇਮੈਂਟ ਸਟੋਪ ਕਰਨ ਸਬੰਧੀ ਦਰਖਾਸਤ ਦੇ ਦਿੱਤੀ, ਜੋ ਬੈਂਕ ਵੱਲੋਂ ਚੈੱਕ ਡਿਸਆਨਰ ਕਰ ਦਿੱਤਾ ਗਿਆ, ਜੋ ਉਕਤ ਚੈਕ ਦੇ ਡਿਸਆਨਰ ਹੋਣ ਤੇ ਹਰਵਿੰਦਰ ਸਿੰਘ ਵੱਲੋਂ ਆਪਣੇ ਵਕੀਲ ਸ੍ਰੀ ਧੀਰਜ ਕੁਮਾਰ ਐਡਵੋਕੇਟ, ਬਰਨਾਲਾ ਰਾਹੀਂ ਰਾਜਵਿੰਦਰ ਸਿੰਘ ਦੇ ਖਿਲਾਫ ਇੱਕ ਕੰਪਲੇਂਟ ਜੇਰ ਦਫਾ 138 ਐਨ.ਆਈ. ਐਕਟ ਤਹਿਤ ਮਾਨਯੋਗ ਅਦਾਲਤ ਮੈਡਮ ਸੁਖਮੀਤ ਕੌਰ, ਜੇ.ਐਮ.ਆਈ.ਸੀ. ਬਰਨਾਲਾ ਪਾਸ ਦਾਇਰ ਕੀਤੀ ਗਈ, ਜੋ ਮਾਨਯੋਗ ਅਦਾਲਤ ਵੱਲੋਂ ਮੁਦਈ ਧਿਰ ਦੇ ਵਕੀਲ ਸ੍ਰੀ ਧੀਰਜ ਕੁਮਾਰ, ਐਡਵੋਕੇਟ, ਬਰਨਾਲਾ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਹੋਏ ਕਿ ਰਾਜਵਿੰਦਰ ਸਿੰਘ ਨੇ ਜੋ ਰਕਮ ਹਾਸਲ ਕੀਤੀ ਸੀ, ਉਸਦੀ ਬਕਾਇਦਾ ਹਰਵਿੰਦਰ ਸਿੰਘ ਦੀ ਡਾਇਰੀ ਵਿੱਚ ਐਂਟਰੀ ਕੀਤੀ ਹੋਈ ਸੀ, ਜਿਸ 'ਤੇ ਰਾਜਵਿੰਦਰ ਸਿੰਘ ਨੇ ਦਸਤਖਤ ਕੀਤੇ ਸਨ, ਹਰਵਿੰਦਰ ਸਿੰਘ ਨੇ ਉਕਤ ਰਕਮ ਆਪਣੀਆਂ ਇਨਕਮ ਟੈਕਸ ਦੀਆਂ ਰਿਟਰਨਾਂ ਵਿੱਚ ਵੀ ਦਰਜ ਕੀਤੀ ਹੋਈ ਸੀ, ਰਾਜਵਿੰਦਰ ਸਿੰਘ ਵੱਲੋਂ ਗ਼ਲਤ ਮਨਸ਼ਾ ਦੇ ਤਹਿਤ ਬੈਂਕ ਵਿੱਚ ਪੇਮੈਂਟ ਸਟੌਪ ਕੀਤੀ ਗਈ ਤੇ ਚੈੱਕ ਜਾਰੀ ਕਰਕੇ ਜੁਰਮ ਕੀਤਾ ਹੈ। ਮੁਲਜ਼ਮ ਰਾਜਵਿੰਦਰ ਸਿੰਘ ਨੂੰ ਉਕਤ ਕੇਸ ਵਿੱਚ 1 ਸਾਲ ਦੀ ਸਜ਼ਾ ਅਤੇ 1,00,000/- ਰੁਪਏ ਹਰਜ਼ਾਨਾ ਅਦਾ ਕਰਨ ਦਾ ਹੁਕਮ ਸੁਣਾਇਆ ਗਿਆ।

# ਆਰਥਿਕ ਲੁੱਟ ਮੁਕਤ ਪ੍ਰਣਾਲੀ ਦੀ ਸਿਰਜਣਾ ਲਈ ਸ਼ਹੀਦਾਂ ਦੀ ਸੋਚ ਨੂੰ ਅਪਣਾਉਣਾ ਜ਼ਰੂਰੀ : ਚੌਹਾਨ



**ਮਾਨਸਾ (ਆਤਮਾ ਸਿੰਘ ਪਮਾਰ)**-ਮੁਜ਼ਾਰਾ ਲਹਿਰ ਦੇ ਮੋਢੀ, ਉਘੇ ਸੁਤੰਤਰਤਾ ਸੰਗਰਾਮੀਏ, ਮਹਾਨ ਕਮਿਊਨਿਸਟ ਤੇ ਸਾਬਕਾ ਵਿਧਾਇਕ ਕਾਮਰੇਡ ਧਰਮ ਸਿੰਘ ਫੱਕਰ ਦੀ 51 ਵੀਂ ਬਰਸੀ ਦੀਆਂ ਤਿਆਰੀਆਂ ਜ਼ੋਰਾਂ ਸ਼ੋਰਾਂ ਨਾਲ ਚੱਲ ਰਹੀਆਂ ਹਨ। ਪ੍ਰੋਗਰਾਮ ਦੀ ਤਿਆਰੀ ਸਬੰਧੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਚੌਹਾਨ ਨੇ ਕਿਹਾ ਕਿ ਬਹੁ ਕੌਮੀ ਕੰਪਨੀਆਂ ਤੇ ਪੂੰਜੀਪਤੀ ਘਰਾਣਿਆਂ ਤੋਂ ਦੇਸ਼ ਦੀ ਆਰਥਿਕ ਲੁੱਟ ਮੁਕਤ ਪ੍ਰਣਾਲੀ ਦੀ ਸਿਰਜਣਾ ਕਰਨ ਲਈ ਸ਼ਹੀਦਾਂ ਦੀ ਸੋਚ ਨੂੰ ਅਪਣਾਉਣਾ ਸਮੇਂ ਦੀ ਮੁੱਖ ਲੋੜ ਹੈ। ਕਿਉਂਕਿ ਸੱਤਾਧਾਰੀ ਹਾਕਮਾਂ ਵੱਲੋਂ ਦੇਸ਼ ਨੂੰ ਹਰ ਪੱਖੋਂ ਆਰਥਿਕ, ਸਮਾਜਿਕ ਤੇ ਰਾਜਸੀ ਤੌਰ 'ਤੇ ਕਮਜ਼ੋਰ ਕਰਕੇ ਧਾਰਮਿਕ ਵੰਡੀਆਂ ਪਾਈਆਂ ਜਾ ਰਹੀਆਂ ਹਨ।ਦੇਸ਼ ਦਿਨ ਬਦਿਨ ਕਮਜ਼ੋਰ ਹੋ ਰਿਹਾ ਹੈ, ਸਰਮਾਏਦਾਰੀ ਦਾ ਗਲਬਾ ਤੇ ਜਕੜ ਵਧ ਰਹੀ ਹੈ। ਦੇਸ਼ ਦੀ ਆਜ਼ਾਦੀ ਲਈ ਜਾਨਾਂ ਵਾਰਨ ਵਾਲੇ ਸਾਡੇ ਸ਼ਹੀਦਾਂ ਦੀ ਸੋਚ ਦੇ ਉਲਟ ਪ੍ਰੋਗਰਾਮ ਬਣਾਏ ਜਾ ਰਹੇ ਹਨ। ਅੱਜ ਦੇਸ਼ ਨੂੰ ਆਰਥਿਕ ਲੀਹਾਂ 'ਤੇ ਤੋਰਨ ਲਈ ਨਿਰੰਤਰ ਤੌਰ 'ਤੇ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਨੌਜਵਾਨ ਪੀੜ੍ਹੀ ਨੂੰ ਜਾਗਰੂਕ ਕਰਨ ਦੀ ਜ਼ਰੂਰਤ ਹੈ।ਸਬ ਡਵੀਜ਼ਨ ਸਕੱਤਰ ਕਾਮਰੇਡ ਰੂਪ ਸਿੰਘ ਢਿੱਲੋਂ ਨੇ ਬਰਸੀ ਦੀ ਸਫਲਤਾ ਲਈ ਵੱਡੀ ਗਿਣਤੀ ਵਿੱਚ 2 ਦਸੰਬਰ ਨੂੰ ਕਾਮਰੇਡ ਫੱਕਰ ਦੇ ਜੱਦੀ ਪਿੰਡ ਦਲੇਲ ਸਿੰਘ ਵਾਲਾ ਪੁੱਜਣ ਦੀ ਅਪੀਲ ਕੀਤੀ।ਇਸ ਮੌਕੇ ਗੁਰਦਿਆਲ ਸਿੰਘ, ਗੁਰਦੇਵ ਸਿੰਘ, ਕ੍ਰਿਸ਼ਨ ਸ਼ਰਮਾ, ਸੁਖਦੇਵ ਭੱਠਲ, ਗੁਲਜ਼ਾਰ ਖ਼ਾਂ, ਗੋਰਾ ਸਿੰਘ, ਦਰਸ਼ਨ ਸਿੰਘ, ਬਿੱਕਰ ਸਿੰਘ ਤੇ ਕੁਲਵੰਤ ਸਿੰਘ ਆਦਿ ਆਗੂ ਵੀ ਸ਼ਾਮਲ ਸਨ।

## ਐੱਨ ਆਰ ਆਈ 'ਤੇ ਜ਼ਮੀਨ ਨੂੰ ਲੈ ਕੇ ਝੂਠੇ ਮੁਕੱਦਮੇ ਕਰਵਾਉਣ ਦਾ ਦੋਸ਼

**ਦੋਰਾਹਾ (ਹਰਮਿੰਦਰ ਸਿੰਘ)**-ਮਾਮਲਾ ਪਿੰਡ ਬਿਲਾਸਪੁਰ ਦਾ ਹੈ, ਜਿੱਥੇ ਇੱਕ ਪਰਵਾਰ ਵੱਲੋਂ ਆਪਣੇ ਸਕੇ-ਸੰਬੰਧੀ ਐਨ ਆਰ ਆਈ ਵਲੋਂ ਜ਼ਮੀਨ ਨੂੰ ਲੈ ਕੇ 2 ਝੂਠੇ ਪੁਲਸ ਮੁਕੱਦਮੇ ਕਰਵਾਉਣ ਦਾ ਦੋਸ਼ ਲਗਾਇਆ ਗਿਆ। ਪਿੰਡ ਦੇ ਮੋਹਤਬਰ, ਸਾਬਕਾ ਅਤੇ ਮੌਜੂਦਾ ਸਰਪੰਚ ਪਰਵਾਰ ਦੇ ਹੱਕ 'ਚ ਆਏ। ਪੰਚਾਇਤ ਮੈਂਬਰਾ ਦਾ ਦੋਸ਼ ਹੈ ਕਿ ਅਮਰੀਕਾ ਰਹਿੰਦਾ ਐਨ ਆਰ ਆਈ ਪ੍ਰਸ਼ਾਸਨਿਕ ਰਸੂਖ਼ ਅਤੇ ਅਧਿਕਾਰਾਂ ਦੀ ਦੁਰਵਰਤੋਂ ਕਰ ਰਿਹਾ ਹੈ। ਪਰਵਾਰ ਅਤੇ ਠੇਕੇ ਤੇ ਜ਼ਮੀਨ ਵਾਹ ਰਹੇ ਕਿਸਾਨ ਨਾਲ ਧੱਕਾ ਕਰ ਰਿਹਾ ਹੈ। ਪਿੰਡ ਵਾਸੀਆਂ ਅਤੇ ਪੰਚਾਇਤ ਨੇ ਪ੍ਰਸ਼ਾਸਨ ਨੂੰ ਇਨਸਾਫ ਦੀ ਗੁਹਾਰ ਲਾਈ ਹੈ। ਅਗਰ ਧੱਕੇਸ਼ਾਹੀ ਨਾ ਰੋਕੀ ਤਾਂ ਕਿਸਾਨ ਜਥੇਬੰਦੀਆਂ ਨੂੰ ਲੈ ਕੇ ਪ੍ਰਦਰਸ਼ਨ ਕਰਨਗੇ। ਦੂਜੇ ਪਾਸੇ ਪੁਲਸ ਅਧਿਆਰੀਆਂ ਦਾ ਕਹਿਣਾ ਹੈ ਉਹ ਇਸ ਮਾਮਲੇ 'ਤੇ ਗੰਭੀਰਤਾ ਨਾਲ ਜਾਂਚ ਕਰ ਰਹੇ ਹਨ ਪਰ ਕੈਮਰੇ ਅੱਗੇ ਬੋਲਣ ਤੋਂ ਕਤਰਾਉਂਦੇ ਨਜ਼ਰ ਆਏ। ਇਸ ਮੌਕੇ ਸਰਪੰਚ ਰਣਜੀਤ ਸਿੰਘ ਬਿੱਲੂ ਮੌਜੂਦਾ ਸਰਪੰਚ, ਸਾਬਕਾ ਸਰਪੰਚ ਜਗਤਾਰ ਸਿੰਘ, ਹੈਪੀ ਝੱਜ ਸਾਬਕਾ ਪੰਚ ਕੇਸਰ ਸਿੰਘ, ਦਵਿੰਦਰ ਸਿੰਘ ਝੱਜ, ਕੁਲਵਿੰਦਰ ਸਿੰਘ ਕਿੰਦਾ, ਸਿੰਦਰ ਸਿੰਘ ਝੱਜ, ਹਰਜੀਤ ਸਿੰਘ ਝੱਜ ਅਤੇ ਰਣਜੋਤ ਸਿੰਘ ਝੱਜ ਪਰਵਾਰ ਨਾਲ ਹਾਜ਼ਰ ਸਨ।

# ਟ੍ਰਾਈਡੈਂਟ ਦੀ ਪਹਿਲਕਦਮੀ ਨੇ 2000 ਏਕੜ ਤੋਂ ਵੱਧ ਜ਼ਮੀਨ 'ਤੇ ਪਰਾਲੀ ਸਾੜਨ ਤੋਂ ਰੋਕਿਆ



**ਬਰਨਾਲਾ (ਰਾਜਿੰਦਰ ਬਰਾੜ)**

ਇੱਕ ਪਰਿਵਰਤਨਕਾਰੀ ਕਦਮ ਦੇ ਰੂਪ ਵਿੱਚ ਟ੍ਰਾਈਡੈਂਟ ਗਰੁੱਪ ਨੇ ਅਪਣੇ ਉਦਯੋਗਿਕ ਬਾਇਲਰਾਂ ਵਿੱਚ ਈਂਧਨ ਸਰੋਤ ਦੇ ਰੂਪ ਵਿੱਚ ਪਰਾਲੀ ਦੀ ਵਰਤੋਂ ਨੂੰ ਅਪਣਾਇਆ ਹੈ, ਜਿਸ ਨਾਲ ਲਗਭਗ ਇਸ ਖੇਤਰ ਦੇ 2000 ਏਕੜ ਤੋਂ ਜ਼ਿਆਦਾ ਖੇਤਾਂ ਵਿੱਚ ਪਰਾਲੀ ਨੂੰ ਸਾੜਨ ਤੋਂ ਰੋਕਿਆ ਜਾ ਰਿਹਾ ਹੈ। ਰਵਾਇਤੀ ਰੂਪ ਤੋਂ ਫਸਲ ਕਟਾਈ ਤੋਂ ਬਾਅਦ ਖੇਤਾਂ ਨੂੰ ਸਾਫ ਕਰਨ ਲਈ ਪਰਾਲੀ ਨੂੰ ਸਾੜਨਾ ਇੱਕ ਆਸਾਨ ਤਰੀਕਾ ਮੰਨਿਆ ਜਾਂਦਾ ਰਿਹਾ ਹੈ ਪਰ ਅਜਿਹੇ ਅਭਿਆਸ ਉੱਤਰੀ ਭਾਰਤ ਵਿੱਚ ਹਵਾ ਪ੍ਰਦੂਸ਼ਣ ਨੂੰ ਵਧਾਉਣ ਦਾ ਮੁੱਖ ਕਾਰਕ ਬਣ ਗਏ ਹਨ, ਅਤੇ ਏਅਰ ਕੁਆਲਿਟੀ ਇੰਡੈਕਸ ਨੂੰ ਖਤਰਨਾਕ ਪੱਧਰ ਤੱਕ ਲਿਜਾਣ ਲਈ ਜ਼ਿੰਮੇਵਾਰ ਹਨ। ਦਿੱਲੀ ਵਰਗੇ ਸ਼ਹਿਰ ਵਿੱਚ ਪੀਕ ਸੀਜ਼ਨ ਦੌਰਾਨ ਏਅਰ ਕੁਆਲਿਟੀ ਇੰਡੈਕਸ ਦਾ ਰੀਡਿੰਗ 400 ਤੋਂ ਜ਼ਿਆਦਾ ਹੋ ਜਾਂਦਾ ਹੈ ਅਤੇ ਇਹ ਪੱਧਰ ਜਨਤਕ ਸਿਹਤ ਲਈ ਗੰਭੀਰ ਅਤੇ ਖਤਰਨਾਕ ਮੰਨਿਆ ਜਾਂਦਾ ਹੈ।ਰਵਾਇਤੀ ਪਰਾਲੀ ਸਾੜਨ ਨਾਲ ਪ੍ਰਦੂਸ਼ਣ ਦੇ ਕਣ ਨਿਕਲਦੇ ਹਨ ਜੋ ਸਾਹ ਸੰਬੰਧੀ ਸਮੱਸਿਆਵਾਂ, ਕਾਲੀ ਧੁੰਦ ਅਤੇ ਪੰਜਾਬ, ਹਰਿਆਣਾ ਅਤੇ ਦਿੱਲੀ ਐੱਨ.ਸੀ.ਆਰ ਵਿੱਚ ਪ੍ਰਦੂਸ਼ਣ ਦੇ ਵਾਧੇ ਵਿੱਚ ਯੋਗਦਾਨ ਦਿੰਦੇ ਹਨ। ਲਗਾਤਾਰ ਨਿਕਲਣ ਵਾਲਾ ਧੂੰਆ ਦਿੱਲੀ ਦੇ ਮੌਸਮੀ ਪ੍ਰਦੂਸ਼ਣ ਵਿੱਚ 44% ਤੋਂ ਜ਼ਿਆਦਾ ਦੇ ਵਾਧੇ ਲਈ ਜ਼ਿੰਮੇਵਾਰ ਮੰਨਿਆ ਜਾਂਦਾ ਹੈ, ਜਿਸ ਨਾਲ ਪਰਾਲੀ ਦਾ ਸੜਨਾ ਇੱਕ ਮਹੱਤਵਪੂਰਨ ਵਾਤਾਵਰਨਕ ਅਤੇ ਜਨਤਕ ਸਿਹਤ ਮੁੱਦਾ ਬਣ ਗਿਆ ਹੈ।ਟ੍ਰਾਈਡੈਂਟ ਵਲੋਂ ਪਰਾਲੀ ਨੂੰ ਇੱਕ ਸਥਾਈ ਈਂਧਨ ਦੇ ਰੂਪ ਵਿੱਚ ਉਪਯੋਗ ਕਰਨਾ ਪਰਟੀਕੁਲੇਟ ਮੈਟਰ ਦੀ ਨਿਕਾਸੀ ਨੂੰ ਘੱਟ ਕਰਦੇ ਹੋਏ ਹਵਾ ਦੇ ਪ੍ਰਦੂਸ਼ਣ ਨੂੰ ਘੱਟ ਕਰਨਾ ਹੈ ਅਤੇ ਇੱਕ ਸਰਕੂਲਰ ਇਕੋਨਾਮੀ ਨੂੰ ਲੈ ਕੇ ਲੋਕਾਂ ਦੀ ਸੋਚ ਨੂੰ ਉਤਸ਼ਾਹਿਤ ਕਰਨ ਦੀ ਦਿਸ਼ਾ ਵਿੱਚ ਇੱਕ ਵਡਾ ਕਦਮ ਹੈ। ਪਰਾਲੀ ਨੂੰ ਊਰਜਾ ਵਿੱਚ ਪਰਿਵਰਤਿਤ ਕਰਕੇ, ਟ੍ਰਾਈਡੈਂਟ ਇੱਕ ਅਜਿਹੇ ਹੱਲ ਦਾ ਉਦਾਹਰਣ ਪੇਸ਼ ਕਰਦਾ ਹੈ ਜੋ ਵਾਤਾਵਰਣਕ ਸਸਟੇਨੇਬਿਲਿਟੀ ਅਤੇ ਜਨਤਕ ਸਿਹਤ ਦੋਵਾਂ ਨੂੰ ਸੰਬੋਧਿਤ ਕਰਦਾ ਹੈ, ਅਤੇ ਜ਼ਿੰਮੇਵਾਰ ਉਦਯੋਗਿਕ ਅਭਿਆਸ ਦੇ ਲਈ ਇੱਕ ਮਾਪਦੰਡ ਸਥਾਪਿਤ ਕਰਦਾ ਹੈ।

## ਸਿੱਖਿਆ ਵਿਭਾਗ ਦੀ ਤਰੱਕੀ ਨੀਤੀ ਖ਼ਿਲਾਫ਼ ਸੰਘਰਸ਼ ਕਰਾਂਗੇ : ਡੀ ਟੀ ਐੱਫ

**ਲੌਂਗੋਵਾਲ/ਸੰਗਰੂਰ (ਪ੍ਰਦੀਪ ਸਿੰਘ ਸੱਪਲ)**-ਸਿੱਖਿਆ ਵਿਭਾਗ ਵਿੱਚ 2001 ਤੋਂ ਵਿਭਾਗੀ ਅਣਦੇਖੀ ਦਾ ਸੰਤਾਪ ਭੋਗ ਰਹੇ ਅਤੇ ਤਰੱਕੀ ਦੀ ਉਡੀਕ ਕਰਦੇ ਅਧਿਆਪਕਾਂ ਨੂੰ ਅਦਾਲਤਾਂ ਦੇ ਚੱਕਰ ਕੱਟਣ ਤੋਂ ਬਾਅਦ ਈਟੀਟੀ ਤੋਂ ਮਾਸਟਰ ਕਾਡਰ ਅਤੇ ਪੀਟੀਆਈ ਤੋਂ ਡੀਪੀਈ ਮਾਸਟਰ ਦੀ ਤਰੱਕੀ ਦੇ ਮਿਲੇ ਹੁਕਮ ਜੀਅ ਦਾ ਜੰਜ਼ਾਲ ਬਣ ਚੁਕੇ ਹਨ। ਪ੍ਰਤੀਨਿਧ ਅਧਿਆਪਕ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਦਾਤਾ ਸਿੰਘ ਨਮੋਲ ਅਤੇ ਸਕੱਤਰ ਹਰਭਗਵਾਨ ਗੁਰਨੇ ਨੇ ਸਿੱਖਿਆ ਵਿਭਾਗ ਦੀ ਤਰੱਕੀ ਨੀਤੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵਿਭਾਗ ਵਿੱਚ ਸਿੱਖਿਆ ਨੀਤੀ 2020 ਨੂੰ ਲਾਗੂ ਕਰਕੇ ਵਿਭਾਗ ਦੀ ਅਕਾਰ ਘਟਾਈ ਕਰਨ ਮਿਡਲ ਸਕੂਲਾਂ ਨੂੰ ਮਰਜ਼ ਕਰਨ ਅਤੇ ਹਜ਼ਾਰਾਂ ਪੋਸਟਾਂ ਨੂੰ ਖ਼ਤਮ ਕਰਨ ਦੇ ਰਾਹ ਪੈ ਚੁੱਕੀ ਹੈ। ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸੰਗਰੂਰ, ਪ੍ਰੈੱਸ ਸਕੱਤਰ ਜਸਬੀਰ ਨਮੋਲ ਅਤੇ ਵਿੱਤ ਸਕੱਤਰ ਯਾਦਵਿੰਦਰ ਪਾਲ ਨੇ ਦੱਸਿਆ ਕਿ ਬੀਤੇ ਦਿਨੀਂ ਪ੍ਰਾਇਮਰੀ ਕਾਡਰ ਵਿੱਚ ਈਟੀਟੀ ਤੋਂ ਮਾਸਟਰ ਕਾਡਰ ਦੀ ਤਰੱਕੀ ਤੋਂ ਵਾਂਝੇ ਰਹਿ ਗਏ ਸੈਂਕੜੇ ਅਧਿਆਪਕਾਂ, ਜਿਨ੍ਹਾਂ ਲਗਭਗ 25 ਸਾਲ ਵਿਭਾਗ ਵਿੱਚ ਸੇਵਾਵਾਂ ਦਿੱਤੀਆ, ਨੂੰ ਤਰੱਕੀ ਦੇਣ ਸਮੇਂ ਵਿਭਾਗ ਵੱਲੋਂ ਤਾਨਾਸ਼ਾਹੀ ਢੰਗ ਨਾਲ ਆਪਣੇ ਪਿੱਤਰੀ ਜ਼ਿਲ੍ਹਿਆਂ ਵਿੱਚ ਪੋਸਟਾਂ ਖਾਲੀ ਹੋਣ ਦੇ ਬਾਵਜੂਦ ਵੀ ਬਾਹਰਲੇ ਜ਼ਿਲ੍ਹਿਆਂ ਵਿੱਚ ਭੇਜਿਆ ਗਿਆ ਹੈ। ਆਗੂਆਂ ਨੇ ਵਿਭਾਗ ਦੀ ਤਰੱਕੀ ਨੀਤੀ ਖ਼ਿਲਾਫ਼ ਡੱਟਵੀਂ ਲੜਾਈ ਲੜਨ ਦਾ ਐਲਾਨ ਕਰਦਿਆਂ ਸਮੂਹ ਅਧਿਆਪਕ ਜਥੇਬੰਦੀਆਂ ਨੂੰ ਇਸ ਧੱਕੇਸ਼ਾਹੀ ਖ਼ਿਲਾਫ਼ ਲਗਾਤਾਰ ਸੰਘਰਸ਼ ਕਰਨ ਦੀ ਅਪੀਲ ਕੀਤੀ।

# ਸਾਬਕਾ ਵਿਧਾਇਕ ਗੋਲਡੀ ਖੰਗੂੜਾ ਵੱਲੋਂ ਹਲਕੇ ਦੀਆਂ ਮੰਗਾਂ ਲਈ ਸਿਆਸੀ ਲੜਾਈ ਸ਼ੁਰੂ ਕਰਨ ਦਾ ਫ਼ੈਸਲਾ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**

ਲੰਮੇ ਸਮੇਂ ਤੋਂ ਸਿਆਸਤ ਤੋਂ ਸਿਆਸੀ ਚੁੱਪੀ ਧਾਰੀ ਬੈਠੇ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ ਨੇ ਆਪਣੇ ਗ੍ਰਹਿ ਵਿਖੇ ਸੱਦੀ ਪੱਤਰਕਾਰ ਵਾਰਤਾ ਦੌਰਾਨ ਮੁੜ ਹਲਕਾ ਧੂਰੀ ਦੀਆਂ ਮੁਸ਼ਕਲਾਂ, ਮੰਗਾਂ ਲਈ ਆਪਣੀ ਵਚਨਬੱਧਤਾ ਦੁਹਰਾਉਂਦਿਆਂ ਹਲਕਾ ਧੂਰੀ ਦੀ ਸਿਆਸਤ ਵਿੱਚ ਸਰਗਰਮੀ ਨਾਲ ਮੁੜ ਕੁੱਦਣ ਦਾ ਐਲਾਨ ਕੀਤਾ ਹੈ। ਦੱਸਣਯੋਗ ਹੈ ਕਿ 2022 ਦੀਆ ਵਿਧਾਨ ਸਭਾ ਚੋਣਾਂ ਵੇਲੇ ਦਲਵੀਰ ਸਿੰਘ ਗੋਲਡੀ ਕਾਂਗਰਸ ਉਮੀਦਵਾਰ ਦੇ ਉਮੀਦਵਾਰ ਹੁੰਦਿਆਂ 'ਆਪ' ਉਮੀਦਵਾਰ ਅਤੇ ਮੌਜੂਦਾ ਮੁੱਖ ਮੰਤਰੀ ਭਗਵੰਤ ਮਾਨ ਤੋਂ ਹਾਰ ਗਏ ਸੀ ਅਤੇ ਲੰਘੀ ਮਈ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਸਨ ਤੇ ਕਰੀਬ ਛੇ ਮਹੀਨਿਆਂ ਦੇ ਸਿਆਸੀ ਬਨਵਾਸ ਤੋਂ ਬਾਅਦ ਇਹਨਾਂ ਨੇ 'ਆਪ' ਤੋਂ ਦੂਰੀਆਂ ਬਣਾਈਆਂ ਹੋਈਆਂ ਹਨ।

ਸ੍ਰੀ ਗੋਲਡੀ ਖੰਗੂੜਾ ਨੇ ਵਿਧਾਇਕ ਕਾਰਜਕਾਲ ਦੌਰਾਨ ਕਰਾਏ ਕੰਮਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਜਿੱਥੇ ਉਨ੍ਹਾਂ ਨੇ ਹਲਕੇ ਵਿੱਚ 67 ਬਾਲੀਬਾਲ ਗਰਾਊਂਡ ਬਣਵਾਏ, ਉਥੇ ਸ਼ਹਿਰ ਵਿੱਚ 97 ਫੀਸਦੀ, ਸੀਵਰੇਜ, ਵਾਟਰ ਸਪਲਾਈ ਪੁਆਇਆ ਤੇ ਕਈ ਇੰਡੋਰ ਸਟੇਡੀਅਮ ਵੀ ਬਣਵਾਏ।ਉਨ੍ਹਾਂ ਹਲਕੇ ਦੀ ਬੰਦ ਹੋਈ ਸ਼ੂਗਰ ਮਿੱਲ ਨੂੰ ਚਲਾਉਣ ਲਈ ਸਿਆਸੀ ਲੜਾਈ ਸ਼ੁਰੂ ਕਰਨ ਦਾ ਐਲਾਨ ਕਰਦਿਆਂ ਕਿਹਾ ਕਿ ਹਲਕੇ ਲਈ ਸ਼ੂਗਰ ਮਿੱਲ ਦਾ ਬੰਦ ਹੋਣਾਂ ਮੰਦਭਾਗਾ ਹੈ, ਕਿਉਂਕਿ ਹਲਕੇ ਦੇ ਗੰਨਾ ਕਾਸ਼ਤਕਾਰਾਂ ਨੂੰ ਆਪਣਾ ਗੰਨਾ ਵੇਚਣ ਲਈ ਦੂਰ ਦੁਰਾਡੇ ਜਾਣਾ ਪੈਂਦਾ ਹੈ।

ਉਨ੍ਹਾਂ ਜਲਦੀ ਹੀ 'ਘਰ ਵਾਪਸੀ' ਕਰਨ ਦੇ ਸੰਕੇਤ ਦਿੰਦਿਆਂ ਕਿਹਾ ਕਿ ਉਹ ਜਲਦੀ ਹੀ ਸੂਬਾ ਕਾਂਗਰਸ ਦੇ ਪ੍ਰਧਾਨ, ਵਿਰੋਧੀ ਧਿਰ ਦੇ ਨੇਤਾ ਸਣੇ ਹੋਰ ਉੱਚ ਆਗੂਆਂ ਨੂੰ ਰਸਮੀ ਤੌਰ 'ਤੇ ਮਿਲਣਗੇ।

ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੱਲੋਂ ਗੋਲਡੀ ਖੰਗੂੜਾ ਦੀ ਮੁੜ ਘਰ ਵਾਪਸੀ 'ਤੇ ਲਾਏ ਸਵਾਲੀਆ ਚਿੰਨ੍ਹ ਬਾਰੇ ਬੋਲਦਿਆਂ ਉਨ੍ਹਾਂ ਪ੍ਰਤਾਪ ਬਾਜਵਾ ਨੂੰ ਆਪਣਾ ਸਤਿਕਾਰਯੋਗ ਦੱਸਦਿਆਂ 'ਪਿਆਰ ਵਿੱਚ ਤਕਰਾਰ' ਹੋਣਾ ਸੁਭਾਵਕ ਕਹਿੰਦਿਆਂ ਕਿਹਾ ਕਿ ਉਸ ਵੇਲੇ ਮੈਨੂੰ ਵੀ ਗੁੱਸਾ ਨਹੀਂ ਕਰਨਾ ਚਾਹੀਦਾ ਸੀ ਤੇ ਉਹ ਬਾਜਵਾ ਤੋਂ ਰਸਮੀ ਸਮਾਂ ਲੈ ਕੇ ਮਿਲਣਗੇ ਅਤੇ ਉਨ੍ਹਾਂ ਨੂੰ ਅਤੀਤ ਵਿੱਚ ਹੋਈਆਂ ਸਿਆਸੀ ਗਲਤੀਆਂ ਬਦਲੇ ਮੁਆਫੀ ਮੰਗਣ ਵਿੱਚ ਵੀ ਕੋਈ ਗੁਰੇਜ਼ ਨਹੀਂ।ਉਨ੍ਹਾਂ ਪੰਜਾਬ ਯੂਨੀਵਰਸਿਟੀ ਦੀਆਂ ਸੈਨੇਟ ਚੋਣਾਂ ਤੁਰੰਤ ਕਰਵਾਈਆਂ ਜਾਣ ਤੇ ਉਨ੍ਹਾਂ ਨੇ ਯੂ ਟੀ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਨੂੰ ਅਪੀਲ ਕੀਤੀ ਕਿ ਵਿਦਿਆਰਥੀਆਂ ਖਿਲਾਫ ਦਰਜ ਕੀਤੇ ਗਏ ਝੂਠੇ ਕੇਸ ਤੁਰੰਤ ਖਾਰਜ ਕੀਤੇ ਜਾਣ।

## ਖਾਲ ਢਾਹੁਣ ਦੇ ਮਾਮਲੇ 'ਚ ਕੇਸ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਨਜ਼ਦੀਕੀ ਪਿੰਡ ਖਾਈ ਫੇਮੇ ਕੀ ਵਿੱਚ ਪਾਣੀ ਵਾਲੇ ਖਾਲ ਨੂੰ ਢਾਹੁਣ ਦੇ ਮਾਮਲੇ ਵਿੱਚ ਪੁਲਸ ਨੇ ਤਿੰਨ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ।ਥਾਣਾ ਸਦਰ ਫਿਰੋਜ਼ਪੁਰ ਦੇ ਸਹਾਇਕ ਥਾਣੇਦਾਰ ਬਲਦੇਵ ਰਾਜ ਨੇ ਦੱਸਿਆ ਕਿ ਇਹ ਮਾਮਲਾ ਮੰਡਲ ਕੈਨਾਲ ਅਫ਼ਸਰ ਫ਼ਾਜ਼ਿਲਕਾ ਨਹਿਰ ਤੇ ਜਲ ਸਰੋਤ ਵਿਭਾਗ ਪੰਜਾਬ ਦੇ ਪੱਤਰ ਦੇ ਅਧਾਰ 'ਤੇ ਦਰਜ ਕੀਤਾ ਗਿਆ।ਪੱਤਰ 'ਚ ਦਰਸਾਇਆ ਗਿਆ ਕਿ ਜ਼ਿਲ੍ਹੇਦਾਰ ਖਾਈ ਵੱਲੋਂ ਅਦਾਲਤੀ ਹੁਕਮ ਮਿਤੀ 17 ਅਗਸਤ 2022 ਅਨੁਸਾਰ ਖਾਲ ਬਾਹਲ ਕਰਾਇਆ ਗਿਆ ਸੀ, ਪਰ ਦੋਸ਼ੀਆਂ ਸ਼ੇਰ ਸਿੰਘ, ਗੁਰਦੀਪ ਸਿੰਘ ਤੇ ਬਲਕਾਰ ਸਿੰਘ ਵੱਲੋਂ ਇਸ ਖਾਲ ਨੂੰ ਦੁਬਾਰਾ ਢਾਹ ਦਿੱਤਾ ਗਿਆ।ਇਸ ਕਾਰਨ ਖੇਤਾਂ ਨੂੰ ਪਾਣੀ ਪਹੁੰਚਣਾ ਰੁਕ ਗਿਆ, ਜਿਸ ਨਾਲ ਖੇਤੀਬਾੜੀ ਨੂੰ ਭਾਰੀ ਨੁਕਸਾਨ ਹੋਇਆ।ਪੁਲਸ ਨੇ ਦੋਸ਼ੀਆਂ ਖਿਲਾਫ਼ ਧਾਰਾ 430 (ਪਾਣੀ ਸਪਲਾਈ ਨੂੰ ਨੁਕਸਾਨ ਪਹੁਚਾਉਣ), 341 (ਰੋਕਥਾਮ) ਤੇ 188 (ਸਰਕਾਰੀ ਹੁਕਮ ਦੀ ਉਲੰਘਣਾ) ਆਈਪੀਸੀ ਤਹਿਤ ਮਾਮਲਾ ਦਰਜ ਕਰ ਲਿਆ ਹੈ।ਮਾਮਲੇ ਦੀ ਜਾਂਚ ਜਾਰੀ ਹੈ ਤੇ ਦੋਸ਼ੀਆਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ।

## ਡੱਲੇਵਾਲ ਦੀ ਨਜ਼ਰਬੰਦੀ ਤੋਂ ਬਾਅਦ ਖਨੌਰੀ-ਸ਼ੰਭੂ ਬਾਰਡਰ 'ਤੇ ਕਿਸਾਨਾਂ ਦੀ ਆਮਦ ਵਧੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਆਗੂ ਜਗਜੀਤ ਸਿੰਘ ਡੱਲੇਵਾਲ ਦੀ ਨਜ਼ਰਬੰਦੀ ਤੋਂ ਬਾਅਦ ਮਾਹੌਲ ਗਰਮ ਹੋ ਗਿਆ ਹੈ।ਹਰਿਆਣਾ-ਪੰਜਾਬ ਦੇ ਖਨੌਰੀ ਅਤੇ ਸ਼ੰਭੂ ਬਾਰਡਰ 'ਤੇ ਕਿਸਾਨਾਂ ਦੀ ਭੀੜ ਵਧਣ ਲੱਗੀ ਹੈ।ਮੰਗਲਵਾਰ ਨੂੰ ਕਿਸਾਨ ਆਗੂ ਸੁਖਜੀਤ ਸਿੰਘ ਹਰਦੋ ਝਾਂਡੇ ਨੇ ਮਰਨ ਵਰਤ ਸ਼ੁਰੂ ਕਰ ਦਿੱਤਾ।ਪੁਲਿਸ ਤੇ ਪ੍ਰਸ਼ਾਸਨਿਕ ਅਧਿਕਾਰੀ ਇਸ 'ਤੇ ਨਜ਼ਰ ਰੱਖ ਰਹੇ ਹਨ।ਸ਼ੰਭੂ ਸਰਹੱਦ 'ਤੇ 4 ਫੁੱਟ ਸੜਕ ਖੋਲ੍ਹਣ ਦੀਆਂ ਤਿਆਰੀਆਂ ਚੱਲ ਰਹੀਆਂ ਹਨ, ਕਿਉਂਕਿ ਕਿਸਾਨਾਂ ਨੇ 6 ਦਸੰਬਰ ਨੂੰ ਦਿੱਲੀ ਵੱਲ ਮਾਰਚ ਕਰਨ ਦਾ ਐਲਾਨ ਕੀਤਾ ਹੈ।ਕਿਸਾਨ ਆਗੂ ਸਰਵਣ ਪੰਧੇਰ ਨੇ ਮੀਟਿੰਗ ਕਰਕੇ ਅਗਲੀ ਰਣਨੀਤੀ ਬਣਾਈ।ਕਿਸਾਨ ਆਗੂਆਂ ਨੇ ਕਿਹਾ ਹੈ ਕਿ ਇਹ ਇਸ ਅੰਦੋਲਨ ਦਾ ਦੂਜਾ ਪੜਾਅ ਹੈ।ਉਨ੍ਹਾਂ ਕੇਂਦਰ ਸਰਕਾਰ ਨੂੰ ਗੱਲਬਾਤ ਲਈ 10 ਦਿਨ ਦਾ ਸਮਾਂ ਦਿੱਤਾ ਹੈ।ਜੇਕਰ ਕੋਈ ਸਹਿਮਤੀ ਨਾ ਬਣੀ ਤਾਂ ਕਿਸਾਨ 6 ਦਸੰਬਰ ਨੂੰ ਦਿੱਲੀ ਵੱਲ ਮਾਰਚ ਕਰਨ ਦਾ ਐਲਾਨ ਕੀਤਾ ਹੈ।

# ਇਨਲਿਸਟਮੈਂਟ ਤੇ ਆਊਟਸੋਰਸ ਵਰਕਰਾਂ ਨੂੰ ਵਿਭਾਗ 'ਚ ਪੱਕੇ ਰੁਜ਼ਗਾਰ ਦਾ ਪ੍ਰਬੰਧ ਕੀਤਾ ਜਾਵੇ : ਆਗੂ



**ਜਲਾਲਾਬਾਦ (ਜੀਤ ਕੁਮਾਰ)**-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਬ੍ਰਾਂਚ ਜਲਾਲਾਬਾਦ ਵੱਲੋਂ ਪਿੰਡ ਕਮਰੇਵਾਲਾ ਦੀ ਜਲ ਸਪਲਾਈ ਸਕੀਮ ਤੇ ਸਕਾਡਾ ਸਿਸਟਮ ਲਗਾਉਣ ਦਾ ਪੁਰਅਮਨ ਢੰਗ ਨਾਲ ਵਿਰੋਧ ਕੀਤਾ ਗਿਆ। ਜਿਵੇਂ ਹੀ ਇਥੇ ਸਕਾਡਾ ਸਿਸਟਮ ਲਾਉਣ ਲਈ ਠੇਕੇਦਾਰ ਪਹੁੰਚਿਆ ਤੇ ਇਸ ਬਾਰੇ ਪਤਾ ਚੱਲਣ ਤੇ ਵਰਕਰ ਵੀ ਇਕੱਠੇ ਹੋ ਗਏ ਅਤੇ ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ ਅਤੇ ਦਫਤਰੀ ਸਟਾਫ ਤੋਂ ਪ੍ਰਧਾਨ ਸੁਖਚੈਨ ਸਿੰਘ ਸੋਢੀ ਦੀ ਅਗਵਾਈ ਹੇਠ ਵਰਕਰਾਂ ਵੱਲੋਂ ਪੁਰਅਮਨ ਢੰਗ ਨਾਲ ਵਿਰੋਧ ਪ੍ਰਦਰਸ਼ਨ ਕੀਤਾ ਗਿਆ, ਜਿਸਦੇ ਚੱਲਦਿਆਂ ਠੇਕੇਦਾਰ ਨੂੰ ਬੇਰੰਗ ਵਾਪਸ ਜਾਣਾ ਪਿਆ।

ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ ਤੇ ਦਫਤਰੀ ਸਟਾਫ ਦੇ ਸੂਬਾਈ ਆਗੂ ਸੁਖਚੈਨ ਸਿੰਘ ਸੋਢੀ ਨੇ ਕਿਹਾ ਕਿ ਪੇਂਡੂ ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਾਉਣ, ਪੰਚਾਇਤੀਕਰਨ ਤੇ ਨਿੱਜੀਕਰਨ ਦੀਆਂ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ, ਜਿਸ ਨਾਲ ਪਿਛਲੇ 15-20 ਸਾਲਾਂ ਤੋਂ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਅਧਾਰਿਤ ਵਰਕਰਾਂ ਨੂੰ ਬੇਰੁਜ਼ਗਾਰ ਹੋ ਜਾਣਗੇ। ਇਸਦੇ ਨਾਲ ਹੀ ਪੜ੍ਹੇ-ਲਿਖੇ ਨੌਜਵਾਨਾਂ ਲਈ ਭਵਿੱਖ ਵਿਚ ਨੌਕਰੀ ਦੇਣ ਦੇ ਦਰਵਾਜ਼ੇ ਬੰਦ ਕੀਤੇ ਜਾ ਰਹੇ ਹਨ, ਅਜਿਹੇ ਹਲਾਤਾਂ ਵਿੱਚ ਜੇਕਰ ਸਰਕਾਰੀ ਵਿਭਾਗ ਬਚਣਗੇ ਤਾਂ ਹੀ ਨੌਜਵਾਨਾਂ ਲਈ ਨੌਕਰੀਆ ਮਿਲਣਗੀਆਂ ਤੇ ਬੇਰੁਜ਼ਗਾਰੀ ਹੋਰ ਵਧੇਗੀ। ਇਸ ਲਈ ਸਾਡੀ ਜਥੇਬੰਦੀ ਵਲੋਂ ਸਾਲਾਂਬੱਧੀ ਅਰਸੇ ਤੋਂ ਸੇਵਾਵਾਂ ਦੇ ਰਹੇ ਠੇਕਾ ਵਰਕਰਾਂ ਦਾ ਕੱਚਾ ਪਿੱਲਾ ਰੁਜ਼ਗਾਰ ਬਚਾਉਣ ਲਈ ਵਰਕਰ ਅਤੇ ਲੋਕ ਵਿਰੋਧੀ ਨੀਤੀਆ ਕਿਸੇ ਵੀ ਕੀਮਤ 'ਤੇ ਲਾਗੂ ਨਹੀਂ ਹੋਣ ਦੇਣਗੇ। ਆਗੂਆਂ ਵੱਲੋਂ ਮੰਗ ਕੀਤੀ ਗਈ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਸਰਕਾਰ ਦੇ ਅਧੀਨ ਚੱਲ ਰਹੀਆਂ ਜਲ ਸਪਲਾਈ ਸਕੀਮਾਂ 'ਤੇ ਫੀਲਡ ਅਤੇ ਦਫਤਰਾਂ 'ਚ ਪਿਛਲੇ 15-20 ਸਾਲਾਂ ਤੋਂ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਅਧਾਰਿਤ ਮੁਲਾਜ਼ਮਾਂ ਨੂੰ ਸਬੰਧਤ ਵਿਭਾਗ 'ਚ ਸ਼ਾਮਲ ਕਰਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕੀਤਾ ਜਾਵੇ ਤੇ ਜਦੋਂ ਤੱਕ ਇਸ ਪ੍ਰਮੁੱਖ ਮੰਗ ਦਾ ਹੱਲ ਨਹੀਂ ਕੀਤਾ ਜਾਂਦਾ ਉਦੋਂ ਤੱਕ ਕਿਰਤ ਕਮਿਸ਼ਨਰ ਪੰਜਾਬ ਸਰਕਾਰ ਦੇ ਮੁਤਾਬਕ ਵਧੀਆ ਉਜਰਤਾਂ ਦੇ ਅਨੁਸਾਰ ਤਨਖਾਹ 'ਚ ਵਾਧਾ ਕੀਤਾ ਜਾਵੇ, ਵਰਕਰ ਅਤੇ ਲੋਕ ਵਿਰੋਧੀ ਨੀਤੀਆਂ ਜਿਵੇਂ ਕਿ ਜਲ ਸਪਲਾਈ ਸਕੀਮਾਂ ਤੇ ਸਕਾਡਾ ਸਿਸਟਮ ਲਾਉਣ, ਨਿੱਜੀਕਰਨ/ਪੰਚਾਇਤੀਕਰਨ ਕਰਨ ਦੀਆਂ ਨੀਤੀਆਂ ਨੂੰ ਰੱਦ ਕੀਤਾ ਜਾਵੇ ਅਤੇ ਸਰਕਾਰ ਅਧੀਨ ਹੀ ਜਲ ਸਪਲਾਈ ਸਕੀਮਾਂ ਨੂੰ ਚਲਾਉਣ ਦੀ ਜਿੰਮੇਵਾਰੀ ਰੱਖੀ ਜਾਵੇ। ਨਹੀਂ ਤਾਂ ਜਥੇਬੰਦੀ ਵੱਲੋਂ ਇਸੇ ਤਰ੍ਹਾਂ ਸੰਘਰਸ਼ ਨੂੰ ਜਾਰੀ ਰੱਖਿਆ ਜਾਵੇਗਾ।

## ਐੱਮ ਐੱਲ ਬੀ ਆਰਟ ਐਂਡ ਥੀਏਟਰ ਫੈਸਟੀਵਲ ਅੱਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੋਹਨ ਲਾਲ ਭਾਸਕਰ ਦੀ ਯਾਦ ਵਿੱਚ 20ਵਾਂ ਆਰਟ ਐਂਡ ਥੀਏਟਰ ਫੈਸਟੀਵਲ ਉਨ੍ਹਾਂ ਦੋ ਪ੍ਰਸਿੱਧ ਹਸਤੀਆਂ ਨੂੰ ਸਨਮਾਨਿਤ ਕਰੇਗਾ, ਜਿਨ੍ਹਾਂ ਨੇ ਸਮਾਜ, ਸਾਹਿਤ ਅਤੇ ਪੰਜਾਬੀ ਨਾਟਕ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ।ਇਹ ਪ੍ਰੋਗਰਾਮ ਸਾਲਾਨਾ ਤੌਰ 'ਤੇ ਮੋਹਨ ਲਾਲ ਭਾਸਕਰ ਫਾਊਂਡੇਸ਼ਨ ਵੱਲੋਂ ਆਯੋਜਿਤ ਕੀਤਾ ਜਾਂਦਾ ਹੈ, ਜਿਸਦਾ ਉਦੇਸ਼ ਭਾਸਕਰ, ਜੋ ਕਿ ਇੱਕ ਮਸ਼ਹੂਰ ਸ਼ਿਕਸ਼ਕ, ਜਾਸੂਸ, ਕਵੀ ਅਤੇ ਸਮਾਜ ਸੁਧਾਰਕ ਸਨ, ਦੀ ਵਿਰਾਸਤ ਨੂੰ ਜਿਉਂਦਾ ਰੱਖਣਾ ਹੈ।ਡਾ. ਐਸ.ਐਨ. ਰੁਦਰਾ, ਮੋਹਨ ਲਾਲ ਭਾਸਕਰ ਫਾਊਂਡੇਸ਼ਨ ਦੇ ਉਪ-ਪ੍ਰਧਾਨ ਨੇ ਇਸ ਸੱਭਿਆਚਾਰਕ ਰੰਗਾਂ ਵਾਲੇ ਸੀਮਾ-ਪ੍ਰਦੇਸ਼ ਵਿੱਚ ਵਿਸ਼ੇਸ਼ ਪ੍ਰਾਪਤੀਆਂ ਨੂੰ ਮਾਨਤਾ ਦੇਣ ਦੀ ਮਹੱਤਤਾ ਉਜਾਗਰ ਕੀਤੀ।ਇਸ ਸਾਲ ਪ੍ਰਸਿੱਧ ਐੱਮ.ਐਲ.ਬੀ.-ਲਾਈਫਟਾਈਮ ਅਚੀਵਮੈਂਟ ਐਵਾਰਡ ਪ੍ਰੋਫੈਸਰ ਪਾਲੀ ਭੁਪਿੰਦਰ ਸਿੰਘ ਨੂੰ ਪੰਜਾਬੀ ਨਾਟਕ ਦੇ ਖੇਤਰ ਵਿੱਚ ਉਨ੍ਹਾਂ ਦੇ ਬੇਮਿਸਾਲ ਯੋਗਦਾਨ ਲਈ ਪ੍ਰਦਾਨ ਕੀਤਾ ਜਾਵੇਗਾ।ਇਸ ਤੋਂ ਇਲਾਵਾ, ਐੱਮ.ਐਲ.ਬੀ.-ਸਾਹਿਤ ਐਵਾਰਡ ਪ੍ਰੋਫੈਸਰ ਜਸਪਾਲ ਘਾਈ ਨੂੰ ਸਾਹਿਤ ਦੇ ਖੇਤਰ ਵਿੱਚ ਉਨ੍ਹਾਂ ਦੇ ਸ਼ਾਨਦਾਰ ਕੰਮ ਅਤੇ ਉਕਰਸ਼ਤਾ ਲਈ ਪ੍ਰਦਾਨ ਕੀਤਾ ਜਾਵੇਗਾ।ਇਹ ਸਨਮਾਨ 29 ਨਵੰਬਰ ਨੂੰ ਵਿਵੇਕਾਨੰਦ ਵਰਲਡ ਸਕੂਲ, ਫਿਰੋਜ਼ਪੁਰ ਵਿੱਚ ਵੱਡੇ ਸਮਾਗਮ 21ਵਾਂ ਮੋਹਨ ਲਾਲ ਭਾਸਕਰ ਆਲ ਇੰਡੀਆ ਮੁਸ਼ਾਇਰਾ ਦੌਰਾਨ ਦਿੱਤੇ ਜਾਣਗੇ।ਇਹ ਪ੍ਰੋਗਰਾਮ ਕਵਿਤਾ ਦੀ ਪ੍ਰਤੀਭਾ, ਸੱਭਿਆਚਾਰਕ ਰੰਗਤ ਤੇ ਪ੍ਰਤਿਭਾਵਾਨ ਹਸਤੀਆਂ ਨੂੰ ਸਨਮਾਨਤ ਕਰਨ ਦਾ ਸ਼ਾਨਦਾਰ ਸਮਾਗਮ ਹੋਵੇਗਾ, ਜੋ ਮੋਹਨ ਲਾਲ ਭਾਸਕਰ ਦੀ ਧਾਰਾਤਮਕ ਵਿਰਾਸਤ ਨੂੰ ਜਿਊਂਦਾ ਰੱਖੇਗਾ।

## ਨਗਰ ਕੌਂਸਲ ਨੇ ਦੁਕਾਨਦਾਰਾਂ ਦੇ ਨਾਜਾਇਜ਼ ਕਬਜ਼ੇ ਹਟਾਏ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਖਾਲਸਾ ਚੌਕ ਤੋਂ ਗਾਂਧੀ ਚੌਕ ਤੱਕ ਕੀਤੇ ਨਾਜਾਇਜ਼ ਕਬਜ਼ਿਆਂ ਕਾਰਨ ਰਾਹਗੀਰਾਂ ਨੂੰ ਆਉਂਦੀ ਪ੍ਰੇਸ਼ਾਨੀ 'ਤੇ ਨਗਰ ਕੌਂਸਲ ਮਾਛੀਵਾੜਾ ਨੇ ਕਾਰਵਾਈ ਕਰਦਿਆਂ ਇਹ ਨਾਜਾਇਜ਼ ਕਬਜ਼ੇ ਸੜਕ ਤੋਂ ਹਟਾਏ। ਸੈਨੇਟਰੀ ਇੰਸਪੈਕਟਰ ਸੁਖਦੇਵ ਸਿੰਘ ਨੇ ਦੱਸਿਆ ਕਿ ਕਾਰਜ ਸਾਧਕ ਅਫ਼ਸਰ ਬਲਬੀਰ ਸਿੰਘ ਦੀਆਂ ਹਦਾਇਤਾਂ 'ਤੇ ਨਗਰ ਕੌਂਸਲ ਕਰਮਚਾਰੀਆਂ ਵੱਲੋਂ ਬਜ਼ਾਰਾਂ ਵਿੱਚ ਜੋ ਦੁਕਾਨਦਾਰਾਂ ਨੇ ਦੁਕਾਨਾਂ ਦੇ ਬਾਹਰ ਸੜਕਾਂ ਤੱਕ 20 ਫੁੱਟ ਬਾਹਰ ਸਾਮਾਨ ਲਗਾਇਆ ਸੀ, ਉਹ ਹਟਵਾ ਦਿੱਤਾ ਗਿਆ। ਕਾਰਜ ਸਾਧਕ ਅਫ਼ਸਰ ਬਲਬੀਰ ਸਿੰਘ ਨੇ ਸ਼ਹਿਰ ਦੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਦੁਕਾਨਦਾਰ ਸਹਿਯੋਗ ਦੇਣ ਤੇ ਜੋ ਨਗਰ ਕੌਂਸਲ ਵੱਲੋਂ ਸੜਕ 'ਤੇ ਪੀਲੀ ਪੱਟੀ ਲਗਾਈ ਹੈ, ਉਸ ਤੋਂ ਬਾਹਰ ਆਪਣਾ ਸਾਮਾਨ ਨਾ ਰੱਖਣ। ਉਨ੍ਹਾ ਕਿਹਾ ਕਿ ਅੱਜ ਕੇਵਲ ਨਾਜਾਇਜ਼ ਕਬਜ਼ਿਆਂ ਵਾਲੀ ਜਗ੍ਹਾ ਤੋਂ ਸਾਮਾਨ ਹਟਾਇਆ ਗਿਆ ਹੈ ਅਤੇ ਜੇਕਰ ਭਵਿੱਖ ਵਿਚ ਫਿਰ ਵੀ ਦੁਕਾਨਦਾਰਾਂ ਨੇ ਸੜਕਾਂ ਦੇ ਬਾਹਰ ਸਾਮਾਨ ਲਗਾਇਆ ਤਾਂ ਉਸ ਨੂੰ ਜ਼ਬਤ ਕਰ ਜੁਰਮਾਨੇ ਕੀਤੇ ਜਾਣਗੇ।

ਕਾਰਜ ਸਾਧਕ ਅਫ਼ਸਰ ਨੇ ਦੁਕਾਨਦਾਰਾਂ ਤੋਂ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਉਹ ਨਿਯਮਾਂ ਦੀ ਪਾਲਣਾ ਕਰਨ ਤੇ ਦੁਕਾਨਾਂ ਬਾਹਰ ਸਾਮਾਨ ਨਾ ਲਗਾਉਣ, ਜੋ ਆਵਾਜਾਈ ਵਿੱਚ ਰੁਕਾਵਟ ਬਣਦੇ ਹਨ।

## ਸਰਕਾਰੀ ਸੀਨੀ. ਸੈਕੰ. ਸਕੂਲ ਡੰਗਰ ਖੇੜਾ ਦੇ ਵਿਕਾਸ ਕਾਰਜਾਂ ਲਈ 62 ਲੱਖ ਦੀ ਗ੍ਰਾਂਟ ਜਾਰੀ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਬੱਲੂਆਣਾ ਦੇ ਵਿਧਾਇਕ ਸ੍ਰੀ ਅਮਨਦੀਪ ਸਿੰਘ ਗੋਲਡੀ ਮੁਸਾਫਿਰ ਨੇ ਹਲਕਾ ਬੱਲੂਆਣਾ ਦੇ ਪਿੰਡ ਡੰਗਰ ਖੇੜਾ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਵਿਕਾਸ ਕਾਰਜਾਂ ਲਈ 62 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਸਰਕਾਰ ਸਿੱਖਿਆ ਦੇ ਖੇਤਰ ਵਿਚ ਸਕੂਲਾਂ ਨੂੰ ਪ੍ਰਗਤੀ ਦੀ ਰਾਹ 'ਤੇ ਲਿਜਾਉਣ ਲਈ ਲਗਾਤਾਰ ਯਤਨ ਕਰ ਰਹੀ ਹੈ।ਵਿਧਾਇਕ ਸ੍ਰੀ ਗੋਲਡੀ ਮੁਸਾਫਿਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਕੂਲਾਂ ਦੇ ਪੱਧਰ ਨੂੰ ਉਚਾ ਚੁੱਕਣ ਲਈ ਨਵੇਂ ਵਿਕਾਸ ਪ੍ਰੋਜੈਕਟ ਉਲੀਕ ਰਹੀ ਹੈ ਤਾਂ ਜੁ ਬੱਚਿਆਂ ਨੂੰ ਸਮੇਂ ਦੇ ਅਨੁਸਾਰ ਸਿੱਖਿਆ ਢਾਂਚੇ ਨਾਲ ਜੋੜਿਆ ਜਾ ਸਕੇ ਤੇ ਤਕਨੀਕੀ ਯੁਗ ਵਿਚ ਵੱਖ-ਵੱਖ ਆਧੁਨਿਕ ਸਹੂਲਤਾਂ ਰਾਹੀਂ ਬਚਿਆਂ ਨੂੰ ਸਿਖਿਆ ਮੁਹੱਈਆ ਕਰਾਈ ਜਾ ਸਕੇ।ਉਨ੍ਹਾਂ ਕਿਹਾ ਕਿ ਬੁਨਿਆਦੀ ਸਹੂਲਤਾਂ ਨਾਲ ਲੈੱਸ ਕਰਦਿਆਂ ਸਰਕਾਰੀ ਸਕੂਲਾਂ ਦੀ ਨੁਹਾਰ ਨੂੰ ਬਦਲਿਆ ਜਾ ਰਿਹਾ ਹੈ।ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਗ੍ਰਾਂਟਾਂ ਦੀ ਵਰਤੋਂ ਨਾਲ ਸਕੂਲਾਂ ਵਿੱਚ ਸੁਧਾਰ ਕੀਤਾ ਜਾ ਰਿਹਾ ਹੈ ਤਾਂ ਜੁ ਬੱਚਿਆਂ ਨੂੰ ਸਿੱਖਿਆ ਪੱਖੋਂ ਕੋਈ ਪ੍ਰੇਸ਼ਾਨੀ ਨਾ ਆਵੇ।ਸ੍ਰੀ ਅਮਨਦੀਪ ਸਿੰਘ ਗੋਲਡੀ ਨੇ ਬੱਚਿਆਂ ਨੂੰ ਵੀ ਪ੍ਰੇਰਿਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਬੱਚਿਆਂ ਦੇ ਵਿਕਾਸ ਲਈ ਯਤਨਸ਼ੀਲ ਹੈ।ਉਨ੍ਹਾਂ ਕਿਹਾ ਕਿ ਬੱਚੇ ਵੀ ਸਰਕਾਰ ਵੱਲੋਂ ਮੁਹੱਈਆ ਕਰਾਈਆਂ ਜਾ ਰਹੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਹਾਸਲ ਕਰਨ ਤੇ ਆਪਣੇ ਅਧਿਆਪਕਾਂ ਨੂੰ ਆਪਣੇ ਸੁਝਾਅ ਦੇਣ ਕਿ ਸਕੂਲਾਂ ਦੇ ਵਿਕਾਸ ਵਿਚ ਹੋਰ ਨਵਾਂ ਕੁਝ ਕਿ ਕੀਤਾ ਜਾ ਸਕਦਾ ਹੈ ਤਾਂ ਜੁ ਮੌਜੂਦਾ ਸਰਕਾਰ ਸਿਖਿਆ ਦੇ ਪ੍ਰਸਾਰ ਵਿਚ ਹੋਰ ਵਾਧਾ ਕਰ ਸਕੇ।

## ਕੁਇਜ਼ ਮੁਕਾਬਲੇ 'ਚ ਵਿਵੇਕਾਨੰਦ ਵਰਲਡ ਸਕੂਲ ਦੇ ਵਿਦਿਆਰਥੀ ਅੱਵਲ




**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕਰਾਏ ਗਏ ਕੁਇਜ਼ ਮੁਕਾਬਲੇ ਵਿੱਚ ਵਿਵੇਕਾਨੰਦ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਗਿਆ। ਸਕੂਲ ਦੇ ਡਾਇਰੈਕਟਰ ਡਾ: ਐੱਸ. ਐਨ. ਰੁਦਰਾ ਨੇ ਦੱਸਿਆ ਕਿ ਵਿਵੇਕਾਨੰਦ ਵਰਲਡ ਸਕੂਲ ਦੇ ਤਿੰਨ ਵਿਦਿਆਰਥੀਆਂ ਚੈਤੰਨਿਆ, ਤਰਿੰਦਰ ਪਾਲ ਸਿੰਘ ਤੇ ਗਰਵ ਖੁਰਾਣਾ ਨੇ ਆਪਣੀ ਟੀਮ ਦੀ ਨੁਮਾਇੰਦਗੀ ਕਰਦਿਆਂ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਭਾਰਤੀ ਸੰਵਿਧਾਨ ਦਿਵਸ ਮੌਕੇ ਕਰਾਏ ਗਏ ਕੁਇਜ਼ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕੀਤਾ।ਇਸ ਮੌਕੇ ਮੁੱਖ ਮਹਿਮਾਨ ਵਰਿੰਦਰ ਅਗਰਵਾਲ (ਜ਼ਿਲ੍ਹਾ ਤੇ ਸੈਸ਼ਨ ਜੱਜ) ਤੇ ਅਨੁਰਾਧਾ (ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ) ਨੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ। ਵਿਦਿਆਰਥੀਆਂ ਦੀ ਮਿਹਨਤ ਤੇ ਗਿਆਨ ਦੀ ਪ੍ਰਸੰਸਾ ਕਰਦੇ ਹੋਏ ਉਨ੍ਹਾਂ ਨੇ ਸੰਵਿਧਾਨ ਦੀ ਮਹੱਤਤਾ ਅਤੇ ਇਸ ਦੇ ਮੌਲਿਕ ਅਧਿਕਾਰਾਂ ਅਤੇ ਫ਼ਰਜ਼ਾਂ ਬਾਰੇ ਚਰਚਾ ਕੀਤੀ।ਕੁਇਜ਼ ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਭਾਰਤੀ ਸੰਵਿਧਾਨ ਤੋਂ ਜਾਣੂ ਕਰਾਉਣਾ ਅਤੇ ਉਨ੍ਹਾਂ ਵਿੱਚ ਜਮਹੂਰੀ ਕਦਰਾਂ-ਕੀਮਤਾਂ ਦਾ ਵਿਕਾਸ ਕਰਨਾ ਸੀ।ਇਸ ਮੌਕੇ ਡਾ. ਰੁਦਰਾ ਨੇ ਵਿਦਿਆਰਥੀਆਂ ਨੂੰ ਸੰਵਿਧਾਨ ਦੀ ਸਾਰਥਕਤਾ ਅਤੇ ਇਸ ਦੇ ਪ੍ਰਭਾਵ ਨੂੰ ਸਮਝਣ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਤਜਿੰਦਰਪਾਲ ਕੌਰ ਨੇ ਜੇਤੂ ਵਿਦਿਆਰਥੀਆਂ ਦੀ ਸ਼ਲਾਘਾ ਕਰਦਿਆਂ ਭਵਿੱਖ ਵਿੱਚ ਹੋਰ ਵੀ ਵਧੀਆ ਪ੍ਰਦਰਸ਼ਨ ਕਰਨ ਲਈ ਪ੍ਰੇਰਿਆ। ਮੁਕਾਬਲੇ ਵਿੱਚ ਸ਼ਹਿਰ ਦੇ ਕਈ ਸਕੂਲਾਂ ਨੇ ਉਤਸ਼ਾਹ ਨਾਲ ਭਾਗ ਲਿਆ ਤੇ ਆਪਣੇ ਗਿਆਨ ਦਾ ਪ੍ਰਦਰਸ਼ਨ ਕੀਤਾ।ਹਾਜ਼ਰ ਪਤਵੰਤਿਆਂ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਅਜਿਹੀਆਂ ਵਿਦਿਅਕ ਗਤੀਵਿਧੀਆਂ ਨੂੰ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਜ਼ਰੂਰੀ ਦੱਸਿਆ।

# ਅੰਮ੍ਰਿਤਪਾਲ ਸੁਖਾਨੰਦ ਦੀ ਰਹਿਨੁਮਾਈ ਹੇਠ ਬਾਘਾ ਪੁਰਾਣਾ 'ਚ ਵਿਕਾਸ ਕਾਰਜਾਂ ਦੀ ਝੁੱਲੀ ਹਨੇਰੀ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਭਾਵੇਂ ਪਿਛਲੇ ਲੰਮੇ ਸਮੇਂ ਤੋਂ ਸ਼ਹਿਰ ਬਾਘਾ ਪੁਰਾਣਾ ਦੇ ਅੰਦਰ ਵਿਕਾਸ ਕਾਰਜਾਂ ਦੀ ਲਹਿਰ ਠੰਢੀ ਚੱਲੀ ਆ ਰਹੀ ਸੀ, ਪਰੰਤੂ ਜਦੋਂ 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ ਸੂਬੇ ਵਿਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਆਈ ਅਤੇ ਹਲਕਾ ਬਾਘਾ ਪੁਰਾਣਾ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਆਪਣੇ ਵਿਰੋਧੀਆਂ ਨੂੰ ਪਛਾੜਦੇ ਹੋਏ ਵੱਡੀ ਲੀਡ ਪ੍ਰਾਪਤ ਕਰਦਿਆਂ ਹਲਕਾ ਬਾਘਾ ਪੁਰਾਣਾ ਤੋਂ ਆਮ ਆਦਮੀ ਪਾਰਟੀ ਦੇ ਐਮ.ਐਲ.ਏ ਬਣੇ, ਜਿਸ ਤੋਂ ਬਾਅਦ ਹਲਕਾ ਬਾਘਾ ਪੁਰਾਣਾ ਸਮੇਤ ਸ਼ਹਿਰ ਅੰਦਰ ਵਿਕਾਸ ਕਾਰਜਾਂ ਦੀ ਰੁਕੀ ਹੋਈ ਰਫਤਾਰ ਨੂੰ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਵਲੋਂ ਚਾਲੂ ਕਰਵਾਇਆ ਗਿਆ। ਆਮ ਆਦਮੀ ਪਾਰਟੀ ਦੀ ਸਰਕਾਰ ਬਣਦਿਆਂ ਮੰਡੀਰਾਂ ਵਾਲਾ ਰੋਡ ਉਪਰ ਸਥਿਤ ਤਾਰੇ ਵਾਲਾ ਛੱਪੜ ਜੋ ਗੰਦਗੀ ਦੇ ਨਾਲ ਭਰਿਆ ਹੋਇਆ ਸੀ, ਜੋ ਬਿਮਾਰੀਆਂ ਨੂੰ ਵੀ ਸੱਦਾ ਦੇ ਰਿਹਾ ਸੀ, ਜਿਸ ਕਰ ਕੇ ਆਸ-ਪਾਸ ਦੇ ਰਹਿਣ ਵਾਲੇ ਲੋਕ ਇਸ ਤੋਂ ਬਹੁਤ ਦੁਖੀ ਸਨ, ਆਮ ਆਦਮੀ ਪਾਰਟੀ ਦੀ ਸਰਕਾਰ ਬਣਦਿਆਂ ਸਾਰ ਹੀ ਹਲਕਾ ਵਿਧਾਇਕ ਸੁਖਾਨੰਦ ਵੱਲੋਂ ਸਭ ਤੋਂ ਪਹਿਲਾਂ ਇੱਥੇ ਇਸ ਛੱਪੜ ਨੂੰ ਭਰਵਾਇਆ ਗਿਆ, ਜਿਸ ਤੋਂ ਬਾਅਦ ਆਸ-ਪਾਸ ਰਹਿਣ ਵਾਲੇ ਲੋਕਾਂ ਨੂੰ ਸੁੱਖ ਦਾ ਸਾਹ ਆਇਆ।

ਸ਼ਹਿਰ ਵਾਸੀਆਂ ਦੀ ਲੰਮੇ ਸਮੇਂ ਤੋਂ ਲਟਕਦੀ ਆ ਰਹੀ ਮੰਗ ਨੂੰ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਪੂਰਾ ਕਰਨ ਜਾ ਰਹੇ ਹਨ, ਕਿਉਂਕਿ ਸ਼ਹਿਰ ਅੰਦਰ ਸਟੇਡੀਅਮ ਬਣਨ ਦੇ ਨਾਲ ਜਿੱਥੇ ਨੌਜਵਾਨ ਖੇਡਾਂ ਵੱਲ ਆਪਣਾ ਝੁਕਾਅ ਕਰਨਗੇ, ਉਥੇ ਹੀ ਇਸ ਸਟੇਡੀਅਮ ਵਿਚ ਸਮੇਂ-ਸਮੇਂ 'ਤੇ ਖੇਡਾਂ ਕਰਵਾਈਆਂ ਜਾਇਆ ਕਰਨਗੀਆਂ। ਉਕਤ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਪਵਨ ਗੁਪਤਾ ਨੇ ਐਮ.ਐਲ.ਏ ਅੰਮ੍ਰਿਤਪਾਲ ਸਿੰਘ ਸੁਖਾਨੰਦ ਵੱਲੋਂ ਹਲਕੇ ਦੇ ਨਾਲ-ਨਾਲ ਸ਼ਹਿਰ ਬਾਘਾ ਪੁਰਾਣਾ ਵਿਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦੇ ਕੰਮਾਂ ਨੂੰ ਗਿਣਵਾਉਂਦਿਆਂ ਕੀਤਾ। ਪਵਨ ਗੁਪਤਾ ਨੇ ਕਿਹਾ ਕਿ ਭਾਵੇਂ ਵਿਰੋਧੀ ਪਾਰਟੀਆਂ ਵੱਲੋਂ ਸ਼ਹਿਰ ਵਾਸੀਆਂ ਨੂੰ ਗੁੰਮਰਾਹ ਕਰਨ ਲਈ ਆਪ ਪਾਰਟੀ 'ਤੇ ਤਰ੍ਹਾਂ-ਤਰ੍ਹਾਂ ਦੇ ਦੋਸ਼ ਲਗਾਏ ਜਾ ਰਹੇ ਹਨ ਕਿ ਬਾਘਾ ਪੁਰਾਣਾ ਵਿਚ ਵਿਕਾਸ ਕਾਰਜਾਂ ਦੀ ਚਾਲ ਧੀਮੀ ਚੱਲ ਰਹੀ ਹੈ, ਪਰ ਸ਼ਹਿਰ ਬਾਘਾ ਪੁਰਾਣਾ ਦੇ ਵੱਖ-ਵੱਖ ਵਾਰਡਾਂ ਦੀਆਂ ਇੰਟਰਲਾਕਿੰਗ ਟਾਇਲਾਂ ਨਾਲ ਲੈਸ ਹੋਈਆਂ ਗਈਆਂ ਹਨ, ਉਹ ਇਸ ਗੱਲ ਦਾ ਸਬੂਤ ਹੈ ਕਿ ਸ਼ਹਿਰ ਅੰਦਰ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਰਹਿਨੁਮਾਈ ਹੇਠ ਵਿਕਾਸ ਕਾਰਜ ਜੰਗੀ ਪੱਧਰ 'ਤੇ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਬਾਘਾ ਪੁਰਾਣਾ ਵਿਚ ਵਿਕਾਸ ਕਾਰਜ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਦੀ ਸੁਸਾਇਟੀ ਵਾਲੀ ਗਲੀ, ਡਾਕਖਾਨੇ ਵਾਲੀ ਗਲੀ, ਗੁਰਦੁਆਰਾ ਹਰਗੋਬਿੰਦਸਰ ਸਾਹਿਬ ਦੇ ਮੇਨ ਗੇਟ ਤੋਂ ਲੈ ਕੇ ਸਰਕਾਰੀ ਪ੍ਰਾਇਮਰੀ ਸਕੂਲ ਤੱਕ, ਜੈਨ ਮਾਡਲ ਸਕੂਲ ਵਾਲੀ ਗਲੀ ਦੇ ਇਲਾਵਾ ਹੋਰ ਕਈ ਸ਼ਹਿਰ ਦੇ ਵਾਰਡਾਂ ਦੀਆਂ ਗਲੀਆਂ ਨੂੰ ਇੰਟਲਾਕ ਟਾਇਲਾਂ ਨਾਲ ਲੈਸ ਕੀਤਾ ਗਿਆ ਹੈ। ਇਸ ਦੇ ਇਲਾਵਾ ਸ਼ਹਿਰ ਦੇ ਅੰਦਰ ਹਰ ਵਾਰਡ ਵਿਚ ਸਟਰੀਟ ਲਾਈਟਾਂ ਦਾ ਕੰਮ ਵੀ ਨਗਰ ਕੌਂਸਲ ਬਾਘਾ ਪੁਰਾਣਾ ਵਲੋਂ ਜੰਗੀ ਪੱਧਰ 'ਤੇ ਆਪ ਆਗੂ ਆਪਣੀ ਦੇਖ-ਰੇਖ ਹੇਠ ਕਰਵਾ ਰਹੇ ਹਨ ਪਵਨ ਗੁਪਤਾ ਨੇ ਆਮ ਆਦਮੀ ਪਾਰਟੀ ਦੀ ਸੂਬੇ 'ਚ ਹੋਈ ਜ਼ਿਮਨੀ ਚੋਣਾਂ ਦੀ ਜਿੱਤ 'ਤੇ ਖ਼ੁਸ਼ੀ ਪ੍ਰਗਟਾਉਂਦਿਆਂ ਕਿਹਾ ਕਿ ਇਹ ਜਿੱਤ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਅਤੇ ਨੌਜਵਾਨ ਵਰਗ ਦੀ ਸਰਗਰਮ ਭੂਮਿਕਾ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿਚ ਬਦਲਾਅ ਅਤੇ ਵਿਕਾਸ ਦੀ ਲਹਿਰ ਚੱਲ ਰਹੀ ਹੈ ਅਤੇ ਇਹ ਜਿੱਤ ਸਿਰਫ ਇਕ ਚੋਣ ਜਿੱਤ ਨਹੀਂ ਹੈ, ਸਗੋਂ ਇਹ ਆਮ ਆਦਮੀ ਪਾਰਟੀ ਦੀ ਲੋਕਪ੍ਰਿਯਤਾ ਅਤੇ ਲੋਕਾਂ ਵਿਚ ਪਾਰਟੀ ਦੇ ਵਿਕਾਸ ਅਜੰਡੇ ਦੀ ਮਜ਼ਬੂਤ ਪਹੁੰਚ ਨੂੰ ਦਰਸਾਉਂਦੀ ਹੈ।

ਉਨ੍ਹਾਂ ਇਹ ਵੀ ਕਿਹਾ ਕਿ ਪਾਰਟੀ ਅਗਲੀਆਂ ਨਗਰ ਨਿਗਮ, ਨਗਰ ਪੰਚਾਇਤ, ਨਗਰ ਕੌਂਸਲ ਦੀਆਂ ਚੋਣਾਂ ਲਈ ਵੀ ਲੋਕਾਂ ਦੀ ਭਲਾਈ ਦੇ ਵਾਅਦੇ 'ਤੇ ਕਾਇਮ ਰਹੇਗੀ। ਆਪ ਪਾਰਟੀ ਦੇ ਸੀਨੀਅਰ ਆਗੂ ਪਵਨ ਗੁਪਤਾ ਨੇ ਦੱਸਿਆ ਕਿ ਸ਼ਹਿਰੀਆਂ ਨੂੰ ਸੈਰ ਕਰਨ ਵਾਸਤੇ ਲੰਮੇ ਸਮੇਂ ਤੋਂ ਉਨ੍ਹਾਂ ਦੀ ਲਟਕਦੀ ਆ ਰਹੀ ਮੰਗ ਪੂਰਾ ਕਰਦਿਆਂ ਸ਼ਹਿਰ ਅੰਦਰ ਸੈਰ ਗਾਹ ਲਈ ਪੰਜਾਬ ਸਰਕਾਰ ਤੋਂ ਗ੍ਰਾਂਟ ਮਨਜ਼ੂਰ ਕਰਵਾ ਕੇ ਸ਼ਹਿਰ ਅੰਦਰ ਇਕ ਵੱਡਾ ਪਾਰਕ ਬਣਾਇਆ ਜਾਵੇਗਾ ਅਤੇ ਇਸ ਦੇ ਇਲਾਵਾ ਸ਼ਹਿਰ ਅੰਦਰ ਸੀਵਰੇਜ ਦੀ ਸਹੂਲਤ ਵੀ ਸ਼ਹਿਰੀਆਂ ਨੂੰ ਜਲਦ ਮਿਲੇਗੀ।

## ਸੇਲਜ਼ ਅ.ਫਸਰ ਦੀ ਅਸਾਮੀ ਲਈ ਪਲੇਸਮੈਂਟ ਕੈਂਪ ਅੱਜ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਡਿਪਟੀ ਡਾਇਰੈਕਟਰ ਹਰਪ੍ਰੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 29 ਨਵੰਬਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਕੋਟੇਕ ਮਹਿੰਦਰਾ ਬੈਂਕ ਵਿੱਚ ਸੇਲਜ਼ ਅਫ਼ਸਰ ਦੀ ਅਸਾਮੀ ਲਈ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਕੋਟੇਕ ਮਹਿੰਦਰਾ ਬੈਂਕ ਵੱਲੋਂ ਸੇਲਜ਼ ਅਫ਼ਸਰ ਦੀਆਂ ਅਸਾਮੀਆਂ ਲਈ ਚਾਹਵਾਨ ਅਤੇ ਯੋਗ ਉਮੀਦਵਾਰਾਂ (ਸਿਰਫ਼ ਪੁਰਸ਼) ਦੀ ਮੰਗ ਕੀਤੀ ਗਈ ਹੈ। ਜਿਸ ਵੀ ਉਮੀਦਵਾਰ ਦੀ ਵਿੱਦਿਅਕ ਯੋਗਤਾ ਗ੍ਰੈਜੂਏਸ਼ਨ ਪਾਸ ਹੋਵੇ ਅਤੇ ਉਮਰ 21-26 ਸਾਲ ਹੋਵੇ, ਉਹ ਨੌਜਵਾਨ ਇਸ ਪਲੇਸਮੈਂਟ ਕੈਂਪ ਵਿੱਚ ਭਾਗ ਲੈ ਸਕਦੇ ਹਨ।

ਉਨ੍ਹਾਂ ਕਿਹਾ ਕਿ ਨੌਕਰੀ ਦੇ ਚਾਹਵਾਨ ਉਮੀਦਵਾਰ ਇਸ ਪਲੇਸਮੈਂਟ ਕੈਂਪ ਵਿੱਚ ਭਾਗ ਲੈਣ ਲਈ ਆਪਣੀ ਯੋਗਤਾ ਦੇ ਸਾਰੇ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਫੋਟੋ ਕਾਪੀਆਂ ਅਤੇ ਰਜ਼ਿਊਮੇ ਨਾਲ ਲੈ ਕੇ 29 ਨਵੰਬਰ ਨੂੰ ਸਵੇਰੇ 10 ਵਜੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਲਾਕ ਡੀ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਨੇੜੇ ਸੇਵਾ ਕੇਂਦਰ, ਪਟਿਆਲਾ ਵਿਖੇ ਪਹੁੰਚ ਕੇ ਇਸ ਕੈਂਪ ਵਿੱਚ ਹਿੱਸਾ ਲੈ ਸਕਦੇ ਹਨ। ਇਸ ਸਬੰਧੀ ਵਧੇਰੇ ਜਾਣਕਾਰੀ ਲਈ ਦਫ਼ਤਰ ਦੇ ਹੈਲਪ ਲਾਈਨ ਨੰਬਰ 98776-10877 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਐਡਵੋਕੇਟ ਸੇਖਵਾਂ ਨੇ ਸੁਣੀਆਂ ਲੋਕਾਂ ਦੀਆਂ ਮੁਸ਼ਕਲਾਂ, ਮੌਕੇ 'ਤੇ ਕੀਤਾ ਹੱਲ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪਿੰਡ ਸੇਖਵਾਂ ਦਫ਼ਤਰ ਵਿਖੇ ਲੋਕ ਮਿਲਣੀ ਦੌਰਾਨ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਹਲਕਾ ਇੰਚਾਰਜ ਕਾਦੀਆਂ ਨੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਤੇ ਮੌਕੇ 'ਤੇ ਹੀ ਸੰਬੰਧਤ ਅਧਿਕਾਰੀਆਂ ਨਾਲ ਰਾਬਤਾ ਕਰਕੇ ਮੁਸ਼ਕਲਾਂ ਦਾ ਨਿਪਟਾਰਾ ਕੀਤਾ ਗਿਆ। ਇਸ ਮੌਕੇ ਐਡਵੋਕੇਟ ਸੇਖਵਾਂ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਸਰਕਾਰ ਲੋਕਾਂ ਦੀ ਆਪਣੀ ਸਰਕਾਰ ਹੈ ਅਤੇ ਗਰਾਊਂਡ ਲੈਵਲ 'ਤੇ ਅਸੀਂ ਲੋਕ ਦਰਬਾਰ ਲਗਾ ਕੇ ਮੁਸ਼ਕਲਾਂ ਦੇ ਹੱਲ ਕਰ ਰਹੇ ਹਾਂ।

ਉਨ੍ਹਾ ਕਿਹਾ ਕਿ ਮਾਨ ਸਰਕਾਰ ਪੰਜਾਬ 'ਚ ਲੋਕ ਪੱਖੀ ਕੰਮ ਕਰ ਰਹੀ ਹੈ ਅਤੇ ਇਸੇ ਤਰ੍ਹਾਂ ਹੀ ਲੋਕ ਹਿੱਤ ਦੇ ਕੰਮ ਲਗਾਤਾਰ ਜਾਰੀ ਰਹਿਣਗੇ। ਸੇਖਵਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਨੇ ਹਮੇਸ਼ਾ ਹੀ ਲੋਕ ਹਿੱਤਾਂ ਦੀ ਗੱਲ ਕੀਤੀ ਹ ਅਤੇ ਪੰਜਾਬ ਦੀ ਗੱਲ ਕੀਤੀ ਹੈ ਜਿਸ ਨਾਲ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਨੂੰ ਪਸੰਦ ਕਰ ਰਹੇ ਹਨ ਅਤੇ ਇਸ ਵਾਰ ਜ਼ਿਮਨੀ ਚੋਣਾਂ 'ਚ ਵੀ ਆਮ ਆਦਮੀ ਪਾਰਟੀ ਦੀ ਹੋਈ ਇਤਿਹਾਸਿਕ ਜਿੱਤ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੇ ਨਾਲ ਚਟਾਨ ਵਾਂਗ ਖੜ੍ਹੇ ਹਨ। ਇਸ ਲਈ ਜਦੋਂ ਵੀ ਪੰਜਾਬ ਦੇ ਅੰਦਰ ਚੋਣਾਂ ਹੋਈਆਂ ਹਨ ਤਾਂ ਆਮ ਆਦਮੀ ਪਾਰਟੀ ਦੀ ਜਿੱਤ ਦੇ ਨਾਲ ਸੱਚਾਈ ਦੀ ਜਿੱਤ ਹੋਈ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਵਿਰੋਧੀਆਂ ਤੇ ਝਾਂਸੇ ਵਿੱਚ ਨਾ ਆ ਕੇ ਆਮ ਆਦਮੀ ਪਾਰਟੀ ਦਾ ਇਸੇ ਤਰ੍ਹਾਂ ਹੀ ਸਾਥ ਦਿੰਦੇ ਰਹਿਣ। ਅਖੀਰ ਵਿੱਚ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਵੱਖ-ਵੱਖ ਥਾਵਾਂ ਤੋਂ ਆਏ ਲੋਕਾਂ ਦਾ ਦਫਤਰ ਪਹੁੰਚਣ 'ਤੇ ਧੰਨਵਾਦ ਕੀਤਾ ਤੇ ਕਿਹਾ ਕਿ ਦਫਤਰ ਦੇ ਦਰਵਾਜ਼ੇ ਲੋਕਾਂ ਦੇ ਲਈ 24 ਘੰਟੇ ਖੁੱਲ੍ਹੇ ਰਹਿਣਗੇ ਅਤੇ ਹਰੇਕ ਵਿਅਕਤੀ ਦਾ ਪਹਿਲ ਦੇ ਅਧਾਰ ਤੇ ਕੰਮ ਕੀਤਾ ਜਾਵੇਗਾ। ਇਸ ਮੌਕੇ ਉਨ੍ਹਾਂ ਨਾਲ ਮਾਰਕੀਟ ਕਮੇਟੀ ਕਾਹਨੂੰਵਾਨ ਦੇ ਚੇਅਰਮੈਨ ਜਸਪਾਲ ਸਿੰਘ ਪੰਧੇਰ ਆਦਿ ਹਾਜ਼ਰ ਸਨ।

# ਮੋਟਰਾਂ ਤੇ ਇੰਜਣ ਚੋਰੀ ਕਰਨ ਵਾਲੇ ਗਰੋਹ ਦਾ ਇੱਕ ਮੈਂਬਰ ਗ੍ਰਿਫ਼ਤਾਰ



ਦੀਨਾਨਗਰ/ ਗੁਰਦਾਸਪੁਰ (ਸੰਜੀਵ/ ਜਨਕ ਮਹਾਜਨ )- ਦੀਨਾਨਗਰ ਦੇ ਏ. ਐਸ. ਪੀ. ਦਿਲਪ੍ਰੀਤ ਸਿੰਘ ਅਤੇ ਥਾਣਾ ਮੁਖੀ ਅਜਵਿੰਦਰ ਸਿੰਘ ਵੱਲੋਂ ਮਿਲੀ ਜਾਣਕਾਰੀ ਅਨੁਸਾਰ ਦੀਨਾਨਗਰ ਪੁਲਸ ਵੱਲੋਂ ਪਨੇਆੜ ਵਿਖੇ ਗੱਡੀਆਂ ਦੀ ਚੈਕਿੰਗ ਕਰਨੀ ਸ਼ੁਰੂ ਕੀਤੀ ਤਾਂ ਕੁਝ ਸਮੇਂ ਬਾਅਦ ਇੱਕ ਛੋਟਾ ਹਾਥੀ ਆਉਂਦਾ ਦਿਖਾਈ ਦਿੱਤਾ, ਜਿਸ ਨੂੰ ਇੱਕ ਮੋਨਾ ਨੌਜਵਾਨ ਚਲਾ ਰਿਹਾ ਸੀ। ਜੋ ਪੁਲਸ ਪਾਰਟੀ ਨੂੰ ਦੇਖ ਕੇ ਪਿੱਛੇ ਨੂੰ ਮੋੜਨ ਲੱਗਾ, ਜਿਸ ਨੂੰ ਪੁਲਸ ਵੱਲੋਂ ਕਾਬੂ ਕੀਤਾ ਗਿਆ। ਉਸ ਨੇ ਆਪਣਾ ਨਾਮ ਮਾਸਿਕ ਅਲੀ ਮਸਕੀਨ ਅਲੀ ਪੁੱਤਰ ਸਾਹੂ, ਵਾਸੀ ਬਾਹਮਨੀ ਥਾਣਾ ਬਹਿਰਾਮਪੁਰ ਹਾਲ ਵਾਸੀ ਤੇਜਾ ਵੀਲਾ ਨਜ਼ਦੀਕ ਸੂਏ ਦੱਸਿਆ।

ਗੱਡੀ ਦੀ ਤਲਾਸ਼ੀ ਲੈਣ ਉਪਰੰਤ ਛੋਟੇ ਹਾਥੀ ਉਪਰ ਲੱਦੇ ਸਮਾਨ ਨੂੰ ਚੈਕ ਕਰਨ 'ਤੇ 4 ਡੀਜ਼ਲ ਇੰਜਣ, ਤਿੰਨ ਪਾਣੀ ਵਾਲੀਆਂ ਬਿਜਲੀ ਦੀਆਂ ਮੋਟਰਾਂ ਤੇ ਇੱਕ ਮੋਟਰ ਲੂਬੀ ਕੰਪਨੀ 3 ਹਾਰਸ ਪਾਵਰ ਤੇ ਦੋ ਮੋਟਰਾਂ ਦੇਸੀ ਅਤੇ 6 ਡਲਿਵਰੀ ਪਾਈਪ ਬਰਾਮਦ ਹੋਏ। ਵਿਅਕਤੀ ਵੱਲੋਂ ਬਰਾਮਦ ਸਮਾਨ ਸਬੰਧੀ ਕੋਈ ਵੀ ਬਿੱਲ ਪੇਸ਼ ਨਹੀਂ ਕੀਤਾ ਗਿਆ।

ਮਾਸਿਕ ਅਲੀ ਮਸਕੀਨ ਅਲੀ ਨੇ ਦੱਸਿਆ ਕਿ ਇਹ ਇੰਜਣ ਅਤੇ ਮੋਟਰਾਂ ਮੈਂ ਅਤੇ ਸੁਰਮੂ ਪੁੱਤਰ ਨਜ਼ੀਰ ਵਾਸੀ ਤੇਜਾ ਵੀਲਾ, ਸੁਰਮੂ ਪੁੱਤਰ ਮੱਖਨਦੀਨ ਵਾਸੀ ਤੇਜਾ ਵੀਲਾ ਤੇ ਨੂਰਹਸਨ ਵਾਸੀ ਧਮਰਾਈ ਥਾਣਾ ਦੀਨਾਨਗਰ ਨੇ ਮਿਲ ਕੇ ਧਮਰਾਈ ਅਤੇ ਸਮੁਚਕ ਪਿੰਡ ਆਦਿ ਏਰੀਆ ਵਿੱਚੋਂ ਚੋਰੀ ਕੀਤੇ ਸੀ।

ਅੱਜ ਇਹ ਸਮਾਨ ਛੋਟੇ ਹਾਥੀ ਵਿੱਚ ਲੋਡ ਕਰ ਕੇ ਅੰਮ੍ਰਿਤਸਰ ਵੇਚਣ ਲਈ ਜਾਂਦੇ ਹੋਏ ਇੱਕ ਪੁਲਿਸ ਦੇ ਹੱਥੇ ਚੜ੍ਹਿਆ ਤਿੰਨ ਫਰਾਰ ਹੋ ਗਏ ਜਿਨ੍ਹਾਂ ਦੀ ਭਾਲ ਜਾਰੀ ਹੈ।

# ਨੈਸ਼ਨਲ ਡੀ-ਵਾਰਮਿੰਗ ਦਿਵਸ ਮਨਾਇਆ



ਤਰਨ ਤਾਰਨ (ਮੱਖਣ ਮਨੋਜ)- ਜ਼ਿਲਾ ਤਰਨ ਤਾਰਨ ਦੇ ਕਾਰਜਕਾਰੀ ਸਿਵਲ ਸਰਜਨ ਕਮ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਵਰਿੰਦਰਪਾਲ ਕੌਰ ਵਲੋਂ ਪ੍ਰਾਪਤ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਬਲਾਕ ਕਸੇਲ ਦੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਜਤਿੰਦਰ ਕੌਰ ਦੀ ਯੋਗ ਅਗਵਾਈ ਹੇਠ ਵੀਰਵਾਰ ਨੂੰ ਮਨਾਏ ਗਏ ਨੈਸ਼ਨਲ ਡੀ-ਵਾਰਮਿੰਗ ਦਿਵਸ ਦੌਰਾਨ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਨਾਲ ਨਾਲ ਆਂਗਣਵਾੜੀ ਸੈਂਟਰਾਂ 'ਤੇ ਐਲਬੈਂਡਾਜ਼ੋਲ ਦੀਆਂ ਗੋਲੀਆਂ 1 ਤੋਂ ਲੈ ਕੇ 19 ਸਾਲ ਤੱਕ ਦੇ ਬੱਚਿਆਂ ਨੂੰ ਖਵਾਈਆਂ ਗਈਆਂ।ਇਸ ਮੌਕੇ ਡਾ.ਜਤਿੰਦਰ ਨੇ ਨੈਸ਼ਨਲ ਡੀ-ਵਾਰਮਿੰਗ ਡੇਅ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਬੱਚਿਆਂ ਦੀ ਚੰਗੀ ਸਿਹਤ ਨੂੰ ਧਿਆਨ 'ਚ ਰੱਖਦਿਆਂ ਸਿਹਤ ਵਿਭਾਗ ਵੱਲੋਂ ਕੌਮੀ ਪੇਟ ਦੇ ਕੀੜਿਆਂ ਤੋਂ ਮੁਕਤੀ ਦਿਵਸ ਦੀ ਸ਼ੁਰੂਆਤ ਕੀਤੀ ਸੀ ਤਾਂ ਜੋ ਬੱਚਿਆਂ ਨੂੰ ਪੇਟ ਦੇ ਕੀੜਿਆਂ ਤੋਂ ਹੋਣ ਵਾਲੀਆਂ ਸਮੱਸਿਆਵਾਂ ਤੋਂ ਬਚਾਇਆ ਜਾ ਸਕੇ।ਉਨ੍ਹਾਂ ਦੱਸਿਆ ਕਿ ਪੇਟ ਦੇ ਕੀੜਿਆਂ ਕਾਰਨ ਬੱਚਿਆਂ 'ਚ ਖੂਨ ਦੀ ਕਮੀ, ਕੁਪੋਸ਼ਣ, ਮਾਨਸਿਕ ਅਤੇ ਸਰੀਰਕ ਵਿਕਾਸ 'ਚ ਕਮੀ ਆਉਂਦੀ ਹੈ।ਡਾ. ਜਤਿੰਦਰ ਨੇ ਕਿਹਾ ਕਿ ਜੇਕਰ ਸਮੇਂ ਸਿਰ ਐਲਬੈਂਡਾਜ਼ੋਲ ਦੀ ਗੋਲੀ ਬੱਚੇ ਨੂੰ ਦੇ ਦਿੱਤੀ ਜਾਵੇ ਤਾਂ ਉਸ ਦਾ ਮਾਨਸਿਕ ਅਤੇ ਸਰੀਰਕ ਵਿਕਾਸ ਨਿਰੰਤਰ ਚੱਲਦਾ ਰਹਿੰਦਾ ਹੈ।ਡਾ. ਜਤਿੰਦਰ ਨੇ ਕਿਹਾ ਕਿ ਵਿਭਾਗ ਦੀ ਆਰ ਬੀ ਐਸ ਕੇ ਟੀਮ ਵੱਲੋਂ ਵੀ ਵੱਖ ਵੱਖ ਸਕੂਲਾਂ 'ਚ ਜਾ ਕੇ ਨੈਸ਼ਨਲ ਡੀਵਾਰਮਿੰਗ ਡੇਅ ਦਾ ਨਿਰੀਖਣ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਇਸ ਦਿਵਸ ਦੀ ਕਾਮਯਾਬੀ ਲਈ ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ (ਮੇਲ ਅਤੇ ਫੀਮੇਲ) ਮਲਟੀਪਰਪਜ਼ ਹੈਲਥ ਵਰਕਰ (ਮੇਲ ਅਤੇ ਫੀਮੇਲ) ਅਤੇ ਬਲਾਕ ਦੀਆਂ ਸਮੂਹ ਆਸ਼ਾ, ਸੁਪਰਵਾਈਜ਼ਰ ਵੱਲੋਂ ਆਪਣਾ ਯੋਗਦਾਨ ਪਾਇਆ ਗਿਆ। ਉਨ੍ਹਾਂ ਕਿਹਾ ਕਿ ਜਿਹੜੇ ਬੱਚੇ ਕਿਸੇ ਕਾਰਨ ਕਰਕੇ ਗੋਲੀ ਨਹੀਂ ਖਾ ਪਾਉਣਗੇ ਤਾਂ ਉਨ੍ਹਾਂ ਨੂੰ 5 ਦਸੰਬਰ ਨੂੰ ਹੋਣ ਵਾਲੇ ਮੋਪਅਪ ਰਾਊਂਡ ਦੌਰਾਨ ਗੋਲੀਆਂ ਖਵਾਈਆਂ ਜਾਣਗੀਆਂ। ਬਲਾਕ ਐਜੂਕੇਟਰ ਨਵੀਨ ਕਾਲੀਆ ਨੇ ਦੱਸਿਆ ਕੇ ਮਾਸ ਮੀਡੀਆ ਵਿੰਗ ਐਂਡ ਫ਼ੀਲਡ ਸਟਾਫ ਵਲੋਂ ਆਈ.ਈ.ਸੀ ਗਤੀਵਿਧੀਆਂ ਰਾਹੀਂ ਨੈਸ਼ਨਲ ਡੀਵਾਰਮਿੰਗ ਦਿਵਸ ਬਾਰੇ ਜਾਗਰੂਕਤਾ ਫੈਲਾਈ ਤਾਂ ਜੋ ਵੱਧ ਵੱਧ ਬੱਚਿਆਂ ਤਕ ਇਸ ਦਾ ਲਾਭ ਪਹੁੰਚ ਸਕੇ।ਇਸ ਮੌਕੇ ਆਰ.ਬੀ.ਐਸ.ਕੇ ਦੇ ਡਾ. ਰਵਿੰਦਰ ਕੌਰ, ਡਾ. ਪ੍ਰਭਜੀਤ ਕੌਰ ਅਤੇ ਫਾਰਮਾਸਿਸਟ ਯੋਗੇਸ਼ ਗਿੱਲ ਆਦਿ ਹਾਜ਼ਰ ਰਹੇ।

# ਪਿੰਡ ਖਾਰਾ ਦੇ ਵਿਕਾਸ ਕਾਰਜ ਪਹਿਲ ਦੇ ਅਧਾਰ 'ਤੇ ਕਰਵਾਏ ਜਾਣਗੇ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਬਿਨਾਂ ਕਿਸੇ ਪੱਖਪਾਤ ਅਤੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪਿੰਡ ਖਾਰਾ ਦੇ ਵਿਕਾਸ ਕਾਰਜ ਕਰਵਾਏ ਜਾਣਗੇ ਅਤੇ ਹਰੇਕ ਵੋਟਰ ਸਪੋਰਟਰ ਨੂੰ ਨਾਲ ਲੈ ਕੇ ਪਿੰਡ ਦਾ ਵਿਕਾਸ ਕਰਵਾਇਆ ਜਾਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਖਾਰਾ ਦੇ ਸਰਪੰਚ ਕਸ਼ਮੀਰ ਕੌਰ ਅਤੇ ਉਨ੍ਹਾਂ ਦੇ ਪਤੀ ਰਣਜੀਤ ਸਿੰਘ ਨੇ ਕੀਤਾ।

ਗੱਲਬਾਤ ਦੌਰਾਨ ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਪਿੰਡ ਵਿੱਚ ਸਰਬ ਸੰਮਤੀ ਦੇ ਨਾਲ ਚੋਣ ਹੋਈ ਹੈ ਜਿਸ ਵਿੱਚ ਉਨ੍ਹਾਂ ਦੇ ਨਾਲ ਰਣਜੀਤ ਸਿੰਘ, ਰਾਜਵਿੰਦਰ ਕੌਰ, ਮਨਜੀਤ ਕੌਰ, ਸੁਰਜੀਤ ਸਿੰਘ, ਜਗਰੂਪ ਸਿੰਘ, ਲਖਵਿੰਦਰ ਸਿੰਘ ਤੇ ਕ੍ਰਿਸ਼ਨਾ ਮੈਂਬਰ ਬਣੇ । ਇਸ ਮੌਕੇ ਸਰਪੰਚ ਕਸ਼ਮੀਰ ਕੌਰ ਅਤੇ ਉਨ੍ਹਾਂ ਦੇ ਪਤੀ ਰਣਜੀਤ ਸਿੰਘ ਨੇ ਸਮੁੱਚੇ ਪਿੰਡ ਖਾਰਾ ਨਿਵਾਸੀਆਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ ਤੇ ਕਿਹਾ ਕਿ ਉਨ੍ਹਾਂ ਨੂੰ ਦਿੱਤੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਬਾਖੂਬੀ ਨਾਲ ਨਿਭਾਉਣਗੇ ਅਤੇ ਸਰਕਾਰ ਵੱਲੋਂ ਮਿਲਣ ਵਾਲਾ ਇੱਕ-ਇੱਕ ਪੈਸਾ ਪਿੰਡ ਦੇ ਵਿਕਾਸ ਵਿੱਚ ਲਗਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਆਪਣੇ ਨਿੱਜੀ ਕਮਾਈ ਦੇ ਵਿੱਚੋਂ ਪਿੰਡ ਦੇ ਵਿੱਚ ਢਾਈ ਲੱਖ ਰੁਪਿਆ ਲਗਾ ਕੇ ਪਿੰਡ ਦਾ ਵਿਕਾਸ ਕਰਵਾਇਆ ਗਿਆ ਜਿਸ ਵਿੱਚ ਪਿੰਡ ਦੀ ਚਾਰ ਦੁਆਰੀ ਦੀ ਸਾਫ ਸਫਾਈ ਅਤੇ ਹੋਰ ਪਿੰਡ ਦੇ ਕੰਮ ਕਰਵਾਏ ਗਏ ਹਨ। ਇਸ ਮੌਕੇ ਉਨਾਂ ਦੇ ਨਾਲ ਹੋਰਨਾਂ ਤੋਂ ਇਲਾਵਾ ਸੁਰਜੀਤ ਸਿੰਘ ਸੂਬੇਦਾਰ, ਕੁਲਦੀਪ ਸਿੰਘ, ਸੁਖਦੇਵ ਸਿੰਘ ,ਜਗਤਾਰ ਸਿੰਘ, ਰਵਿੰਦਰ ਸਿੰਘ, ਹਰਦੀਪ ਸਿੰਘ, ਹਰਜੀਤ ਸਿੰਘ, ਮੋਹਨ ਸਿੰਘ, ਗੁਰਦੀਪ ਸਿੰਘ, ਜਸਵਿੰਦਰ ਸਿੰਘ, ਚਿਰਮਲ ਸਿੰਘ, ਮਹਿੰਦਰ ਸਿੰਘ, ਕਵਲਜੀਤ ਸਿੰਘ, ਬਲਰਾਜ ਸਿੰਘ ਅਤੇ ਸਮੂਹ ਨਗਰ ਨਿਵਾਸੀ ਹਾਜ਼ਰ ਸਨ।

# ਖਾਲਸਾ ਨਰਸਿੰਗ ਕਾਲਜ ਮਹਿਤਾ ਨੂੰ ਆਈ ਐੱਨ ਸੀ ਵੱਲੋਂ ਮਿਲੀ ਮਾਨਤਾ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਦਮਦਮੀ ਟਕਸਾਲ ਦੇ ਮੁਖੀ ਸੰਤ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਪ੍ਰਧਾਨ ਸੰਤ ਸਮਾਜ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰਿਆਂ ਵਿੱਚੋਂ ਇੱਕ ਸੰਸਥਾ ਖਾਲਸਾ ਨਰਸਿੰਗ ਕਾਲਜ ਮਹਿਤਾ ਚੌਕ ਨੂੰ ਜੀ ਐਨ ਐਮ ਕੋਰਸ ਲਈ ਇੰਡੀਅਨ ਨਰਸਿੰਗ ਕੌਂਸਿਲ ਵੱਲੋਂ ਮਾਨਤਾ ਦੇ ਦਿੱਤੀ ਗਈ ਹੈ। ਇਸ ਸਬੰਧੀ ਆਈ ਐਨ ਸੀ ਦੀ ਉੱਚ ਪੱਧਰੀ ਟੀਮ ਵੱਲੋਂ ਕੁਝ ਦਿਨ ਪਹਿਲਾਂ ਕਾਲਜ ਦਾ ਨਿਰੀਖਣ ਕੀਤਾ ਗਿਆ ਸੀ ਜਿਸ ਉਪਰੰਤ ਇੰਡੀਅਨ ਨਰਸਿੰਗ ਕੌਂਸਲ ਵੱਲੋਂ ਖਾਲਸਾ ਨਰਸਿੰਗ ਕਾਲਜ ਨੂੰ ਜੀ. ਐੱਨ. ਐੱਮ. ਦੀਆਂ 40 ਸੀਟਾਂ ਦੀ ਮਾਨਤਾ ਦਿੱਤੀ ਗਈ। ਖਾਲਸਾ ਨਰਸਿੰਗ ਕਾਲਜ ਵਿੱਚ ਏ.ਐੱਨ.ਐੱਮ.ਦਾ ਕੋਰਸ ਪਹਿਲਾਂ ਹੀ ਕਰਵਾਇਆ ਜਾ ਰਿਹਾ ਹੈ।ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਇਲਾਕੇ ਦੇ ਲੋਕਾਂ ਨੂੰ ਦਰਪੇਸ਼ ਚੁਣੌਤੀਆਂ ਦਾ ਸਹੀ ਢੰਗ ਨਾਲ ਹੱਲ ਕਰਨ ਦੇ ਸਮਰੱਥ ਹਨ। ਉਨ੍ਹਾਂ ਦੁਆਰਾ ਇਲਾਕੇ ਦੇ ਗਰੀਬ ਪਰਵਾਰਾਂ ਦੀਆਂ ਬੱਚੀਆਂ, ਜੋ ਉਚੇਰੀ ਵਿੱਦਿਆ ਪ੍ਰਾਪਤ ਕਰਨ ਲਈ ਦੂਰ ਕਾਲਜਾਂ ਵਿੱਚ ਜਾਂਦੀਆਂ ਸਨ, ਲਈ ਖਾਲਸਾ ਨਰਸਿੰਗ ਕਾਲਜ ਦੇ ਰੂਪ ਵਿੱਚ ਇੱਕ ਵੱਡੀ ਸਹੂਲਤ ਮੁਹੱਈਆ ਕਰਵਾਈ ਗਈ। ਮਾਨਤਾ ਮਿਲਣ ਦੇ ਕਾਰਨ ਪੂਰੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।ਇਸ ਅਵਸਰ 'ਤੇ ਨਰਸਿੰਗ ਕਾਲਜ ਪ੍ਰਿੰਸੀਪਲ ਹਰਜੀਤ ਕੌਰ, ਮੈਡਮ ਪਰਵੀਨ ਕੌਰ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ, ਸਕੂਲ ਪ੍ਰਿੰਸੀਪਲ ਡਾਕਟਰ ਜਤਿੰਦਰ ਸ਼ਰਮਾ, ਡਾਕਟਰ ਰੁਪਿੰਦਰਜੀਤ ਸਿੰਘ, ਡਾਕਟਰ ਗੁਰਪ੍ਰਤਾਪ ਸਿੰਘ ਮੁਖੀ ਮੈਡੀਕਲ ਸੇਵਾਵਾਂ, ਡਾਕਟਰ ਚਰਨਜੀਤ ਸਿੰਘ ਆਦਿ ਨੇ ਆਪਣੀ ਖੁਸ਼ੀ ਜ਼ਾਹਰ ਕੀਤੀ।

# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਦੇ ਵਿਦਿਆਰਥੀਆਂ ਦੀਆਂ ਦਿੱਲੀ ਤੱਕ ਪਈਆਂ ਧੁੰਮਾਂ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਦੇ ਵਿਦਿਆਰਥੀਆਂ ਵੱਲੋਂ ਵਿਗਿਆਨ ਦੇ ਅਧਿਆਪਕ ਦਵਿੰਦਰ ਸਿੰਘ ਦੇ ਨਿਰੀਖਣ ਹੇਠ ਹਾਈਡਰੋ-ਇਲੈਕਟਰਿਕ ਪਾਵਰ ਪੁਆਇੰਟ ਪ੍ਰੋਜੈਕਟ ਨੂੰ ਇੰਸਟੀਟਿਊਸ਼ਨ ਆਫ ਟੈਕਨਾਲੋਜੀ ਦਿੱਲੀ ਭੇਜਿਆ ਗਿਆ। ਇਸ ਪ੍ਰੋਜੈਕਟ ਦੀ ਚੋਣ ਆਈ.ਆਈ.ਟੀ ਦਿੱਲੀ ਦੁਆਰਾ ਕਰਕੇ ਇਸ ਨੂੰ ਅੱਗੇ ਆਈ.ਆਈ.ਟੀ ਗੁਹਾਟੀ ਅਧੀਨ ਭੇਜਿਆ ਗਿਆ ਹੈ। ਸਕੂਲ ਪ੍ਰਿੰਸੀਪਲ ਕਿਰਨ ਕੇਸਰ ਨੇ ਦੱਸਿਆ ਕਿ ਇਸ ਪ੍ਰੋਜੈਕਟ ਮੁਕਾਬਲੇ ਲਈ ਵੱਖ-ਵੱਖ ਮੰਨੇ-ਪ੍ਰਮੰਨੇ ਸਕੂਲਾਂ ਵੱਲੋਂ ਭਾਗ ਲਿਆ ਗਿਆ ਜਿਨ੍ਹਾਂ ਵਿੱਚੋਂ ਸਾਡੇ ਸਕੂਲ ਨੂੰ ਆਈ.ਆਈ.ਟੀ ਦਿੱਲੀ ਦੁਆਰਾ ਚੁਣਿਆ ਗਿਆ ਹੈ। ਇਸ ਪ੍ਰੋਜੈਕਟ ਨੂੰ ਬਣਾਉਣ ਵਿੱਚ ਵਿਦਿਆਰਥੀ ਅਰਮਾਨਜੋਤ ਸਿੰਘ, ਅਭੀਜੋਤ ਸਿੰਘ ਅਤੇ ਅਰਮਾਨ ਜਮਾਤ ਅੱਠਵੀਂ ਵੱਲੋਂ ਸਖਤ ਮਿਹਨਤ ਕੀਤੀ ਗਈ। ਉਨ੍ਹਾਂ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਦੀ ਵਿਗਿਆਨ ਦੇ ਖੇਤਰ ਵਿੱਚ ਇਹ ਇੱਕ ਵੱਡੀ ਪ੍ਰਾਪਤੀ ਹੈ ।ਸਾਡਾ ਸਕੂਲ ਜਿੱਥੇ ਖੇਡਾਂ ਅਤੇ ਦੂਸਰੀਆਂ ਸਹਾਇਕ ਕਿਰਿਆਵਾਂ ਵਿੱਚ ਮੱਲਾਂ ਮਾਰ ਰਿਹਾ ਹੈ, ਉਥੇ ਹੀ ਵਿੱਦਿਆ ਖੇਤਰ ਵਿੱਚ ਵੀ ਪੁਰਜ਼ੋਰ ਮਿਹਨਤ ਨਾਲ ਅੱਗੇ ਵਧ ਰਿਹਾ ਹੈ। ਉਨ੍ਹਾਂ ਦੇ ਸਕੂਲ ਦੇ ਵਿਦਿਆਰਥੀ ਆਪਣੀਆਂ ਪ੍ਰਾਪਤੀਆਂ ਰਾਹੀਂ ਹਮੇਸ਼ਾ ਸੁਰਖੀਆਂ ਵਿੱਚ ਰਹਿੰਦੇ ਹਨ। ਸਕੂਲ ਦੇ ਪ੍ਰਿੰਸੀਪਲ ਕਿਰਨ ਕੇਸਰ ਨੇ ਇਸ ਇਸ ਸ਼ਾਨਦਾਰ ਪ੍ਰਾਪਤੀ 'ਤੇ ਸਮੂਹ ਸਕੂਲ ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਪ੍ਰਮਾਤਮਾ ਦਾ ਸ਼ੁਕਰਾਨਾ ਅਰਦਾਸ ਕੀਤੀ।

# ਵੋਟਰਾਂ, ਸਪੋਰਟਰਾਂ ਤੇ ਸਮਰਥਕਾਂ ਦੇ ਹਮੇਸ਼ਾ ਹੀ ਰਿਣੀ ਰਹਾਂਗੇ : ਸਰਪੰਚ ਪ੍ਰਤਾਪ ਸਿੰਘ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪਿੰਡ ਦੇ ਵੋਟਰਾਂ, ਸਮਰਥਕਾਂ ਤੇ ਸਪੋਰਟਰਾਂ ਦੇ ਹਮੇਸ਼ਾ ਹੀ ਰਿਣੀ ਰਹਾਂਗੇ ਅਤੇ ਪਿੰਡ ਦੇ ਵਿਕਾਸ ਨੂੰ ਤਰਜੀਹ ਦਿੰਦਿਆਂ ਪਿੰਡ ਦੇ ਵਿਕਾਸ ਨੂੰ ਪਹਿਲ ਦੇ ਆਧਾਰ 'ਤੇ ਕਰਵਾਇਆ ਜਾਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਕਾਦੀਆਂ ਅਧੀਨ ਪੈਂਦੇ ਪਿੰਡ ਰੂੜਾ ਬੁੱਟਰ ਦੇ ਸਰਪੰਚ ਪ੍ਰਤਾਪ ਸਿੰਘ ਪੁੱਤਰ ਅਮੀਰ ਸਿੰਘ ਦੇ ਵੱਲੋਂ ਕੀਤਾ ਗਿਆ। ਇਸ ਮੌਕੇ ਸਰਪੰਚ ਪ੍ਰਤਾਪ ਸਿੰਘ ਵੱਲੋਂ ਆਪਣੇ ਸਾਥੀਆਂ ਸਮੇਤ ਹਲਕਾ ਇੰਚਾਰਜ ਕਾਦੀਆਂ ਆਮ ਆਦਮੀ ਪਾਰਟੀ ਜ਼ਿਲ੍ਹਾ ਯੋਜਨਾ ਬੋਰਡ ਚੇਅਰਮੈਨ ਸੂਬਾ ਜਨਰਲ ਸਕੱਤਰ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦਾ ਗੁਰੂ ਬਖਸ਼ਿਸ਼ ਸਰੋਪਾ ਪਾ ਕੇ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਦੌਰਾਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਸਮੁੱਚੀ ਪੰਚਾਇਤ ਨੂੰ ਵਿਸ਼ਵਾਸ ਦਿਵਾਇਆ ਕਿ ਪਿੰਡ 'ਚ ਕਿਸੇ ਤਰ੍ਹਾਂ ਦੀ ਕੋਈ ਵੀ ਵਿਕਾਸ ਪੱਖੋਂ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਸਰਕਾਰ ਦੇ ਵੱਲੋਂ ਮਿਲਣ ਵਾਲੀਆਂ ਸਹੂਲਤਾਂ ਪਿੰਡ ਵਿੱਚ ਮੁਹੱਈਆ ਕਰਵਾਈਆਂ ਜਾਣਗੀਆਂ। ਇਸ ਮੌਕੇ ਗੱਲਬਾਤ ਕਰਦੇ ਹੋਏ ਸਰਪੰਚ ਪ੍ਰਤਾਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਪਿੰਡ ਵਿੱਚ ਸਰਬ ਸੰਮਤੀ ਨਾਲ ਸਰਪੰਚੀ ਦੀ ਚੋਣ ਹੋਈ ।ਉਨ੍ਹਾ ਦੱਸਿਆ ਕਿ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪਿੰਡ ਦਾ ਵਿਕਾਸ ਕਰਵਾਉਣਗੇ ਅਤੇ ਪਿੰਡ ਦੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ ਤੇ ਕਰਵਾਉਂਦੇ ਹੋਏ ਹਰੇਕ ਪਿੰਡ ਦੇ ਵੋਟਰ ਸਪੋਰਟਰ ਅਤੇ ਸਮਰਥਕ ਨੂੰ ਨਾਲ ਲੈ ਕੇ ਚੱਲਣਗੇ ।

ਅਖੀਰ ਵਿੱਚ ਸਰਪੰਚ ਪ੍ਰਤਾਪ ਸਿੰਘ ਨੇ ਆਪਣੇ ਪਿੰਡ ਵਾਸੀਆਂ ਸਮੇਤ ਸਮੂਹ ਵੋਟਰਾਂ ਤੇ ਸਪੋਰਟਰਾਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਮੈਂਬਰ ਪੰਚਾਇਤ ਧਰਮ ਸਿੰਘ, ਮੈਂਬਰ ਪੰਚਾਇਤ ਸਰਨਜੀਤ ਕੌਰ, ਮੈਂਬਰ ਪੰਚਾਇਤ ਤਲਜਿੰਦਰ ਕੌਰ, ਮੈਂਬਰ ਪੰਚਾਇਤ ਸੁਰਿੰਦਰ ਸਿੰਘ ਤੇ ਮੈਂਬਰ ਪੰਚਾਇਤ ਬੂਟਾ ਮਸੀਹ ਆਦੀ ਹਾਜ਼ਰ ਸਨ।

## ਜਾਗੋ ਗ੍ਰਹਕ ਜਾਗੋ ਮੁਹਿੰਮ ਤਹਿਤ ਖਪਤਕਾਰਾਂ ਨੂੰ ਕੀਤਾ ਜਾਗਰੂਕ



**ਦੀਨਾਨਗਰ, (ਸੰਜੀਵ)**-ਐੱਸ. ਐੱਸ. ਐਮ ਕਾਲਜ ਦੀਨਾਨਗਰ ਦੇ ਪੋਸਟ ਗ੍ਰੈਜੂਏਟ ਅਰਥ ਸ਼ਾਸਤਰ ਵਿਭਾਗ ਵੱਲੋਂ ਪ੍ਰੋ. ਡਾ: ਆਰ. ਕੇ ਤੁਲੀ ਦੀ ਅਗਵਾਈ ਹੇਠ ਖਪਤਕਾਰਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਜਾਗੋ ਗ੍ਰਾਹਕ ਜਾਗੋ ਦੇ ਨਾਅਰੇ ਹੇਠ ਇੱਕ ਪ੍ਰੋਗਰਾਮ ਅਤੇ ਸੈਮੀਨਾਰ ਕਰਵਾਇਆ ਗਿਆ ਅਤੇ ਵੱਖ-ਵੱਖ ਪੋਸਟਰ ਪੇਸ਼ ਕੀਤੇ ਗਏ। ਵਿਭਾਗ ਦੇ ਮੁਖੀ ਪ੍ਰੋ. ਪ੍ਰਬੋਧ ਗਰੋਵਰ ਨੇ ਆਧੁਨਿਕ ਤਕਨੀਕੀ ਯੁੱਗ ਵਿੱਚ ਖਪਤਕਾਰਾਂ ਦੇ ਅਧਿਕਾਰਾਂ ਸਬੰਧੀ ਸਰਕਾਰੀ ਨੋਟੀਫਿਕੇਸ਼ਨ ਬਾਰੇ ਜਾਣਕਾਰੀ ਦਿੱਤੀ। ਪ੍ਰਿੰ. ਡਾ: ਆਰ. ਕੇ ਤੁਲੀ ਨੇ ਕਿਹਾ ਕਿ ਧੋਖਾਧੜੀ ਅਤੇ ਜਾਅਲਸਾਜ਼ੀ ਤੋਂ ਬਚਣ ਦਾ ਇੱਕੋ ਇੱਕ ਤਰੀਕਾ ਹੈ ਕਿ ਖਪਤਕਾਰ ਆਪਣੇ ਅਧਿਕਾਰਾਂ ਪ੍ਰਤੀ ਸੁਚੇਤ ਹੋਵੇ ਅਤੇ ਖਰੀਦੋ-ਫਰੋਖਤ ਕਰਦੇ ਸਮੇਂ ਰਜਿਸਟਰਡ ਫਰਮ ਦਾ ਬਿੱਲ ਜ਼ਰੂਰ ਲਵੇ ਅਤੇ ਮਾਰਕੀਟਿੰਗ ਕਰਦੇ ਸਮੇਂ ਮਿਆਦ ਪੁੱਗਣ ਦੀ ਮਿਤੀ ਅਤੇ ਵਪਾਰ ਦਾ ਧਿਆਨ ਜ਼ਰੂਰ ਰੱਖੇ। ਵਿਦਿਆਰਥੀਆਂ ਨੇ ਦੁਕਾਨਦਾਰਾਂ ਅਤੇ ਹੋਰ ਵਿਦਿਆਰਥੀਆਂ ਨੂੰ ਪੋਸਟਰਾਂ ਰਾਹੀਂ ਖਰੀਦਦਾਰੀ ਦੀਆਂ ਪੇਚੀਦਗੀਆਂ ਤੋਂ ਜਾਣੂ ਕਰਵਾਇਆ। ਇਸ ਮੌਕੇ ਡਾ. ਰਾਜਨ ਹਾਂਡਾ, ਪ੍ਰੋ. ਪ੍ਰਬੋਧ ਗਰੋਵਰ, ਪ੍ਰੋ. ਸੁਬੀਰ ਰਗਬੋਤਰਾ, ਪ੍ਰੋ. ਸੁਸ਼ਮਾ ਅਤੇ ਪ੍ਰੋ. ਕਾਜਲ ਹਾਜ਼ਰ ਸਨ।

## ਜ਼ਿਮਨੀ ਚੋਣ ਡੇਰਾ ਬਾਬਾ ਨਾਨਕ ਦੇ ਸੰਬੰਧ 'ਚ 13 ਨੂੰ ਫੈਸਿਲੀਟੇਸ਼ਨ ਟਰੇਨਿੰਗ



ਗੁਰਦਾਸਪੁਰ (ਜਨਕ ਮਹਾਜਨ)- ਸੁਰਿੰਦਰ ਸਿੰਘ ਵਧੀਕ ਡਿਪਟੀ ਕਮਿਸ਼ਨਰ-ਕਮ-ਨੋਡਲ ਅਫਸਰ ਖਰਚਾ ਗੁਰਦਾਸਪੁਰ ਨੇ ਦੱਸਿਆ ਕਿ ਜ਼ਿਮਨੀ ਚੋਣ ਡੇਰਾ ਬਾਬਾ ਨਾਨਕ ਦੇ ਸਬੰਧ ਵਿੱਚ ਫੈਸਿਲੀਟੇਸ਼ਨ ਟਰੇਨਿੰਗ ਪ੍ਰੋਗਰਾਮ ਅਤੇ ਖਰਚਾ ਰਜਿਸਟਰ ਚੈੱਕ ਕਰਨ ਸਬੰਧੀ ਮੀਟਿੰਗ ਹੋਵੇਗੀ।

ਉਨ੍ਹਾਂ ਦੱਸਿਆ ਕਿ 13 ਦਸੰਬਰ ਨੂੰ ਸਵੇਰੇ 10 ਵਜੇ ਪੰਚਾਇਤ ਭਵਨ ਗੁਰਦਾਸਪੁਰ ਵਿਖੇ ਇੱਕ ਦਿਨ ਦੀ ਫੈਸਿਲੀਟੇਸ਼ਨ ਟਰੇਨਿੰਗ ਪ੍ਰੋਗਰਾਮ ਹੋਵੇਗਾ ਅਤੇ 19 ਦਸੰਬਰ ਨੂੰ ਸਵੇਰੇ 10 ਵਜੇ ਪੰਚਾਇਤ ਭਵਨ ਗੁਰਦਾਸਪੁਰ ਵਿਖੇ ਅਕਾਊਂਟਿੰਗ ਰੀਕਨਸਾਈਲ (ਖਰਚਾ ਰਜਿਸਟਰ) ਚੈੱਕ ਕਰਨ ਸੰਬੰਧੀ ਮੀਟਿੰਗ ਕੀਤੀ ਜਾਵੇਗੀ। ਉਨ੍ਹਾਂ ਡੇਰਾ ਬਾਬਾ ਨਾਨਕ ਜ਼ਿਮਨੀ ਚੋਣ ਲੜਨ ਵਾਲੇ ਉਮੀਦਵਾਰਾਂ ਨੂੰ ਅਪੀਲ ਕੀਤੀ ਕਿ ਉਹ ਆਪ ਜਾਂ ਆਪਣੇ ਇਲੈਕਸ਼ਨ ਏਜੰਟ ਨੂੰ ਉਪਰੋਕਤ ਮਿਤੀਆਂ 'ਤੇ ਪਹੁੰਚਣ ਨੂੰ ਯਕੀਨੀ ਬਣਾਉਣ।

## ਗੁਰਦੁਆਰਾ ਦਮਦਮਾ ਸਾਹਿਬ ਵਿਖੇ ਮੁਫਤ ਮੈਡੀਕਲ ਕੈਂਪ ਪਹਿਲੀ ਨੂੰ



ਅਜਨਾਲਾ (ਸੁਖਤਿੰਦਰ ਅਜਨਾਲਾ)-ਸਥਾਨਕ ਕਸਬਾ ਭਿੰਡੀ ਸੈਦਾਂ ਦੇ ਨਾਲ ਲੱਗਦੇ ਸਰਹੱਦੀ ਪਿੰਡ ਭਿੰਡੀ ਔਲਖ ਦੇ ਗੁਰਦੁਆਰਾ ਦਮਦਮਾ ਸਾਹਿਬ ਵਿਖੇ ਫ੍ਰੀ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ।

ਜਨਾਨਾ ਰੋਗਾਂ ਦੇ ਮਾਹਰ ਡਾ. ਗੁਰਕਿਰਨ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੇਅਰ ਪਲੱਸ ਹਸਪਤਾਲ ਠੱਠੇ ਵਾਲਿਆਂ ਵੱਲੋਂ ਇੱਕ ਦਸੰਬਰ ਨੂੰ ਗੁਰਦੁਆਰਾ ਦਮਦਮਾ ਸਾਹਿਬ ਵਿਖੇ ਫ੍ਰੀ ਮੈਡੀਕਲ ਕੈਂਪ ਲਗਾਇਆ ਜਾਵੇਗਾ ਜਿਸ ਵਿੱਚ ਜਨਾਨਾ ਰੋਗਾਂ ਦਾ ਫ੍ਰੀ ਚੈੱਕਅਪ, ਅੱਖਾਂ ਦਾ ਫ੍ਰੀ ਚੈੱਕਅਪ, ਫ੍ਰੀ ਸਿਹਤ ਜਾਂਚ ਅਤੇ ਦਵਾਈਆਂ ਫ੍ਰੀ ਦਿੱਤੀਆਂ ਜਾਣਗੀਆਂ।

ਇਹ ਕੈਂਪ ਗੁਰਦੁਆਰਾ ਦਮਦਮਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਮੁਖਤਾਰ ਸਿੰਘ ਦੀ ਅਗਵਾਈ ਹੇਠ ਲਗਾਇਆ ਜਾਵੇਗਾ। ਉਨ੍ਹਾਂ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਕੈਂਪ ਵਿੱਚ ਪਹੁੰਚ ਕੇ ਕੈਂਪ ਦਾ ਫਾਇਦਾ ਉਠਾਉਣ।

# ਸੰਤ ਬਾਬਾ ਵਿਸਾਖਾ ਸਿੰਘ ਤੇ ਹੋਰ ਗਦਰੀ ਬਾਬਿਆਂ ਦੀ ਯਾਦ 'ਚ 6 ਦੀ ਕਾਨਫਰੰਸ ਦੀਆਂ ਤਿਆਰੀਆਂ ਜ਼ੋਰਾਂ 'ਤੇ



ਦਦੇਹਰ ਸਾਹਿਬ, ਚੋਹਲਾ ਸਾਹਿਬ (ਰਮਨ ਚੱਡਾ)- ਪ੍ਰੈਸ ਨੂੰ ਜਾਣਕਾਰੀ ਦਿੰਦਿਆ ਸੀ ਪੀ ਆਈ ਦੇ ਬਲਾਕ ਸਕੱਤਰ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਪਿੰਡ ਦਦੇਹਰ ਸਾਹਿਬ ਵਿਖੇ ਦੇਸ਼ ਭਗਤ ਸੰਤ ਬਾਬਾ ਵਿਸਾਖਾ ਸਿੰਘ ਅਤੇ ਹੋਰ ਗਦਰੀ ਬਾਬਿਆਂ ਦੀ ਯਾਦ ਵਿੱਚ ਕਾਨਫਰੰਸ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸਮੇਂ ਸਮੇਂ ਦੀਆਂ ਸਰਕਾਰਾਂ ਗਦਰੀ ਬਾਬਿਆਂ ਦੀਆਂ ਕੁਰਬਾਨੀਆਂ ਨੂੰ ਭੁੱਲ ਚੁੱਕੀਆਂ ਹਨ। ਗਦਰੀ ਬਾਬਿਆਂ ਨੇ ਦੇਸ਼ ਇਸ ਕਰਕੇ ਆਜ਼ਾਦ ਕਰਵਾਇਆ ਸੀ ਕਿ ਦੇਸ਼ ਵਿੱਚ ਬੇਰੁਜ਼ਗਾਰੀ, ਭੁੱਖਮਰੀ ਨਾ ਰਹੇ। ਮਨੁੱਖ ਤੋਂ ਮਨੁੱਖ ਦੀ ਲੁੱਟ ਨਾ ਹੋਵੇ ਪਰ ਇਨ੍ਹਾਂ 'ਚ ਲਗਾਤਾਰ ਵਾਧਾ ਹੋ ਰਿਹਾ ਹੈ। ਇਹ ਸਾਰੀਆਂ ਗੱਲਾਂ ਗਦਰੀ ਬਾਬਿਆਂ ਦੀ ਸੋਚ ਤੋਂ ਉਲਟ ਹੋ ਰਹੀਆਂ ਹਨ। ਜਿੱਥੇ ਗਦਰੀ ਬਾਬਿਆਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਜਾਣਗੀਆਂ, ਉਥੇ ਸਮੇਂ ਸਮੇਂ ਦੀਆਂ ਸਰਕਾਰਾਂ ਦੇ ਪੋਲ ਵੀ ਖੋਲ੍ਹੇ ਜਾਣਗੇ। ਇਸ ਕਾਨਫਰੰਸ ਨੂੰ ਕੇਂਦਰੀ ਅਤੇ ਸੂਬਾਈ ਆਗੂ ਸੰਬੋਧਨ ਕਰਨਗੇ। ਮੀਟਿੰਗ ਵਿੱਚ ਜਾਣਕਾਰੀ ਦੇਣ ਵਾਲਿਆਂ ਵਿੱਚ ਪੰਚਾਇਤ ਮੈਂਬਰ ਸੇਵਾ ਸਿੰਘ, ਕੁਲਦੀਪ ਸਿੰਘ ਸੈਕਟਰੀ, ਕਾਮਰੇਡ ਨੇਕ ਸਿੰਘ, ਪਰਮਜੀਤ ਸਿੰਘ ਚੋਹਲਾ ਸਾਹਿਬ ਹਰਨਾਮ ਸਿੰਘ ਚੋਹਲਾ ਸਾਹਿਬ ਸ਼ਾਮਲ ਸਨ।

# ਨਸ਼ਾ ਤਸਕਰਾਂ ਖ਼ਿਲਾਫ਼ ਦੋ ਵੱਖ-ਵੱਖ ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਦਯਾਮਾ ਹਰੀਸ਼ ਦੇ ਦਿਸ਼ਾ ਨਿਰਦੇਸ਼ਾਂ 'ਤੇ ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਕਾਰਵਾਈ ਕਰਦਿਆਂ ਪੁਲਸ ਨੇ ਦੋ ਵੱਖ-ਵੱਖ ਮਾਮਲਿਆਂ ਵਿਚ ਨਸ਼ਾ ਤਸਕਰਾਂ ਨੂੰ ਕਾਬੂ ਕਰਕੇ ਉਨ੍ਹਾਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਥਾਣਾ ਸਦਰ ਗੁਰਦਾਸਪੁਰ ਪੁਲਸ ਦੇ ਏ.ਐਸ.ਆਈ. ਹਰਮਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਚੈਕਿੰਗ ਦੌਰਾਨ ਨਾਕਾ ਬੱਬਰੀ ਬਾਈਪਾਸ ਤੋਂ ਟੇਕ ਸਿੰਘ ਪਾਮੂੰ ਸ਼ਰਮਾ ਨੂੰ ਸ਼ੱਕ ਦੇ ਆਧਾਰ 'ਤੇ ਮਹਿੰਦਰਾ ਬਲੈਰੋ ਨੂੰ ਰੋਕ ਕੇ ਗੱਡੀ ਦੀ ਚੈਕਿੰਗ ਕੀਤੀ ਤਾਂ ਗੱਡੀ ਦੀ ਪਿਛਲੀ ਸੀਟ ਦੇ ਵਿਚਕਾਰ ਬਣੇ ਖਾਨੇ ਕਵਰ ਥੱਲੇ ਇੱਕ ਡੱਬਾ ਪਲਾਸਟਿਕ ਵਿਚੋਂ 500 ਗਰਾਮ ਚਰਸ ਬਰਾਮਦ ਹੋਈ। ਇਸੇ ਤਰ੍ਹਾਂ ਥਾਣਾ ਕਲਾਨੌਰ ਦੇ ਐਸ.ਆਈ. ਪ੍ਰਲਾਦ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਟੀ-ਪੁਆਇੰਟ ਨਜ਼ਦੀਕ ਬਿਜਲੀ ਘਰ ਕਲਾਨੌਰ ਤੋਂ ਅਜੈ ਪੁੱਤਰ ਜਸਵੰਤ ਸਿੰਘ, ਸੁਨੀਲ ਮਸੀਹ ਪੁੱਤਰ ਯੂਸਿਫ ਮਸੀਹ ਨੂੰ ਮੋਟਰਸਾਈਕਲ ਨੰਬਰ ਪੀ.ਬੀ.06 ਬੀ.ਜੀ.9133 ਮਾਰਕਾ ਸਪਲੈਂਡਰ ਸਮੇਤ ਰੋਕ ਕੇ ਤਲਾਸ਼ੀ ਕੀਤੀ ਤਾਂ ਅਜੇ ਦੇ ਹੱਥ ਵਿੱਚ ਫੜੇ ਮੋਮੀ ਲਿਫਾਫੇ ਨੂੰ ਚੈਕ ਕੀਤਾ, ਜਿਸ ਵਿਚੋਂ 4 ਗਰਾਮ 50 ਮਿਲੀਗਰਾਮ ਹੈਰੋਇਨ ਅਤੇ ਸੁਨੀਲ ਮਸੀਹ ਦੇ ਹੱਥ ਵਿੱਚ ਫੜੇ ਮੋਮੀ ਲਿਫਾਫੇ ਵਿਚੋਂ 4 ਗਰਾਮ 50 ਮਿਲੀਗ੍ਰਾਮ ਹੈਰੋਇਨ ਬਰਾਮਦ ਹੋਈ । ਦੋਵਾਂ ਮਾਮਲਿਆਂ ਵਿਚ ਫੜੇ ਗਏ ਵਿਅਕਤੀਆਂ ਖ਼ਿਲਾਫ਼ ਪੁਲਸ ਨੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਜੋਧਾਨਗਰੀ ਦੇ ਕਿਸਾਨਾਂ ਨੂੰ ਦਿੱਤਾ ਸਬਸਿਡੀ ਵਾਲੀ ਕਣਕ ਦਾ ਬੀਜ




ਟਾਂਗਰਾ (ਲਾਡੀ ਮੱਲ੍ਹੀ)- ਪਿੰਡ ਜੋਧਾਨਗਰੀ ਵਿਖੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਮੁੱਖ ਖੇਤੀਬਾੜੀ ਅਫ਼ਸਰ ਤਜਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ ਅਤੇ ਖੇਤੀਬਾੜੀ ਅਫ਼ਸਰ ਗੁਰਮੀਤ ਸਿੰਘ ਰਿਆੜ ਦੀ ਯੋਗ ਅਗਵਾਈ ਹੇਠ ਕਣਕ ਦੀ ਕਿਸਮ ਡੀ ਬੀ ਡਬਲਯੂ 303 ਦਾ ਸਰਟੀਫਾਈਡ ਬੀਜ ਸਬ ਮਿਸ਼ਨ ਆਨ ਸੀਡ ਐਂਡ ਪਲਾਂਟਿੰਗ ਮਟੀਰੀਅਲ ਸੀਡ ਵਿਲੇਜ ਪ੍ਰੋਗਰਾਮ ਸਕੀਮ ਅਧੀਨ ਕਿਸਾਨਾਂ ਨੂੰ ਸਬਸਿਡੀ 'ਤੇ ਵੰਡਿਆ ਗਿਆ। ਖੇਤੀਬਾੜੀ ਵਿਭਾਗ ਦੇ ਖੇਤੀਬਾੜੀ ਵਿਕਾਸ ਅਫ਼ਸਰ ਸਤਵਿੰਦਰਬੀਰ ਸਿੰਘ ਨੇ ਦੱਸਿਆ ਕਿ ਇਸ ਮਿਸ਼ਨ ਤਹਿਤ ਕਿਸਾਨਾਂ ਨੂੰ ਕਣਕ ਦੇ ਬੀਜ ਖਰੀਦ 'ਤੇ ਵੱਧ ਤੋਂ ਵੱਧ ਇਕ ਏਕੜ ਦੇ ਰਕਬੇ ਲਈ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ ਤਾਂ ਜੋ ਕਿਸਾਨ ਸਰਟੀਫਾਈਡ ਬੀਜ ਖਰੀਦ ਕੇ ਅਗਲੇ ਸਾਲ ਆਪਣਾ ਬੀਜ ਤਿਆਰ ਕਰ ਸਕਣ। ਇਹ ਬੀਜ ਤੇ ਸਬਸਿਡੀ ਕੇਵਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫਾਰਸ਼ ਕਿਸਮਾਂ 'ਤੇ ਹੀ ਮਿਲੇਗੀ।ਇਸ ਮੌਕੇ ਉਨ੍ਹਾਂ ਕਿਸਾਨਾਂ ਨੂੰ ਬੀਜ ਦੀ ਸੋਧ ਕਰਨ ਬਾਰੇ ਅਤੇ ਕਣਕ ਵਿਚ ਛੋਟੇ ਤੱਤਾਂ ਦੀ ਘਾਟ ਬਾਰੇ ਵੀ ਜਾਣਕਾਰੀ ਦਿੱਤੀ। ਇਸ ਦੌਰਾਨ ਬੀਜ ਪ੍ਰਾਪਤ ਕਰਨ ਲਈ ਕਿਸਾਨਾਂ ਵਿਚ ਕਾਫ਼ੀ ਉਤਸ਼ਾਹ ਸੀ ਅਤੇ ਕਿਸਾਨ ਜਥੇਬੰਦੀ ਦੇ ਆਗੂਆਂ ਇਕਬਾਲ ਸਿੰਘ, ਹਰਜੀਤ ਸਿੰਘ ਢੋਟ, ਅਵਤਾਰ ਸਿੰਘ ਚੱਤਰੱਥ ਆਦਿ ਨੇ ਕਿਹਾ ਕਿ ਉਹ ਅੱਗੇ ਤੋਂ ਘਰ ਦੇ ਸਰਟੀਫਾਈਡ ਬੀਜ ਤੋਂ ਤਿਆਰ ਕਰਕੇ ਅਪਣਾ ਖੁਦ ਦਾ ਬੀਜ ਬੀਜਣਗੇ। ਇਸ ਨਾਲ ਕਿਸਾਨਾਂ ਨੂੰ ਬਹੁਤ ਵਿੱਤੀ ਲਾਭ ਹੋਵੇਗਾ ਅਤੇ ਮਹਿੰਗੇ ਬੀਜ ਤੋਂ ਛੁਟਕਾਰਾ ਮਿਲੇਗਾ।

ਇਹ ਵਿਭਾਗ ਦਾ ਬਹੁਤ ਵਧੀਆ ਉਪਰਾਲਾ ਹੈ ।ਇਸ ਮੌਕੇ ਹਜ਼ੂਰ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ, ਬੇਲਦਾਰ ਅਮਰਜੀਤ ਸਿੰਘ, ਬੇਲਦਾਰ ਰਵਿੰਦਰ ਸਿੰਘ, ਨੰਬਰਦਾਰ ਬਿਕਰਮਜੀਤ ਸਿੰਘ, ਤਜਿੰਦਰ ਸਿੰਘ, ਜਗਰੂਪ ਸਿੰਘ, ਅਦਨ ਕੁਮਾਰ, ਜਗੀਰ ਸਿੰਘ, ਰਛਪਾਲ ਸਿੰਘ, ਤਲਵਿੰਦਰ ਸਿੰਘ ਬਾਊ, ਜਸਬੀਰ ਸਿੰਘ, ਬਲਦੇਵ ਸਿੰਘ, ਦਿਲਸ਼ੇਰ ਸਿੰਘ, ਸੰਦੀਪ ਸਿੰਘ ਆਦਿ ਕਿਸਾਨ ਹਾਜ਼ਰ ਸਨ।

# ਸਕੱਤਰ ਸਿੰਘ ਛਾਪਾ ਨੂੰ ਵੱਖ ਵੱਖ ਪਾਰਟੀਆਂ ਦੇ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ



**ਝਬਾਲ (ਮੱਖਣ ਮਨੋਜ)**-ਅੱਡਾ ਝਬਾਲ ਵਿਖੇ ਅਟਾਰੀ ਰੋਡ 'ਤੇ ਸਥਿਤ ਛਾਪਾ ਇਲੈਕਟ੍ਰੋਨਿਕ ਦੇ ਮਾਲਕ ਗੁਰਸੇਵਕ ਸਿੰਘ ਸੇਵੀ ਛਾਪਾ ਦੇ ਪਿਤਾ ਜੀ ਅਤੇ ਸਾਬਕਾ ਸਰਪੰਚ ਅਜਮੇਰ ਸਿੰਘ ਕਾਕਾ ਛਾਪਾ ਦੇ ਚਾਚਾ ਸਕੱਤਰ ਸਿੰਘ ਛਾਪਾ ਜੋ ਕਿ ਬੀਤੇ ਦਿਨੀਂ ਦਿਨੀਂ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦਿਆਂ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅੱਜ ਉਨ੍ਹਾਂ ਦੇ ਗ੍ਰਹਿ ਪਿੰਡ ਛਾਪਾ ਵਿਖੇ ਪਾਉਣ ਉਪਰੰਤ ਰਾਗੀ ਸਿੰਘਾਂ ਨੇ ਗੁਰਬਾਣੀ ਦਾ ਸ਼ਬਦ ਕੀਰਤਨ ਕੀਤਾ ਜਦੋਂ ਕਿ ਬਾਬਾ ਬੁੱਢਾ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ ਨੇ ਗੁਰਬਾਣੀ ਦੀ ਸੰਗਤ ਨਾਲ ਸਾਂਝ ਪਾਈ। ਇਸ ਸਮੇਂ ਸਵਰਗਵਾਸੀ ਸਕੱਤਰ ਸਿੰਘ ਗਿੱਲ ਛਾਪਾ ਦੇ ਸ਼ਰਧਾਂਜਲੀ ਸਮਾਗਮ ਵਿੱਚ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਸਾਬਕਾ ਵਿਧਾਇਕ ਹਰਮੀਤ ਸਿੰਘ ਸੰਧੂ, ਜ਼ਿਲ੍ਹਾ ਤਰਨ ਤਾਰਨ ਤੋਂ ਕਾਂਗਰਸ ਪਾਰਟੀ ਦੇ ਮੀਤ ਪ੍ਰਧਾਨ ਕਰਨਬੀਰ ਸਿੰਘ ਬੁਰਜ ਕਰਨ ਬੁਰਜ, ਸਾਬਕਾ ਮੈਂਬਰ ਸ਼੍ਰੋਮਣੀ ਕਮੇਟੀ ਸਵਿੰਦਰ ਸਿੰਘ ਦੋਬਲੀਆ, ਬਾਪੂ ਤਰਸੇਮ ਸਿੰਘ (ਪਿਤਾ ਮੈਂਬਰ ਪਾਰਲੀਮੈਂਟ ਹਲਕਾ ਖਡੂਰ ਸਾਹਿਬ ਭਾਈ ਅੰਮ੍ਰਿਤਪਾਲ ਸਿੰਘ), ਜਥੇਦਾਰ ਕਸ਼ਮੀਰ ਸਿੰਘ ਗੰਡੀਵਿੰਡ, ਸਾਬਕਾ ਸਰਪੰਚ ਹਰਦਿਆਲ ਸਿੰਘ ਝਬਾਲ, ਮੈਨੇਜਰ ਸਰਬਦਿਆਲ ਸਿੰਘ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ, ਰਾਜਬੀਰ ਸਿੰਘ ਸੰਧੂ, ਸੁਖਜਿੰਦਰ ਸਿੰਘ ਕਸੇਲ, ਅਮਰਜੀਤ ਸਿੰਘ ਸੋਹਲ ਡਾਇਰੈਕਟਰ ਸ਼ਿਵਾਲਿਕ ਪਬਲਿਕ ਸਕੂਲ ਝਬਾਲ, ਚੇਅਰਮੈਨ ਰਮਨ ਕੁਮਾਰ, ਅਮਰਿੰਦਰ ਸਿੰਘ ਮਾਨਕ ਝਬਾਲ, ਸਾਬਕਾ ਚੇਅਰਮੈਨ ਗੁਰਬੀਰ ਸਿੰਘ ਝਬਾਲ, ਜਥੇਦਾਰ ਨਿਸ਼ਾਨ ਸਿੰਘ ਦੋਦੇ, ਸਰਪੰਚ ਵਰਿੰਦਰਜੀਤ ਸਿੰਘ ਹੀਰਾਪੁਰ, ਮਲਕੀਅਤ ਸਿੰਘ ਛਾਪਾ, ਚਰਨਜੀਤ ਸਿੰਘ ਛਾਪਾ, ਜਥੇ. ਰੇਸ਼ਮ ਸਿੰਘ ਛਾਪਾ, ਕਾਮਰੇਡ ਦਵਿੰਦਰ ਕੁਮਾਰ ਸੋਹਲ, ਡਾ. ਚਰਨਜੀਤ ਸਿੰਘ ਸੋਢੀ, ਯਾਦਵਿੰਦਰ ਸਿੰਘ ਯਾਦੋਂ ਗੰਡੀਵਿੰਡ, ਨੰਬਰਦਾਰ ਅਮਨ ਸਿੰਘ, ਕਾਮਰੇਡ ਅਸ਼ੋਕ ਕੁਮਾਰ ਸੋਹਲ, ਚੇਅਰਮੈਨ ਕਸ਼ਮੀਰ ਸਿੰਘ ਮੰਨਣ, ਆੜ੍ਹਤੀ ਹਰੀਸ਼ ਨੰਦਾ, ਨੰਬਰਦਾਰ ਜਸਬੀਰ ਸਿੰਘ ਸਰਾਂ, ਸਰਪੰਚ ਕੁਲਵਿੰਦਰ ਸਿੰਘ ਕਿੰਦਾ ਚਾਹਲ, ਜਗਵੰਤ ਸਿੰਘ ਝਬਾਲ, ਅਰਵਿੰਦ ਗੁਪਤਾ, ਕਾਮਰੇਡ ਜਗਤਾਰ ਸਿੰਘ ਜੱਗਾ, ਜਸਪਾਲ ਸਿੰਘ ਦੋਦੇ, ਡੀ ਸੀ ਮਲਕ, ਪ੍ਰੀਤਮ ਸਿੰਘ ਛਾਪਾ, ਸੁਬੇਗ ਸਿੰਘ ਝਬਾਲ, ਬਲਜੀਤ ਸਿੰਘ ਚੀਮਾ, ਸਾਬਕਾ ਸਰਪੰਚ ਪ੍ਰੀਤ ਝਬਾਲ, ਸਾਬਕਾ ਸਰਪੰਚ ਜਸਬੀਰ ਸਿੰਘ ਸਵਰਗਾਪੁਰੀ, ਗੁਰਿੰਦਰ ਸਿੰਘ ਬਾਬਾ ਲੰਗਾਹ, ਸਰਬਜੀਤ ਸਿੰਘ ਝਬਾਲ ਖੁਰਦ ਆਦਿ ਹਾਜ਼ਰ ਸਨ।ਇਸ ਸਮੇਂ ਸੰਪਰਦਾਇ ਬਾਬਾ ਖੜਕ ਸਿੰਘ ਬਾਬਾ ਦਰਸ਼ਨ ਸਿੰਘ ਬੀੜ ਸਾਹਿਬ ਅਤੇ ਵੱਖ ਵੱਖ ਸੰਪਰਦਾਇ ਵੱਲੋਂ ਉਨ੍ਹਾਂ ਦੇ ਸਪੁੱਤਰ ਗੁਰਸੇਵਕ ਸਿੰਘ ਨੂੰ ਦਸਤਾਰਾਂ ਤੇ ਸਿਰੋਪੇ ਭੇਟ ਕੀਤੇ ਗਏ।

## ਭਾਰਤ ਸਰਕਾਰ ਬੰਗਲਾਦੇਸ਼ ਦੀ ਸਰਕਾਰ ਨਾਲ ਸਖਤ ਲਹਿਜਾ ਅਖਤਿਆਰ ਕਰੇ : ਮਹਾਜਨ



ਬਟਾਲਾ (ਤਰਲੋਕ ਬੱਗਾ)- ਬੰਗਲਾਦੇਸ਼ ਦੇ ਕੱਟੜਪੰਥੀਆਂ ਤੋਂ ਹਿੰਦੂਆਂ ਨੂੰ ਬਚਾਉਣ ਲਈ ਭਾਰਤ ਸਰਕਾਰ ਬੰਗਲਾਦੇਸ਼ ਦੀ ਸਰਕਾਰ ਨਾਲ ਸਖਤ ਲਹਿਜਾ ਅਖਤਿਆਰ ਕਰੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼ਿਵ ਸੈਨਾ ਸਮਾਜਵਾਦੀ ਦੇ ਰਾਸ਼ਟਰੀ ਪ੍ਰਭਾਰੀ ਰਜੀਵ ਮਹਾਜਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਇਸ ਵੇਲੇ ਬੰਗਲਾਦੇਸ਼ ਵਿੱਚ ਹਿੰਦੂ ਪੂਰੀ ਤਰ੍ਹਾਂ ਅਸੁਰੱਖਿਅਤ ਹਨ ਕਿਉਂਕਿ ਉਥੋਂ ਦੀ ਸਰਕਾਰ ਅਤੇ ਕੱਟੜਪੰਥੀ ਮੁਸਲਮਾਨ ਹਿੰਦੂਆਂ ਦੇ ਘਰਾਂ, ਦੁਕਾਨਾਂ ਅਤੇ ਉਨ੍ਹਾਂ ਦੇ ਮੁਹੱਲਿਆਂ ਵਿੱਚ ਜਾ ਕੇ ਲੱਭ ਲੱਭ ਕੇ ਉਨ੍ਹਾਂ ਦਾ ਸ਼ਰੇਆਮ ਕਤਲ ਕਰ ਰਹੇ ਹਨ ਅਤੇ ਹਿੰਦੂਆਂ ਦੀਆਂ ਬਹੂ ਬੇਟੀਆਂ ਨੂੰ ਜ਼ਬਰਦਸਤੀ ਧਰਮ ਪਰਿਵਰਤਨ ਕਰਵਾ ਕੇ ਉਨ੍ਹਾਂ ਨਾਲ ਜਬਰ ਜਿਨਾਹ ਕਰ ਰਹੇ ਹਨ।

ਬੰਗਲਾਦੇਸ਼ ਸਰਕਾਰ ਇਨ੍ਹਾਂ ਕੱਟੜਪੰਥੀਆਂ ਖਿਲਾਫ ਬਿਲਕੁਲ ਮੂਕਦਰਸ਼ਕ ਬਣੀ ਬੈਠੀ ਹੈ। ਬੰਗਲਾਦੇਸ਼ ਵਿਚ ਕੋਈ ਵੀ ਹਿੰਦੂ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰ ਰਿਹਾ। ਇਸ ਲਈ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਚਾਹੀਦਾ ਕਿ ਉਹ ਆਪਣੇ ਹਿੰਦੂ ਲੋਕਾਂ ਨੂੰ ਬਚਾਉਣ ਲਈ ਬੰਗਲਾਦੇਸ਼ ਸਰਕਾਰ ਨਾਲ ਗੱਲਬਾਤ ਕਰੇ ਤੇ ਉਥੋਂ ਦੇ ਹਿੰਦੂਆਂ ਨੂੰ ਸੁਰੱਖਿਆ ਦੇਣ ਲਈ ਮਜਬੂਰ ਕਰੇ ਜਾਂ ਉਥੋਂ ਦੇ ਹਿੰਦੂਆਂ ਨੂੰ ਭਾਰਤ ਅੰਦਰ ਪਲਾਇਨ ਕਰਵਾ ਕੇ ਉਨ੍ਹਾਂ ਦੀ ਜਾਨ ਬਚਾਵੇ।

## 'ਮੇਰਾ ਭਾਰਤ ਪੋਰਟਲ' 'ਤੇ ਚਾਰ ਪੜਾਵਾਂ 'ਚ ਹੋਵੇਗਾ ਸਮਾਗਮ

ਗੁਰਦਾਸਪੁਰ/ ਕਾਦੀਆਂ (ਜਨਕ ਮਹਾਜਨ/ ਯਾਦਵਿੰਦਰ ਸਿੰਘ ਮਲਹੋਤਰਾ)- ਭਾਰਤ ਸਰਕਾਰ ਦੇ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੁਆਰਾ ਮਾਈ ਭਾਰਤ ਪਹਿਲਕਦਮੀ ਦੁਆਰਾ ਵਿਕਸਿਤ ਕੀਤੇ ਗਏ ਇੰਡੀਆ ਯੰਗ ਲੀਡਰਸ ਡਾਇਲਾਗ ਪ੍ਰੋਗਰਾਮ 'ਮੇਰਾ ਭਾਰਤ ਪੋਰਟਲ' 'ਤੇ ਆਯੋਜਿਤ ਕੀਤਾ ਗਿਆ। ਦੇਸ਼ ਭਰ ਦੇ ਚੁਣੇ ਹੋਏ ਨੌਜਵਾਨਾਂ ਨੂੰ ਰਾਸ਼ਟਰੀ ਯੁਵਾ ਦਿਵਸ ਤੇ ਮਾਣਯੋਗ ਪ੍ਰਧਾਨ ਮੰਤਰੀ ਨਰਿੰਦਰ ਸਿੰਘ ਮੋਦੀ ਨੂੰ ਮਿਲਣ ਦਾ ਮੌਕਾ ਮਿਲੇਗਾ। ਨਹਿਰੂ ਯੁਵਾ ਕੇਂਦਰ ਗੁਰਦਾਸਪੁਰ ਦੀ ਜ਼ਿਲ੍ਹਾ ਯੁਵਾ ਅਧਿਕਾਰੀ ਸੰਦੀਪ ਕੌਰ ਨੇ ਦੱਸਿਆ ਕਿ ਇਸ ਪ੍ਰੋਗਰਾਮ ਦਾ ਮੁੱਖ ਮੰਤਵ ਨੌਜਵਾਨਾਂ ਦੀ ਰਾਜਨੀਤੀ ਅਤੇ ਨਾਗਰਿਕ ਜੀਵਨ ਵਿੱਚ ਭਾਗੀਦਾਰੀ ਨੂੰ ਵਧਾਉਣਾ ਹੈ ਅਤੇ ਉਨ੍ਹਾਂ 15-29 ਸਾਲ ਦੀ ਉਮਰ ਦੇ ਸਮੂਹ ਨੌਜਵਾਨਾਂ ਨੂੰ ਵੀ ਅਪੀਲ ਕੀਤੀ ਅਤੇ ਇਸ ਪ੍ਰੋਗਰਾਮ ਵਿੱਚ ਸ਼ਾਮਿਲ ਹੋਣ ਦੀ ਬੇਨਤੀ ਕੀਤੀ। ਇਸ ਪ੍ਰੋਗਰਾਮ ਤਹਿਤ ਨੌਜਵਾਨਾਂ ਨੂੰ ਚਾਰ ਪੜਾਵਾਂ ਵਿੱਚ ਕਰਵਾਏ ਜਾਣ ਵਾਲੇ ਮੁਕਾਬਲਿਆਂ ਵਿੱਚ ਭਾਗ ਲੈਣਾ ਹੋਵੇਗਾ। ਇਸ ਦੇ ਤਹਿਤ, ਮਾਈ ਯੁਵਾ ਭਾਰਤ ਪਲੇਟਫਾਰਮ ਤੇ 25 ਨਵੰਬਰ 2024 ਤੋਂ 5 ਦਸੰਬਰ 2024 ਤੱਕ ਹੋਣ ਵਾਲੇ ਡਿਜੀਟਲ ਕੁਇਜ਼ ਵਿੱਚ 15-29 ਸਾਲ ਦੀ ਉਮਰ ਦੇ ਨੌਜਵਾਨ ਭਾਗ ਲੈਣਗੇ।

# ਸਰਹੱਦ 'ਤੇ ਮਨਾਏ ਜਸ਼ਨ




ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਕਰਤਾਰਪੁਰ ਕੋਰੀਡੋਰ ਡੇਰਾ ਬਾਬਾ ਨਾਨਕ ਦੀ ਕੌਮਾਂਤਰੀ ਸਰਹੱਦ 'ਤੇ ਅਬੋਹਰ ਤੋਂ ਪੁੱਜੀ ਬੀ ਐਸ ਐਫ ਦੀ ਸਾਈਕਲ ਰੈਲੀ ਮੌਕੇ ਬੀ ਐਸ ਐਫ ਦੇ ਜਵਾਨਾਂ ਵੱਲੋਂ ਜਸ਼ਨ ਮਨਾਏ ਗਏ। ਇਸ ਮੌਕੇ ਬੀ ਐਸ ਐਫ ਜਵਾਨਾਂ ਵੱਲੋਂ ਗਾਏ ਦੇਸ਼ ਭਗਤੀ ਦੇ ਗੀਤ ਮਾਂ ਤੁਜੇ ਸਲਾਮ, ਸੋਹਣਿਆ ਯਾਰਾ ਵੇ, ਓ ਦਿਲਦਾਰ ਵੇ , ਨਾ ਦੁਨੀਆ ਮਿਲੇ ਦੁਬਾਰਾ ਵੇ, ਦਿਲ ਦੀਆ ਹੈ ਜਾਨ ਵੀ ਦੇਂਗੇ, ਐ ਵਤਨ ਤੇਰੇ ਲੀਏ, ਆਦਿ ਦੇਸ਼ ਭਗਤੀ ਦੇ ਗੀਤਾਂ ਰਾਹੀ ਹਾਜ਼ਰੀਨ ਦਾ ਮਨੋਰੰਜਨ ਕਰਵਾਇਆ ਗਿਆ। ਇਸ ਮੌਕੇ ਜਵਾਨਾਂ ਨੇ ਪੰਜਾਬ ਦਾ ਲੋਕ ਨਾਚ ਭੰਗੜਾ ਵੀ ਪੇਸ਼ ਕੀਤਾ। ਨੁੱਕੜ ਨਾਟਕ ਰਾਹੀਂ ਇਨਸਾਨ ਦੀ ਜ਼ਿੰਦਗੀ 'ਤੇ ਨਸ਼ਿਆਂ ਦੇ ਮਾੜੇ ਪੈਣ ਵਾਲੇ ਪ੍ਰਭਾਵ ਤੋਂ ਹਾਜ਼ਰੀਨ ਨੂੰ ਜਾਣੂ ਕਰਵਾਇਆ। ਇਸ ਮੌਕੇ ਬੀ ਐਸ ਐਫ ਦੀ 24 ਬਟਾਲੀਅਨ ਦੇ ਕਾਰਜਕਾਰੀ ਕਮਾਂਡੈਂਟ ਜੀਵਨ ਕਿਸ਼ੋਰ ਗੁਪਤਾ, 27 ਬਟਾਲੀਅਨ ਦੇ ਕਾਰਜਕਾਰੀ ਕਮਾਂਡੈਂਟ ਧਨੰਜੇ ਚੌਹਾਨ, 6/8 ਗੋਰਖਾ ਰੈਜੀਮੈਂਟ ਕਮਾਂਡੈਂਟ ਰਵੀਕਾਂਤ ਖਸ਼ੁਆਂ, 113 ਬਟਾਲੀਅਨ ਬੀ ਐਸ ਐਫ ਦੇ ਟੂ ਆਈ ਸੀ ਮਨੋਜ ਕੁਮਾਰ, ਡਿਪਟੀ ਕਮਾਂਡੈਂਟ ਐਸ ਐਸ ਗਰਚਾ, ਡਿਪਟੀ ਕਮਾਂਡੈਂਟ ਰਜਨੀਸ਼ ਕਾਲੀਆ, ਰਾਜਪਾਲ ਸਿੰਘ ਸੇਖੋਂ ਐਸ ਡੀ ਐਮ ਡੇਰਾ ਬਾਬਾ ਨਾਨਕ, ਜੋਗਾ ਸਿੰਘ ਡੀ.ਐਸ.ਪੀ ਡੇਰਾ ਬਾਬਾ ਨਾਨਕ, ਐਸ ਆਈ ਮਨਜੀਤ ਯਾਦਵ, ਕੈਪਟਨ ਨਰਿੰਦਰ ਸਿੰਘ ਸਰਪੰਚ ਠੇਠਰਕੇ, ਕੈਪਟਨ ਸਵਿੰਦਰ ਪਾਲ ਸਿੰਘ, ਗੁਰਪ੍ਰੀਤ ਸਿੰਘ ਠੇਠਰਕੇ, ਸੁਰਜੀਤ ਸਿੰਘ ਸਰਪੰਚ ਪੱਖੋਕੇ ਟਾਹਲੀ ਸਾਹਿਬ, ਲੈਂਡ ਪੋਰਟ ਅਥਾਰਟੀ ਆਫ ਇੰਡੀਆ ਦੇ ਡਿਪਟੀ ਜਨਰਲ ਮੈਨੇਜਰ ਮਨਜੀਤ ਸਿੰਘ, ਜਸਵੰਤ ਸਿੰਘ, ਰਾਜੇਸ਼ ਕੁਮਾਰ, ਨਰਿੰਦਰ ਸਿੰਘ ਪੰਨੂੰ, ਬਲਵੰਤ ਸਿੰਘ, ਜਸਵਿੰਦਰ ਸਿੰਘ, ਸਰਦੂਲ ਸਿੰਘ, ਰੀਡਰ ਗੁਰਪਾਲ ਸਿੰਘ, ਸੁਖਜਿੰਦਰ ਸਿੰਘ ਰਿੰਕੂ, ਥਾਣੇਦਾਰ ਹਰਦੇਵ ਸਿੰਘ , ਥਾਣੇਦਾਰ ਰਤਨ ਲਾਲ, ਅਵਤਾਰ ਸਿੰਘ, ਜੋਬਨਪ੍ਰੀਤ ਸਿੰਘ, ਸਰਬਜੀਤ ਸਿੰਘ ਫੌਜੀ ਪੱਖੋਕੇ ਅਤੇ ਵੱਡੀ ਗਿਣਤੀ ਵਿੱਚ ਬੀ ਐਸ ਐਫ ਦੇ ਜਵਾਨ ਤੇ ਲੈਂਡ ਪੋਰਟ ਅਥਾਰਟੀ ਆਫ ਇੰਡੀਆ ਦੇ ਕਰਮਚਾਰੀ ਹਾਜ਼ਰ ਸਨ ।

## ਜਸਟਿਸ ਕੁਲਦੀਪ ਸਿੰਘ ਦਾ ਦੇਹਾਂਤ ਕਦੇ ਨਾ ਪੂਰਾ ਹੋਣ ਵਾਲਾ ਕੌਮੀ ਘਾਟਾ: ਬਾਬਾ ਬਲਬੀਰ ਸਿੰਘ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਜਸਟਿਸ ਕੁਲਦੀਪ ਸਿੰਘ ਦਾ ਦੇਹਾਂਤ ਕਾਨੂੰਨੀ ਭਾਈਚਾਰੇ ਅਤੇ ਸਮਾਜ ਦੇ ਵੱਖ-ਵੱਖ ਖੇਤਰਾਂ 'ਚ ਉਨ੍ਹਾਂ ਦੇ ਪ੍ਰਸ਼ੰਸਕਾਂ, ਚਾਹੁਣ ਵਾਲਿਆਂ ਦੇ ਵਿਸ਼ਾਲ ਸਮੂਹ ਲਈ ਇਕ ਨਾ ਪੂਰਾ ਹੋਣ ਵਾਲਾ ਘਾਟਾ ਹੈ। ਨਿਹੰਗ ਸਿੰਘਾਂ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਇਸ ਸਬੰਧੀ ਕਿਹਾ ਕਿ ਜਸਟਿਸ ਕੁਲਦੀਪ ਸਿੰਘ ਸਮਰਪਿਤ ਭਾਵਨਾ ਨਾਲ ਸੰਵਿਧਾਨਵਾਦ ਦੇ ਸਿਧਾਂਤ ਪ੍ਰਤੀ ਵਚਨਬੱਧ ਰਹੇ। ਉਨ੍ਹਾਂ ਨੇ ਪ੍ਰਗਤੀਸ਼ੀਲ ਸਮਾਜਿਕ ਤਬਦੀਲੀ ਅਤੇ ਇਕ ਗਤੀਸ਼ੀਲ ਸੰਵਿਧਾਨ ਦੇ ਉਦੇਸ਼ਾਂ ਨੂੰ ਅੱਗੇ ਵਧਾਉਣ ਲਈ ਆਪਣੇ ਕਈ ਯਾਦਗਾਰੀ ਮਹੱਤਵਪੂਰਨ ਫੈਸਲੇ ਲਿਖੇ। ਜਸਟਿਸ ਕੁਲਦੀਪ ਸਿੰਘ ਨੂੰ ਹਮੇਸ਼ਾ ਹੀ ਉਨ੍ਹਾਂ ਦੇ ਜੱਜ ਦੇ ਰੂਪ 'ਚ ਨਿਭਾਈ ਸੇਵਾ ਅਤੇ ਪ੍ਰੰਪਰਾਵਾਂ ਬਣਾਏ ਰੱਖਣ ਲਈ ਅਸਲ 'ਚ ਯਾਦ ਕੀਤਾ ਜਾਂਦਾ ਰਹੇਗਾ। ਬਾਬਾ ਬਲਬੀਰ ਸਿੰਘ ਨੇ ਕਿਹਾ ਕਿ ਉਨ੍ਹਾਂ ਦੇ ਅਕਾਲ ਚਲਾਣਾ ਕਰ ਜਾਣ ਨਾਲ ਰਾਸ਼ਟਰੀ ਨੁਕਸਾਨ ਹੋਇਆ ਹੈ। ਉਨ੍ਹਾਂ ਨੂੰ ਹਰ ਵਰਗ ਦੀਆਂ ਸੰਸਥਾਵਾਂ ਦੇ ਮੁਖੀ "ਇਨਸਾਫ ਦਾ ਰਾਜਾ" ਲਕਬ ਨਾਲ ਯਾਦ ਕਰਦੇ ਸਨ। ਉਨ੍ਹਾਂ ਵੱਲੋਂ ਕਨੂੰਨੀ ਪੱਧਰ ਤੇ ਇਨਸਾਫ ਲਈ ਲਿਖੇ ਫੈਸਲੇ ਕਾਨੂੰਨ ਲਈ ਉਦਾਹਰਨ ਵਜੋਂ ਯਾਦ ਕੀਤੇ ਜਾਣਗੇ।

# ਸਾਰਾਗੜ੍ਹੀ ਜੰਗ ਦਾ ਇਤਿਹਾਸ ਸਕੂਲਾਂ 'ਚ ਪੜ੍ਹਾਇਆ ਜਾਣਾ ਯਕੀਨੀ ਬਣਾਇਆ ਜਾਵੇਗਾ : ਸੰਧਵਾਂ



**ਅੰਮ੍ਰਿਤਸਰ** (ਨਰਿੰਦਰਜੀਤ ਸਿੰਘ)- ਸਾਰਾਗੜ੍ਹੀ ਫਾਊਂਡੇਸ਼ਨ ਵੱਲੋਂ ਅੰਮ੍ਰਿਤਸਰ ਦੇ ਮੁੱਖ ਪ੍ਰਵੇਸ਼ ਦੁਆਰ ਵਿਖੇ ਸਥਾਪਿਤ ਕੀਤੀ ਸਾਰਾਗੜ੍ਹੀ ਦੇ ਸ਼ਹੀਦਾਂ ਦੀ ਯਾਦਗਾਰ ਦਾ ਉਦਘਾਟਨ ਕਰਨ ਪਹੁੰਚੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਸਾਰਾਗੜ੍ਹੀ ਦੀ ਜੰਗ ਦਾ ਮਾਣਮੱਤਾ ਇਤਿਹਾਸ ਪੰਜਾਬ ਦੇ ਹਰੇਕ ਸਕੂਲ ਵਿੱਚ ਪੜ੍ਹਾਇਆ ਜਾਣਾ ਯਕੀਨੀ ਬਣਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਦੁਨੀਆ ਦੀਆਂ ਚੋਟੀ ਦੀਆਂ ਲੜਾਈਆਂ ਵਿੱਚ ਸ਼ਾਮਲ ਸਾਰਾਗੜ੍ਹੀ ਦੀ ਲੜਾਈ 21 ਬਹਾਦਰ ਸਿੱਖ ਫੌਜੀਆਂ ਵੱਲੋਂ ਵਿਖਾਈ ਗਈ ਲਾਮਿਸਾਲ ਬਹਾਦਰੀ ਦੀ ਮਿਸਾਲ ਹੈ ਅਤੇ ਇਸ ਨੂੰ ਆਉਣ ਵਾਲੀਆਂ ਪੀੜ੍ਹੀਆਂ ਵਿੱਚ ਜੀਵਤ ਰੱਖਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਇਸ ਮੌਕੇ ਸਾਰਾਗੜ੍ਹੀ ਫਾਊਂਡੇਸ਼ਨ ਵੱਲੋਂ ਦੁਨੀਆ ਭਰ ਵਿੱਚ ਇਨ੍ਹਾਂ ਸ਼ਹੀਦਾਂ ਦੀਆਂ ਯਾਦਗਾਰਾਂ ਸਥਾਪਿਤ ਕਰਨ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਦੀ ਸਰਾਹਨਾ ਕੀਤੀ।

ਇਸ ਮੌਕੇ ਵਿਧਾਇਕ ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ ਸਾਡੇ ਲਈ ਇਹ ਮਾਣ ਦੀ ਗੱਲ ਹੈ ਕਿ ਅੰਮ੍ਰਿਤਸਰ ਦੇ ਦਰਸ਼ਨੀ ਗੇਟ ਹੇਠਾਂ ਇਨ੍ਹਾਂ ਸ਼ਹੀਦਾਂ ਦੀ ਯਾਦਗਾਰ ਬਣਾਈ ਗਈ ਹੈ ਜੋ ਕਿ ਵਿਸ਼ਵ ਭਰ ਤੋਂ ਆਉਂਦੇ ਲੋਕਾਂ ਲਈ ਪ੍ਰੇਰਨਾ ਦਾ ਵੱਡਾ ਸਰੋਤ ਬਣੇਗੀ।

ਫਾਊਂਡੇਸ਼ਨ ਦੇ ਚੇਅਰਮੈਨ ਡਾਕਟਰ ਗੁਰਿੰਦਰ ਪਾਲ ਸਿੰਘ ਜੋਸਨ ਨੇ ਦੱਸਿਆ ਕਿ ਕਿਵੇਂ 1984 ਤੋਂ ਲੈ ਕੇ ਹੁਣ ਤੱਕ ਸੰਸਥਾ ਵੱਲੋਂ ਸਾਰਾਗੜ੍ਹੀ ਦੇ ਸ਼ਹੀਦਾਂ ਦੀਆਂ ਯਾਦਗਾਰਾਂ ਬਣਾਉਣ ਅਤੇ ਉਸ ਦੇ ਦੁਨੀਆ ਭਰ ਵਿੱਚ ਪ੍ਰਚਾਰ ਪ੍ਰਸਾਰ ਲਈ ਕੰਮ ਕੀਤਾ ਗਿਆ। ਅਵਤਾਰ ਸਿੰਘ ਮਿਨਹਾਸ ਨੇ ਇਸ ਮੌਕੇ ਦੱਸਿਆ ਕਿ ਬਰੈਂਪਟਨ ਕੈਨੇਡਾ ਵਿਖੇ ਵੀ ਸਾਰਾਗੜ੍ਹੀ ਦੇ ਸ਼ਹੀਦਾਂ ਦੀ ਯਾਦਗਾਰ ਸਥਾਪਿਤ ਕੀਤੀ ਜਾ ਰਹੀ ਹੈ ਅਤੇ ਆਉਂਦੇ ਸਾਲ ਵਿੱਚ ਇਸ ਦਾ ਉਦਘਾਟਨ ਕੀਤਾ ਜਾਵੇਗਾ।

ਹੋਰਨਾਂ ਤੋਂ ਇਲਾਵਾ ਇਸ ਮੌਕੇ ਵਿਧਾਇਕਾ ਜੀਵਨ ਜੋਤ ਕੌਰ, ਜਨਰਲ ਜੇ ਜੇ ਸਿੰਘ, ਸੁਖਦੇਵ ਸਿੰਘ ਭੂਰਾ ਕੋਹਨਾ, ਬ੍ਰਿਗੇਡੀਅਰ ਜੇ ਐਸ ਅਰੋੜਾ, ਕਰਨਲ ਕਮਲਜੀਤ ਸਿੰਘ, ਜਗਦੀਸ਼ ਸਿੰਘ, ਮੇਜਰ ਦਿਲਬਾਗ ਸਿੰਘ, ਕਰਨਲ ਬਲਦੇਵ ਸਿੰਘ ਚਾਹਲ, ਬ੍ਰਿਟਿਸ਼ ਆਰਮੀ ਤੋਂ ਅਨੁਪ੍ਰੀਤ ਸਿੰਘ ਕੋਰਪਾਲ ਤੇ ਅਸ਼ੋਕ ਕੁਮਾਰ ਚੌਹਾਨ ਨੇ ਵੀ ਸੰਬੋਧਨ ਕੀਤਾ।

ਇਸ ਮੌਕੇ ਵਰਿੰਦਰ ਕੌਰ ਖਾਸ, ਇਕਬਾਲ ਸਿੰਘ ਸ਼ੈਰੀ, ਚਰਨਜੀਤ ਸਿੰਘ ਨਕੋਦਰ, ਡਾਕਟਰ ਬਲਜੀਤ ਕੌਰ ਤਰਨ ਤਾਰਨ ਅਤੇ ਹੋਰ ਸ਼ਖਸੀਅਤਾਂ ਵੀ ਹਾਜ਼ਰ ਸਨ।

# ਨੌਜਵਾਨ ਦੀ ਚਿੱਟੇ ਦੀ ਓਵਰਡੋਜ਼ ਲੈਣ ਨਾਲ ਮੌਤ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਪੰਜਾਬ ਵਿੱਚ ਵਗ ਰਹੇ ਨਸ਼ਿਆਂ ਦੇ ਛੇਵੇਂ ਦਰਿਆ ਨਾਲ ਨਿੱਤ ਨਵੇਂ ਦਿਨ ਨੌਜਵਾਨਾਂ ਦੀਆਂ ਮੌਤਾਂ ਰੁਕਣ ਦਾ ਨਾਮ ਨਹੀਂ ਲੈ ਰਹੀਆਂ । ਅੱਜ ਇਸੇ ਤਰ੍ਹਾਂ ਦਾ ਮਾਮਲਾ ਪੁਲਸ ਥਾਣਾ ਡੇਰਾ ਬਾਬਾ ਨਾਨਕ ਅਧੀਨ ਪੈਂਦੇ ਪਿੰਡ ਪੱਤੀ ਤਲਵੰਡੀ ਕਠਿਆਲਾ ਤੋਂ ਸਾਹਮਣੇ ਆਇਆ ਹੈ, ਜਿੱਥੇ ਕੁਲਜੀਤ ਸਿੰਘ ਲਾਲਾ ਪੁੱਤਰ ਬੀਰ ਸਿੰਘ ਦੀ ਪਿੰਡ ਨਿੱਕੋਸਰਾਂ ਵਿੱਚ ਚਿੱਟੇ ਦੀ ਓਵਰਡੋਜ਼ ਲੈਣ ਨਾਲ ਮੌਤ ਹੋ ਗਈ ।ਇਸ ਸਬੰਧੀ ਨੌਜਵਾਨ ਦੇ ਪਿਤਾ ਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਇਕਲੌਤੇ ਪੁੱਤਰ ਕੁਲਜੀਤ ਸਿੰਘ ਲਾਲਾ (35) ਜੋ ਕਿ ਹੁਸ਼ਿਆਰਪੁਰ ਮੁਕੇਰੀਆਂ ਐਕਸਾਈਜ਼ ਵਿਭਾਗ ਦੇ ਵਿੱਚ ਕੰਮ ਕਰਦਾ ਸੀ ਤੇ ਬੀਤੀ ਰਾਤ ਉਹ ਆਪਣੀ ਡਿਊਟੀ ਤੋਂ ਪਰਤਦੇ ਸਮੇਂ ਪਿੰਡ ਨਿੱਕੋਸਰਾਂ ਦੇ ਵਿੱਚ ਕਿਸੇ ਕੋਲੋਂ ਚਿੱਟੇ ਦੀ ਓਵਰਡੋਜ਼ ਲੈਣ ਨਾਲ ਉਸ ਦੀ ਮੌਤ ਹੋਈ ਹੈ।ਉਨ੍ਹਾਂ ਦੱਸਿਆ ਕਿ ਅੱਜ ਪਿੰਡ ਨਿਕੋਸਰਾਂ ਦੇ ਸਾਬਕਾ ਸਰਪੰਚ ਮਹਿੰਦਰ ਸਿੰਘ ਨੇ ਉਨ੍ਹਾਂ ਨੂੰ ਫੋਨ 'ਤੇ ਸੂਚਨਾ ਦਿੱਤੀ ਕਿ ਤੁਹਾਡਾ ਪੁੱਤਰ ਪਿੰਡ ਦੀ ਕਿਸੇ ਲਵਾਰਸ ਜਗ੍ਹਾ 'ਤੇ ਬੇਹੋਸ਼ੀ ਦੀ ਹਾਲਤ ਵਿੱਚ ਪਿਆ ਹੈ ਤਾਂ ਅਸੀਂ ਤੁਰੰਤ ਆ ਕੇ ਦੇਖਿਆ ਤਾਂ ਉਸ ਦੇ ਮੂੰਹ ਵਿੱਚੋਂ ਝੱਗ ਵਗ ਰਹੀ ਸੀ ਤੇ ਉਸ ਦੀ ਮੌਤ ਹੋ ਚੁੱਕੀ ਸੀ।ਪੀੜਤ ਪਰਵਾਰ ਅਤੇ ਪਿੰਡ ਵਾਸੀ ਨੰਬਰਦਾਰ ਤਰਲੋਕ ਸਿੰਘ, ਕਸ਼ਮੀਰ ਸਿੰਘ, ਸਰਪੰਚ ਨਵਰੀਤ ਸਿੰਘ ਬੱਲ, ਪ੍ਰਗਟ ਸਿੰਘ, ਗੁਰਦੀਪ ਸਿੰਘ, ਮੱਖਣ ਸਿੰਘ, ਮਹਿੰਦਰ ਸਿੰਘ ਨਿਕੋਸਰਾਂ, ਸੋਨੀ ਹਾਰਡਵੇਅਰ ਸਟੋਰ ਵੱਲੋਂ ਪੰਜਾਬ ਸਰਕਾਰ ਅਤੇ ਪੰਜਾਬ ਪੁਲਸ ਦੇ ਖਿਲਾਫ ਨਾਅਰੇਬਾਜ਼ੀ ਕਰਦਿਆਂ ਕਥਿਤ ਤੌਰ 'ਤੇ ਦੋਸ਼ ਲਗਾਉਂਦੇ ਹੋਏ ਕਿਹਾ ਕਿ ਚਿੱਟੇ ਨਾਲ ਆਏ ਦਿਨ ਪੰਜਾਬ ਵਿੱਚ ਅਨੇਕਾਂ ਮੌਤਾਂ ਹੋ ਰਹੀਆਂ ਹਨ ਤੇ ਘਰਾਂ ਦੇ ਘਰ ਬਰਬਾਦ ਹੋ ਰਹੇ ਹਨ । ਪਰ ਸਰਕਾਰਾਂ ਚਿੱਟੇ ਨੂੰ ਖਤਮ ਕਰਨ ਵਿੱਚ ਅਸਮਰਥ ਸਾਬਤ ਹੋ ਰਹੀਆਂ ਹਨ।ਨੌਜਵਾਨ ਆਪਣੇ ਪਿੱਛੇ ਬਜ਼ੁਰਗ ਮਾਤਾ ਪਿਤਾ ,13 ਸਾਲਾ ਬੇਟੀ ਅਤੇ ਪਤਨੀ ਨੂੰ ਛੱਡ ਗਿਆ ਹੈ।ਉਧਰ ਪਿੰਡ ਨਿਕੋਸਰਾਂ ਦੇ ਸਾਬਕਾ ਸਰਪੰਚ ਮਹਿੰਦਰ ਸਿੰਘ ਨੇ ਦੱਸਿਆ ਕਿ ਮੇਰੇ ਪਿੰਡ ਵਿੱਚ ਬਹੁਤ ਸਾਰਾ ਨਸ਼ਾ ਵਿਕ ਰਿਹਾ ਹੈ, ਪਰ ਪੁਲਸ ਨੂੰ ਦੱਸਣ ਦੇ ਬਾਵਜੂਦ ਉਨ੍ਹਾਂ ਨੂੰ ਨੱਥ ਨਹੀਂ ਪੈ ਰਹੀ। ਹੁਣ ਪਿੰਡ ਵਾਸੀਆਂ ਨੂੰ ਚਾਹੀਦਾ ਹੈ ਕਿ ਆਪ ਆਪਣੇ ਪਿੰਡਾਂ ਵਿੱਚ ਮਤੇ ਪਾ ਕੇ ਨਸ਼ਾ ਵੇਚਣ ਵਾਲੇ ਲੋਕਾਂ ਦਾ ਬਾਈਕਾਟ ਕਰਨ ਅਤੇ ਜਿਹੜੇ ਲੋਕ ਨਸ਼ਾ ਵੇਚਣ ਵਾਲੇ ਦੀ ਜ਼ਮਾਨਤ ਦਿੰਦੇ ਹਨ, ਉਨ੍ਹਾਂ ਦਾ ਵੀ ਬਿਲਕੁਲ ਬਾਈਕਾਟ ਕੀਤਾ ਜਾਵੇ ਤਾਂ ਹੀ ਨਸ਼ੇ 'ਤੇ ਰੋਕ ਲੱਗੇਗੀ।

29-Nov-PAGE-12.qxd 11/28/2024 11:12 PM Page 1



# ਸੜਕ ਸੁਰੱਖਿਆ ਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਸੰਬੰਧੀ ਕਰਵਾਇਆ ਜਾਗਰੂਕਤਾ ਪ੍ਰੋਗਰਾਮ



**ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ, ਬਲਬੀਰ ਸਿੰਘ ਸੈਣੀ)**

ਜ਼ਿਲ੍ਹਾ ਤੇ ਸ਼ੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦਿਲਬਾਗ ਸਿੰਘ ਜੌਹਲ ਦੇ ਨਿਰਦੇਸ਼ਾਂ 'ਤੇ ਚੀਫ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਜ ਪਾਲ ਰਾਵਲ ਵੱਲੋਂ ਜ਼ੇਮਸ ਕੈਂਬਰਿਜ ਇੰਟਰਨੈਸ਼ਨ ਸਕੂਲ ਵਿਖੇ 'ਤੁਹਾਡੀ ਯਾਤਰਾ, ਤੁਹਾਡੀ ਜ਼ਿੰਦਗੀ, ਤੁਹਾਡੀ ਜ਼ਿੰਮੇਵਾਰੀ, ਸੁਰੱਖਿਅਤ ਗੱਡੀ ਚਲਾਓ ਅਤੇ ਸੁਰੱਖਿਅਤ ਰਹੋ' ਮੁਹਿੰਮ ਦੇ ਸਬੰਧ ਵਿੱਚ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ 170 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ।ਚੀਫ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਜ ਪਾਲ ਰਾਵਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਸੜਕ ਸੁਰੱਖਿਆ ਸਾਵਧਾਨੀਆਂ ਅਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਤਾਂ ਜੋ ਕੋਈ ਵੀ ਵਹੀਕਲ ਚਲਾਉਣ ਸਮੇਂ ਕਿਸੇ ਵੀ ਤਰ੍ਹਾਂ ਦੀ ਦੁਰਘਟਨਾ ਨਾ ਵਾਪਰੇ। ਇਸ ਲਈ ਵਿਦਿਆਰਥੀਆਂ ਵਿੱਚ ਜਾਗਰੂਕਤਾ ਫੈਲਾਉਣ ਲਈ ਟ੍ਰੈਫਿਕ ਪੁਲਸ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਦੇ ਨਾਲ ਤਾਲਮੇਲ ਕਰਕੇ ਇਸ ਮੁਹਿੰਮ ਨੂੰ ਨੇਪਰੇ ਚੜ੍ਹਾਇਆ ਜਾ ਰਿਹਾ ਹੈ ।ਇਸ ਦੌਰਾਨ ਵਿਦਿਆਰਥੀਆਂ ਨੂੰ ਨਾਲਸਾ ਦੀਆ ਵੱਖ-ਵੱਖ ਸਕੀਮਾਂ ਦੇ ਨਾਲ-ਨਾਲ ਪੰਜਾਬ ਵਿਕਟਿਮ ਕੰਪਨਸੇਸ਼ਨ ਸਕੀਮ 2017 ਅਤੇ ਜੁਵੇਨਾਈਲ ਜਸਟਿਸ ਐਕਟ ਬਾਰੇ ਵੀ ਜਾਣੂ ਕਰਵਾਇਆ ਗਿਆ ।ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਦੱਸਿਆ ਕਿ ਇਸ ਸਾਲ ਦੀ ਚੌਥੀ ਅਤੇ ਆਖਰੀ ਲਗਾਈ ਜਾਣ ਵਾਲੀ ਕੌਮੀ ਲੋਕ ਅਦਾਲਤ 14 ਦਸੰਬਰ 2024 ਨੂੰ ਲਗਾਈ ਜਾਣੀ ਹੈ। ਇਸ ਲੋਕ ਅਦਾਲਤ ਵਿੱਚ ਲੋਕ ਵੱਧ ਤੋਂ ਵੱਧ ਕੇਸ ਲਗਾ ਕੇ ਕੌਮੀ ਲੋਕ ਅਦਾਲਤ ਦਾ ਲਾਭ ਪ੍ਰਾਪਤ ਕਰ ਸਕਦੇ ਹਨ।ਉਨ੍ਹਾਂ ਦੱਸਿਆ ਕਿ ਕੌਮੀ ਲੋਕ ਅਦਾਲਤਾਂ ਵਿੱਚ ਪੈਂਡਿੰਗ ਅਤੇ ਪ੍ਰੀ-ਲਿਟਿਗੇਟਿਵ ਕੇਸ ਸੁਣੇ ਜਾਂਦੇ ਹਨ। ਪੈਂਡਿੰਗ ਕੇਸ ਉਹ ਹਨ ਜ਼ੋ ਅਦਾਲਤਾਂ ਵਿੱਚ ਲੰਬਿਤ ਹਨ ਇਨ੍ਹਾਂ ਕੇਸਾਂ ਨੂੰ ਲੋਕ ਅਦਾਲਤ ਵਿੱਚ ਲਗਾਉਣ ਲਈ ਸਬੰਧਤ ਅਦਾਲਤ ਦੇ ਜੱਜ ਸਾਹਿਬਾਨ ਨੂੰ ਦਰਖਾਸਤ ਦਿੱਤੀ ਜਾ ਸਕਦੀ ਹੈ ਅਤੇ ਪ੍ਰੀ-ਲਿਟਿਗੇਟਿਵ ਕੇਸ ਉਹ ਹਨ ਜ਼ੋ ਅਦਾਲਤਾਂ ਵਿੱਚ ਨਹੀਂ ਚੱਲ ਰਹੇ ਹੁੰਦੇ ਹਨ, ਜਿਵੇ ਕਿ ਪਾਣੀ ਅਤੇ ਬਿਜਲੀ ਦੇ ਬਿੱਲ, ਟੈਲੀਫੋਨ ਕੰਪਨੀ, ਬੈਂਕਾਂ ਦੇ ਕੇਸ, ਅਧਾਰ ਕਾਰਡ, ਵੋਟਰ ਕਾਰਡ ਆਦਿ ਸਬੰਧੀ ਆਪਣੀ ਸਮੱਸਿਆਵਾਂ ਨਾਲ ਸਬੰਧਤ ਦਰਖਾਸਤ ਦੇ ਕੇ ਦੋਵਾਂ ਧਿਰਾਂ ਦੀ ਸਹਿਮਤੀ ਨਾਲ ਨਿਪਟਾਰਾ ਕੀਤਾ ਜਾ ਸਕਦਾ ਹੈ। ਇਸ ਦੇ ਨਾਲ ਹੀ ਪੈਨਲ ਐਡਵੋਕੇਟਾਂ ਅਤੇ ਐਲ.ਏ.ਡੀ.ਸੀ. ਕਾਊਂਸਲਾਂ ਨਾਲ ਮੀਟਿੰਗ ਕੀਤੀ ਗਈ। ਇਸ ਮੀਟਿਗ ਦੌਰਾਨ ਉਨ੍ਹਾਂ ਹਦਾਇਤਾਂ ਦਿੱਤੀਆਂ ਗਈਆਂ ਕਿ ਉਹ ਜਲਦ ਤੋਂ ਜਲਦ ਨਾਲਸਾ ਦੇ ਪੋਰਟਲ 'ਤੇ ਆਪਣੇ-ਆਪਣੇ ਕੇਸਾਂ ਦਾ ਵੇਰਵੇ ਦਰਜ ਕਰਨ ਤਾਂ ਜੋ ਇਨ੍ਹਾਂ ਕੇਸਾ ਸਬੰਧੀ ਸਾਰੀ ਜਾਣਕਾਰੀ ਨਾਲਸਾ ਦੇ ਪੋਰਟਲ 'ਤੇ ਉਪਲਬੱਧ ਹੋ ਸਕੇ। ਅਖੀਰ ਵਿੱਚ ਪੈਰਾਲੀਗਲ ਵਲੰਟੀਅਰ ਅਰਪਣ ਕੁਮਾਰ ਵਲੋਂ ਮੁਫਤ ਕਾਨੂੰਨੀ ਸੇਵਾਵਾਂ ਸਬੰਧੀ ਪ੍ਰਚਾਰ ਸਮੱਗਰੀ ਵੰਡੀ ਗਈ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ਼ਰਦ ਕੁਮਾਰ, ਹੈੱਡ ਮਿਸਟਰੇਸ ਜਸਜੀਤ ਮੁੰਡੀ, ਕੋਆਡੀਨੇਟਰ ਹਰਮਿੰਦਰ ਸਿੰਘ, ਆਰ.ਟੀ.ਏ. ਰਵਿੰਦਰ ਸਿੰਘ ਗਿੱਲ, ਟ੍ਰੈਫਿਕ ਪੁਲਿਸ ਅਫਸਰ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਪੈਨਲ ਐਡਵੋਕੇਟ ਹਰਜੀਤ ਕੌਰ, ਪਵਨ ਕੁਮਾਰ ਮੁਨਸ਼ੀ/ਸੇਵਾਦਾਰ ਅਤੇ ਅਰਪਣ ਕੁਮਾਰ ਪੀ.ਐਲ.ਵੀ. ਹਾਜ਼ਰ ਸਨ।

# 'ਮੁਹੱਬਤ ਨੇ ਕਿਹਾ' ਉੱਪਰ ਗੋਸ਼ਟੀ



**ਰੂਪਨਗਰ** : ਪੰਜਾਬੀ ਸ਼ਾਇਰ ਅਤੇ ਚਿੰਤਕ ਡਾ. ਦੇਵਿੰਦਰ ਸੈਫ਼ੀ ਦੀ ਨਵੀਂ ਪੁਸਤਕ "ਮੁਹੱਬਤ ਨੇ ਕਿਹਾ" ਉੱਪਰ ਵਿਸ਼ਾਲ ਤੇ ਗੰਭੀਰ ਗੋਸ਼ਟੀ ਜ਼ਿਲ੍ਹਾ ਲਿਖਾਰੀ ਸਭਾ, ਰੂਪਨਗਰ (ਰਜਿ.) ਵੱਲੋਂ ਕਰਵਾਈ ਗਈ। ਇਹ ਗੋਸ਼ਟੀ ਜ਼ਿਲ੍ਹਾ ਕਚਹਿਰੀਆਂ, ਰੂਪਨਗਰ ਦੇ ਸ਼ਾਨਦਾਰ ਹਾਲ ਬਾਰ ਰੂਮ ਵਿੱਚ ਹੋਈ। ਮੁੱਖ ਮਹਿਮਾਨ ਵਜੋਂ ਸਿੱਖਿਆ ਖੇਤਰ ਦੀ ਉੱਘੀ ਸ਼ਖ਼ਸੀਅਤ ਡਾ. ਸੁਖਚੈਨ ਸਿੰਘ ਬਰਾੜ ਨੇ ਕੀਤੀ। ਪ੍ਰਸਿੱਧ ਆਲੋਚਕ ਡਾ. ਸਿੰਦਰਪਾਲ ਸਿੰਘ ਨੇ ਮੁੱਖ ਵਕਤਾ ਵਜੋਂ ਪੁਸਤਕ ਉਪਰ ਵਿਚਾਰ ਪੇਸ਼ ਕਰਦਿਆਂ ਇਸ ਪੁਸਤਕ ਨੂੰ ਪੰਜਾਬੀ ਸਾਹਿਤ ਜਗਤ ਵਿੱਚ ਆਈ ਵੱਡੀ ਬੌਧਿਕ ਤੇ ਸੁਹਜ ਭਰੀ ਸੰਪਤੀ ਆਖਿਆ, ਜੋ ਮੁਹੱਬਤੀ ਸੰਵਾਦ ਦੀ ਨਵੀਂ ਵਿਧਾ, ਫਿਲਾਸਫੀ, ਲੋਕਰੰਗ, ਸੂਫੀ ਰਮਜ਼ਾਂ ਅਤੇ ਦੁਨੀਆ ਭਰ ਦੇ ਗਿਆਨ ਦੀਆਂ ਵੱਖ-ਵੱਖ ਅੰਤਰ ਦ੍ਰਿਸ਼ਟੀਆਂ ਨੂੰ ਆਪਣੇ ਵਿੱਚ ਸਮੋਈ ਬੈਠੀ ਹੈ। ਕਹਾਣੀਕਾਰਾ ਯਾਤਿੰਦਰ ਕੌਰ ਮਾਹਲ ਨੇ ਭਾਰਤੀ ਗਿਆਨ ਪਰੰਪਰਾ ਅਤੇ ਇਤਿਹਾਸ, ਮਿਥਿਹਾਸ ਨੂੰ ਲੈ ਕੇ ਪੁਸਤਕ ਵਿਚਲੇ ਕਾਵਿ ਬਾਰੇ ਗਹਿਰ-ਗੰਭੀਰ ਤੇ ਵਜ਼ਨਦਾਰ ਚਰਚਾ ਕੀਤੀ। ਜਤਿੰਦਰ ਕੁਮਾਰ ਨੇ ਪੁਸਤਕ ਵਿਚਲੀ ਨਵੀਂ ਸ਼ਬਦ ਘਾੜਤ ਉੱਪਰ ਕੇਂਦਰਿਤ ਹੋ ਕੇ ਨੁਕਤੇ ਵਿਚਾਰੇ। ਕੋਸਕਾਰ ਡਾ. ਹਰਜਿੰਦਰ ਸਿੰਘ ਦਿਲਗੀਰ ਨੇ ਕਿਹਾ ਕਿ ਪਿਛਲੇ ਦਹਾਕੇ ਤੋਂ ਪੜ੍ਹੀਆਂ ਕਿਤਾਬਾਂ ਵਿੱਚੋਂ ਸਭ ਤੋਂ ਵਜ਼ਨਦਾਰ ਤੇ ਅਨਮੋਲ ਕਿਤਾਬ ਲੱਗੀ। ਉਹਨਾਂ ਇਸ ਕਵਿਤਾ ਵਿਚਲੀ ਮੈਟਾਫਿਜੀਕਲੀ ਪਹੁੰਚ ਨੂੰ ਅੰਗਰੇਜ਼ੀ ਕਵੀ ਜੌਹਨ ਡੱਨ ਦੇ ਬਰਾਬਰ ਦੀ ਮੰਨਿਆ। ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਬਾਰ ਕੌਂਸਲ ਦੇ ਪ੍ਰਧਾਨ ਸ੍ਰੀ ਮਨਦੀਪ ਮੌਦਗਿਲ, ਜਤਿੰਦਰ ਸਿੰਘ ਗਿੱਲ ਅਤੇ ਪ੍ਰੋ. ਨਿਰਮਲ ਬਰਾੜ ਨੇ ਪੁਸਤਕ ਬਾਰੇ ਆਪਣੇ-ਆਪਣੇ ਅਨੁਭਵ ਵਿਲੱਖਣ ਰੂਪ ਵਿੱਚ ਸਾਂਝੇ ਕੀਤੇ। ਉੱਘੇ ਗਾਇਕ ਸੁਖਵਿੰਦਰ ਸਾਰੰਗ ਦੁਆਰਾ ਇਸ ਪੁਸਤਕ ਵਿੱਚੋਂ ਕੁੱਝ ਸੰਗੀਤਕ ਪੇਸ਼ਕਾਰੀਆਂ ਕਰਕੇ ਸਭ ਨੂੰ ਝੂਮਣ ਲਾ ਦਿੱਤਾ।

ਇਟਲੀ ਵੱਸਦੇ ਲੇਖਕ ਦਲਜਿੰਦਰ ਰਹਿਲ ਨੇ ਡਾ. ਸੈਫ਼ੀ ਦੀ ਸਮੁੱਚੀ ਲੇਖਣੀ ਦਾ ਜ਼ਿਕਰ ਕਰਦਿਆਂ ਯੂਰਪੀ ਕਾਨਫਰੰਸਾਂ ਵਿੱਚ ਉਹਨਾਂ ਦੀ ਬੌਧਿਕ ਅਗਵਾਈ ਦਾ ਜ਼ਿਕਰ ਕੀਤਾ। ਇਸ ਮੌਕੇ ਸੁਹਿਰਦ ਗਾਇਕੀ ਸਨਮਾਨ (ਜਨਾਬ ਸੁਖਵਿੰਦਰ ਸਾਰੰਗ ਨੂੰ) ਅਤੇ ਲੋਕ ਸਾਹਿਤ ਖੋਜ ਸਨਮਾਨ (ਸੁਖਮੀਤ ਕੌਰ ਬਰਾੜ ਨੂੰ) ਵੀ ਸਭਾ ਵੱਲੋਂ ਦਿੱਤੇ ਗਏ। ਸਭਾ ਦੇ ਪ੍ਰਧਾਨ ਐਡਵੋਕੇਟ ਸੁਰੇਸ਼ ਕੁਮਾਰ ਭਿਓਰਾ ਨੇ ਡਾ. ਸੈਫ਼ੀ ਦਾ ਸਨਮਾਨ ਪੱਤਰ ਪੇਸ਼ ਕਰਦਿਆਂ ਕਿਹਾ ਕਿ "ਮੁਹੱਬਤ ਨੇ ਕਿਹਾ" ਪੁਸਤਕ ਨੂੰ ਮੁਹੱਬਤ ਦੀ ਕੁੰਜੀ ਕਿਹਾ ਜਾ ਸਕਦਾ ਹੈ। ਉਹਨਾਂ ਨੇ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਭ ਦਾ ਧੰਨਵਾਦ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਸਭਾ ਦੇ ਜਨਰਲ ਸਕੱਤਰ ਸੁਰਜਨ ਸਿੰਘ ਨੇ ਨਿਭਾਈ। ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਜ਼ਿਲ੍ਹਾ ਇੰਚਾਰਜ ਬਿਕਰਮ ਸਿੰਘ ਅਤੇ ਅਮਨਦੀਪ ਸਿੰਘ ਨੇ ਕਿਹਾ ਕਿ ਇਹ ਮਾਨਸਿਕ ਤੇ ਆਤਮਿਕ ਉੱਚਾਈ ਦਾ ਮਾਧਿਅਮ ਬਣਿਆ ਹੈ। ਇਸ ਮੌਕੇ ਐਡਵੋਕੇਟ ਨੀਲੂ ਬਖ਼ਸ਼ੀ, ਜਸਵੰਤ ਸਿੰਘ ਸੈਣੀ, ਚਰਨਜੀਤ ਸਿੰਘ ਘਈ, ਐਡਵੋਕੇਟ ਤਰਸੇਮ ਸਿੰਘ ਸਮਾਣਾ, ਰਾਹੁਲ ਸ਼ੁਕਲਾ, ਸ਼ਾਮ ਸਿੰਘ, ਗੁਰਮੇਲ ਗਿੱਲ ਐਡਵੋਕੇਟ, ਗੁਰਨਾਮ ਸਿੰਘ ਬਿਜਲੀ, ਡਾ. ਵੇਦ ਪਰਕਾਸ਼, ਤੇਜਿੰਦਰ ਚੋਪੜਾ, ਰਾਜਿੰਦਰ ਸਿੰਘ ਕੁਰਾਲੀ ਅਤੇ ਪ੍ਰਸਿੱਧ ਗਜ਼ਲਗੋ ਸੁਨੀਲ ਚੰਦਿਆਣਵੀ ਨੇ ਵੀ ਭਰਪੂਰ ਹਾਜ਼ਰੀ ਲਵਾਈ।

# ਢਾਬਾ ਮਾਲਕ ਦੀ ਮੌਤ ਦੇ ਮਾਮਲੇ 'ਚ ਮੁਲਜ਼ਮ ਗ੍ਰਿਫ਼ਤਾਰ



**ਜਲੰਧਰ, (ਸ਼ੈਲੀ ਐਲਬਰਟ)**

ਪੁਲਸ ਨੇ ਇੱਕ ਢਾਬਾ ਮਾਲਕ ਅਨਿਲ ਕੁਮਾਰ ਮਨੀ ਦੀ ਮੌਤ ਦੇ ਮਾਮਲੇ ਵਿੱਚ ਨਿਊਜ਼ ਪੋਰਟਲ ਦੇ ਰਿਪੋਰਟਰ ਦੀਪਕ ਰਾਣਾ ਉਰਫ਼ ਦੀਪਕ ਥਾਪਰ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਗ੍ਰਿਫ਼ਤਾਰੀ ਐਫ ਆਈ ਆਰ ਨੰਬਰ 121 ਮਿਤੀ 26.11.2024 ਥਾਣਾ ਡਵੀਜ਼ਨ ਨੰ. 4. ਵਿਖੇ ਧਾਰਾ 105, 3(5) ਬੀ.ਐਨ.ਐਸ. ਦਰਜ ਹੋਣ ਤੋਂ ਬਾਅਦ ਹੋਈ ਹੈ।ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਇਹ ਘਟਨਾ 20 ਨਵੰਬਰ, 2024 ਨੂੰ ਵਾਪਰੀ ਸੀ, ਜਦੋਂ ਦੀਪਕ ਰਾਣਾ ਸਮੇਤ ਵਿਅਕਤੀਆਂ ਦੇ ਇੱਕ ਸਮੂਹ ਨੇ ਨਹਿਰੂ ਗਾਰਡਨ ਸਕੂਲ ਨੇੜੇ ਮਨੀ ਢਾਬਾ ਵਿਖੇ ਕਥਿਤ ਤੌਰ 'ਤੇ ਅਨਿਲ ਕੁਮਾਰ 'ਤੇ ਕੀੜੇ-ਪ੍ਰਭਾਵਿਤ ਸਬਜ਼ੀਆਂ ਵੇਚਣ ਦਾ ਦੋਸ਼ ਲਗਾਉਂਦੇ ਰਹੇ, ਪੀੜਤ ਅਤੇ ਉਸ ਦੇ ਪੁੱਤਰ ਮਾਨਵ ਮਨੀ ਵੱਲੋਂ ਵਾਰ-ਵਾਰ ਬੇਨਤੀਆਂ ਕਰਨ ਦੇ ਬਾਵਜੂਦ ਕਿ ਅਨਿਲ ਦਿਲ ਦਾ ਮਰੀਜ਼ ਹੈ, ਰਿਪੋਰਟਰ ਸਮੂਹ ਕਥਿਤ ਤੌਰ 'ਤੇ ਉਸ ਨੂੰ ਪ੍ਰੇਸ਼ਾਨ ਕਰਦਾ ਰਿਹਾ। ਕਥਿਤ ਤੌਰ 'ਤੇ ਵਧਦੀ ਹੋਈ ਤਕਰਾਰ ਨੇ ਅਨਿਲ ਨੂੰ ਗੰਭੀਰ ਤਣਾਅ ਪੈਦਾ ਕਰ ਦਿੱਤਾ, ਜੋ ਉਸ ਦੇ ਪੁੱਤਰ ਦੁਆਰਾ ਹਸਪਤਾਲ ਲਿਜਾਂਦੇ ਸਮੇਂ ਰਸਤੇ ਵਿਚ ਹੀ ਉਸ ਦੀ ਦਰਦਨਾਕ ਮੌਤ ਹੋ ਗਈ। ਪੀੜਤ ਦੇ ਪੁੱਤਰ ਦੀ ਸ਼ਿਕਾਇਤ ਦੇ ਆਧਾਰ 'ਤੇ ਪੁਲਸ ਨੇ ਜਾਂਚ ਸ਼ੁਰੂ ਕਰ ਦਿੱਤੀ ਅਤੇ ਮੁਲਜ਼ਮ ਦੀਪਕ ਰਾਣਾ ਨੂੰ 27 ਨਵੰਬਰ ਨੂੰ ਕਾਂਗਰਸ ਭਵਨ ਨੇੜੇ ਤੋਂ ਗ੍ਰਿਫ਼ਤਾਰ ਕਰ ਲਿਆ।

# ਅਨਿਲ ਵਿਜ ਵੱਲੋਂ ਨਿਰਮਾਣ ਮਜ਼ਦੂਰਾਂ ਲਈ ਵਿਸ਼ੇਸ਼ ਸਹਾਇਤਾ ਦਾ ਐਲਾਨ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਕਿਰਤ ਮੰਤਰੀ ਅਨਿਲ ਵਿਜ ਨੇ ਆਪਣੇ ਦਫਤਰ ਵਿਚ ਇਕ ਮਹਤੱਵਪੂਰਨ ਐਲਾਨ ਕਰਦੇ ਹੋਏ ਕਿਹਾ ਕਿ ਕੌਮੀ ਰਾਜਧਾਨੀ ਖੇਤਰ ਵਿਚ ਨਿਰਮਾਣ ਗਤੀਵਿਧੀਆਂ 'ਤੇ ਲਗਾਈ ਗਈ ਪਾਬੰਦੀ ਦੇ ਕਾਰਨ ਪ੍ਰਭਾਵਿਤ ਮਜਦੂਰਾਂ ਨੂੰ ਸਰਕਾਰ ਵੱਲੋਂ ਹਫਤਾਵਾਰ ਗੁਜਾਰਾ ਭੱਤਾ ਦਿੱਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਮਜਦੂਰਾਂ ਦੇ ਹਿੱਤਾਂ ਦੀ ਰੱਖਿਆ ਕਰਨਾ ਸਰਕਾਰ ਦੀ ਪ੍ਰਾਥਮਿਕਤਾ ਹੈ।

ਇਹ ਫੈਸਲਾ ਸੁਪਰੀਮ ਕੋਰਟ ਵੱਲੋਂ ਦਿੱਤੇ ਗਏ ਨਿਰਦੇਸ਼ਾਂ ਤਹਿਤ ਕੀਤਾ ਗਿਆ ਹੈ, ਜਿਸ ਵਿਚ ਐਨਸੀਆਰ ਖੇਤਰ ਵਿਚ ਹਵਾ ਗੁਣਵੱਤਾ ਦੇ ਗੰਭੀਰ ਸ਼੍ਰੇਣੀ ਵਿਚ ਪਹੁੰਚ ਜਾਣ ਕਾਰਲ ਗ੍ਰੇਡੇਡ ਰਿਸਪਾਂਸ ਐਕਸ਼ਨ ਪਲਾਨ (ਗ੍ਰੇਪ) ਦਾ ਚੌਥਾ ਪੜਾਅ ਲਾਗੂ ਕੀਤਾ ਗਿਆ ਸੀ। ਇਸੀ ਪੜਾਅ ਤਹਿਤ ਸਾਰੇ ਨਿਰਮਾਣ ਗਤੀਵਿਧੀਆਂ 'ਤੇ ਪਾਬੰਦੀ ਲਗਾ ਦਿੱਤੀ ਗਈ ਸੀ। ਇਸ ਪਾਬੰਦੀ ਕਾਰਨ ਵੱਡੀ ਗਿਣਤੀ ਵਿਚ ਮਜਦੂਰਾਂ ਦੀ ਆਜੀਵਿਕਾ ਪ੍ਰਭਾਵਿਤ ਹੋਈ ਹੈ।ਵਿਜ ਨੇ ਕਿਹਾ ਕਿ ਇੰਨ੍ਹਾਂ ਮਜਦੂਰਾਂ ਨੂੰ ਸਰਕਾਰ ਵੱਲੋਂ ਹਫਤਾਵਾਰ ਗੁਜਾਰਾ ਭੱਤਾ ਪ੍ਰਦਾਨ ਕੀਤਾ ਜਾਵੇਗਾ, ਜਿਸ ਨਾਲ ਉਨ੍ਹਾਂ ਦੀ ਰੋਜਾਨਾ ਦੀਆਂ ਜਰੂਰਤਾਂ ਨੂੰ ਪੂਰਾ ਕੀਤਾ ਜਾ ਸਕੇ। ਉਨ੍ਹਾਂ ਨੇ ਕਿਹਾ ਕਿ ਅਸੀਂ ਇੰਨ੍ਹਾਂ ਮਜਦੂਰਾਂ ਦੇ ਨਾਲ ਖੜੇ ਹਨ ਅਤੇ ਇਹ ਯਕੀਨੀ ਕਰਾਂਗੇ ਕਿ ਉਨ੍ਹਾਂ ਦੀ ਆਰਥਿਕ ਮੁਸ਼ਕਲਾਂ ਨੂੰ ਘੱਟ ਕੀਤਾ ਜਾ ਸਕੇ। ਇਹ ਭੱਤਾ ਸਿੱਧੇ ਮਜਦੂਰਾਂ ਦੇ ਬੈਂਕ ਖਾਤਿਆਂ ਵਿਚ ਪਾਇਆ ਜਾਵੇਗਾ। ਕਿਰਤ ਮੰਤਰੀ ਨੇ ਕਿਹਾ ਕਿ ਕਿਰਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦੇ ਦਿੱਤੇ ਗਏ ਹਨ ਕਿ ਉਹ ਇਸ ਯੋਜਨਾ ਨੂੰ ਜਲਦੀ ਤੋਂ ਜਲਦੀ ਲਾਗੂ ਕਰਨ ਅਤੇ ਮਜਦੂਰਾਂ ਤਕ ਸਹਾਇਤਾ ਪਹੁੰਚਾਉਣਾ ਯਕੀਨੀ ਕਰਨ।ਸਰਕਾਰ ਦੀ ਇਸ ਪਹਿਲ ਨਾਲ ਹਜਾਰਾਂ ਨਿਰਮਾਣ ਮਜਦੂਰਾਂ ਨੂੰ ਰਾਹਤ ਮਿਲੇਗੀ ਜੋ ਪਾਬੰਦੀਆਂ ਕਾਰਨ ਆਪਣੇ ਕੰਮ ਤੋਂ ਵਾਂਝੇ ਹੋ ਗਏ ਸਨ।

# ਜ਼ਿਲ੍ਹੇ ਦੇ ਵਸਨੀਕਾਂ ਲਈ ਵਰਦਾਨ ਸਿੱਧ ਹੋ ਰਹੀ ਸੀ ਐੱਮ ਦੀ ਯੋਗਸ਼ਾਲਾ



**ਮੋਹਾਲੀ, (ਗੁਰਜੀਤ ਬਿੱਲਾ)**

ਐਸ.ਡੀ.ਐਮ. ਮੋਹਾਲੀ ਦਮਨਦੀਪ ਕੌਰ ਨੇ ਦੱਸਿਆ ਕਿ ਐੱਸ ਏ ਐੱਸ ਨਗਰ ਜ਼ਿਲ੍ਹੇ ਵਿੱਚ ਵੱਖ-ਵੱਖ ਥਾਵਾਂ 'ਤੇ ਲਾਏ ਜਾ ਰਹੇ ਰੋਜ਼ਾਨਾ ਯੋਗਾ ਸੈਸ਼ਨਾਂ ਵਿੱਚ ਸ਼ਾਮਲ ਹੋ ਕੇ ਹਜ਼ਾਰਾਂ ਵਸਨੀਕ ਹਰ ਰੋਜ਼ ਸੀ ਐਮ ਦੀ ਯੋਗਸ਼ਾਲਾ ਦਾ ਲਾਭ ਉਠਾ ਰਹੇ ਹਨ। ਉਨ੍ਹਾਂ ਕਿਹਾ ਕਿ ਯੋਗਾ ਅਭਿਆਸ ਲੋਕਾਂ ਦੀ ਸਿਹਤ ਲਈ ਵਰਦਾਨ ਸਿੱਧ ਹੋ ਰਿਹਾ ਹੈ। ਪਹਿਲਾਂ ਜਿਥੇ ਲੋਕਾਂ ਨੂੰ ਆਪਣੀਆਂ ਛੋਟੀਆਂ ਛੋਟੀਆਂ ਸਿਹਤ ਸਮੱਸਿਆਵਾਂ ਲਈ ਹਸਪਤਾਲ ਜਾਣਾ ਪੈਂਦਾ ਸੀ, ਹੁਣ ਯੋਗ ਅਭਿਆਸ ਨਾਲ ਲੋਕਾਂ ਵੱਲੋਂ ਕਈ ਸਿਹਤ ਸਮੱਸਿਆਵਾਂ ਤੋਂ ਨਿਜਾਤ ਪਾਈ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਦਲਦੀ ਜੀਵਨ ਸ਼ੈਲੀ ਦੇ ਮੱਦੇਨਜ਼ਰ ਲੋਕਾਂ ਨੂੰ ਸਿਹਤਮੰਦ ਰੱਖਣ ਲਈ ਯੋਗਾ ਸਿਖਲਾਈ ਦੇ ਕੇ ਮੁੜ ਤੰਦਰੁਸਤੀ ਭਰੀ ਜੀਵਨ ਸ਼ੈਲੀ ਦਿੱਤੀ ਜਾ ਰਹੀ ਹੈ।ਯੋਗਾ ਟ੍ਰੇਨਰ ਤਾਨੀਆ ਸੰਮਤ ਜੋ ਕਿ ਮੋਹਾਲੀ ਸ਼ਹਿਰ ਵਿੱਚ ਸੈਸ਼ਨਾਂ ਦਾ ਆਯੋਜਨ ਕਰ ਰਹੀ ਹੈ, ਨੇ ਦੱਸਿਆ ਕਿ ਸ਼ਹਿਰ ਨਿਵਾਸੀ ਇਨ੍ਹਾਂ ਸੈਸ਼ਨਾਂ ਵਿੱਚ ਸਵੈ-ਇੱਛਾ ਨਾਲ ਭਾਗ ਲੈ ਰਹੇ ਹਨ। ਉਨ੍ਹਾਂ ਕਿਹਾ ਸਾਡੇ ਕੋਲ ਇੱਕ ਵੈਬਸਾਈਟ ਤੋਂ ਇਲਾਵਾ ਇੱਕ ਸਮਰਪਿਤ ਹੈਲਪਲਾਈਨ ਨੰਬਰ 76694-00500 ਵੀ ਹੈ, ਜਿਸ 'ਤੇ ਸੰਪਰਕ ਕਰਕੇ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਤਾਨੀਆ ਨੇ ਅੱਗੇ ਕਿਹਾ ਕਿ ਘੱਟੋ-ਘੱਟ 25 ਭਾਗੀਦਾਰਾਂ ਵਾਲਾ ਕੋਈ ਵੀ ਇਲਾਕਾ ਆਪਣੀ ਨਵੀਂ ਕਲਾਸ/ਸੈਸ਼ਨ ਸ਼ੁਰੂ ਕਰਨ ਲਈ ਵਟਸਐਪ ਨੰਬਰ 'ਤੇ ਕਾਲ/ ਸੁਨੇਹਾ ਭੇਜ ਸਕਦਾ ਹੈ। ਯੋਗਾ ਕਲਾਸਾਂ ਲਈ ਕੋਈ ਚਾਰਜ ਨਹੀਂ ਲਿਆ ਜਾਂਦਾ।ਯੋਗਾ ਟ੍ਰੇਨਰ ਤਾਨੀਆਂ ਸੰਮਤ ਨੇ ਦੱਸਿਆ ਕਿ ਉਸ ਵੱਲੋਂ ਰੋਜ਼ਾਨਾ 5 ਯੋਗਾ ਕਲਾਸਾਂ ਲਗਾਈਆਂ ਜਾਂਦੀਆਂ ਹਨ। ਉਹ ਆਪਣੀ ਪਹਿਲੀ ਕਲਾਸ ਰਤਵਾੜਾ ਪਿੰਡ ਮੁੱਲਾਂਪੁਰ, ਧਰਮਸ਼ਾਲਾ ਵਿਖੇ ਸਵੇਰੇ 5.00 ਵਜੇ ਤੋਂ 6.00 ਵਜੇ ਤੱਕ, ਦੂਜੀ ਕਲਾਸ ਸੈਕਟਰ-6 ਬਲਾਕ-ਏ, ਈਕੋਸਿਟੀ-1, ਨਿਊ ਚੰਡੀਗੜ੍ਹ ਵਿਖੇ ਸਵੇਰੇ 9.00 ਤੋਂ 10.00 ਵਜੇ ਤੱਕ, ਤੀਜੀ ਕਲਾਸ ਸਹਿਨੀ ਵਾਲਾ ਮੁਹੱਲਾ ਧਰਮਸ਼ਾਲਾ, ਮੁੱਲਾਂਪੁਰ ਵਿਖੇ ਸਵੇਰੇ 10.15 ਤੋਂ 11.15 ਵਜੇ ਤੱਕ ਅਤੇ ਚੌਥੀ ਕਲਾਸ ਰਤਵਾੜਾ ਪਿੰਡ ਵਿਖੇ ਦੁਪਹਿਰ 12.00 ਤੋਂ 1.00 ਵਜੇ ਤੱਕ ਲਗਾਉਂਦੀ ਹੈ ਅਤੇ ਪੰਜਵੀਂ ਕਲਾਸ ਪੀਪਲ ਪਾਰਕ, ਸੈਕਟਰ-6 ਬਲਾਕ-ਏ, ਈਕੋਸਿਟੀ-1, ਨਿਊ ਚੰਡੀਗੜ੍ਹ ਵਿਖੇ ਸ਼ਾਮ 4.00 ਵਜੇ ਤੋਂ 5.00 ਵਜੇ ਤੱਕ ਲਾਈ ਜਾਂਦੀ ਹੈ।

# ਭਾਰਟਾ ਗਣੇਸ਼ਪੁਰ 'ਚ ਫੁੱਟਬਾਲ ਟੂਰਨਾਮੈਂਟ ਧੂਮ ਧੜੱਕੇ ਨਾਲ ਸ਼ੁਰੂ



**ਮਾਹਿਲਪੁਰ (ਸ਼ਫ਼ਰੀ)**

ਬਲਾਕ ਮਾਹਿਲਪੁਰ ਅਧੀਨ ਪੈਂਦੇ ਪਿੰਡ ਭਾਰਟਾ ਗਣੇਸ਼ ਪੁਰ 'ਚ 1008 ਸੰਤ ਮਾਹਨ ਦਾਸ ਨੂੰ ਸਮਰਪਤ ਫੁੱਟਬਾਲ ਟੂਰਨਾਮੈਂਟ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਦਰਜੀਤ ਸਿੰਘ ਵੱਲੋਂ ਸਮੂਹ ਗਰਾਮ ਪੰਚਾਇਤ, ਐਨ ਆਰ ਆਈਜ਼ ਸਮੂਹ ਨਗਰ ਨਿਵਾਸੀਆਂ ਅਤੇ ਸੰਤ ਬਾਬਾ ਕਿਰਪਾਲ ਦਾਸ ਦੇ ਸਹਿਯੋਗ ਨਾਲ 21ਵਾਂ ਓਪਨ ਅਤੇ ਉਮਰ ਵਰਗ ਦੇ ਲੜਕਿਆਂ ਦਾ ਫੁੱਟਬਾਲ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ। ਇਸ ਫੁੱਟਬਾਲ ਟੂਰਨਾਮੈਂਟ ਵਿਚ ਓਪਨ ਦੀਆਂ 24 ਟੀਮਾਂ ਅਤੇ ਉਮਰ ਵਰਗ ਦੀਆਂ 16 ਟੀਮਾਂ ਭਾਗ ਲੈ ਰਹੀਆਂ ਹਨ । ਉਦਘਾਟਨੀ ਮੈਚ ਵਿਚ ਮੁੱਖ ਮਹਿਮਾਨ ਵਜੋਂ ਸੰਤ ਬਾਬਾ ਕਿਰਪਾਲ ਦਾਸ ਸ਼ਾਮਲ ਹੋਏ ਜਦ ਕਿ ਸਮਾਗਮ ਦੀ ਪ੍ਰਧਾਨਗੀ ਸਰਪੰਚ ਮੈਡਮ ਪ੍ਰਵੀਨ ਬਾਲਾ ਭਾਰਟਾ, ਸਰਪੰਚ ਮੈਡਮ ਕਵਲਦੀਪ ਕੌਰ, ਸਰਪੰਚ ਜਸਪਾਲ ਸਿੰਘ, ਸੰਮਤੀ ਮੈਂਬਰ ਰਸ਼ਪਾਲ ਸਿੰਘ ਲਾਲੀ,ਲੰਬੜਦਾਰ ਤਕਦੀਰ ਸਿੰਘ , ਮਾਸਟਰ ਜਗਜੀਤ ਸਿੰਘ ਰਾਮ ਪਾਲ ਨੇ ਸਾਂਝੇ ਤੌਰ 'ਤੇ ਕੀਤੀ ।ਉਦਘਾਟਨੀ ਮੈਚ ਪਿੰਡ ਪੰਜੌੜਾ ਅਤੇ ਪਿੰਡ ਜੀਣਪੁਰ ਜੱਟਾਂ ਵਿਚਕਾਰ ਹੋਇਆ ਜਿਸ ਵਿਚ ਪਿੰਡ ਪੰਜੌੜਾ ਦੀ ਟੀਮ ਨੇ ਜੀਣ ਪੁਰ ਦੀ ਟੀਮ ਨੂੰ 1—0 ਨਾਲ ਹਰਾ ਕੇ ਅਗਲੇ ਗੇੜ ਵਿੱਚ ਪ੍ਰਵੇਸ਼ ਕੀਤਾ। ਦੂਜੇ ਮੈਚ ਵਿੱਚ ਮਾਹਿਲਪੁਰ ਦੀ ਟੀਮ ਨੇ ਗੋਦਪੁਰ ਦੀ ਟੀਮ ਨੂੰ 1—0 ਨਾਲ ਹਰਾ ਕੇ ਅਗਲੇ ਗੇੜ ਵਿੱਚ ਪ੍ਰਵੇਸ਼ ਕੀਤਾ। ਇਸ ਮੌਕੇ ਸਤਨਾਮ ਸਿੰਘ, ਰਾਮ ਪਾਲ ਪੰਚ ਗਣੇਸ਼ ਪੁਰ, ਗੁਰਮੇਲ ਸਿੰਘ ਇਟਲੀ, ਗੁਰਪਾਲ ਕੌਰ ਪੰਚ, ਜਤਿੰਦਰ ਕੁਮਾਰ,ਪੰਮਾ, ਬਲਵੀਰ ਸਿੰਘ,ਚਮਨ ਸਿੰਘ ਪੰਚ, ਕੁਲਦੀਪ ਸਿੰਘ ਦੀਪਾ,ਗੁਰਬੰਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਖੇਡ ਪ੍ਰੇਮੀ ਹਾਜਰ ਸਨ।

# ਸਕੂਲ ਦੇ ਵਿਦਿਆਰਥੀਆਂ ਨੂੰ ਏਡਜ਼ ਬਾਰੇ ਦਿੱਤੀ ਜਾਣਕਾਰੀ

**ਮੋਹਾਲੀ, (ਗੁਰਜੀਤ ਬਿੱਲਾ)**— ਸਿਹਤ ਤੇ ਪਰਵਾਰ ਭਲਾਈ ਵਿਭਾਗ ਵਲੋਂ ਸ਼ੁਰੂ ਕੀਤੀ ਗਈ ਤੀਬਰ ਏਡਜ਼ ਜਾਗਰੂਕਤਾ ਅਤੇ ਜਾਂਚ ਮੁਹਿੰਮ ਤਹਿਤ ਕੁਰਾਲੀ ਦੇ ਚਕਵਾਲ ਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਵਿਚ ਵਿਦਿਆਰਥੀਆਂ ਨੂੰ ਏਡਜ਼ ਬਾਰੇ ਜਾਗਰੂਕ ਕੀਤਾ ਗਿਆ।ਜ਼ਿਲ੍ਹਾ ਹਸਪਤਾਲ ਮੋਹਾਲੀ ਵਿਚਲੇ ਸੰਪੂਰਨ ਸੁਰੱਖਿਆ ਕੇਂਦਰ ਦੇ ਮੈਨੇਜਰ ਪੂਨਮ ਸ਼ਰਮਾ ਨੇ ਦਸਿਆ ਕਿ ਸਿਹਤ ਵਿਭਾਗ ਅਧੀਨ ਪੰਜਾਬ ਏਡਜ਼ ਕੰਟਰੋਲ ਸੁਸਾਇਟੀ ਵਲੋਂ ਜਾਗਰੂਕਤਾ ਮੁਹਿੰਮ ਚਲਾਈ ਗਈ ਹੈ। ਉਨ੍ਹਾਂ ਦਸਿਆ ਕਿ ਮੁਹਿੰਮ ਦਾ ਮੰਤਵ ਲੋਕਾਂ ਨੂੰ ਮਾਰੂ ਰੋਗ ਏਡਜ਼ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਬਾਰੇ ਜਾਗਰੂਕ ਕਰਨਾ ਹੈ।ਉਨ੍ਹਾਂ ਦਸਿਆ ਕਿ ਸੀਨੀਅਰ ਮੈਡੀਕਲ ਅਫ਼ਸਰ ਡਾ. ਐਚ.ਐਸ. ਚੀਮਾ ਦੇ ਨਿਰਦੇਸ਼ਾਂ 'ਤੇ ਕਰਵਾਏ ਗਏ ਜਾਗਰੂਕਤਾ ਸਮਾਗਮ ਵਿਚ ਵਿਦਿਆਰਥੀਆਂ ਨੂੰ ਦਸਿਆ ਗਿਆ ਕਿ ਏਡਜ਼ ਭਿਆਨਕ ਰੋਗ ਹੈ ਜੋ ਐਚਆਈਵੀ ਨਾਮਕ ਵਾਇਰਸ ਤੋਂ ਹੁੰਦੀ ਹੈ।ਇਸ ਦੇ ਸ਼ੁਰੂਆਤੀ ਲੱਛਣਾਂ ਵਿਚ ਬੁਖ਼ਾਰ, ਥਕਾਵਟ, ਮਾਸਪੇਸ਼ੀਆਂ ਵਿਚ ਖਿਚਾਅ, ਜੋੜਾਂ ਵਿਚ ਦਰਦ, ਸਿਰਦਰਦ, ਜ਼ੁਕਾਮ, ਸੁੱਕੀ ਖੰਘ, ਚਿਹਰੇ ਉਤੇ ਨਿਸ਼ਾਨ ਆਦਿ ਸ਼ਾਮਲ ਹਨ।ਇਸ ਦੇ ਫੈਲਣ ਦੇ ਮੁੱਖ ਕਾਰਨ ਸੂਈਆਂ ਅਤੇ ਸਰਿੰਜਾਂ ਦੀ ਸਾਂਝੀ ਵਰਤੋਂ ਕਰਨਾ, ਐਚਆਈਵੀ ਪ੍ਰਭਾਵਤ ਵਿਅਕਤੀ ਦਾ ਖ਼ੂਨ ਤੰਦਰੁਸਤ ਵਿਅਕਤੀ ਦੇ ਸਰੀਰ ਵਿਚ ਚੜ੍ਹਾਉਣਾ, ਅਸੁਰੱਖਿਅਤ ਜਿਸਮਾਨੀ ਸਬੰਧ ਬਣਾਉਣਾ ਆਦਿ ਸ਼ਾਮਲ ਹਨ। ਉਨ੍ਹਾਂ ਇਹ ਵੀ ਦਸਿਆ ਕਿ ਏਡਜ਼ ਪੀੜਤ ਨੂੰ ਛੂਹਣ ਨਾਲ, ਹੱਥ ਮਿਲਾਉਣ ਨਾਲ, ਉਸ ਦੇ ਵਰਤੇ ਭਾਂਡਿਆਂ ਵਿਚ ਖਾਣਾ ਖਾਣ ਨਾਲ ਏਡਜ਼ ਬਿਲਕੁਲ ਨਹੀਂ ਹੁੰਦਾ। ਇਹ ਸਭ ਗ਼ਲਤ ਧਾਰਨਾਵਾਂ ਹਨ।ਉਨ੍ਹਾਂ ਕਿਹਾ ਕਿ ਏਡਜ਼ ਤੋਂ ਬਚਾਅ ਲਈ ਜਾਗਰੂਕਤਾ ਅਤੇ ਸਾਵਧਾਨੀਆਂ ਵਰਤਣਾ ਜ਼ਰੂਰੀ ਹੈ।ਏਡਜ਼ ਦੀ ਜਾਂਚ ਹਰ ਸਰਕਾਰੀ ਸਿਹਤ ਸੰਸਥਾ ਵਿਚ ਬਿਲਕੁਲ ਮੁਫ਼ਤ ਹੁੰਦੀ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਧਰਮਿੰਦਰ ਜੋਸ਼ੀ, ਨਵਪ੍ਰੀਤ ਅਤੇ ਮਨਪ੍ਰੀਤ ਮੌਜੂਦ ਸਨ।

# ਸਕੂਲਾਂ 'ਚ ਰਾਸ਼ਟਰੀ ਪੇਟ ਦੇ ਕੀੜੇ ਮੁਕਤ ਦਿਵਸ ਮਨਾਇਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਸਿਵਲ ਸਰਜਨ ਡਾ: ਪਵਨ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾ: ਕਰਨ ਕੁਮਾਰ ਸੈਣੀ ਐਸ.ਐਮ.ਓ ਟਾਂਡਾ ਦੀ ਯੋਗ ਅਗਵਾਈ ਹੇਠ ਟਾਂਡਾ ਬਲਾਕ ਦੇ ਸਮੂਹ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਅਤੇ ਆਂਗਣਵਾੜੀ ਸੈਂਟਰਾਂ ਵਿੱਚ ਰਾਸ਼ਟਰੀ ਪੇਟ ਦੇ ਕੀੜੇ ਮੁਕਤ ਦਿਵਸ ਮਨਾਇਆ ਗਿਆ। ਜਿਸ ਵਿੱਚ 18 ਸਾਲ ਤੱਕ ਦੇ 31453 ਬੱਚਿਆਂ ਨੂੰ ਇਹ ਗੋਲੀਆਂ ਖਿਲਾਈਆਂ ਗਈਆਂ। ਡਾ: ਸੈਣੀ ਨੇ ਅੱਗੇ ਦੱਸਿਆ ਕਿ ਇਸ ਤਹਿਤ 1 ਤੋਂ 2 ਸਾਲ ਤੱਕ ਦੇ 1416 ਬੱਚੇ ,2 ਤੋਂ 5 ਸਾਲ ਦੇ 3246 ਬੱਚੇ ਅਤੇ 6 ਤੋਂ 18 ਸਾਲ ਤੱਕ ਦੇ 26791 ਬੱਚਿਆਂ ਨੂੰ ਇਹ ਗੋਲੀਆਂ ਖਿਲਾਈਆਂ ਗਈਆਂ। ਉਹਨਾਂ ਅੱਗੇ ਦੱਸਿਆ ਕੀ ਬੱਚਿਆਂ ਨੂੰ ਖੂਨ ਦੀ ਕਮੀ ਦਾ ਮੁੱਖ ਕਾਰਨ ਪੇਟ ਦੇ ਕੀੜੇ ਹਨ। ਇਸ ਲਈ ਸਾਨੂੰ ਬੱਚਿਆਂ ਨੂੰ ਹੱਥਾਂ ਦੀ ਸਫਾਈ ਰੱਖਣ ਬਾਰੇ ਵੱਧ ਤੋਂ ਵੱਧ ਜਾਗਰੂਕ ਕਰਨਾ ਚਾਹੀਦਾ ਹੈ। ਜੋ ਬੱਚੇ ਅੱਜ ਗੋਲੀ ਖਾਣ ਤੋਂ ਵਾਂਝੇ ਰਹਿ ਗਏ ਹਨ ਉਹਨਾਂ ਨੂੰ 5 ਦਸੰਬਰ ਨੂੰ ਗੋਲੀਆਂ ਖਿਲਾਈਆਂ ਜਾਣਗੀਆਂ। ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਡਾ: ਸ਼ਗੁਨ ਦੀ ਅਗਵਾਈ ਵਿੱਚ ਟੀਮ ਦਾ ਗਠਨ ਕੀਤਾ ਗਿਆ। ਇਸ ਮੌਕੇ ਡਾ: ਸਰੋਜ ਕੁਮਾਰੀ ,ਡਾ ਦੀਪਕ ਕੁਮਾਰ ,ਮਨੀਸ਼ਾ ਗੁਲੇਰੀਆ, ਡਾ:ਰਵੀ ਕੁਮਾਰ ,ਕੁਲਦੀਪ ਕੌਰ ,ਅਮਨਦੀਪ ਕੌਰ ਆਦਿ ਹਾਜ਼ਰ ਸਨ।

# ਖੁੱਡਾ ਤੇ ਮੂਨਕ ਖੁਰਦ ਵਿਖੇ ਨੌਵੇਂ ਪਾਤਸ਼ਾਹ ਦਾ ਸ਼ਹੀਦੀ ਪੁਰਬ ਮਨਾਇਆ ਜਾਵੇਗਾ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸ਼ਹੀਦੀ ਪੁਰਬ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਪਿੰਡ ਖੁੱਡਾ ਵਿਖੇ 6 ਦਸੰਬਰ ਨੂੰ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾਵੇਗਾ। ਸ਼ਹੀਦੀ ਪੁਰਬ ਨੂੰ ਸਮਰਪਤ ਅੰਮ੍ਰਿਤ ਵੇਲੇ ਪ੍ਰਭਾਤ ਫੇਰੀਆਂ ਦੀ ਆਰੰਭਤਾ ਕੀਤੀ ਗਈ ਹੈ ਅਤੇ 6 ਦਸੰਬਰ ਨੂੰ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਕਰਵਾਏ ਜਾ ਰਹੇ ਸਮਾਗਮ ਦੌਰਾਨ ਵੱਖ-ਵੱਖ ਸਥਾਨਕ ਕੀਰਤਨੀ ਜਥੇ ਅਤੇ ਭਾਈ ਹਰਜਿੰਦਰ ਸਿੰਘ ਬੰਗਾ ਵਾਲਿਆਂ ਦਾ ਢਾਡੀ ਜੱਥਾ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤ ਵਿਚਾਰਾਂ ਦੁਆਰਾ ਨਿਹਾਲ ਕਰਨਗੇ। ਇਸ ਤੋਂ ਇਲਾਵਾ ਗੁਰਦੁਆਰਾ ਸਿੰਘ ਸਭਾ ਮੂਨਕ ਖੁਰਦ ਵਿਖੇ ਵੀ ਨੌਂਵੇ ਪਾਤਸ਼ਾਹ ਦਾ ਸ਼ਹੀਦੀ ਪੁਰਬ 8 ਦਸੰਬਰ ਨੂੰ ਮਨਾਇਆ ਜਾ ਰਿਹਾ ਹੈ। ਛੇ ਦਸੰਬਰ ਨੂੰ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ ਤੇ 8 ਦਸੰਬਰ ਨੂੰ ਭੋਗ ਉਪਰੰਤਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਜਾਵੇਗੀ। ਇਸ ਮੌਕੇ ਧਾਰਮਿਕ ਦੀਵਾਨ ਵੀ ਸਜਾਏ ਜਾਣਗੇ ਜਿਸ ਵਿੱਚ ਰਾਗੀ ਢਾਡੀ ਜਥੇ ਸੰਗਤ ਨੂੰ ਗੁਰਬਾਣੀ ਕੀਰਤਨ ਦੁਆਰਾ ਨਿਹਾਲ ਕਰਨਗੇ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਮਹਾਨ ਨਗਰ ਕੀਰਤਨ ਸਜਾਇਆ ਜਾਵੇਗਾ ਜੋ ਸਮੁੱਚੇ ਪਿੰਡ ਦੀ ਪਰਿਕਰਮਾ ਕਰਨ ਉਪਰੰਤ ਸੰਪੰਨ ਹੋਵੇਗਾ।

# ਸਰ ਮਾਰਸ਼ਲ ਸਕੂਲ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਭਲਕੇ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ ਓਂਕਾਰ ਸਿੰਘ)**-ਸਰ ਮਾਰਸ਼ਲ ਸਕੂਲ ਐਜੂਕੇਸ਼ਨਲ ਸੋਸਾਇਟੀ ਵੱਲੋਂ ਚਲਾਏ ਜਾ ਰਹੇ ਸਰ ਮਾਰਸ਼ਲ ਕਾਨਵੈਂਟ ਸਕੂਲ ਨੈਣੋਵਾਲ ਵੈਦ ਵਿਖੇ ਸਾਲਾਨਾ ਸਮਾਰੋਹ 30 ਨਵੰਬਰ ਨੂੰ ਹੋਵੇਗਾ।ਸੁਸਾਇਟੀ ਦੇ ਚੇਅਰਮੈਨ ਰਜਿੰਦਰ ਸਿੰਘ ਮਾਰਸ਼ਲ ਦੀ ਅਗਵਾਈ ਕਰਵਾਏ ਜਾ ਰਹੇ ਇਨਾਮ ਵੰਡ ਸਮਾਰੋਹ ਸੰਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਪਰਵਿੰਦਰ ਸਿੰਘ ਨੇ ਦੱਸਿਆ ਕਿ ਇਸ ਸਮਾਰੋਹ ਦੌਰਾਨ ਜਿਥੇ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਜਾਵੇ ਉੱਥੇ ਹੀ ਸਕੂਲ ਦੇ ਨਰਸਰੀ ਕਲਾਸ ਤੋਂ 10ਵੀਂ ਤੱਕ ਦੇ ਵਿਦਿਆਰਥੀ ਵੱਖ-ਵੱਖ ਵੰਨਗੀਆਂ 'ਚ ਭਾਗ ਲੈ ਕੇ ਆਪਣੇ ਕਲਾ ਦੇ ਜੌਹਰ ਦਿਖਾਉਗੇ।ਇਸ ਮੌਕੇ ਵਾਈਸ ਪ੍ਰਿੰਸੀਪਲ ਕੁਲਵੀਰ ਸਿੰਘ, ਵਾਈਸ ਪ੍ਰਿੰਸੀਪਲ ਸਰਬਜੀਤ ਕੌਰ, ਅਧਿਆਪਕ ਮਨਦੀਪ ਸਿੰਘ ਆਦਿ ਹਾਜ਼ਰ ਸਨ।

# ਐੱਸ ਡੀ ਐੱਮ ਵੱਲੋਂ ਸੇਵਾ ਤੇ ਫਰਦ ਕੇਂਦਰ ਦੀ ਅਚਨਚੇਤ ਚੈਕਿੰਗ



**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਐਸ.ਡੀ.ਐਮ ਨਵਾਂਸ਼ਹਿਰ ਡਾ. ਅਕਸਿਤਾ ਗੁਪਤਾ ਵੱਲੋਂ ਸੇਵਾ ਕੇਂਦਰ ਨਵਾਂਸ਼ਹਿਰ ਅਤੇ ਤਹਿਸੀਲ ਕੰਪਲੈਕਸ, ਨਵਾਂਸ਼ਹਿਰ ਵਿਚਲੇ ਫਰਦ ਕੇਂਦਰ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਦੌਰਾਨ ਉਨ੍ਹਾਂ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸੇਵਾਵਾਂ ਦਾ ਜਾਇਜ਼ਾ ਲਿਆ ਅਤੇ ਆਪਣੇ ਕੰਮ ਕਰਵਾਉਣ ਲਈ ਆਏ ਨਾਗਰਿਕਾਂ ਤੋਂ ਫੀਡਬੈਕ ਪ੍ਰਾਪਤ ਕੀਤੀ ਤਾਂ ਕਿ ਉਨ੍ਹਾਂ ਨੂੰ ਸਮਾਂਬੱਧ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਸਕਣ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਇਨ੍ਹਾਂ ਕੇਂਦਰਾਂ ਵਿਚ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਪੇਸ਼ ਆਉਂਦੀ ਹੈ ਤਾਂ ਉਹ ਬਿਨਾਂ ਝਿਜਕ ਉਨ੍ਹਾਂ ਦੇ ਦਫਤਰ ਨਾਲ ਸੰਪਰਕ ਕਰ ਸਕਦੇ ਹਨ। ਉਨ੍ਹਾਂ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਖੱਜਲ-ਖੁਆਰੀ ਤੋਂ ਬਚਾਉਣ ਲਈ ਸੇਵਾ ਕੇਂਦਰ ਤੇ ਫਰਦ ਕੇਂਦਰ ਦੇ ਸਟਾਫ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਆਮ ਲੋਕ ਆਪਣੇ ਕੰਮਾਂ ਦੇ ਲਈ ਹੀ ਇਨ੍ਹਾਂ ਕੇਂਦਰਾਂ ਵਿਚ ਆਉਂਦੇ ਹਨ ਤੇ ਉਨ੍ਹਾਂ ਨੂੰ ਬਗੈਰ ਕਿਸੇ ਪ੍ਰੇਸ਼ਾਨੀ ਦੇ ਸਮਾਂਬੱਧ ਸੇਵਾਵਾਂ ਮੁਹੱਈਆ ਕਰਵਾਉਣਾ ਸਾਡਾ ਫਰਜ ਹੈ। ਉਨ੍ਹਾਂ ਸਟਾਫ ਨੂੰ ਹਦਾਇਤ ਕੀਤੀ ਕਿ ਉਹ ਇਸੇ ਤਰ੍ਹਾਂ ਆਪਣਾ ਕੰਮ ਇਮਾਨਦਾਰੀ ਅਤੇ ਲਗਨ ਨਾਲ ਕਰਨ, ਤਾਂ ਜੋ ਕਿਸੇ ਨੂੰ ਵੀ ਸ਼ਿਕਾਇਤ ਦਾ ਮੌਕਾ ਨਾ ਮਿਲੇ।

# ਨੇਕੀ ਦੀ ਦੁਕਾਨ ਨੇ ਵਿਦਿਆਰਥੀਆਂ ਨੂੰ ਵੰਡੀ ਸਟੇਸ਼ਨਰੀ ਤੇ ਖਾਣ ਸਮਗਰੀ

**ਕਰਤਾਰਪੁਰ (ਹਰਮੇਸ਼ ਦੱਤ)**

ਮਾਤਾ ਗੁਜਰੀ ਜੀ ਦੇ 400 ਸਾਲਾ ਜਨਮ ਸ਼ਤਾਬਦੀ ਮੌਕੇ ਸਮਾਜ ਸੇਵੀ ਸੰਸਥਾ ਨੇਕੀ ਦੀ ਦੁਕਾਨ ਕਰਤਾਰਪੁਰ ਵੱਲੋਂ ਬਲਾਕ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਅੰਬਗੜ੍ਹ ( ਜਲੰਧਰ) ਦੇ ਸਾਰੇ ਵਿਦਿਆਰਥੀਆਂ ਨੂੰ ਸਟੇਸ਼ਨਰੀ, ਫਰੂਟ ਜੂਸ ਅਤੇ ਬਿਸਕੁਟ ਵੰਡੇ ਗਏ। ਇਸ ਮੌਕੇ ਸਕੂਲ ਦੇ ਹੋਸ਼ਿਆਰ ਵਿਦਿਆਰਥੀਆਂ ਨੂੰ ਸਪੈਸ਼ਲ ਤੌਰ 'ਤੇ ਸਨਮਾਨਿਤ ਕੀਤਾ ਗਿਆ। ਸਕੂਲ ਦੇ ਸਟਾਫ ਅਤੇ ਪਿੰਡ ਪੰਚਾਇਤ ਵੱਲੋਂ ਸੰਸਥਾ ਨੇਕੀ ਦੀ ਦੁਕਾਨ ਦੇ ਸਾਰੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਇੰਚਾਰਜ ਅਸੀਮ ਬਾਲਾ, ਮੈਡਮ ਪਵਨਪ੍ਰੀਤ ਕੌਰ, ਸੰਸਥਾ ਨੇਕੀ ਦੀ ਦੁਕਾਨ ਦੇ ਮਾਸਟਰ ਅਮਰੀਕ ਸਿੰਘ, ਸਰਪੰਚ ਹਰਵਿੰਦਰ ਸਿੰਘ ਬਾਬਾ, ਗੇਂਦੀ ਰਾਮ, ਨੰਬਰਦਾਰ ਸੁਨੀਤ ਕੁਮਾਰ, ਓਂਕਾਰ ਸਿੰਘ ਵਿਲਖੂ, ਸਕੂਲ ਚੇਅਰਮੈਨ ਸਾਬਕਾ ਸਰਪੰਚ ਅਸ਼ੋਕ ਕੁਮਾਰ, ਸੂਬਾ ਰਾਮ, ਪਰਮਜੀਤ ਸਿੰਘ, ਦਲਜੀਤ ਸਿੰਘ, ਸਰੂਪਾ ਸਿੰਘ, ਹਰਭਜਨ ਸਿੰਘ, ਤਰਸੇਮ ਲਾਲ, ਕੁਲਜੀਤ ਕੌਰ, ਲੱਭਾ ਰਾਮ ਅਤੇ ਸਕੂਲ ਵਿਦਿਆਰਥੀ ਹਾਜ਼ਰ ਸਨ।



# ਮੂੰਨੇ ਕਾਲਜ ਵਿਖੇ ਰੈੱਡ ਰਿਬਨ ਕਲੱਬ ਵੱਲੋਂ ਐੱਚ ਆਈ ਵੀ ਤੇ ਨਸ਼ਿਆਂ ਸੰਬੰਧੀ ਸੈਮੀਨਾਰ



**ਨੂਰਪੁਰ ਬੇਦੀ, (ਸੁਰਜੀਤ ਸਿੰਘ ਕਾਹਲੋਂ)**

ਸੰਤ ਬਾਬਾ ਸੇਵਾ ਸਿੰਘ ਮੈਮੋਰੀਅਲ ਸਰਕਾਰੀ ਕਾਲਜ ਲੜਕੀਆਂ ਗੁਰੂ ਕਾ ਖੂਹ ਮੁੰਨੇ ਵਿਖੇ ਨੈਸ਼ਨਲ ਸਰਵਿਸ ਸਕੀਮ ਤਹਿਤ ਰੈੱਡ ਰਿਬਨ ਕਲੱਬ ਵੱਲੋਂ ਲੜਕੀਆਂ ਨੂੰ ਐੱਚ.ਆਈ.ਵੀ. ਏਡਜ਼ ਅਤੇ ਨਸ਼ਿਆਂ ਤੋਂ ਦੂਰ ਰਹਿਣ ਸਬੰਧੀ ਜਾਗਰੂਕ ਕਰਨ ਲਈ ਪ੍ਰਿੰਸੀਪਲ ਗੀਤਾਂਜ਼ਲੀ ਸ਼ਰਮਾ ਦੀ ਅਗਵਾਈ ਹੇਠ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ ਗਿਆ । ਜਿਸ ਦੌਰਾਨ ਸਰਕਾਰੀ ਕਾਲਜ ਮੋਹਾਲੀ ਦੇ ਫਿਜੀਕਲ ਐਜੂਕੇਸ਼ਨ ਵਿਭਾਗ ਤੋਂ ਪਹੁੰਚੀ ਮੈਡਮ ਸਿਮਰਨਜੀਤ ਕੌਰ ਨੇ ਬੱਚਿਆਂ ਨੂੰ ਐੱਚ.ਆਈ.ਵੀ. ਏਡਜ਼ ਵਿਸ਼ੇ ਸਬੰਧੀ ਅਹਿਮ ਜਾਣਕਾਰੀ ਪ੍ਰਦਾਨ ਕਰਦਿਆਂ ਇਸਤੋਂ ਬਚਾਅ ਸਬੰਧੀ ਕਈ ਅਹਿਮ ਨੁਕਤਿਆਂ ਦੀ ਜਾਣਕਾਰੀ ਪ੍ਰਦਾਨ ਕੀਤੀ । ਇਸਦੇ ਨਾਲ ਹੀ ਉਨ੍ਹਾਂ ਬੱਚਿਆਂ ਨੂੰ ਸਰੀਰ ਦੀ ਸਫਾਈ ਬਣਾਈ ਰੱਖਣ, ਰੋਜ਼ਾਨਾ ਕਸਰਤ ਕਰਨ ਅਤੇ ਧਾਰਮਿਕ ਪ੍ਰਵਿਰਤੀ ਅਪਨਾਉਣ ਲਈ ਵੀ ਉਤਸਾਹਿਤ ਕੀਤਾ। ਇਸ ਮੌਕੇ ਮਾਹਿਰਾਂ ਵੱਲੋਂ ਬੱਚਿਆਂ ਨੂੰ ਆਪਣੀ ਆਤਮ ਰੱਖਿਆ ਲਈ ਜੂਡੋ ਅਤੇ ਕਰਾਟੇ ਸਬੰਧੀ ਵੀ ਅਹਿਮ ਜਾਣਕਾਰੀ ਪ੍ਰਦਾਨ ਕਰਦਿਆਂ ਕਈ ਤਕਨੀਕਾਂ ਤੋਂ ਜਾਣੂ ਕਰਵਾਇਆ ਗਿਆ ਤਾਂ ਜੋ ਲੜਕੀਆਂ ਕਿਸੀ ਵੀ ਸਮੇਂ ਮੁਸ਼ਕਿਲ ਘੜੀ 'ਚ ਜ਼ਰੂਰਤ ਪੈਣ 'ਤੇ ਆਪਣਾ ਖੁੱਦ ਦਾ ਬਚਾਅ ਕਰ ਸਕਣ ਦੇ ਸਮਰੱਥ ਹੋ ਸਕਣ । ਪ੍ਰਿੰਸੀਪਲ ਗੀਤਾਂਜ਼ਲੀ ਸ਼ਰਮਾ ਨੇ ਵਿਦਿਆਰਥਣਾਂ ਨੂੰ ਵੱਖ-ਵੱਖ ਵਿਸ਼ਿਆਂ ਦੀ ਅਹਿਮ ਜਾਣਕਾਰੀ ਮੁਹੱਈਆ ਕਰਵਾਉਣ ਲਈ ਪਹੁੰਚੇ ਵਿਸ਼ੇ ਮਾਹਿਰਾਂ ਦਾ ਧੰਨਵਾਦ ਕੀਤਾ । ਇਸ ਮੌਕੇ ਡਾ. ਪੁਸ਼ਪਾ ਦੇਵੀ, ਡਾ. ਨਿਧੀ ਬਾਲਾ, ਮੈਡਮ ਪਵਨ ਵਾਲੀਆ, ਮੈਡਮ ਨਿਸ਼ਾ, ਮੈਡਮ ਸੁਰਿੰਦਰ ਕੌਰ ਅਤੇ ਮੈਡਮ ਗੁਰਜੀਤ ਸਹਿਤ ਕਾਲਜ ਦਾ ਸਮੂਹ ਸਟਾਫ ਮੌਜੂਦ ਸੀ ।

# ਜ਼ਿਲ੍ਹੇ ਦੀ ਸੜਕ ਸੁਰੱਖਿਆ ਕਮੇਟੀ ਦੀ ਅਗਲੇ ਮਹੀਨੇ ਹੋਵੇਗੀ ਵਿਸ਼ੇਸ਼ ਮੀਟਿੰਗ : ਆਸ਼ਿਕਾ ਜੈਨ



**ਮੋਹਾਲੀ, (ਗੁਰਜੀਤ ਬਿੱਲਾ)**

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਮੁਹਾਲੀ ਦੀਆਂ ਸੜਕਾਂ ਨੂੰ ਸੁਰੱਖਿਅਤ ਅਤੇ ਟ੍ਰੈਫਿਕ ਜਾਮ ਮੁਕਤ ਬਣਾਉਣ ਲਈ ਅਤੇ ਸ਼ਹਿਰ ਦੀਆਂ ਸੜਕਾਂ ਨੂੰ ਭੀੜ-ਭੜੱਕੇ ਤੋਂ ਨਿਜਾਤ ਸਬੰਧੀ ਸੜਕ ਸੁਰੱਖਿਆ ਕਮੇਟੀ ਦੀ ਇੱਕ ਵਿਸ਼ੇਸ਼ ਮੀਟਿੰਗ ਦਸੰਬਰ ਦੇ ਦੂਜੇ ਹਫ਼ਤੇ ਕੀਤੀ ਜਾਵੇਗੀ। ਮੀਟਿੰਗ ਵਿੱਚ ਪ੍ਰਮੁੱਖ ਸਕੱਤਰ (ਹਾਊਸਿੰਗ ਅਤੇ ਸ਼ਹਿਰੀ ਵਿਕਾਸ) ਸ਼ਾਮਲ ਹੋਣਗੇ ਅਤੇ ਸ਼ਹਿਰ ਦੀਆਂ ਸੜਕਾਂ 'ਤੇ ਸੁਖਾਵੀਂ ਆਵਾਜਾਈ ਨੂੰ ਯਕੀਨੀ ਬਣਾਉਣ ਲਈ ਗਮਾਡਾ ਨਾਲ ਸਬੰਧਤ ਪ੍ਰਮੁੱਖ ਮੁੱਦਿਆਂ 'ਤੇ ਚਰਚਾ ਕੀਤੀ ਜਾਵੇਗੀ।ਅੱਜ ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਜ਼ਿਲ੍ਹਾ ਵਾਸੀਆਂ ਦੇ ਸੜਕਾਂ ਤੇ ਸੁਰੱਖਿਅਤ ਆਉਣ-ਜਾਣ ਲਈ ਕੀਤੇ ਕੰਮਾਂ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਆਉਣ ਵਾਲੇ ਧੁੰਦ ਦੇ ਮੌਸਮ ਦੇ ਮੱਦੇਨਜ਼ਰ ਚੌਕਾਂ ਦੀ ਉਸਾਰੀ ਦਾ ਕੰਮ ਜਲਦੀ ਤੋਂ ਜਲਦੀ ਮੁਕੰਮਲ ਕੀਤਾ ਜਾਵੇ। ਇਸੇ ਤਰ੍ਹਾਂ ਸੜਕ ਦੇ ਨਿਰਮਾਣ ਦੇ ਸਾਰੇ ਕੰਮ ਨੂੰ ਰਿਫਲੈਕਟਰ ਜਾਂ ਹੋਰ ਮਾਧਿਅਮਾਂ ਨਾਲ ਹਾਈਲਾਈਟ ਕੀਤਾ ਜਾਵੇ। ਬਕਾਇਆ ਬਲੈਕ ਸਪਾਟਸ ਨੂੰ ਵੀ ਜਲਦ ਠੀਕ ਕੀਤਾ ਜਾਵੇ, ਭਾਵੇਂ ਉਹ ਗਮਾਡਾ, ਨੈਸ਼ਨਲ ਹਾਈਵੇ, ਐਮ ਸੀ ਜਾਂ ਪੀ ਡਬਲਯੂ ਡੀ ਨਾਲ ਸਬੰਧਤ ਹੋਣ।ਟ੍ਰੈਫਿਕ ਪੁਲਸ ਵੱਲੋਂ ਸੜਕਾਂ ਨੂੰ ਝਾੜੀਆਂ ਤੋਂ ਮੁਕਤ ਕਰਨ ਅਤੇ ਸਾਈਨ ਬੋਰਡਾਂ ਨੂੰ ਪ੍ਰਤੱਖ ਰੂਪ ਦੇਣ ਲਈ ਤਿਆਰ ਕੀਤੀ ਗਈ ਰਿਪੋਰਟ ਦਾ ਜਾਇਜ਼ਾ ਲੈਂਦਿਆਂ ਉਨ੍ਹਾਂ ਗਮਾਡਾ, ਨਗਰ ਨਿਗਮ, ਲੋਕ ਨਿਰਮਾਣ ਵਿਭਾਗ ਅਤੇ ਹੋਰ ਸਬੰਧਤ ਵਿਭਾਗਾਂ ਨੂੰ ਅਗਲੇ ਦੋ ਹਫ਼ਤਿਆਂ ਤੱਕ ਇਸ ਰਿਪੋਰਟ ਵਿੱਚ ਦਿੱਤੀਆਂ ਸਿਫ਼ਾਰਸ਼ਾਂ ਨੂੰ ਸਿਧਾਂਤਕ ਰੂਪ ਵਿੱਚ ਲਾਗੂ ਕਰਨ ਅਤੇ ਕੀਤੀ ਕਾਰਵਾਈ ਦੀ ਰਿਪੋਰਟ ਪੇਸ਼ ਕਰਨ ਲਈ ਕਿਹਾ। ਮੀਟਿੰਗ ਵਿੱਚ ਏ ਡੀ ਸੀ (ਜ) ਵਿਰਾਜ ਐਸ ਤਿੜਕੇ, ਏ ਸੀ ਏ ਗਮਾਡਾ ਅਮਰਿੰਦਰ ਸਿੰਘ ਟਿਵਾਣਾ, ਐਸ ਪੀ (ਟਰੈਫਿਕ) ਐਚ ਐਸ ਮਾਨ, ਐਸ ਡੀ ਐਮ ਖਰੜ ਗੁਰਮੰਦਰ ਸਿੰਘ, ਐਸ ਡੀ ਐਮ ਡੇਰਾਬੱਸੀ ਅਮਿਤ ਗੁਪਤਾ, ਅਸਟੇਟ ਅਫਸਰ (ਪਲਾਟ) ਗਮਾਡਾ ਰਵਿੰਦਰ ਸਿੰਘ, ਐਨ ਜੀ ਓ ਮੈਂਬਰ ਹਰਪ੍ਰੀਤ ਸਿੰਘ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

# ਹਵਨ ਯੱਗ ਤੇ ਸੰਕੀਰਤਨ ਕਰਵਾਇਆ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)**— ਸ਼੍ਰੀ ਰਾਧਾ ਕ੍ਰਿਸ਼ਨ, ਪ੍ਰਭੂ ਸ਼ੰਕਰ ਜੀ ਤੇ ਪਾਰਵਤੀ ਜੀ ਦੀ ਮੂਰਤੀ ਸਥਾਪਨਾ ਦਵਸ ਦੇ ਸ਼ੁੱਭ ਮੌਕੇ ਹੀਰਾ ਜੱਟਾਂ ਮੁਹੱਲਾ ਸਥਿਤ ਮਾਤਾ ਨੈਣਾ ਦੇਵੀ ਮੰਦਿਰ ਦੇ ਵਿੱਚ ਹਵਨ ਯੱਗ ਅਤੇ ਸੰਕੀਰਤਨ ਕਰਵਾਇਆ ਗਿਆ।ਸਭ ਤੋਂ ਪਹਿਲਾਂ ਪੰਡਿਤ ਸੀਤਾ ਰਾਮ ਨੇ ਭਗਵਾਨ ਗਣੇਸ਼ ਦੀ ਪੂਜਾ ਅਰਚਨਾ ਕੀਤੀ।ਉਪਰੰਤ ਬੀਬੀਆਂ ਨੇ ਭਜਨਾਂ ਦਾ ਜਾਪ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਚੌਂਕੀ ਨੂੰ ਆਰਤੀ ਦੇ ਕੇ ਵਿਰਾਮ ਦਿੱਤਾ ਗਿਆ। ਇਸ ਮੌਕੇ ਸੁਨਤੀ ਰਾਣੀ, ਮਮਤਾ ਰਾਣੀ, ਜਸਵਿੰਦਰ ਕੌਰ, ਅਨੀਤਾ, ਰਾਜਵਿੰਦਰ ਕੌਰ, ਪ੍ਰਿਅੰਕਾ, ਮੁਕੇਸ਼ ਕੁਮਾਰੀ, ਰਣਜੀਤ ਕੌਰ, ਪ੍ਰਦੀਪ ਢੀਂਗਰਾ (ਸੋਨੂੰ), ਸੁਨੀਲ ਕੁਮਾਰ, ਸੁਰਿੰਦਰ ਕੁਮਾਰ ਆਦਿ ਹਾਜ਼ਰ ਸਨ।

# 68ਵੀਆਂ ਪੰਜਾਬ ਸਕੂਲ ਖੇਡਾਂ: ਜੂਡੋ ਟੂਰਨਾਮੈਂਟ ਸ.ਫਲਤਾਪੂਰਵਕ ਸੰਪੰਨ

## ਪਟਿਆਲਾ ਨੇ ਜਿੱਤੀ ਓਵਰ ਆਲ ਟ੍ਰਾਫੀ, ਮੇਜ਼ਬਾਨ ਜਲੰਧਰ ਰਿਹਾ ਦੂਸਰੇ ਨੰਬਰ 'ਤੇ



**ਜਲੰਧਰ, (ਸ਼ੈਲੀ ਐਲਬਰਟ)**

68ਵੀਆਂ ਪੰਜਾਬ ਸਕੂਲ ਖੇਡਾਂ ਜੂਡੋ (ਅੰਡਰ-19 ਲੜਕੇ/ਲੜਕੀਆਂ) ਦੇ ਦੂਸਰੇ ਦਿਨ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਲਾਡੋਵਾਲੀ ਰੋਡ ਵਿੱਚ ਲੜਕੀਆਂ ਦੇ ਮੁਕਾਬਲੇ ਵੇਖਣ ਨੂੰ ਮਿਲੇ । ਆਖ਼ਰੀ ਦਿਨ ਦੇ ਮੁੱਖ ਮਹਿਮਾਨ ਵਜੋਂ ਅਮਨਦੀਪ ਕੌਂਡਲ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ/ਡੀ.ਐਮ ਸਪੋਰਟਸ ਅਤੇ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਪ੍ਰਿੰਸੀਪਲ ਯੋਗੇਸ਼ ਕੁਮਾਰ ਵੱਲੋਂ ਸ਼ਿਰਕਤ ਕੀਤੀ ਗਈ। ਉਨ੍ਹਾਂ ਟੂਰਨਾਮੈਂਟ ਨੂੰ ਸਫ਼ਲਤਾਪੂਰਵਕ ਸੰਪੰਨ ਕਰਵਾਉਣ ਲਈ ਕਨਵੀਨਰ ਪ੍ਰਿੰਸੀਪਲ ਸੁਖਦੇਵ ਲਾਲ ਬੱਬਰ, ਸੁਰਿੰਦਰ ਕੁਮਾਰ ਸੂਬਾ ਜਨਰਲ ਸਕੱਤਰ ਜੂਡੋ ਅਤੇ ਸਮੁੱਚੀ ਟੀਮ ਦਾ ਧੰਨਵਾਦ ਕੀਤਾ।ਮੀਡੀਆ ਇੰਚਾਰਜ ਹਰਜੀਤ ਸਿੰਘ ਅਤੇ ਅਮਰਿੰਦਰਜੀਤ ਸਿੰਘ ਸਿੱਧੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੜਕੀਆਂ ਦੇ ਟੂਰਨਾਮੈਂਟ ਦੇ ਆਖ਼ਰੀ ਦਿਨ ਅੰਡਰ-19 ਸਾਲ ਵਰਗ ਵਿੱਚ ਵੱਖ-ਵੱਖ ਭਾਰ ਵਰਗ ਦੇ ਮੈਚ ਕਰਵਾਏ ਗਏ। 57 ਕਿਲੋਗ੍ਰਾਮ ਭਾਰ ਵਰਗ ਵਿੱਚ ਜਲੰਧਰ ਦੀ ਕੋਮਤੀ ਨੇ ਪਹਿਲਾ, ਲੁਧਿਆਣਾ ਦੀ ਦਿਲਪ੍ਰੀਤ ਕੌਰ ਨੇ ਦੂਸਰਾ, ਤਰਨਤਾਰਨ ਦੀ ਸ਼ੁਭਪ੍ਰੀਤ ਕੌਰ ਅਤੇ ਪਟਿਆਲਾ ਦੀ ਤਲਵੀਨ ਕੌਰ ਨੇ ਸਾਂਝੇ ਰੂਪ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ। 63 ਕਿਲੋਗ੍ਰਾਮ ਭਾਰ ਵਰਗ ਵਿੱਚ ਪਟਿਆਲਾ ਦੀ ਮਹਿਕ ਰਾਵਤ ਨੇ ਪਹਿਲਾ ਸਥਾਨ, ਮਾਨਸਾ ਦੀ ਕਿਰਨਾ ਕੌਰ ਨੇ ਦੂਸਰਾ, ਮੋਹਾਲੀ ਦੀ ਸੰਜਨਾ ਰਾਣੀ ਅਤੇ ਫਰੀਦਕੋਟ ਦੀ ਹਰਮਨਦੀਪ ਕੌਰ ਨੇ ਸਾਂਝੇ ਰੂਪ ਵਿੱਚ ਤੀਸਰਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ -70 ਕਿਲੋਗ੍ਰਾਮ ਭਾਰ ਵਰਗ ਵਿੱਚ ਸੰਗਰੂਰ ਦੀ ਸ਼ਰਨਪ੍ਰੀਤ ਕੌਰ ਨੇ ਪਹਿਲਾ, ਪਟਿਆਲਾ ਦੀ ਸ੍ਰਿਸ਼ਟੀ ਨੇ ਦੂਸਰਾ, ਪਟਿਆਲਾ ਦੀ ਸ਼ਿਵਾਨੀ ਅਤੇ ਮੋਗਾ ਦੀ ਕੁਸ਼ਪ੍ਰੀਤ ਕੌਰ ਨੇ ਸਾਂਝੇ ਰੂਪ ਵਿੱਚ ਤੀਸਰਾ ਸਥਾਨ ਪ੍ਰਾਪਤ ਕੀਤਾ। +70 ਕਿਲੋਗ੍ਰਾਮ ਭਾਰ ਵਰਗ ਵਿੱਚ ਹੁਸ਼ਿਆਰਪੁਰ ਦੀ ਕਨਵਰਪ੍ਰੀਤ ਨੇ ਪਹਿਲਾ, ਪਟਿਆਲਾ ਦੀ ਕ੍ਰਿਸ਼ੀ ਨੇ ਦੂਸਰਾ, ਜਲੰਧਰ ਦੀ ਜੀਆ ਸ਼ਰਮਾ ਅਤੇ ਤਰਨਤਾਰਨ ਦੀ ਕਿਰਨਦੀਪ ਕੌਰ ਨੇ ਸਾਂਝੇ ਰੂਪ ਵਿੱਚ ਤੀਸਰਾ ਸਥਾਨ ਪ੍ਰਾਪਤ ਕੀਤਾ। ਪਟਿਆਲਾ ਦੀਆਂ ਖਿਡਾਰਨਾਂ ਨੇ ਅੰਡਰ-19 ਲੜਕੀਆਂ ਦੇ ਮੁਕਾਬਲਿਆਂ ਵਿੱਚ ਓਵਰ ਆਲ ਟ੍ਰਾਫੀ ਜਿੱਤੀ। ਦੂਸਰੇ ਨੰਬਰ 'ਤੇ ਜਲੰਧਰ ਅਤੇ ਤੀਸਰੇ ਨੰਬਰ 'ਤੇ ਮਾਨਸਾ ਜ਼ਿਲ੍ਹਾ ਦੀ ਟੀਮ ਰਹੀ। ਸਮਾਪਨ ਸਮਾਰੋਹ ਸਮੇਂ ਡੀ.ਐਮ ਸਪੋਰਟਸ ਅਮਨਦੀਪ ਕੌਂਡਲ, ਪ੍ਰਿੰਸੀਪਲ ਯੋਗੇਸ਼ ਕੁਮਾਰ, ਓਬਜ਼ਰਵਰ ਲੈਕਚਰਾਰ ਸੁਰਿੰਦਰ ਕੁਮਾਰ, ਮੈਡਮ ਨਿਧੀ ਅਤੇ ਹੋਰ ਆਫੀਸ਼ੀਅਲਜ਼ ਵੱਲੋਂ ਜੇਤੂ ਟੀਮਾਂ ਨੂੰ ਓਵਰਆਲ ਟਰਾਫੀ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਨਵਜੋਤ ਸਿੰਘ ਚੰਨਾ ਅੰਤਰਰਾਸ਼ਟਰੀ ਜੂਡੋ ਖਿਡਾਰੀ, ਰਾਸ਼ਟਰੀ ਖਿਡਾਰੀ ਵਿਸ਼ਾਲ ਸ਼ਰਮਾ ਤੇ ਜਸਵਿੰਦਰ ਸਿੰਘ ਐਸਡੀਓ ਵਿਸ਼ੇਸ਼ ਤੌਰ 'ਤੇ ਖਿਡਾਰਨਾਂ ਨੂੰ ਪ੍ਰੇਰਿਤ ਕਰਨ ਲਈ ਮੌਜੂਦ ਸਨ। ਇਸ ਦੌਰਾਨ ਆਸ਼ਾ ਰਾਣੀ, ਪਵਨ ਕੁਮਾਰੀ, ਸੋਨੀਆ, ਨਿਸ਼ਾ, ਪ੍ਰੀਆ, ਨਰੇਸ਼ ਕੁਮਾਰ, ਸੁਲਿੰਦਰ ਸਿੰਘ ਮੌਜੂਦ ਸਨ। ਟੂਰਨਾਮੈਂਟ ਦੌਰਾਨ ਰਕੇਸ਼ ਕੁਮਾਰ, ਜਸਵਿੰਦਰ ਸਿੰਘ, ਰਾਕੇਸ਼ ਕੁਮਾਰ ਚਿੰਟੂ, ਪਵਨ ਕੁਮਾਰ ਅਤੇ ਸੁਰੇਸ਼ ਕੁਮਾਰ ਵੱਲੋਂ ਬਤੌਰ ਰੈਫਰੀ ਦੀ ਭੂਮਿਕਾ ਨਿਭਾਈ ਗਈ। ਇਸ ਅੰਤਰ ਜ਼ਿਲ੍ਹਾ ਜੂਡੋ ਟੂਰਨਾਮੈਂਟ ਦੀ ਬੈਸਟ ਜੂਡਕੋ ਕਨਵਰਪ੍ਰੀਤ ਕੌਰ ਨੂੰ ਐਲਾਨਿਆ ਗਿਆ ਜੋ ਕਿ ਕਾਮਨਵੈਲਥ ਖੇਡਾਂ, ਸਕੂਲ ਨੈਸ਼ਨਲ ਖੇਡਾਂ ਅਤੇ ਜੂਨੀਅਰ ਏਸ਼ੀਆ ਖੇਡਾਂ ਦੀ ਗੋਲਡ ਮੈਡਲਿਸਟ ਖਿਡਾਰਨ ਹੈ।